ਮੰਗਲਵਾਰ, 9 ਸਤੰਬਰ, 2025

25 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 99

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • TUESDAY, 9 SEPTEMBER, 2025

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12


## 20 ਹਜ਼ਾਰ ਪ੍ਰਤੀ ਏਕੜ ਮੁਆਵਜ਼ਾ

**• ਕੈਬਨਿਟ ਵੱਲੋਂ 'ਜਿਸ ਦਾ ਖੇਤ, ਉਸ ਦੀ ਰੇਤ' ਨੂੰ ਹਰੀ ਝੰਡੀ • ਕਰਜ਼ੇ ਦੀ ਕਿਸ਼ਤ 'ਚ ਛੇ ਮਹੀਨੇ ਦੀ ਛੋਟ**



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਮੁਹਾਲੀ ਦੇ ਨਿੱਜੀ ਹਸਪਤਾਲ ਵਿੱਚੋਂ ਵੀਡੀਓ ਕਾਨਫਰੰਸਿੰਗ ਰਾਹੀਂ ਕੈਬਨਿਟ ਮੀਟਿੰਗ ਵਿੱਚ ਹਿੱਸਾ ਲਿਆ, ਜਿਸ 'ਚ ਹੜ੍ਹ ਪ੍ਰਭਾਵਤ ਇਲਾਕੇ ਦੇ ਕਿਸਾਨਾਂ ਨੂੰ 20 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਫੈਸਲਾ ਕੀਤਾ। ਇਸ ਦੇ ਨਾਲ ਹੀ ਹੜ੍ਹ ਪ੍ਰਭਾਵਤ ਇਲਾਕੇ ਦੇ ਖੇਤਾਂ ਵਿੱਚ ਆਈ ਮਿੱਟੀ-ਰੇਤ ਨੂੰ ਚੁੱਕਣ ਲਈ 'ਜਿਸ ਦਾ ਖੇਤ ਉਸ ਦੀ ਰੇਤ' ਮੁਹਿੰਮ ਨੂੰ ਵੀ ਹਰੀ ਝੰਡੀ ਦੇ ਦਿੱਤੀ। ਇਸ ਨਾਲ ਕਿਸਾਨ ਆਪਣੇ ਖੇਤਾਂ ਵਿੱਚੋਂ ਗਾਰ ਦੇ ਰੂਪ ਵਿਚ ਆਈ ਰੇਤ ਚੁੱਕ ਕੇ ਅੱਗੇ ਵੇਚ ਸਕਣਗੇ। ਇਸ ਗੱਲ ਦਾ ਪ੍ਰਗਟਾਵਾ ਮਾਨ ਨੇ ਹਸਪਤਾਲ ਵਿੱਚੋਂ ਵੀਡੀਓ ਕਾਨਫਰੰਸਿੰਗ ਰਾਹੀਂ ਪੰਜਾਬ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਹੜ੍ਹਾਂ ਕਰਕੇ ਆਪਣੇ ਜੀਅ ਗੁਆਉਣ ਵਾਲੇ ਪਰਵਾਰਾਂ ਨੂੰ 4 ਲੱਖ ਰੁਪਏ ਪ੍ਰਤੀ ਵਿਅਕਤੀ ਮੁਆਵਜ਼ਾ ਦੇਵੇਗੀ। ਜਿਨ੍ਹਾਂ ਲੋਕਾਂ ਦੇ ਘਰ ਢਹਿ ਗਏ ਹਨ, ਉਸ ਬਾਰੇ ਸਰਵੇ ਕਰਵਾਇਆ ਜਾਵੇਗਾ ਅਤੇ ਬਣਦਾ ਮੁਆਵਜ਼ਾ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਹੜ੍ਹ ਪ੍ਰਭਾਵਤ ਇਲਾਕੇ ਦੇ ਕਿਸਾਨਾਂ ਨੂੰ ਸਹਿਕਾਰੀ ਬੈਂਕਾਂ ਵਿੱਚੋਂ ਲਏ ਕਰਜ਼ੇ ਦੀ ਅਦਾਇਗੀ ਲਈ ਛੇ ਮਹੀਨੇ ਦਾ ਵਾਧੂ ਸਮਾਂ ਦਿੱਤਾ ਜਾਵੇਗਾ। ਇਸ ਦੌਰਾਨ ਕਿਸਾਨਾਂ ਨੂੰ ਛੇ ਮਹੀਨੇ ਕੋਈ ਕਿਸ਼ਤ ਭਰਨ ਦੀ ਲੋੜ ਨਹੀਂ ਹੋਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾ ਵੱਲੋਂ ਕਿਸਾਨਾਂ ਨੂੰ ਪਸ਼ੂਆਂ ਅਤੇ ਹੋਰ ਜਾਨਵਰਾਂ ਦੇ ਨੁਕਸਾਨ ਦਾ ਵੀ ਮੁਆਵਜ਼ਾ ਦਿੱਤਾ ਜਾਵੇਗਾ।

ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਤ ਇਲਾਕੇ ਵਿੱਚ ਬਿਮਾਰੀਆਂ ਰੋਕਣ ਲਈ ਵਿਸ਼ੇਸ਼ ਟੀਕਾਕਰਨ ਮੁਹਿੰਮ ਚਲਾਈ ਜਾਵੇਗੀ। ਇਸ ਤੋਂ ਇਲਾਵਾ 1700 ਪਿੰਡਾਂ ਵਿੱਚ ਫੋਗਿੰਗ ਮਸ਼ੀਨਾਂ ਮੁਹੱਈਆ ਕਰਵਾਈਆਂ ਜਾਣਗੀਆਂ, ਜਿਸ ਨਾਲ ਬਿਮਾਰੀਆਂ ਨੂੰ ਫੈਲਣ ਤੋਂ ਰੋਕਿਆ ਜਾ ਸਕੇ। ਉਨ੍ਹਾ ਕਿਹਾ ਕਿ ਹਰੇਕ ਪਿੰਡ ਵਿੱਚ ਡਾਕਟਰਾਂ ਦੀ ਵਿਸ਼ੇਸ਼ ਟੀਮ ਆਵੇਗੀ ਅਤੇ ਲੋਕਾਂ ਦਾ ਇਲਾਜ ਕਰੇਗੀ। ਇਸ ਦੇ ਨਾਲ ਹੀ ਹੜ੍ਹ ਪ੍ਰਭਾਵਤ ਇਲਾਕਿਆਂ ਵਿੱਚ ਸਫਾਈ ਮੁਹਿੰਮ ਵੀ ਚਲਾਈ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਕਰਕੇ ਬਿਜਲੀ ਵਿਭਾਗ ਦੇ ਟਰਾਂਸਫਾਰਮਰਾਂ ਅਤੇ ਹੋਰ ਵਧੇਰੇ ਨੁਕਸਾਨ ਹੋ ਗਿਆ ਹੈ। ਇਸ ਦਾ ਵੀ ਸਰਵੇ ਕਰਵਾ ਕੇ ਭਵਿੱਖ ਦੀ ਯੋਜਨਾ ਤਿਆਰ ਕੀਤੀ ਜਾਵੇਗੀ।

## ਪ੍ਰਧਾਨ ਮੰਤਰੀ 20 ਹਜ਼ਾਰ ਕਰੋੜ ਦੇ ਕੇ ਜਾਣ : ਅਰੋੜਾ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਮੰਗਲਵਾਰ ਦੇ ਦੌਰੇ ਤੋਂ ਪਹਿਲਾਂ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਹੜ੍ਹ ਪ੍ਰਭਾਵਤ ਪੰਜਾਬ ਦੀ ਫੇਰੀ ਮੌਕੇ ਸੂਬੇ ਲਈ ਫੌਰੀ ਤੌਰ 'ਤੇ 20 ਹਜ਼ਾਰ ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾ ਕਿਹਾ ਕਿ ਪ੍ਰਧਾਨ ਮੰਤਰੀ ਸਿਰਫ ਫੋਟੋਆਂ ਖਿਚਵਾ ਕੇ ਹੀ ਵਾਪਸ ਨਾ ਚਲੇ ਜਾਣ, ਬਲਕਿ ਹੜ੍ਹਾਂ ਦੀ ਮਾਰ ਝੱਲ ਰਹੇ ਪੰਜਾਬ ਨੂੰ ਕੋਈ ਰਾਹਤ ਪੈਕੇਜ ਜ਼ਰੂਰ ਦੇਣ।

ਅਰੋੜਾ ਨੇ ਕਿਹਾ ਕਿ ਪੰਜਾਬ ਵਿੱਚ ਹੜ੍ਹਾਂ ਕਰਕੇ 23 ਜ਼ਿਲ੍ਹਿਆਂ ਦੇ 2000 ਤੋਂ ਵੱਧ ਪਿੰਡ ਪ੍ਰਭਾਵਤ ਹੋ ਚੁੱਕੇ ਹਨ, ਜਿੱਥੇ ਸਾਢੇ ਚਾਰ ਲੱਖ ਏਕੜ ਦੇ ਕਰੀਬ ਫਸਲਾਂ ਅਸਰਅੰਦਾਜ਼ ਹੋਈਆਂ ਹਨ ਅਤੇ ਚਾਰ ਦਰਜਨ ਲੋਕਾਂ ਦੀ ਮੌਤ ਹੋ ਚੁੱਕੀ ਹੈ। ਹੁਣ ਤੱਕ ਪੰਜਾਬ ਵਿੱਚ 20 ਹਜ਼ਾਰ ਕਰੋੜ ਰੁਪਏ ਦੇ ਕਰੀਬ ਦਾ

• ਬਾਕੀ ਸਫ਼ਾ 2 'ਤੇ

## ਨੇਪਾਲ 'ਚ ਬਲਾਵ, 18 ਮੌਤਾਂ

**ਸੋਸ਼ਲ ਮੀਡੀਆ 'ਤੇ ਰੋਕ ਲਾਉਣ ਖਿਲਾਫ ਨਵੀਂ ਪੀੜ੍ਹੀ ਸੜਕਾਂ 'ਤੇ, ਸੰਸਦ 'ਚ ਦਾਖਲ**



**ਕਠਮੰਡੂ** : ਨੇਪਾਲ ਸਰਕਾਰ ਵੱਲੋਂ ਫੇਸਬੁਕ, ਐੱਕਸ ਤੇ ਯੂਟਿਊਬ ਸਣੇ 26 ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਪਾਬੰਦੀ ਲਗਾਉਣ ਤੋਂ ਬਾਅਦ ਸੋਮਵਾਰ ਰਾਜਧਾਨੀ ਕਠਮੰਡੂ 'ਚ ਗੁੱਸੇ 'ਚ ਆਏ ਨੌਜਵਾਨ ਨੇਪਾਲ ਦੀ ਸੰਸਦ 'ਚ ਦਾਖਲ ਹੋ ਗਏ। ਇਸ ਦੌਰਾਨ ਪੁਲਸ ਤੇ ਫੌਜ ਦੀ ਫਾਇਰਿੰਗ 'ਚ 18 ਪ੍ਰਦਰਸ਼ਨਕਾਰੀਆਂ ਦੀ ਮੌਤ ਹੋ ਗਈ ਤੇ 200 ਤੋਂ ਵੱਧ ਜ਼ਖਮੀ ਹੋ ਗਏ।

'ਜੈਨ ਜ਼ੈੱਡ' (1995 ਤੋਂ 2010 ਵਿਚਾਲੇ ਜਨਮੇ ਲੋਕ) ਦੇ ਪ੍ਰਦਰਸ਼ਨਕਾਰੀ ਨਾਅਰੇ ਲਾ ਰਹੇ ਸਨ : ਸੋਸ਼ਲ ਮੀਡੀਆ 'ਤੇ ਪਾਬੰਦੀ ਦੀ ਥਾਂ ਕੁਰੱਪਸ਼ਨ ਰੋਕੋ। ਉਨ੍ਹਾ ਸੁਰਖ ਤੇ ਨੀਲੇ ਕੌਮੀ ਝੰਡੇ ਚੁੱਕੇ ਹੋਏ ਸਨ। ਪ੍ਰਦਰਸ਼ਨਕਾਰੀ ਕੰਡਿਆਲੀਆਂ ਤਾਰਾਂ ਟੱਪ ਗਏ ਤੇ ਪੁਲਸ ਨੂੰ ਪਿੱਛੇ ਮੁੜਨ ਲਈ ਮਜਬੂਰ ਕਰਕੇ ਨਿਊ ਬਨੇਸ਼ਵਰ ਵਿਖੇ ਸੰਸਦ ਨੂੰ ਘੇਰ ਲਿਆ। ਇਸ ਤੋਂ ਬਾਅਦ ਪ੍ਰਸ਼ਾਸਨ ਨੇ ਕਰਫਿਊ ਲਾ ਦਿੱਤਾ। ਪੁਲਸ ਨੇ ਹੰਝੂ ਗੈਸ ਛੱਡੀ ਤੇ ਜਲ ਤੋਪਾਂ ਚਲਾਈਆਂ, ਪਰ ਨੌਜਵਾਨ ਵਧੇਰੇ ਹੋਣ ਕਰਕੇ ਉਸ ਦੀ ਪੇਸ਼ ਨਹੀਂ ਗਈ ਤੇ 12 ਹਜ਼ਾਰ ਪ੍ਰਦਰਸ਼ਨਕਾਰੀ ਸੰਸਦ ਵਿੱਚ ਵੜ ਗਏ। ਇਸ ਤੋਂ ਬਾਅਦ ਪ੍ਰਸ਼ਾਸਨ ਨੇ ਕਈ ਹਿੱਸਿਆਂ ਵਿੱਚ ਕਰਫਿਊ ਲਾ ਦਿੱਤਾ। ਫੌਜ ਨੇ ਫਾਇਰਿੰਗ ਕੀਤੀ। ਨੇਪਾਲ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੰਸਦ ਵਿੱਚ ਘੁਸਪੈਠ ਕੀਤੀ ਗਈ ਹੈ। ਸੁਪਰੀਮ ਕੋਰਟ ਨੇ ਨਿਰਦੇਸ਼ ਦਿੱਤਾ ਸੀ ਕਿ ਸਾਰੇ ਸੋਸ਼ਲ ਮੀਡੀਆ ਪਲੇਟਫਾਰਮ 7 ਦਿਨ ਵਿੱਚ ਰਜਿਸਟ੍ਰੇਸ਼ਨ ਕਰਾਉਣ। ਸਰਕਾਰ ਦੀ ਦਲੀਲ ਸੀ ਕਿ ਇਨ੍ਹਾਂ ਤੋਂ ਫੇਕ ਖ਼ਬਰਾਂ ਫੈਲਾਈਆਂ ਜਾਂਦੀਆਂ ਹਨ। ਯੂਟਿਊਬ ਸਣੇ 26 ਕੰਪਨੀਆਂ ਨੇ ਰਜਿਸਟ੍ਰੇਸ਼ਨ ਨਹੀਂ ਕਰਾਈ।

ਇਸ ਤੋਂ ਬਾਅਦ ਸਰਕਾਰ ਨੇ ਇਨ੍ਹਾਂ 'ਤੇ ਰੋਕ ਲਾ ਦਿੱਤੀ। ਤਾਜ਼ਾ ਰਿਪੋਰਟ ਸੀ ਕਿ ਪ੍ਰੋਟੈਸਟ ਤੋਂ ਬਾਅਦ ਸਰਕਾਰ ਨੇ ਰੋਕ ਹਟਾ ਲਈ।

## ਧੀ ਦੀ ਹੱਤਿਆ, ਦੋਹਤੀ ਗੰਭੀਰ ਜ਼ਖਮੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਠਿੰਡਾ ਜ਼ਿਲ੍ਹੇ ਦੇ ਪਿੰਡ ਵਿਰਕ ਕਲਾਂ 'ਚ ਸੋਮਵਾਰ ਸਵੇਰੇ ਪਿਤਾ ਨੇ ਆਪਣੀ ਵਿਆਹੀ ਧੀ ਦੀ ਹੱਤਿਆ ਕਰ ਦਿੱਤੀ। ਡੀ ਐੱਸ ਪੀ ਦਿਹਾਤੀ ਹਰਜੀਤ ਸਿੰਘ ਮਾਨ ਨੇ ਦੱਸਿਆ ਕਿ ਰਾਜਵੀਰ ਸਿੰਘ ਉਰਫ਼ ਰਾਜਾ ਨੰਬਰਦਾਰ ਦੀ ਧੀ ਜਸਮਨ ਕੌਰ ਨੇ 5-6 ਸਾਲ ਪਹਿਲਾਂ ਆਪਣੇ ਹੀ ਪਿੰਡ ਵਿਚ ਦੂਜੀ ਬਰਾਦਰੀ ਦੇ ਰਵੀ ਸ਼ਰਮਾ ਪੁੱਤਰ ਉਦੇ ਭਾਨ ਨਾਲ ਲਵ-ਮੈਰਿਜ਼ ਕਰਵਾ ਲਈ ਸੀ, ਜਿਸ ਤੋਂ ਰਾਜਾ ਨੰਬਰਦਾਰ ਨਰਾਜ਼ ਚੱਲਿਆ ਆ ਰਿਹਾ ਸੀ। ਅੰਤਰਜਾਤੀ ਵਿਆਹ ਹੋਣ ਕਾਰਨ ਕੁਝ ਸਮਾਂਪਹਿਲਾਂ ਇਸ ਜੋੜੇ ਨੂੰ ਪੁਲਸ ਸੁਰੱਖਿਆ ਵੀ ਮਿਲੀ ਹੋਈ ਸੀ। ਜਸਮਨ ਕੌਰ ਕਿਸੇ ਪਾਸੇ ਜਾਣ ਲਈ ਚਾਰ ਸਾਲਾ ਬੱਚੀ ਦੇ ਨਾਲ ਪਿੰਡ ਦੇ ਬੱਸ ਅੱਡੇ 'ਤੇ ਖੜੀ ਸੀ।ਇਸ ਦੌਰਾਨ ਰਾਜਾ ਨੰਬਰਦਾਰ ਮੌਕੇ 'ਤੇ ਪੁੱਜ ਗਿਆ ਅਤੇ ਤੇਜ਼ਧਾਰ ਹਥਿਆਰਾਂ ਨਾਲ ਆਪਣੀ ਧੀ 'ਤੇ ਹਮਲਾ ਕਰਕੇ ਉਸ ਦਾ ਕਤਲ ਕਰ ਦਿੱਤਾ ਤੇ ਛੋਟੀ ਬੱਚੀ ਨੂੰ ਗੰਭੀਰ ਜ਼ਖਮੀ ਕਰ ਦਿੱਤਾ।

## ਹਰਜੋਤ ਬੈਂਸ ਨੇ ਨੰਗਲ ਤੋਂ 'ਓਪਰੇਸ਼ਨ ਰਾਹਤ' ਦੀ ਕੀਤੀ ਸ਼ੁਰੂਆਤ



**ਨੰਗਲ (ਸੁਰਜੀਤ ਸਿੰਘ)**

ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਨੇ ਆਪਣੇ ਵਿਧਾਨ ਸਭਾ ਹਲਕੇ ਸ੍ਰੀ ਅਨੰਦਪੁਰ ਸਾਹਿਬ ਤੋਂ ਅਪ੍ਰੇਸ਼ਨ ਰਾਹਤ ਦੀ ਸ਼ੁਰੂਆਤ ਨੰਗਲ 2 ਆਰ ਵੀਆਰ ਤੋਂ ਕਰ ਦਿੱਤੀ ਹੈ।ਉਨ੍ਹਾਂ ਨੇ ਇਸ ਮੁਹਿੰਮ ਵਿੱਚ ਆਪਣੇ ਪਰਵਾਰ ਵੱਲੋਂ 5 ਲੱਖ ਰੁਪਏ ਦਾ ਯੋਗਦਾਨ ਪਾਇਆ ਹੈ ਅਤੇ 50 ਲੋੜਵੰਦ ਪਰਵਾਰਾਂ ਦੀ ਮੁਰੰਮਤ ਦਾ ਖਰਚ ਚੁੱਕਣ ਦਾ ਫੈਸਲਾ ਲਿਆ ਹੈ।ਸ੍ਰੀ ਬੈਂਸ ਨੇ ਇਸ ਮੌਕੇ ਕਿਹਾ ਕਿ ਲੋਕਾਂ ਦੀ ਸੁਰੱਖਿਆਂ ਕਰਨਾ ਸਾਡਾ ਧਰਮ ਤੇ ਕਰਮ ਹੈ।ਪਿਛਲੇ ਦਿਨਾਂ ਦੌਰਾਨ ਹਿਮਾਚਲ ਪ੍ਰਦੇਸ਼/ਪੰਜਾਬ ਵਿੱਚ ਹੋਈ ਭਾਰੀ ਬਰਸਾਤ ਅਤੇ ਭਾਖੜਾ ਡੈਮ ਤੋਂ ਵੱਧ ਪਾਣੀ ਛੱਡੇ ਜਾਣ ਕਾਰਨ ਸ੍ਰੀ ਅਨੰਦਪੁਰ ਸਾਹਿਬ, ਨੰਗਲ, ਕੀਰਤਪੁਰ

• ਬਾਕੀ ਸਫ਼ਾ 2 'ਤੇ

## ਚੋਣ ਕਮਿਸ਼ਨ 'ਆਧਾਰ' ਨੂੰ ਦਸਤਾਵੇਜ਼ ਮੰਨੇ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਚੋਣ ਕਮਿਸ਼ਨ ਨੂੰ ਨਿਰਦੇਸ਼ ਦਿੱਤਾ ਕਿ ਉਹ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੁਧਾਈ (ਐੱਸ ਆਈ ਆਰ) ਦੌਰਾਨ ਵੋਟਰ ਵਜੋਂ ਕਿਸੇ ਵਿਅਕਤੀ ਦੀ ਪਛਾਣ ਸਥਾਪਤ ਕਰਨ ਦੇ ਉਦੇਸ਼ ਲਈ ਆਧਾਰ ਨੂੰ 12ਵੇਂ ਦਸਤਾਵੇਜ਼ ਵਜੋਂ ਸਵੀਕਾਰ ਕਰੇ। ਜਸਟਿਸ ਸੂਰੀਆ ਕਾਂਤ ਅਤੇ ਜਸਟਿਸ ਜੋਇਮਾਲਿਆ ਬਾਗਚੀ ਦੀ ਬੈਂਚ ਨੇ ਚੋਣ ਕਮਿਸ਼ਨ ਨੂੰ ਇਸ ਸੰਬੰਧ ਵਿੱਚ ਸੋਮਵਾਰ ਹੀ ਬਿਹਾਰ ਵਿੱਚ ਆਪਣੇ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕਰਨ ਦੇ ਹੁਕਮ ਦਿੰਦਿਆਂ ਕੇਸ ਦੀ ਅਗਲੀ ਸੁਣਵਾਈ 15 ਸਤੰਬਰ ਲਈ ਸੂਚੀਬੱਧ ਕੀਤੀ। ਚੋਣ ਕਮਿਸ਼ਨ ਵੱਲੋਂ ਪੇਸ਼ ਸੀਨੀਅਰ ਵਕੀਲ ਰਾਕੇਸ਼ ਦਿਵੇਦੀ ਨੇ ਬੈਂਚ ਨੂੰ ਦੱਸਿਆ ਕਿ ਵੋਟਰ ਸੂਚੀਆਂ ਵਿੱਚ ਇਹ ਵਿਸ਼ੇਸ਼ ਵਿਆਪਕ ਸੁਧਾਈ ਦਾ ਅਮਲ ਪੂਰੇ ਦੇਸ਼ ਵਿੱਚ ਹੋਵੇਗਾ।

## ਅਮਿਤ ਸ਼ਾਹ ਨਿੱਜੀ ਦਖਲ ਦੇ ਕੇ ਪੰਜਾਬ ਨੂੰ ਵਿਸ਼ੇਸ਼ ਪੈਕੇਜ ਦਿਵਾਉਣ : ਕਾਮਰੇਡ ਸੰਦੋਸ਼

**ਹੜ੍ਹ ਮਾਰੇ ਇਲਾਕਿਆਂ ਦਾ ਦੌਰਾ ਕਰਨ ਉਪਰੰਤ ਗ੍ਰਹਿ ਮੰਤਰੀ ਨੂੰ ਲਿਖਿਆ ਪੱਤਰ**

**ਲੁਧਿਆਣਾ/ਫਾਜ਼ਿਲਕਾ (ਐੱਮ ਐੱਸ ਭਾਟੀਆ/ਪਰਮਜੀਤ ਢਾਂਬਾ)**



ਪੰਜਾਬ ਦੇ ਫਾਜ਼ਿਲਕਾ ਜ਼ਿਲ੍ਹੇ 'ਚ ਬੇਮਿਸਾਲ ਹੜ੍ਹਾਂ ਨੇ ਜੋ ਤਬਾਹੀ ਮਚਾਈ ਹੈ, ਉਸ ਨੂੰ ਆਪਣੇ ਦੌਰੇ ਦੌਰਾਨ ਦੇਖ ਕੇ ਸੀ ਪੀ ਆਈ ਦੇ ਰਾਜ ਸਭਾ ਵਿੱਚ ਨੇਤਾ ਕਾਮਰੇਡ ਸੰਦੋਸ਼ ਕੁਮਾਰ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਲਿਖੇ ਪੱਤਰ ਵਿੱਚ ਪੰਜਾਬ ਵਿੱਚ ਹੜ੍ਹਾਂ ਨਾਲ ਹੋਈ ਤਬਾਹੀ ਲਈ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਹੈ। ਉਹਨਾ ਕਿਹਾ, 'ਖੇਤਾਂ ਦਾ ਪੂਰਾ ਹਿੱਸਾ ਡੁੱਬ ਗਿਆ ਹੈ, ਫਸਲਾਂ ਦਾ ਨੁਕਸਾਨ ਹੋਇਆ ਹੈ, ਪਸ਼ੂ ਮਰ ਗਏ ਹਨ ਅਤੇ ਘਰ ਮਲਬੇ ਵਿੱਚ ਬਦਲ ਗਏ ਹਨ। ਪਰਵਾਰ ਪਾਣੀ ਵਿੱਚ ਡੁੱਬੇ ਇਲਾਕਿਆਂ ਵਿੱਚ ਫਸੇ ਹੋਏ ਹਨ, ਉਨ੍ਹਾਂ ਦੀ ਰੋਜ਼ੀ-ਰੋਟੀ ਤਬਾਹ ਹੋ ਗਈ ਹੈ ਅਤੇ ਚਾਰੇ ਪਾਸੇ ਪਾਣੀ ਖੜ੍ਹਾ ਹੋਣ ਕਾਰਨ ਬਿਮਾਰੀ ਦਾ ਖ਼ਤਰਾ ਮੰਡਰਾ ਰਿਹਾ ਹੈ। ਮੈਨੂੰ ਸਭ ਤੋਂ ਵੱਧ ਪ੍ਰਭਾਵਤ ਕਰਨ ਵਾਲੀ ਗੱਲ ਸਭ ਕੁਝ ਗੁਆ ਚੁੱਕੇ ਕਿਸਾਨਾਂ ਦੀਆਂ ਅੱਖਾਂ ਵਿੱਚ ਨਿਰਾਸ਼ਾ ਅਤੇ ਆਸਰਾ ਅਤੇ ਗੁਜ਼ਾਰਾ ਭਾਲ ਰਹੇ ਪਰਵਾਰਾਂ ਦੀ ਬੇਵਸੀ ਸੀ।'

ਉਨ੍ਹਾ ਅਣਗਿਣਤ ਵਲੰਟੀਅਰਾਂ ਨਾਲ ਵੀ ਗੱਲਬਾਤ ਕੀਤੀ, ਜੋ ਪ੍ਰਭਾਵਤਾਂ ਦੀ ਮਦਦ ਲਈ ਪਹੁੰਚੇ ਹਨ। ਐੱਸ ਡੀ ਆਰ ਐੱਫ, ਐੱਨ ਡੀ ਆਰ ਐੱਫ, ਭਾਰਤੀ ਫੌਜ ਅਤੇ ਹੋਰ ਏਜੰਸੀਆਂ ਬਹੁਤ ਮੁਸ਼ਕਲ ਹਾਲਤਾਂ ਵਿੱਚ ਅਣਥੱਕ ਮਿਹਨਤ ਕਰ ਰਹੀਆਂ ਹਨ, ਜਿਨ੍ਹਾਂ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਸਮੇਤ ਲੋਕ ਸੰਗਠਨ ਸ਼ਾਮਲ ਹਨ। ਜਾਨਾਂ ਬਚਾਉਣ ਅਤੇ ਪ੍ਰਭਾਵਤ ਪਿੰਡਾਂ ਤੱਕ ਭੋਜਨ ਅਤੇ ਦਵਾਈਆਂ ਪਹੁੰਚਾਉਣ ਵਿੱਚ ਉਨ੍ਹਾਂ ਦੀ ਹਿੰਮਤ ਅਤੇ ਏਕਤਾ ਸਭ ਤੋਂ ਵੱਧ ਪ੍ਰਸ਼ੰਸਾ ਦੇ ਹੱਕਦਾਰ ਹਨ। ਫਿਰ ਵੀ ਅਜਿਹੇ ਯਤਨਾਂ ਦੇ ਬਾਵਜੂਦ ਇਸ ਆਫ਼ਤ ਦਾ ਵੱਡਾ ਪੈਮਾਨਾ ਮੌਜੂਦਾ ਰਾਹਤ ਤੋਂ ਕਿਤੇ ਵੱਧ ਹੈ। ਫਾਜ਼ਿਲਕਾ, ਗੁਰਦਾਸਪੁਰ, ਅੰਮ੍ਰਿਤਸਰ, ਕਪੂਰਥਲਾ, ਫਿਰੋਜ਼ਪੁਰ, ਤਰਨ ਤਾਰਨ, ਹੁਸ਼ਿਆਰਪੁਰ, ਲੁਧਿਆਣਾ, ਮਾਨਸਾ ਅਤੇ ਪਟਿਆਲਾ ਦੇ ਪਿੰਡ ਡੁੱਬੇ ਹੋਏ ਹਨ ਜਾਂ ਬੁਰੀ ਤਰ੍ਹਾਂ ਨੁਕਸਾਨੇ ਗਏ ਹਨ, ਲੱਖਾਂ ਲੋਕ ਭੁੱਖਮਰੀ, ਬਿਮਾਰੀ ਅਤੇ ਉਜਾੜੇ ਦਾ ਸ਼ਿਕਾਰ ਹਨ।ਉਹਨਾ ਲਿਖਿਆ ਹੈ ਕਿ ਇਨ੍ਹਾਂ ਹਾਲਤਾਂ ਵਿੱਚ ਉਹ ਕੇਂਦਰ ਸਰਕਾਰ ਨੂੰ ਤੁਰੰਤ ਅਤੇ ਹਮਦਰਦੀ ਨਾਲ ਕੰਮ ਕਰਨ ਦੀ ਅਪੀਲ ਕਰਦੇ ਹਨ। ਪੰਜਾਬ ਨੂੰ ਨਿਯਮਤ ਵੰਡ ਤੋਂ ਇਲਾਵਾ ਕਾਫ਼ੀ ਰਾਹਤ ਫੰਡ ਤੁਰੰਤ ਜਾਰੀ ਕਰਨ ਦੀ ਲੋੜ ਹੈ, ਨਾਲ ਹੀ ਇੱਕ ਵਿਆਪਕ ਪੈਕੇਜ ਵੀ ਹੈ, ਜੋ ਫਸਲਾਂ ਅਤੇ ਪਸ਼ੂਆਂ ਦੇ ਨੁਕਸਾਨ, ਘਰਾਂ ਅਤੇ ਰੋਜ਼ੀ-ਰੋਟੀ ਦੀ ਤਬਾਹੀ ਅਤੇ ਵਿਸਥਾਪਿਤ ਪਰਵਾਰਾਂ ਦੇ ਪੁਨਰਵਾਸ ਦੀ ਪੂਰੀ ਹੱਦ ਨੂੰ ਕਵਰ ਕਰਦਾ ਹੈ। ਇਹ ਬਹੁਤ ਜ਼ਰੂਰੀ ਹੈ ਕਿ ਅਗਲੇ ਫਸਲੀ ਸੀਜ਼ਨ ਲਈ ਸਬਸਿਡੀ ਵਾਲੀਆਂ ਦਰਾਂ 'ਤੇ ਬੀਜ, ਖਾਦ ਅਤੇ ਹੋਰ ਖੇਤੀਬਾੜੀ ਸਮੱਗਰੀ ਦੀ ਸਪਲਾਈ ਯਕੀਨੀ ਬਣਾ ਕੇ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਮਹਾਂਮਾਰੀਆਂ ਨੂੰ ਰੋਕਣ ਲਈ ਸਿਹਤ



SANDOSH KUMAR P.

MEMBER OF PARLIAMENT (RAJYA SABHA)

Date 8th September, 2025

To,
Shri Amit Shah
Hon'ble Union Minister for Home Affairs
Government of India

Subject: Urgent Request for Special Relief Package for Flood-Hit Punjab

Respected Shri Amit Shah Ji,

[illegible]

(Sandosh Kumar P.)
Leader of the CPI in Rajya Sabha

ਸੇਵਾਵਾਂ ਨੂੰ ਮਜ਼ਬੂਤ ??ਕਰਨਾ, ਸਕੂਲਾਂ ਅਤੇ ਜਨਤਕ ਸਹੂਲਤਾਂ ਦੀ ਬਹਾਲੀ ਅਤੇ ਇਨ੍ਹਾਂ ਹੜ੍ਹਾਂ ਦੁਆਰਾ ਟੁੱਟੇ ਹੋਏ ਸਮਾਜਿਕ ਅਤੇ ਆਰਥਕ ਤਾਣੇ-ਬਾਣੇ ਦਾ ਸਮੇਂ ਸਿਰ ਪੁਨਰ-ਨਿਰਮਾਣ ਕਰਨਾ ਵੀ ਓਨਾ ਹੀ ਮਹੱਤਵਪੂਰਨ ਹੈ।ਆਪਣੇ ਪੱਤਰ ਦੇ ਅੰਤ ਵਿੱਚ ਉਹਨਾ ਲਿਖਿਆ ਹੈ, 'ਮੈਂ ਤੁਹਾਡੇ ਨਿੱਜੀ ਦਖਲ ਦੀ ਬੇਨਤੀ ਕਰਦਾ ਹਾਂ ਕਿ ਰਾਹਤ ਅਤੇ ਪੁਨਰਵਾਸ ਬਿਨਾਂ ਕਿਸੇ ਦੇਰੀ ਦੇ ਪੰਜਾਬ ਦੇ ਲੋਕਾਂ ਤੱਕ ਪਹੁੰਚੇ। ਲੋਕਾਂ ਦੀ ਲਚਕਤਾ ਮਜ਼ਬੂਤ ??ਹੈ ਅਤੇ ਵਲੰਟੀਅਰਾਂ ਵਿੱਚ ਏਕਤਾ ਦੀ ਭਾਵਨਾ ਪ੍ਰੇਰਨਾਦਾਇਕ ਹੈ, ਪਰ ਹੁਣ ਜਿਸ ਚੀਜ਼ ਦੀ ਤੁਰੰਤ ਲੋੜ ਹੈ, ਉਹ ਹੈ ਕੇਂਦਰ ਸਰਕਾਰ ਵੱਲੋਂ ਫੈਸਲਾਕੁੰਨ ਸਮਰਥਨ। ਕੇਵਲ ਤਦ ਹੀ ਪ੍ਰਭਾਵਤ ਪਰਵਾਰ ਆਪਣੇ ਜੀਵਨ ਨੂੰ ਸਨਮਾਨ ਨਾਲ ਮੁੜ ਬਣਾਉਣ ਦੀ ਮੁਸ਼ਕਲ ਯਾਤਰਾ ਸ਼ੁਰੂ ਕਰ ਸਕਦੇ ਹਨ।'

## ਬਿਹਤਰੀਨ ਪੱਤਰਕਾਰ ਦਾ ਦੇਹਾਂਤ



**ਨਵੀਂ ਦਿੱਲੀ** : ਭਾਰਤ ਦੇ ਬਿਹਤਰੀਨ ਸਿਆਸੀ ਪੱਤਰਕਾਰਾਂ ਵਿੱਚੋਂ ਇੱਕ ਤੇ ਕੋਲਕਾਤਾ ਤੋਂ ਛਪਦੇ 'ਦੀ ਟੈਲੀਗ੍ਰਾਫ' ਦੇ ਸੰਪਾਦਕ ਸੰਕਰਸ਼ਣ ਠਾਕੁਰ (63) ਦਾ ਸੋਮਵਾਰ ਦੇਹਾਂਤ ਹੋ ਗਿਆ। 1962 ਵਿੱਚ ਪਟਨਾ ਵਿੱਚ ਪੈਦਾ ਹੋਏ ਸੰਕਰਸ਼ਣ ਠਾਕੁਰ ਨੇ ਪੱਤਰਕਾਰਤਾ ਦੀ ਸ਼ੁਰੂਆਤ 1984 ਵਿੱਚ ਸੰਡੇ ਮੈਗਜ਼ੀਨ ਤੋਂ ਕੀਤੀ ਸੀ। ਉਹ ਇੰਡੀਅਨ ਐੱਕਸਪ੍ਰੈੱਸ ਵਿੱਚ ਐਸੋਸੀਏਟ ਐਡੀਟਰ ਤੇ 'ਤਹਿਲਕਾ' ਵਿੱਚ ਐਗਜ਼ੀਕਿਊਟਿਵ ਐਡੀਟਰ ਰਹੇ ਤੇ 2023 ਵਿੱਚ 'ਦੀ ਟੈਲੀਗ੍ਰਾਫ' ਦੇ ਐਡੀਟਰ ਬਣੇ। ਉਨ੍ਹਾ ਦੀ 'ਦੀ ਮੇਕਿੰਗ ਆਫ ਲਾਲੂ ਯਾਦਵ : ਦੀ ਅਨਮੇਕਿੰਗ ਆਫ ਬਿਹਾਰ' ਕਿਤਾਬ ਕਾਫੀ ਪ੍ਰਸਿੱਧ ਹੋਈ। ਉਨ੍ਹਾ 'ਸਬਾਲਟਰਨ ਸਾਹਿਬ' ਕਿਤਾਬ ਵਿੱਚ ਲਾਲੂ ਪ੍ਰਸਾਦ ਯਾਦਵ ਦੇ ਉਭਾਰ ਤੇ ਬਿਹਾਰ ਦੀ ਵਿਘਟਨ ਦਾ ਜ਼ਿਕਰ ਕੀਤਾ। ਇਹ ਸਿਰਫ ਇੱਕ ਆਗੂ ਦੀ ਕਹਾਣੀ ਨਹੀਂ, ਸਗੋਂ ਉਸ ਸਮਾਜ ਦਾ ਦਸਤਾਵੇਜ਼, ਜਿਸ ਨੇ ਉਸ ਨੂੰ ਜਨਮ ਦਿੱਤਾ। 'ਸਿੰਗਲ ਮੈਨ' ਪੁਸਤਕ ਵਿੱਚ ਉਨ੍ਹਾ ਨਿਤੀਸ਼ ਕੁਮਾਰ ਦੀ ਸਿਆਸੀ ਯਾਤਰਾ ਤੇ ਉਨ੍ਹਾ ਦੇ ਦਵੰਦ ਦੀ ਗਾਥਾ ਸਾਹਮਣੇ ਲਿਆਂਦੀ। 'ਦੀ ਬ੍ਰਦਰਜ਼ ਬਿਹਾਰੀ ਲਾਲੂ ਤੇ ਨਿਤੀਸ਼' ਪੁਸਤਕ ਵਿੱਚ ਦੋਹਾਂ ਦੀਆਂ ਮੁਤਵਾਜ਼ੀ ਯਾਤਰਾਵਾਂ ਦਾ ਚਿਤਰਣ ਕੀਤਾ, ਜਿਨ੍ਹਾਂ ਬਿਹਾਰ ਨੂੰ ਦੋ ਦਿਸ਼ਾਵਾਂ ਵਿੱਚ ਖਿੱਚਿਆ।ਐੱਨ ਡੀ ਟੀ ਵੀ ਦੀ ਸਾਬਕਾ ਪੱਤਰਕਾਰ ਨਿਜੀ ਰਾਜ਼ਦਾਨ ਨੇ ਕਿਹਾ ਕਿ ਉਹ ਕੁਝ ਗਿਣੇ-ਚੁਣੇ ਪੱਤਰਕਾਰਾਂ ਵਿੱਚੋਂ ਸਨ, ਜਿਹੜੇ ਸੱਚ ਵਿੱਚ ਜੰਮੂ-ਕਸ਼ਮੀਰ ਦੀਆਂ ਪੇਚੀਦਗੀਆਂ ਨੂੰ ਸਮਝਦੇ ਸਨ। ਸੀਨੀਅਰ ਪੱਤਰਕਾਰ ਰਵੀਸ਼ ਕੁਮਾਰ ਨੇ ਕਿਹਾ ਕਿ ਸੰਕਰਸ਼ਣ ਠਾਕੁਰ ਦੀ ਲਿਖਾਵਟ ਦਾ ਕੋਈ ਸਾਨੀ ਨਹੀਂ। ਉਨ੍ਹਾ ਜੋ ਲਿਖਿਆ ਹੋਇਆ ਦਸਤਾਵੇਜ਼ ਛੱਡਿਆ ਹੈ, ਉਨ੍ਹਾਂ ਖਬਰਾਂ ਨਾਲ ਸਾਹਿਤ ਦੀ ਕਿਤਾਬ ਬਣ ਜਾਵੇਗੀ। 'ਇੰਡੀਆ ਟੂਡੇ' ਦੇ ਰਾਜਦੀਪ ਸਰਦੇਸਾਈ ਨੇ ਕਿਹਾ, 'ਉਨ੍ਹਾ ਦੀ ਡੂੰਘੀ ਸਮਝ ਮੇਰਾ ਗਿਆਨ ਵਧਾਉਂਦੀ ਸੀ।'

## ਸੈਣੀ ਨੇ ਮਾਨ ਦਾ ਹਾਲ ਜਾਣਿਆ

**ਮੁਹਾਲੀ** : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸੋਮਵਾਰ ਸਵੇਰੇ 10 ਵਜੇ ਮੁਹਾਲੀ ਦੇ ਫੋਰਟਿਸ ਹਸਪਤਾਲ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮਿਲਣ ਲਈ ਪਹੁੰਚੇ। ਉਹ ਪੱਚੀ ਮਿੰਟ ਦੇ ਕਰੀਬ ਠਹਿਰੇ ਅਤੇ ਮਾਨ ਦੀ ਸਿਹਤ ਦਾ ਹਾਲ ਜਾਣਿਆ।

## ਪਿੰਡਾਂ 'ਚ ਨਸ਼ੇ ਦੇ ਸੁਦਾਗਰ ਮੌਤ ਵੰਡ ਰਹੇ : ਦੇਵੀ ਕੁਮਾਰੀ



**ਸ਼ਾਹਕੋਟ (ਗਿਆਨ ਸੈਦਪੁਰੀ)**

"ਪੰਜਾਬ 'ਚ 'ਯੁੱਧ ਨਸ਼ਿਆਂ ਵਿਰੁੱਧ' ਦਾ ਪ੍ਰਚਾਰ ਬੜੇ ਵੱਡੇ ਪੱਧਰ 'ਤੇ ਹੋਇਆ, ਜੋ ਅਜੇ ਵੀ ਜਾਰੀ ਹੈ। ਨਸ਼ੇ ਨੂੰ ਠੱਲ੍ਹ ਪਾ ਲੈਣ ਦੇ ਦਾਅਵੇ-ਦਰ-ਦਾਅਵੇ ਵੀ ਕੀਤੇ ਜਾ ਰਹੇ ਹਨ। ਇਸ ਪ੍ਰਚਾਰ ਅਤੇ ਦਾਅਵਿਆਂ ਵਿੱਚ ਕੁਝ ਸੱਚ ਵੀ ਹੋ ਸਕਦਾ ਹੈ, ਪਰ ਪੰਜਾਬ ਵਿੱਚ ਜ਼ਮੀਨੀ ਪੱਧਰ 'ਤੇ ਜਾ ਕੇ ਹਾਲਾਤ ਜਾਣੀਏ ਤਾਂ ਦਿਲ ਪਸੀਜ ਕੇ ਰਹਿ ਜਾਂਦਾ ਹੈ। ਨਸ਼ੇ ਦੀ ਜ਼ਿਆਦਾ ਮਾਤਰਾ 'ਚ ਵਰਤੋਂ ਕਰਨ ਨਾਲ ਹਰ ਰੋਜ਼ ਮੌਤਾਂ ਹੋਣ ਦੀਆਂ ਖ਼ਬਰਾਂ ਅਖ਼ਬਾਰਾਂ ਦੇ ਪੰਨੇ ਮੱਲ ਰਹੀਆਂ ਹਨ।" ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕੀਤਾ। ਉਹ ਤਰਨ ਤਾਰਨ ਨੇੜਲੇ ਪਿੰਡ ਜਾਮਾਰਾਏ ਵਿੱਚ ਨਸ਼ੇ ਦੀ ਵਧੇਰੇ ਮਾਤਰਾ ਲੈਣ ਨਾਲ ਮੌਤ ਦੇ ਮੂੰਹ ਜਾ ਪਏ ਦੋ ਸਕੇ ਭਰਾਵਾਂ ਦੇ ਅੰਤਮ

• ਬਾਕੀ ਸਫ਼ਾ 2 'ਤੇ

## ਭਾਰਤ ਨੇ ਸਿੰਗਾਪੁਰ ਨੂੰ 12-0 ਨਾਲ ਹਰਾਇਆ




**ਹਾਂਗਜ਼ੂ (ਚੀਨ)**-ਨਵਨੀਤ ਕੌਰ ਅਤੇ ਮੁਮਤਾਜ਼ ਖਾਨ ਦੀ ਹੈਟ੍ਰਿਕ ਨਾਲ ਭਾਰਤੀ ਮਹਿਲਾ ਹਾਕੀ ਟੀਮ ਨੇ ਸੋਮਵਾਰ ਇੱਥੇ ਏਸ਼ੀਆ ਕੱਪ ਦੇ ਪੂਲ ਬੀ ਦੇ ਮੈਚ ਵਿੱਚ ਸਿੰਗਾਪੁਰ ਨੂੰ 12-0 ਨਾਲ ਹਰਾ ਦਿੱਤਾ। ਨੇਹਾ ਨੇ ਦੋ ਗੋਲ ਕੀਤੇ। ਦੁਨੀਆ ਦੀ 10ਵੇਂ ਨੰਬਰ ਦੀ ਟੀਮ ਭਾਰਤ ਨੇ ਆਪਣੇ ਪਹਿਲੇ ਮੈਚ ਵਿੱਚ ਵੀ ਥਾਈਲੈਂਡ ਨੂੰ 11-0 ਨਾਲ ਹਰਾਇਆ ਸੀ, ਜਦੋਂ ਕਿ ਪਿਛਲੇ ਹਫਤੇ ਮੌਜੂਦਾ ਚੈਂਪੀਅਨ ਜਾਪਾਨ ਨਾਲ 2-2 'ਤੇ ਡਰਾਅ ਖੇਡਿਆ ਸੀ। ਟੂਰਨਾਮੈਂਟ ਵਿੱਚ ਅੱਠ ਟੀਮਾਂ ਹਿੱਸਾ ਲੈ ਰਹੀਆਂ ਹਨ ਅਤੇ ਦੋਵਾਂ ਪੂਲ ਵਿੱਚੋਂ ਚੋਟੀ ਦੀਆਂ ਦੋ ਟੀਮਾਂ ਸੁਪਰ-4 ਪੜਾਅ ਲਈ ਕੁਆਲੀਫਾਈ ਕਰਨਗੀਆਂ। ਸੁਪਰ 4 ਵਿੱਚ ਚੋਟੀ ਦੀਆਂ ਦੋ ਟੀਮਾਂ 14 ਸਤੰਬਰ ਨੂੰ ਹੋਣ ਵਾਲੇ ਫਾਈਨਲ ਵਿੱਚ ਖੇਡਣਗੀਆਂ।

## ਸੀ ਪੀ ਆਈ ਦੀ 25ਵੀਂ ਕਾਂਗਰਸ ਲਈ ਧੂੰਆਂਧਾਰ ਪ੍ਰਚਾਰ ਹੋਵੇਗਾ



**ਜਲੰਧਰ** : ਸੀ ਪੀ ਆਈ ਦੀ 25ਵੀਂ ਕੌਮੀ ਕਾਂਗਰਸ, ਜੋ 21 ਤੋਂ 25 ਸਤੰਬਰ ਨੂੰ ਚੰਡੀਗੜ੍ਹ ਵਿਖੇ ਹੋ ਰਹੀ ਹੈ, ਦੀ ਕਾਮਯਾਬੀ ਲਈ ਬਣੀ ਪ੍ਰਿੰਟ ਮੀਡੀਆ ਕਮੇਟੀ ਦੀ ਮੀਟਿੰਗ 'ਨਵਾਂ ਜ਼ਮਾਨਾ' ਦੇ ਐਡੀਟਰ ਚੰਦ ਸਿੰਘ ਫਤਿਹਪੁਰੀ ਦੀ ਪ੍ਰਧਾਨਗੀ ਹੇਠ 'ਨਵਾਂ ਜ਼ਮਾਨਾ' ਦਫ਼ਤਰ ਵਿਖੇ ਹੋਈ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਆਉਂਦੇ ਦਿਨਾਂ ਵਿੱਚ ਕਾਂਗਰਸ ਦਾ ਧੂੰਆਂਧਾਰ ਪ੍ਰਚਾਰ ਕਰਨ ਵਾਸਤੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਕੋਲੋਂ 'ਨਵਾਂ ਜ਼ਮਾਨਾ' ਵਾਸਤੇ ਲੇਖ ਲਿਖਵਾਏ ਜਾ ਰਹੇ ਹਨ। ਪੰਜਾਬ ਦੀ ਕਮਿਊਨਿਸਟ ਪਾਰਟੀ ਦਾ ਇਤਿਹਾਸ ਪਿਰਥੀਪਾਲ ਸਿੰਘ ਮਾੜੀਮੇਘਾ, ਪੰਜਾਬ ਇਸਤਰੀ ਸਭਾ ਦੀ ਸੂਬਾਈ ਪ੍ਰਧਾਨ ਰਜਿੰਦਰ ਪਾਲ ਕੌਰ ਵੱਲੋਂ ਔਰਤਾਂ ਦੀ ਸੀ ਪੀ ਆਈ ਵਿੱਚ ਭੂਮਿਕਾ, ਮਜ਼ਦੂਰਾਂ ਦੀ ਸੀ ਪੀ ਆਈ ਨੂੰ ਦੇਣ ਤੇ ਗੁਲਜ਼ਾਰ ਸਿੰਘ ਗੋਰੀਆ ਤੇ ਗਿਆਨ ਸੈਦਪੁਰੀ, ਕਿਸਾਨਾਂ ਦਾ ਕਮਿਊਨਿਸਟ ਲਹਿਰ ਵਿੱਚ ਰੋਲ ਲਖਬੀਰ ਸਿੰਘ ਨਿਜ਼ਾਮਪੁਰਾ, ਵਿਦਿਆਰਥੀਆਂ ਦੀ ਕਮਿਊਨਿਸਟ ਵਿਚਾਰਧਾਰਾ ਬਾਬਤ ਪਰਮਜੀਤ ਢਾਬਾਂ, ਨੌਜਵਾਨ ਤੇ ਕਮਿਊਨਿਸਟ ਬਾਰੇ ਚਰਨਜੀਤ ਛਾਂਗਾਰਾਏ, ਏਟਕ ਦੇ ਯੋਗਦਾਨ ਬਾਰੇ ਨਿਰਮਲ ਸਿੰਘ ਧਾਲੀਵਾਲ, ਇਪਟਾ ਦੇ ਕਮਿਊਨਿਸਟ ਵਿਚਾਰਧਾਰਾ ਨੂੰ ਫੈਲਾਉਣ ਵਿੱਚ ਯੋਗਦਾਨ 'ਤੇ ਸੰਜੀਵਨ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਅਤੇ ਪ੍ਰਗਤੀਸ਼ੀਲ ਵਿਚਾਰਧਾਰਾ 'ਤੇ ਸੁਰਜੀਤ ਜੱਜ ਤੇ ਗੁਲਜ਼ਾਰ ਪੰਧੇਰ ਲਿਖਣਗੇ। ਇਸੇ ਤਰ੍ਹਾਂ ਫੈਸਲਾ ਹੋਇਆ ਕਿ ਚੰਦ ਫਤਿਹਪੁਰੀ ਅਤੇ ਗਿਆਨ ਸੈਦਪੁਰੀ ਚੰਡੀਗੜ੍ਹ ਰਹਿ ਕੇ ਸਾਰੀ ਕਾਂਗਰਸ ਨੂੰ ਕਵਰ ਕਰਨਗੇ। ਮੀਟਿੰਗ ਵਿੱਚ ਚੰਦ ਸਿੰਘ ਫਤਿਹਪੁਰੀ, ਪਿਰਥੀਪਾਲ ਸਿੰਘ ਮਾੜੀਮੇਘਾ, ਮਨਿੰਦਰ ਸਿੰਘ ਭਾਟੀਆ, ਰਜਿੰਦਰ ਮੰਡ ਐਡਵੋਕੇਟ, ਰਜੇਸ਼ ਥਾਪਾ ਅਤੇ ਭਗਵੰਤ ਰਸੂਲਪੁਰੀ ਸ਼ਾਮਲ ਸਨ।

## ਪੁਸਤਕ ਸੱਭਿਆਚਾਰ ਨੂੰ ਪ੍ਰਫੁਲਤ ਕਰਨ ਵਾਲੇ ਜਰਨੈਲ ਸਿੰਘ ਭਾਈਰੂਪਾ ਨੂੰ ਚੇਤੇ ਕੀਤਾ



**ਬਠਿੰਡਾ (ਬਖਤੌਰ ਢਿੱਲੋਂ)**

ਸੱਚੇ-ਸੁੱਚੇ ਕਮਿਊਨਿਸਟ ਅਤੇ ਸਾਹਿਤ ਪ੍ਰੇਮੀ ਕਾਮਰੇਡ ਜਰਨੈਲ ਸਿੰਘ ਭਾਈਰੂਪਾ ਦੀ ਯਾਦ ਨੂੰ ਸਮਰਪਿਤ ਟੀਚਰਜ਼ ਹੋਮ ਅਤੇ ਸਾਹਿਤਕ ਸੰਸਥਾਵਾਂ ਵੱਲੋਂ ਸਥਾਨਕ ਟੀਚਰਜ਼ ਹੋਮ ਦੇ ਸ਼ਹੀਦ ਕਰਨੈਲ ਸਿੰਘ ਈਸੜੂ ਹਾਲ ਵਿੱਚ ਇੱਕ ਸ਼ੋਕ ਸਭਾ ਕੀਤੀ ਗਈ। ਇਸ ਮੌਕੇ ਕਾਮਰੇਡ ਭਾਈਰੂਪਾ ਦੀ ਧਰਮਪਤਨੀ ਦਲਜੀਤ ਕੌਰ, ਪੁੱਤਰ ਮੰਨਾ ਤੇ ਮਨੀਤ, ਦੋਵੇਂ ਭਰਾਵਾਂ ਕਰਨੈਲ ਸਿੰਘ ਤੇ ਜੁਗਰਾਜ ਸਿੰਘ ਰਾਣਾ ਸਮੇਤ ਸਮੁੱਚਾ ਪਰਵਾਰ ਸ਼ਾਮਲ ਸੀ। ਇਹਨਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਮਿਊਨਿਸਟ ਵਰਕਰ, ਸਾਹਿਤਕਾਰ, ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦੇ ਅਤੇ ਪਤਵੰਤੇ ਸ਼ਹਿਰੀ ਵੀ ਹਾਜ਼ਰ ਸਨ।

ਸ਼ੁਰੂ 'ਚ ਵਿਛੜੇ ਸਾਥੀ ਨੂੰ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਉਪਰੰਤ ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਜਗਰੂਪ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਜਰਨੈਲ ਪਾਰਟੀ ਦਾ ਸੱਚਾ ਸਿਪਾਹੀ ਸੀ। ਉਹ ਫਲਸਫ਼ੇ ਤੋਂ ਜਾਣੂ ਸੀ ਅਤੇ ਦਲੀਲ ਨਾਲ ਗੱਲ ਕਰਦਾ ਸੀ। ਉਸ ਨੇ ਪਾਰਟੀ ਅਤੇ ਪੁਸਤਕ ਸੱਭਿਆਚਾਰ ਲਈ ਅਣਥੱਕ ਕੰਮ ਕੀਤਾ। ਕਹਾਣੀਕਾਰ ਦਰਸ਼ਨ ਜੋਗਾ ਨੇ ਯਾਦਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਉਹ ਚੰਗਾ ਪ੍ਰਬੰਧਕ ਤੇ ਸੁਹਿਰਦ ਵਰਕਰ ਸੀ। ਲੋਕ ਲਹਿਰਾਂ ਦਾ ਮੋਹਰੀ ਤੇ ਸਾਹਿਤ ਦਾ ਪਾਰਖੂ ਸੀ। ਭਾਰਤੀ ਸਾਹਿਤ ਅਕਾਦਮੀ ਨਵੀਂ ਦਿੱਲੀ ਦੀ ਗਵਰਨਿੰਗ ਕੌਂਸਲ ਦੇ ਮੈਂਬਰ ਬੂਟਾ ਸਿੰਘ ਚੌਹਾਨ ਨੇ ਕਿਹਾ, 'ਮੈਂ ਉਸ ਤੋਂ ਪੰਜਾਬ ਬੁੱਕ ਸੈਂਟਰ ਤੋਂ ਕਿਤਾਬਾਂ ਖਰੀਦ ਦੇ ਪੜ੍ਹੀਆਂ, ਜਿਸ ਨੇ ਮੈਨੂੰ ਸਾਹਿਤਕਾਰ ਬਣਾਇਆ। ਜਰਨੈਲ ਸਭ ਦੇ ਮਨ 'ਤੇ ਉਕਰਿਆ ਹੋਇਆ ਹੈ, ਪਰੰਤੂ ਮੇਰੇ ਜੀਵਨ ਵਿੱਚ ਉਸ ਦਾ ਵੱਡਾ ਹਿੱਸਾ ਹੈ।'

ਸਾਹਿਤ ਸਭਾ ਬਠਿੰਡਾ ਦੇ ਪ੍ਰਧਾਨ ਜਸਪਾਲ ਮਾਨਖੇੜਾ ਨੇ ਕਿਹਾ ਕਿ ਜਰਨੈਲ ਸੱਚ 'ਤੇ ਪਹਿਰਾ ਦੇਣ ਵਾਲਾ ਨਿਧੜਕ ਕਮਿਊਨਿਸਟ ਤੇ ਸਾਹਿਤ ਪ੍ਰੇਮੀ ਸੀ, ਜਿਸ ਨੇ ਨਵੇਂ ਸਾਹਿਤਕਾਰ ਤੇ ਪਾਠਕ ਪੈਦਾ ਕਰਨ ਵਿੱਚ ਭੂਮਿਕਾ ਨਿਭਾਈ। ਉਹ ਪੰਜਾਬੀ ਸਾਹਿਤ ਸਭਾ ਨਾਲ ਸਥਾਪਨਾ ਸਮੇਂ ਤੋਂ ਜੁੜਿਆ ਤੇ ਆਖ਼ਰੀ ਸਾਹ ਤੱਕ ਸਰਗਰਮ ਵਰਕਰ ਵਜੋਂ ਨਿਭਿਆ। ਸ਼ੋਕ ਸਭਾ ਨੂੰ ਹੋਰਨਾ ਤੋਂ ਇਲਾਵਾ ਰਘਬੀਰ ਸ਼ਰਮਾ, ਸੁਰਿੰਦਰਪ੍ਰੀਤ ਘਣੀਆਂ, ਗੋਪਾਲ ਸਿੰਘ, ਮਹੀਪਾਲ, ਬਲਕਰਨ ਸਿੰਘ ਬਲਾਹੜ ਮਹਿਮਾ, ਲਛਮਣ ਸਿੰਘ ਮਲੂਕਾ, ਰਣਜੀਤ ਗੌਰਵ ਤੇ ਸੁਰਜੀਤ ਸਿੰਘ ਸੋਹੀ ਨੇ ਵੀ ਸੰਬੋਧਨ ਕੀਤਾ।

## ਅੱਜ-ਨਾਮਾ

ਕਰਿਆ ਐਲਾਨ ਕੀ, ਇਹ ਤੇ ਨਹੀਂ ਮੁੱਦਾ,
ਬਣਿਆ ਮਸਲਾ ਈ ਲੋਕ ਵਿਸ਼ਵਾਸ ਬੇਲੀ।
ਜਦੋਂ ਵੀ ਵਾਪਰਦਾ ਕੁਦਰਤੀ ਕਹਿਰ ਕੋਈ,
ਕਰਦੀ ਸਰਕਾਰ ਐਲਾਨ ਕੁਝ ਖਾਸ ਬੇਲੀ।
ਕੀਤੇ ਐਲਾਨਾਂ ਦੇ ਉੱਤੇ ਫਿਰ ਅਮਲ ਹੋਊ,
ਰੱਖਦੇ ਲੋਕ ਵੀ ਬਾਅਦ ਵਿੱਚ ਆਸ ਬੇਲੀ।
ਕੀਤੇ ਐਲਾਨ ਨਾ ਸਿਰੇ ਕਈ ਵਾਰ ਚੜ੍ਹਦੇ,
ਮਿਸਾਲਾਂ ਦੇਂਦਾ ਹੈ ਬਹੁਤ ਇਤਹਾਸ ਬੇਲੀ।
ਪੰਜਾਬ ਸਰਕਾਰ ਕਈ ਅੱਜ ਐਲਾਨ ਕੀਤੇ,
ਕੀਤਾ ਹਰ ਬਾਤ ਦਾ ਗਿਆ ਖਿਆਲ ਬੇਲੀ।
ਐਲਾਨਾਂ ਉੱਤੇ ਜੇ ਅਮਲ ਵੀ ਗਿਆ ਕੀਤਾ,
ਸਮਝਣਗੇ ਲੋਕ ਕੁਝ ਨਵੀਂ ਮਿਸਾਲ ਬੇਲੀ।

-ਤੀਸ ਮਾਰ ਖਾਂ

## ਮਾਨ ਦੀ ਤਰਫ਼ੋਂ ਸਿਹਤ ਮੰਤਰੀ ਵੱਲੋਂ ਰਾਹਤ ਸਮਗਰੀ ਦੇ 16 ਟਰੱਕ ਰਵਾਨਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਸਰਕਾਰ ਵੱਲੋਂ ਹੜ੍ਹ ਪੀੜਤ ਪਰਵਾਰਾਂ ਨੂੰ ਸਮੇਂ ਸਿਰ ਸਹਾਇਤਾ ਪਹੁੰਚਾਉਣ ਦੇ ਲਗਾਤਾਰ ਯਤਨਾਂ ਨੂੰ ਅੱਗੇ ਵਧਾਉਂਦੇ ਹੋਏ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸੋਮਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਤਰਫ਼ੋਂ ਪਟਿਆਲਾ ਤੋਂ 16 ਟਰੱਕਾਂ ਵਿਚ ਭੇਜੀ ਗਈ ਰਾਹਤ ਸਮੱਗਰੀ ਨੂੰ ਰਵਾਨਾ ਕੀਤਾ।

ਇਹ ਰਾਹਤ ਸਮੱਗਰੀ, ਜੋ ਕਿ ਪੰਜਾਬ ਰਾਈਸ ਮਿਲਰਜ਼ ਐਸੋਸੀਏਸ਼ਨ ਵੱਲੋਂ ਇਕੱਠੀ ਕੀਤੀ ਗਈ ਹੈ, ਵਿੱਚ ਪਸ਼ੂਆਂ ਲਈ ਸਾਇਲੇਜ, 5 ਹਜ਼ਾਰ ਰਾਸ਼ਨ ਕਿੱਟਾਂ (ਜਿਨ੍ਹਾਂ ਵਿੱਚ ਜ਼ਰੂਰੀ ਖਾਣ-ਪੀਣ ਦੀਆਂ ਚੀਜ਼ਾਂ ਸ਼ਾਮਲ ਹਨ), ਮੈਡੀਕਲ ਕਿੱਟਾਂ, ਓ ਆਰ ਐੱਸ, ਪੀਣ ਵਾਲੇ ਪਾਣੀ ਦੀਆਂ ਬੋਤਲਾਂ, ਓਡੋਮੋਸ ਅਤੇ ਰੋਜ਼ਾਨਾ ਵਰਤੋਂ ਵਾਲੀਆਂ ਹੋਰ ਜ਼ਰੂਰੀ ਚੀਜ਼ਾਂ ਸ਼ਾਮਲ ਹਨ। ਇਹ ਟਰੱਕ ਖ਼ਾਸ ਤੌਰ 'ਤੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ ਅਤੇ ਹੋਰ ਸਰਹੱਦੀ ਜ਼ਿਲ੍ਹਿਆਂ ਵੱਲ ਭੇਜੇ ਜਾ ਰਹੇ ਹਨ, ਜੋ ਹੜ੍ਹ ਕਾਰਨ ਸਭ ਤੋਂ ਵੱਧ ਪ੍ਰਭਾਵਤ ਹੋਏ ਹਨ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਪਹਿਲ ਪੰਜਾਬੀਆਂ ਦੀ ਚੜ੍ਹਦੀਕਲਾ ਨੂੰ ਦਰਸਾਉਂਦੀ ਹੈ, ਜਿੱਥੇ ਲੋਕ ਆਪਣੀਆਂ ਮੁਸ਼ਕਲਾਂ ਤੋਂ ਉੱਪਰ ਉਠ ਕੇ ਹੋਰ ਪੀੜਤਾਂ ਦੀ ਸਹਾਇਤਾ ਲਈ ਅੱਗੇ ਆਉਂਦੇ ਹਨ। ਉਨ੍ਹਾ ਕਿਹਾ ਕਿ ਹਾਲਾਂਕਿ ਪਟਿਆਲਾ ਜ਼ਿਲ੍ਹਾ ਵੀ ਹੜ੍ਹ ਨਾਲ ਪ੍ਰਭਾਵਤ ਹੈ, ਪਰ ਇੱਥੋਂ ਦੇ ਲੋਕਾਂ ਅਤੇ ਸੰਸਥਾਵਾਂ ਨੇ ਸਭ ਤੋਂ ਜ਼ਿਆਦਾ ਪ੍ਰਭਾਵਤ ਜ਼ਿਲ੍ਹਿਆਂ ਦੀ ਮਦਦ ਕਰ ਕੇ ਮਨੁੱਖਤਾ ਦੀ ਮਿਸਾਲ ਪੇਸ਼ ਕੀਤੀ ਹੈ।ਸਿਹਤ ਮੰਤਰੀ ਨੇ ਖ਼ਾਸ ਤੌਰ 'ਤੇ ਪੰਜਾਬ ਰਾਈਸ ਮਿਲਰਜ਼ ਐਸੋਸੀਏਸ਼ਨ ਦੀ ਸਹਾਇਤਾ ਦੀ ਸਰਾਹਨਾ ਕੀਤੀ, ਜਿਨ੍ਹਾਂ 16 ਟਰੱਕਾਂ ਦੀ ਇਹ ਰਾਹਤ ਸਮੱਗਰੀ ਇਕੱਠੀ ਕਰਨ ਲਈ ਅਹਿਮ ਭੂਮਿਕਾ ਨਿਭਾਈ। ਇਸੇ ਤਰ੍ਹਾਂ ਉਨ੍ਹਾਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਡਾਇਰੈਕਟਰ ਖ਼ੁਰਾਕ ਤੇ ਸਿਵਲ ਸਪਲਾਈਜ਼ ਅਤੇ ਖਪਤਕਾਰ ਸੁਰੱਖਿਆ ਮਾਮਲੇ ਵਰਿੰਦਰ ਕੁਮਾਰ, ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਅਤੇ ਆਲ ਇੰਡੀਆ ਰਾਈਸ ਮਿਲਰਜ਼ ਐਸੋਸੀਏਸ਼ਨ ਦੇ ਪ੍ਰਧਾਨ ਤਰਸੇਮ ਸੈਣੀ ਦੀ ਵੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ, ਜਿਨ੍ਹਾਂ ਮਿਲ ਕੇ ਪੀੜਤ ਲੋਕਾਂ ਤੱਕ ਸਮੇਂ ਸਿਰ ਮਦਦ ਪਹੁੰਚਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ।



9-SEP-PAGE-1.qxd 9/8/2025 10:42 PM Page 2



## ਲੋਕਲ ਗੁਰਦੁਆਰਾ ਕਮੇਟੀ ਹਮੀਦੀ ਦੀ ਚੋਣ, ਕੈਪਟਨ ਰਾਣੂ ਪ੍ਰਧਾਨ ਬਣੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਹਮੀਦੀ ਵਿਖੇ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਦੀ ਦੇਖ-ਰੇਖ 'ਚ ਸਰਬਸੰਮਤੀ ਨਾਲ ਹੋਈ। ਇਸ ਮੌਕੇ ਭਾਈ ਜਸਬੀਰ ਸਿੰਘ ਖ਼ਾਲਸਾ ਨੇ ਪਿਛਲੇ ਤਿੰਨ ਸਾਲਾਂ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ, ਜਿਸ ਨੂੰ ਪਿੰਡ ਵਾਸੀਆਂ ਨੇ ਹੱਥ ਖੜ੍ਹੇ ਕਰਕੇ ਮਨਜ਼ੂਰ ਕੀਤਾ।ਇਸ ਤੋਂ ਬਾਅਦ ਪਿੰਡ ਦੀਆਂ ਵੱਖ-ਵੱਖ ਪੱਤੀਆਂ ਵਿੱਚੋਂ ਮੈਂਬਰਾਂ ਦੀ ਚੋਣ ਕੀਤੀ ਗਈ, ਜਿਸ ਵਿੱਚ ਕਮੇਟੀ ਮੈਂਬਰ ਸੁਖਦੇਵ ਸਿੰਘ ਰਾਣੂ, ਜਸਬੀਰ ਸਿੰਘ ਖ਼ਾਲਸਾ, ਤਰਲੋਚਨ ਸਿੰਘ ਬਾਜਵਾ, ਹਰਪਿੰਦਰ ਸਿੰਘ ਰੰਧਾਵਾ, ਮੁਨਸ਼ੀ ਸਿੰਘ ਪਾਲ, ਅਮਰਜੀਤ ਸਿੰਘ ਧੰਮਾ, ਗੁਰਪ੍ਰੀਤ ਸਿੰਘ ਦਿਉਲ, ਜਗਦੇਵ ਸਿੰਘ ਢਿੱਲੋਂ, ਵਿਕਰਮਜੀਤ ਸਿੰਘ ਢਿੱਲੋਂ, ਗੁਰਮੇਲ ਸਿੰਘ ਰਾਣੂ, ਜਰਨੈਲ ਸਿੰਘ, ਜਗਰਾਜ ਸਿੰਘ, ਕਰਮਜੀਤ ਸਿੰਘ ਤੇ ਭਜਨ ਸਿੰਘ ਨੂੰ ਕਮੇਟੀ ਮੈਂਬਰ ਚੁਣਿਆ ਗਿਆ।ਬਾਅਦ ਵਿੱਚ ਕਮੇਟੀ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਕੈਪਟਨ ਸੁਖਦੇਵ ਸਿੰਘ ਰਾਣੂ ਨੂੰ ਪ੍ਰਧਾਨ, ਮੀਤ ਪ੍ਰਧਾਨ ਜਸਬੀਰ ਸਿੰਘ ਖ਼ਾਲਸਾ, ਖਜ਼ਾਨਚੀ ਤਰਲੋਚਨ ਸਿੰਘ, ਸਕੱਤਰ ਹਰਪਿੰਦਰ ਸਿੰਘ, ਪ੍ਰਚਾਰਕ ਸਕੱਤਰ ਮੁਨਸ਼ੀ ਸਿੰਘ ਨੂੰ ਚੁਣਿਆ ਗਿਆ।ਇਸ ਮੌਕੇ ਚੁਣੇ ਅਹੁਦੇਦਾਰਾਂ, ਕਮੇਟੀ ਮੈਂਬਰਾਂ ਨੂੰ ਸਮੂਹ ਗ੍ਰਾਮ ਪੰਚਾਇਤ, ਵੱਖ ਵੱਖ ਆਗੂਆਂ ਵੱਲੋਂ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਜਸਵਿੰਦਰ ਸਿੰਘ ਮਾਂਗਟ, ਹਰਪ੍ਰੀਤ ਸਿੰਘ ਦਿਉਲ, ਗੁਰਪ੍ਰੀਤ ਸਿੰਘ ਰਾਣੂ, ਜਗਦੀਸ਼ ਸਿੰਘ ਦੀਸ਼ਾ, ਸੁਰਜੀਤ ਸਿੰਘ ਰਾਣੂ, ਜਥੇ: ਉਦੈ ਸਿੰਘ, ਏਕਮ ਸਿੰਘ ਦਿਉਲ ਆਦਿ ਹਾਜ਼ਰ ਸਨ।

## ਸਾਈਫਨਾਂ ਦੀ ਡਾਫ ਕਾਰਨ ਘੱਗਰ ਦੇ ਪਾਣੀ ਦੀ ਨਿਕਾਸੀ ਘਟੀ, ਕਈ ਪਿੰਡ ਹੜ੍ਹ ਮਾਰ ਹੇਠ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਹਾੜੀ ਖੇਤਰਾਂ ਤੋਂ ਸ਼ੁਰੂ ਹੋਏ ਘੱਗਰ ਦਰਿਆ ਦੇ ਪਾਣੀ ਨੇ ਜ਼ਿਲ੍ਹੇ ਦੇ ਰਾਜਪੁਰਾ, ਘਨੌਰ, ਸਨੌਰ ਤੇ ਦੇਵੀਗੜ੍ਹ ਇਲਾਕਿਆਂ 'ਚ ਵੱਡਾ ਨੁਕਸਾਨ ਕਰਨ ਤੋਂ ਬਾਅਦ ਹੁਣ ਹਲਕਾ ਸਮਾਣਾ ਦੇ ਸਰਕਲ ਗਾਜੇਵਾਸ ਦੇ ਕਈ ਪਿੰਡਾਂ ਨੂੰ ਆਪਣੀ ਲਪੇਟ 'ਚ ਲੈ ਲਿਆ ਹੈ। ਇਥੋਂ ਲੰਘਦੀ ਹਾਂਸੀ-ਬੁਟਾਣਾ ਨਹਿਰ ਦੇ ਸਾਈਫਨਾਂ ਕਾਰਨ ਲੱਗਦੀ ਡਾਫ ਸਦਕਾ ਪਾਣੀ ਦੀ ਨਿਕਾਸੀ ਘੱਟ ਗਈ ਹੈ, ਜਿਸ ਕਾਰਨ ਇਸ ਇਲਾਕੇ 'ਚ ਲੰਘਦੇ ਮੀਰਾਂਪੁਰ ਚੋਅ (ਜੋ ਕਿ ਘੱਗਰ ਦਰਿਆ 'ਚ ਮਿਲਦਾ ਹੈ) ਦੇ ਪਾਣੀ ਨੇ ਵਾਪਸੀ ਮਾਰ ਦਿੱਤੀ ਹੈ ਤੇ ਪਾਣੀ ਨੇੜਲੇ ਇਲਾਕੇ 'ਚ ਦੂਰ-ਦੂਰ ਤੱਕ ਫੈਲ ਗਿਆ ਹੈ ਤੇ ਦਰਜਨ ਦੇ ਕਰੀਬ ਪਿੰਡ ਹੜ੍ਹਾਂ ਦੀ ਮਾਰ ਹੇਠ ਆ ਗਏ ਹਨ, ਜਿਨ੍ਹਾਂ 'ਚ ਕੁਝ ਨਾਲ ਲੱਗਦੇ ਹਰਿਆਣਾ ਦੇ ਪਿੰਡ ਵੀ ਸ਼ਾਮਲ ਹਨ।ਘੱਗਰ ਦਰਿਆ ਇਥੋਂ ਨੱਕੋ-ਨੱਕ ਭਰ ਕੇ ਚੱਲ ਰਿਹਾ ਹੈ ਤੇ ਪਟਿਆਲਾ-ਚੀਕਾ-ਸਟੇਟ ਹਾਈਵੇ 'ਤੇ ਬਣੇ ਪੁਲ 'ਤੇ ਖ਼ਤਰੇ ਦੇ ਨਿਸ਼ਾਨ ਤੋਂ ਉਪਰ ਵਹਿ ਰਿਹਾ ਹੈ।ਘੱਗਰ ਦੀ ਡਾਫ ਕਾਰਨ ਮੀਰਾਂਪੁਰ ਚੋਅ ਦਾ ਪਾਣੀ ਵੱਡਾ ਨੁਕਸਾਨ ਕਰਨ ਦਾ ਖਦਸ਼ਾ ਬਣ ਗਿਆ ਹੈ। ਜ਼ਿਕਰਯੋਗ ਹੈ ਕਿ ਜਿੱਥੇ ਇਸ ਇਲਾਕੇ ਤੋਂ ਕੁਝ ਮੀਲ ਪਹਿਲਾਂ ਟਾਂਗਰੀ ਨਦੀ ਤੇ ਮਾਰਕੰਡਾ ਦਰਿਆ ਵੀ ਘੱਗਰ ਦਰਿਆ 'ਚ ਆ ਕੇ ਮਿਲ ਜਾਂਦੇ ਹਨ, ਜਿਸ ਕਾਰਨ ਇੱਥੇ ਦਾ ਰੂਪ ਹੋਰ ਵੀ ਭਿਆਨਕ ਹੋ ਜਾਂਦਾ ਹੈ, ਉਥੇ ਹੀ ਹਰਿਆਣਾ ਸਰਕਾਰ ਵੱਲੋਂ ਭਾਖੜਾ ਵਿੱਚੋਂ ਪਾਣੀ ਲੈਣ ਲਈ ਇਥੋਂ ਕੱਢੀ ਹਾਂਸੀ-ਬੁਟਾਣਾ ਨਹਿਰ ਦੇ ਪੁਲ ਦੇ ਸਾਈਫਨਾਂ ਦੇ ਅਜਿਹੇ ਕਾਰਨ ਵੱਡੀ ਮਾਤਰਾ 'ਚ ਗੁਜ਼ਰਦਾ ਪਾਣੀ ਲੰਘਣ ਦਾ ਰਸਤਾ ਤੰਗ ਹੋਣ ਕਾਰਨ ਪੰਜਾਬ-ਹਰਿਆਣਾ ਦੇ ਸਰਹੱਦੀ ਪਿੰਡਾਂ 'ਚ ਤਬਾਹੀ ਮਚਾਉਂਦਾ ਹੈ।ਇਸ ਇਲਾਕੇ ਦੇ ਲੋਕਾਂ ਦਾ ਦੱਸਣਾ ਹੈ ਕਿ ਜੋ ਪਾਣੀ ਪਹਿਲਾਂ ਕਈ ਏਕੜਾਂ ਵਿੱਚ ਦੀ ਹੋ ਕੇ ਗੁਜ਼ਰ ਜਾਂਦਾ ਸੀ, ਪਰ ਨਹਿਰ ਦਾ ਪੁਲ ਕੁਝ ਕੁ ਮੀਟਰ ਦਾ ਹੋਣ ਕਾਰਨ ਇਸ ਦੀ ਆੜ ਕਾਰਨ ਪਾਣੀ ਦੀ ਡਾਫ ਲੱਗ ਜਾਂਦੀ ਹੈ ਤੇ ਪਾਣੀ ਰੁਕਣ ਕਾਰਨ ਨਿਕਾਸੀ ਘੱਟ ਜਾਂਦੀ ਹੈ, ਜਿਸ ਕਾਰਨ ਵੱਡੇ ਪੱਧਰ 'ਤੇ ਨੁਕਸਾਨ ਹੁੰਦਾ ਹੈ। ਜਾਣਕਾਰੀ ਦਿੰਦਿਆਂ ਪਿੰਡ ਧਰਮਹੇੜੀ ਦੇ ਸਾਬਕਾ ਸਰਪੰਚ ਹਰਚਰਨ ਸਿੰਘ, ਕੁਲਦੀਪ ਸਿੰਘ ਚੱਠਾ, ਧਰਮਿੰਦਰ ਸਿੰਘ, ਗੁਰਵਿੰਦਰ ਸਿੰਘ, ਬੁੱਧ ਰਾਮ ਸੈਣੀ, ਹਰਭਜਨ ਸਿੰਘ ਖੇੜਾ, ਹਰਦੀਪ ਸਿੰਘ, ਨਿਸ਼ਾਨ ਸਿੰਘ, ਹਰਭਜਨ ਸਿੰਘ ਚੱਠਾ ਆਦਿ ਸਮੇਤ ਹੋਰਨਾਂ ਨੇ ਦੱਸਿਆ ਕਿ ਇਸ ਇਲਾਕੇ 'ਚ ਬਰਸਾਤੀ ਮੌਸਮ ਦੌਰਾਨ ਹਰ ਸਾਲ ਪਾਣੀ ਦੀ ਮਾਰ ਹੁੰਦੀ ਹੈ, ਪਰ ਇਸ ਦਾ ਕੋਈ ਪੱਕਾ ਹੱਲ ਕਿਸੇ ਵੀ ਸਰਕਾਰ ਨੇ ਨਹੀਂ ਕੀਤਾ।ਇਲਾਕਾ ਵਾਸੀਆਂ ਦੀ ਮੰਗ ਹੈ ਕਿ ਇਸ ਨਹਿਰ ਨੂੰ ਜਾਂ ਤਾਂ ਘੱਗਰ ਦੇ ਹੇਠਾਂ ਅੰਡਰ ਗਰਾਊਂਡ ਕੀਤਾ ਜਾਵੇ ਜਾਂ ਫਿਰ ਸਾਈਫਨਾਂ ਦੀ ਗਿਣਤੀ ਵਧਾਈ ਜਾਵੇ।ਹਾਂਸੀ ਬੁਟਾਣਾ ਨਹਿਰ ਸਬੰਧੀ ਇਲਾਕੇ ਦੇ ਲੋਕਾਂ 'ਚ ਰੋਸ ਜਾਗਣ ਲੱਗ ਪਿਆ ਹੈ ਤੇ ਲੋਕਾਂ ਵੱਲੋਂ ਇਸ ਨੂੰ ਢਾਹੁਣ ਦੀ ਮੰਗ ਉਠਣ ਲੱਗੀ ਹੈ।

## ਮੱਖਣ ਬਰਾੜ ਵੱਲੋਂ ਲੰਗਰ ਤੇ ਰਾਹਤ ਸਮੱਗਰੀ ਦਾ ਪ੍ਰਬੰਧ

**ਮੋਗਾ (ਇਕਬਾਲ ਸਿੰਘ ਖਹਿਰਾ)**-ਸਤਲੁਜ ਦੇ ਬੰਨ੍ਹ 'ਤੇ ਮਿੱਟੀ ਦੀ ਸੇਵਾ ਕਰ ਰਹੇ ਸੇਵਾਦਾਰਾਂ ਲਈ ਲੰਗਰ ਦਾ ਵੀ ਪ੍ਰਬੰਧ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਤੇ ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ ਬਰਾੜ ਵਿਭਾਗ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸੇਵਾ ਕਾਰਜਾਂ ਵਿੱਚ ਪੂਰੀ ਤਨਦੇਹੀ ਨਾਲ ਜੁਟੇ ਹੋਏ ਹਨ।ਉਹ ਨਾ ਸਿਰਫ਼ ਬੰਨ੍ਹਾਂ 'ਤੇ ਮਿੱਟੀ ਪਾਉਣ ਤੇ ਬਚਾਅ ਕਾਰਜਾਂ ਵਿੱਚ ਸੰਗਤਾਂ ਦੀ ਅਗਵਾਈ ਕਰ ਰਹੇ ਹਨ, ਸਗੋਂ ਸੇਵਾ ਵਿੱਚ ਲੱਗੀਆਂ ਸੰਗਤਾਂ ਤੇ ਪੀੜਤ ਪਰਵਾਰਾਂ ਲਈ ਲੰਗਰ, ਪੀਣ ਵਾਲਾ ਪਾਣੀ ਤੇ ਹੋਰ ਜ਼ਰੂਰੀ ਰਾਹਤ ਸਮੱਗਰੀ ਦਾ ਪ੍ਰਬੰਧ ਵੀ ਕਰ ਰਹੇ ਹਨ।ਇਸ ਨੇਕ ਮੁਹਿੰਮ ਵਿੱਚ ਹਲਕਾ ਧਰਮਕੋਟ ਦੀ ਅਕਾਲੀ ਦਲ ਦੀ ਟੀਮ ਵੀ ਦਿਨ-ਰਾਤ ਸੇਵਾ ਨਿਭਾਅ ਰਹੀ ਹੈ।ਨਾਲ ਹੀ, ਨਿਹਾਲ ਸਿੰਘ ਵਾਲਾ ਦੀ ਟੀਮ ਵੀ ਇਸ ਮੁਸੀਬਤ ਦੀ ਘੜੀ ਵਿੱਚ ਸ. ਬਰਜਿੰਦਰ ਸਿੰਘ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਹਿਯੋਗ ਕਰ ਰਹੀ ਹੈ।ਇਸ ਮੌਕੇ ਬਲਦੇਵ ਸਿੰਘ ਮਾਣੂਕੇ, ਪ੍ਰਿੰਸੀਪਲ ਸੁਖਚੈਨ ਸਿੰਘ, ਲਾਲ ਸਿੰਘ, ਚਰਨਜੀਤ ਸਿੰਘ, ਅਜੈਬ ਸਿੰਘ, ਜਗਰੂਪ ਸਿੰਘ, ਗੁਰਮੇਲ ਸਿੰਘ ਗੇਲਾ, ਭੋਲਾ ਸਿੰਘ, ਇਕਬਾਲ ਦੀਪ ਸਿੰਘ ਹੈਰੀ, ਨਿਰਭੈ ਸਿੰਘ, ਦਰਸ਼ਨ ਸਿੰਘ, ਗੁਰਜੰਟ ਸਿੰਘ ਚਾਹਲ ਸਮੇਤ ਕਈ ਹੋਰ ਸੇਵਾਦਾਰਾਂ ਨੇ ਵੀ ਇਸ ਸੇਵਾ ਕਾਰਜ ਵਿੱਚ ਅਹਿਮ ਯੋਗਦਾਨ ਪਾਇਆ।

## ਮੰਗਾਂ ਪ੍ਰਤੀ ਦਿਖਾਏ ਨਾਂਹਪੱਖੀ ਰਵੱਈਏ ਤੇ ਅਣਦੇਖੀ 'ਤੇ ਰੋਸ ਪ੍ਰਗਟ ਕੀਤਾ



**ਸੰਗਰੂਰ (ਪ੍ਰਵੀਨ ਸਿੰਘ)**-ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦਾ ਸੈਂਕੜੇ ਪੈਨਸ਼ਨਰਜ਼ ਦਾ ਇਕੱਠ ਪ੍ਰਧਾਨਗੀ ਮੰਡਲ 'ਚ ਸ਼ਾਮਲ ਸੁਰਿੰਦਰ ਬਾਲੀਆਂ, ਸਰਪ੍ਰਸਤ ਜਗਦੀਸ਼ ਸ਼ਰਮਾ, ਜ. ਸਕੱਤਰ ਬਲਵੰਤ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਡੀਸੀ ਦਫ਼ਤਰ ਕੰਪਲੈਕਸ ਵਿੱਚ ਹੋਇਆ, ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਜ਼ ਦੀਆਂ ਮੰਗਾਂ ਪ੍ਰਤੀ ਦਿਖਾਏ ਨਾਂਹਪੱਖੀ ਰਵੱਈਏ ਤੇ ਅਣਦੇਖੀ ਨੀਤੀ 'ਤੇ ਰੋਸ ਪ੍ਰਗਟ ਕੀਤਾ ਅਤੇ ਨਾਅਰੇਬਾਜ਼ੀ ਕੀਤੀ।ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਸ੍ਰੀ ਸੁਰਿੰਦਰ ਬਾਲੀਆਂ, ਸਰਪ੍ਰਸਤ ਸ੍ਰੀ ਜਗਦੀਸ਼ ਸ਼ਰਮਾ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ 18 ਪ੍ਰਤੀਸ਼ਤ ਡੀ ਏ ਦੀਆਂ ਕਿਸ਼ਤਾਂ 1/7/21/ਤੋਂ ਹੁਣ ਤੱਕ, 18ਮਹੀਨੇ ਦਾ ਬਕਾਇਆ, ਪੈਨਸ਼ਨਰਜ਼/ਪਰਿਵਾਰਕ ਪੈਨਸ਼ਨਰਜ਼ ਦੇ ਵਾਰਸਾਂ ਨੂੰ 1/1/16 ਤੋਂ 30/6/21 ਤੱਕ ਦੇ ਬਕਾਏ ਨਹੀਂ ਦਿੱਤੇ ਜਾ ਰਹੇ, ਜਿਸ ਕਰਕੇ ਪੈਨਸ਼ਨਰਜ਼ ਵਿੱਚ ਰੋਹ ਤੇ ਰੋਸ ਪੈਦਾ ਹੋ ਰਿਹਾ ਹੈ।ਪੰਜਾਬ ਦੇ ਔਖੇ ਸਮੇਂ ਕਰਕੇ ਬੇਸ਼ੱਕ ਪੈਨਸ਼ਨਰਜ਼ ਨੇ ਦਿਲ ਖੋਲ੍ਹ ਕੇ ਹੜ੍ਹ ਪੀੜਤਾਂ ਦੀ ਮਦਦ ਕੀਤੀ, ਪਰ ਉਥੇ ਹੀ ਧਰਨੇ ਵਗੈਰਾ ਤੋਂ ਵੀ ਗੁਰੇਜ਼ ਕਰਕੇ ਚੰਗੇ ਸ਼ਹਿਰੀ ਦਾ ਸਬੂਤ ਵੀ ਦਿੱਤਾ।ਜ. ਸਕੱਤਰ ਬਲਵੰਤ ਸਿੰਘ ਢਿੱਲੋਂ, ਸੀ ਮੀਤ ਪ੍ਰਧਾਨ ਬਿੱਕਰ ਸਿੰਘ ਸਿਬੀਆ, ਵਿੱਤ ਸਕੱਤਰ ਮੋਹਨ ਸਿੰਘ, ਜੇ ਸਿੰਘ, ਬਹਾਦਰ ਸਿੰਘ ਰਾਉ, ਰਾਜਰੀ ਸਿੰਘ ਸ਼ਰਮਾ ਨੇ ਕਿਹਾ ਕਿ ਸੈਂਕੜੇ ਪੈਨਸ਼ਨਰਜ਼ ਬਕਾਏ ਦੀ ਉਡੀਕ ਕਰਦਿਆਂ ਰੱਬ ਨੂੰ ਪਿਆਰੇ ਹੋ ਗਏ।ਉਨ੍ਹਾਂ ਦੇ ਵਾਰਸ ਅੱਜ ਵੀ ਬਕਾਏ ਖਾਤਰ ਬੈਂਕਾਂ ਵਿਚ ਖੱਜਲ ਖੁਆਰ ਹੋ ਰਹੇ ਹਨ।ਹੜ੍ਹਾਂ ਦੀ ਮਾਰ ਝੱਲ ਰਹੇ ਪ੍ਰਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਆਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਨੇ ਸਰਕਾਰ ਤੋਂ ਮੰਗ ਕੀਤੀ ਕਿ ਉਨ੍ਹਾਂ ਦੀ ਸਹਾਇਤਾ ਤਤਕਾਲ ਜਾਰੀ ਕੀਤੀ ਜਾਵੇ।ਉਨ੍ਹਾਂ ਦੇ ਮੁੜ ਵਸੇਬੇ, ਬੰਨ੍ਹਾਂ ਨੂੰ ਹੋਰ ਵਧੇਰੇ ਪੱਕਾ ਕਰਨ ਲਈ ਜਿਥੇ ਦੋਵੇਂ ਸਰਕਾਰਾਂ ਤੋਂ ਫੌਰੀ ਮਦਦ ਦੀ ਮੰਗ ਕੀਤੀ, ਉਥੇ ਪ੍ਰਧਾਨਗੀ ਮੰਡਲ ਦੀ ਬੇਨਤੀ 'ਤੇ ਪੈਨਸ਼ਨਰਜ਼ ਨੇ ਆਪਣੇ ਪੱਧਰ 'ਤੇ ਇੱਕ ਘੰਟੇ ਵਿੱਚ ਖ਼ਬਰ ਲਿਖਣ ਵੇਲੇ ਤੱਕ 51000 ਰੁਪਏ ਇਕੱਠੇ ਕੀਤੇ।ਹੋਰ ਫੰਡ ਇਕੱਠਾ ਹੋਣ 'ਤੇ ਪੀੜਤ ਪਰਵਾਰਾਂ ਦੀ ਮਦਦ ਲਈ ਭੇਜਿਆ ਜਾਵੇਗਾ।ਸਤੰਬਰ ਮਹੀਨੇ ਵਿੱਚ ਜਨਮਦਿਨ ਵਾਲੇ ਪੈਨਸ਼ਨਰਜ਼ ਦਾ ਜਨਮਦਿਨ ਮਨਾ ਕੇ ਉਨ੍ਹਾਂ ਦੀ ਚੰਗੀ ਸਿਹਤ ਦੀ ਕਾਮਨਾ ਕੀਤੀ।

## ਹੜ੍ਹ ਪੀੜਤਾਂ ਨਾਲ ਕਾਂਗਰਸ ਪਾਰਟੀ ਪੂਰੀ ਤਰ੍ਹਾਂ ਖੜੀ ਹੈ : ਮੋਹਿਤ ਮਹਿੰਦਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹੜ੍ਹ ਪੀੜਤਾਂ ਦੇ ਦੁੱਖ-ਦਰਦ ਨੂੰ ਸਾਂਝਾ ਕਰਨ ਲਈ ਆਲ ਇੰਡੀਆ ਯੂਥ ਕਾਂਗਰਸ ਦੇ ਪ੍ਰਧਾਨ ਸ਼੍ਰੀ ਉਦੈ ਭਾਨੂ ਚਿੱਬ ਖ਼ਾਸ ਤੌਰ 'ਤੇ ਪਟਿਆਲਾ ਪੁੱਜੇ।ਪਟਿਆਲਾ ਰੂਰਲ ਦੇ ਯੂਥ ਕਾਂਗਰਸ ਆਗੂ ਮੋਹਿਤ ਮਹਿੰਦਰਾ ਨੇ ਕਿਹਾ ਕਿ ਪੰਜਾਬ 'ਚ ਹੜ੍ਹਾਂ ਕਰਕੇ ਹਜ਼ਾਰਾਂ ਲੋਕਾਂ ਦੀ ਜ਼ਿੰਦਗੀ ਪ੍ਰਭਾਵਤ ਹੋਈ ਹੈ।ਕਈ ਪਰਵਾਰ ਘਰਾਂ ਤੋਂ ਬੇਘਰ ਹੋ ਗਏ ਹਨ, ਕਿਸਾਨਾਂ ਦੀਆਂ ਫ਼ਸਲਾਂ ਪੂਰੀ ਤਰ੍ਹਾਂ ਤਬਾਹ ਹੋ ਚੁੱਕੀਆਂ ਹਨ, ਜਦਕਿ ਅਨੇਕਾਂ ਪਸ਼ੂਆਂ ਦੀ ਮੌਤ ਨੇ ਕਿਸਾਨਾਂ ਦੀ ਮੁਸੀਬਤ ਹੋਰ ਵੀ ਵਧਾ ਦਿੱਤੀ ਹੈ।ਉਨ੍ਹਾਂ ਕਿਹਾ ਕਿ ਇਸ ਔਖੀ ਘੜੀ ਵਿੱਚ ਕਾਂਗਰਸ ਪਾਰਟੀ ਲੋਕਾਂ ਦੇ ਨਾਲ ਪੂਰੀ ਤਰ੍ਹਾਂ ਖੜੀ ਹੈ ਅਤੇ ਹੜ੍ਹ ਪੀੜਤਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾਵੇਗੀ।ਇਸ ਮੌਕੇ ਅੰਮ੍ਰਿਤਸਰ ਸ਼ਹਿਰੀ ਪ੍ਰਧਾਨ ਰਾਹੁਲ ਸ਼ਰਮਾ, ਦਿਹਾਤੀ ਪ੍ਰਧਾਨ ਜਰਮਨ, ਆਈ ਵਾਈ ਸੀ ਸੈਕਟਰੀ ਨਵਨੀਤ ਸਿੰਘ ਤੇ ਹੋਰ ਕਈ ਯੂਥ ਆਗੂ ਅਤੇ ਵਰਕਰ ਮੌਜੂਦ ਰਹੇ। ਮੋਹਿਤ ਮਹਿੰਦਰਾ ਨੇ ਇਹ ਵੀ ਦੱਸਿਆ ਕਿ ਇਹ ਸਿਰਫ਼ ਇੱਕ ਰਸਮੀ ਦੌਰਾ ਨਹੀਂ, ਸਗੋਂ ਅਸਲ ਮੈਦਾਨੀ ਸੇਵਾ ਹੈ, ਜਿਸ ਰਾਹੀਂ ਹੜ੍ਹ ਪ੍ਰਭਾਵਿਤ ਇਲਾਕਿਆਂ 'ਚ ਪੀੜਤ ਪਰਵਾਰਾਂ ਤੱਕ ਸਿੱਧੀ ਮਦਦ ਪੁਚਾਈ ਜਾਵੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਦੀ ਨੀਤੀ ਹਮੇਸ਼ਾ ਲੋਕ ਕੇਂਦਰਤ ਰਹੀ ਹੈ ਅਤੇ ਪਾਰਟੀ ਦੇ ਹਰ ਵਰਕਰ ਦੀ ਜ਼ਿੰਮੇਵਾਰੀ ਹੈ ਕਿ ਉਹ ਇਸ ਸਮੇਂ ਵਿੱਚ ਆਪਣਾ ਧਰਮ ਨਿਭਾਉਂਦੇ ਹੋਏ ਹੜ੍ਹ ਪੀੜਤਾਂ ਦੀ ਸਹਾਇਤਾ ਕਰੇ।

## ਭਾਕਿਯੂ ਡਕੌਂਦਾ (ਧਨੇਰ) ਦੀ ਮੀਟਿੰਗ 'ਚ ਅਹਿਮ ਮਸਲੇ ਵਿਚਾਰੇ

### ਹੜ੍ਹ ਪੀੜਤਾਂ ਦੀ ਮਦਦ ਲਈ ਕੀਤੀ ਵਿਉਂਤਬੰਦੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਭਾਕਿਯੂ ਡਕੌਂਦਾ (ਧਨੇਰ) ਦੀ ਅਹਿਮ ਮੀਟਿੰਗ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ।ਮੀਟਿੰਗ ਦੇ ਸ਼ੁਰੂਆਤ ਮੌਕੇ ਕਿਸਾਨ ਜੀਤ ਸਿੰਘ ਛੀਨੀਵਾਲ ਖੁਰਦ, ਜਰਨੈਲ ਸਿੰਘ ਮਾਂਗੇਵਾਲ ਤੇ ਜ਼ਿਲ੍ਹਾ ਪ੍ਰਧਾਨ ਕੁਲਵੰਤ ਸਿੰਘ ਭਦੌੜ ਦੀ ਮਾਤਾ ਸੁਰਜੀਤ ਕੌਰ ਵੱਲੋਂ ਸਦੀਵੀ ਵਿਛੋੜਾ ਦੇ ਜਾਣ 'ਤੇ ਉਨ੍ਹਾਂ ਨੂੰ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਕਿਸਾਨ ਆਗੂਆਂ ਗੁਰਦੇਵ ਸਿੰਘ ਮਾਂਗੇਵਾਲ, ਜਗਰਾਜ ਸਿੰਘ ਹਰਦਾਸਪੁਰਾ, ਨਾਨਕ ਸਿੰਘ ਅਮਲਾ ਸਿੰਘ ਵਾਲਾ, ਸਤਨਾਮ ਸਿੰਘ ਮੂੰਮ ਨੇ ਕਿਹਾ ਕਿ ਪੰਜਾਬ ਦੇ 1500 ਪਿੰਡ ਹੜ੍ਹ ਦੇ ਪਾਣੀਆਂ 'ਚ ਡੁੱਬ ਗਏ ਹਨ।ਲੋਕਾਂ ਦੀਆਂ ਫਸਲਾਂ, ਘਰ, ਮਾਲ ਡੰਗਰਾਂ ਦਾ ਬਹੁਤ ਵੱਡਾ ਨੁਕਸਾਨ ਹੋਇਆ ਹੈ।ਕੇਂਦਰ ਤੇ ਪੰਜਾਬ ਸਰਕਾਰ ਇਸ ਨੂੰ ਕੁਦਰਤੀ ਆਫਤ ਕਹਿ ਕੇ ਖਹਿੜਾ ਛੁਡਵਾ ਰਹੀ ਹੈ, ਜਦੋਂਕਿ ਇਹ ਹੜ੍ਹ ਸਰਕਾਰਾਂ ਦੀਆਂ ਗ਼ਲਤ ਨੀਤੀਆਂ ਕਾਰਨ ਆਏ ਹਨ।ਇਸੇ ਤਰ੍ਹਾਂ ਕੇਂਦਰ ਸਰਕਾਰ ਅਫਗਾਨਿਸਤਾਨ ਵਿੱਚ ਆਏ ਭੁਚਾਲ ਨਾਲ ਮਾਰੇ ਲੋਕਾਂ ਪ੍ਰਤੀ ਹਮਦਰਦੀ, ਰਾਹਤ ਜਾਰੀ ਕਰਨ ਬਾਰੇ ਪ੍ਰਧਾਨ ਮੰਤਰੀ ਬਿਆਨ ਦੇ ਸਕਦੇ ਹਨ, ਪਰ ਅਫਸੋਸ ਕਿ ਪੰਜਾਬ ਦੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਜਾਂ ਹਮਦਰਦੀ ਸਬੰਧੀ ਇੱਕ ਬਿਆਨ ਤੱਕ ਨਹੀਂ ਦਿੱਤਾ।ਕੇਂਦਰ ਸਰਕਾਰ ਹਮੇਸ਼ਾ ਹੀ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰਦੀ ਆ ਰਹੀ ਹੈ, ਜੋ ਬਹੁਤ ਹੀ ਨਿੰਦਣਯੋਗ ਹੈ।ਆਗੂਆਂ ਨੇ ਮੰਗ ਕੀਤੀ ਕਿ ਸਰਕਾਰਾਂ ਪੀੜਤ ਪਰਵਾਰਾਂ ਦੇ ਨੁਕਸਾਨ ਦੀ ਪੂਰੀ ਮਦਦ ਕਰਨ ਲਈ ਤੁਰੰਤ ਅੱਗੇ ਆਉਣ।ਉਨ੍ਹਾਂ ਦੱਸਿਆ ਕਿ ਜਥੇਬੰਦੀ ਵੱਲੋਂ ਵੀ ਬਿਪਤਾ ਮਾਰੇ ਲੋਕਾਂ ਦੀ ਹਰ ਤਰ੍ਹਾਂ ਦੀ ਮੱਦਦ ਕਰਨ ਦੀ ਰੂਪ ਰੇਖਾ ਤਿਆਰ ਕੀਤੀ ਗਈ ਹੈ।ਇਸ ਮੌਕੇ ਪਾਸ ਕੀਤੇ ਗਏ ਮਤੇ ਰਾਹੀਂ ਭਾਕਿਯੂ ਡਕੌਂਦਾ (ਧਨੇਰ) ਦੇ ਸੂਬੇ ਦੇ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ ਉੱਪਰ ਗੁੰਡਿਆਂ ਵੱਲੋਂ ਘਰ ਜਾ ਕੇ ਕੀਤੇ ਜਾਨਲੇਵਾ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।ਹਮਲਾਵਰਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਕਿ ਜੇਕਰ ਅੱਗੇ ਤੋਂ ਅਜਿਹਾ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ।

ਕਿਸਾਨ ਆਗੂਆਂ ਨੇ ਕਿਹਾ ਕਿ ਕਪੂਰਥਲਾ ਜ਼ਿਲ੍ਹੇ 'ਚ ਪੁਲੀ ਰਾਹੀਂ ਪਾਣੀ ਕੱਢਣ ਨੂੰ ਲੈ ਕੇ ਸੱਤਾਧਾਰੀ ਧਿਰ ਦੇ ਆਗੂਆਂ ਵੱਲੋਂ ਭਾਕਿਯੂ ਡਕੌਂਦਾ ਧਨੇਰ ਦੇ ਵਰਕਰਾਂ ਦੇ ਸੱਟਾਂ ਮਾਰ ਕੇ ਸਰਕਾਰ ਦੀ ਸ਼ਹਿ 'ਤੇ ਉਲਟਾ ਵਰਕਰਾਂ 'ਤੇ ਹੀ ਕੇਸ ਪਾਉਣ ਦੇ ਯਤਨ ਕੀਤੇ ਜਾ ਰਹੇ ਹਨ।ਆਗੂਆਂ ਨੇ ਸਪੱਸ਼ਟ ਕਿਹਾ ਕਿ ਜੇਕਰ ਸਰਕਾਰ ਇਸ ਤੋਂ ਪਿੱਛੇ ਨਹੀਂ ਹਟਦੀ ਤਾਂ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ।

## ਜੈ ਇੰਦਰ ਕੌਰ ਨੇ ਸਨੌਰ ਹਲਕੇ ਦੇ ਮੀਂਹ ਪ੍ਰਭਾਵਤ ਪਿੰਡਾਂ ਦਾ ਕੀਤਾ ਦੌਰਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਭਾਜਪਾ ਮਹਿਲਾ ਮੋਰਚਾ ਪ੍ਰਧਾਨ ਸ਼੍ਰੀਮਤੀ ਜੈ ਇੰਦਰ ਕੌਰ ਨੇ ਹਾਲ ਹੀ ਵਿੱਚ ਹੋਈ ਭਾਰੀ ਬਾਰਿਸ਼ ਨਾਲ ਪ੍ਰਭਾਵਿਤ ਹਲਕਾ ਸਨੌਰ ਦੇ ਪਿੰਡਾਂ ਦੁੱਧਨ ਸਾਧਾਂ, ਬੁੱਧਮੋਰ ਤੇ ਤਾਜਲਪੁਰ ਦਾ ਵਿਸ਼ੇਸ਼ ਦੌਰਾ ਕੀਤਾ ਗਿਆ, ਜਿੱਥੇ ਉਨ੍ਹਾਂ ਵੱਲੋਂ ਬਾਰਿਸ਼ ਕਾਰਨ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਤੇ ਪ੍ਰਭਾਵਿਤ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਗਈ।ਜੈ ਇੰਦਰ ਕੌਰ ਨੇ ਦੱਸਿਆ ਕਿ ਇਸ ਭਾਰੀ ਬਾਰਿਸ਼ ਕਾਰਨ ਕਿਸਾਨਾਂ ਦੀਆਂ ਫ਼ਸਲਾਂ, ਖਾਸ ਕਰਕੇ ਝੋਨੇ ਦੀ ਫ਼ਸਲ ਦਾ ਬਹੁਤ ਨੁਕਸਾਨ ਹੋਇਆ ਹੈ।ਇਸੇ ਤਰ੍ਹਾਂ ਪਿੰਡ ਤਾਜਲਪੁਰ ਵਿੱਚ ਪਾਣੀ ਪਿੰਡ ਦੇ ਅੰਦਰ ਵੜ ਗਿਆ ਹੈ, ਜਿਸ ਕਾਰਨ ਲੋਕਾਂ ਨੂੰ ਆਉਣ-ਜਾਣ ਅਤੇ ਰੋਜ਼ਾਨਾ ਦੇ ਕੰਮਾਂ ਵਿੱਚ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੱਤਾਧਾਰੀ ਆਮ ਆਦਮੀ ਪਾਰਟੀ 'ਤੇ ਨਿਸ਼ਾਨਾ ਸਾਧਦਿਆਂ ਉਨ੍ਹਾਂ ਨੇ ਕਿਹਾ ਕਿ ਜੇਕਰ ਹੜ੍ਹਾਂ ਨੂੰ ਰੋਕਣ ਲਈ ਸਮੇਂ ਸਿਰ ਕਦਮ ਚੁੱਕੇ ਜਾਂਦੇ ਤਾਂ ਪੰਜਾਬ ਨੂੰ ਅਜਿਹੇ ਭਿਆਨਕ ਹਾਲਾਤਾਂ ਵਿੱਚ ਨਾ ਧੱਕਿਆ ਜਾਂਦਾ, ਨਾ ਤਾਂ ਨਹਿਰਾਂ ਦੀ ਸਫ਼ਾਈ ਕੀਤੀ ਗਈ ਅਤੇ ਨਾ ਹੀ ਕੋਈ ਬਚਾਅ ਉਪਾਅ ਕੀਤੇ ਗਏ।ਪ੍ਰਭਾਵਤ ਪਰਵਾਰਾਂ ਨੂੰ ਭਰੋਸਾ ਦਿੰਦਿਆਂ ਜੈ ਇੰਦਰ ਕੌਰ ਨੇ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਸੰਕਟ ਦੀ ਇਸ ਘੜੀ ਵਿੱਚ ਪੰਜਾਬ ਦੇ ਲੋਕਾਂ ਨਾਲ ਮਜ਼ਬੂਤੀ ਨਾਲ ਖੜੀ ਹੈ।ਸਥਿਤੀ ਦਾ ਜਾਇਜ਼ਾ ਲੈਣ ਲਈ ਇੱਕ ਵਿਸ਼ੇਸ਼ ਕੇਂਦਰੀ ਟੀਮ ਪਹਿਲਾਂ ਹੀ ਸੂਬੇ ਦਾ ਦੌਰਾ ਕਰ ਰਹੀ ਹੈ ਤੇ ਉਹ ਜਲਦੀ ਹੀ ਆਪਣੀ ਰਿਪੋਰਟ ਪੇਸ਼ ਕਰੇਗੀ, ਜਿਸ ਦੇ ਆਧਾਰ 'ਤੇ ਹੋਰ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਕੇਂਦਰੀ ਖੇਤੀਬਾੜੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਹਾਲ ਹੀ ਵਿੱਚ ਪੰਜਾਬ ਦਾ ਦੌਰਾ ਕੀਤਾ ਸੀ, ਜਿੱਥੇ ਉਨ੍ਹਾਂ ਨੇ ਗੁਰਦਾਸਪੁਰ ਖੇਤਰ ਵਿੱਚ ਖੇਤਾਂ ਦਾ ਨਿਰੀਖਣ ਕੀਤਾ ਅਤੇ ਕਿਸਾਨਾਂ ਨੂੰ ਕੇਂਦਰ ਤੋਂ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।

## ਸੂਬਾ ਸਰਕਾਰ ਕੁਦਰਤੀ ਆਫਤ ਮੌਕੇ ਲੋਕਾਂ ਨਾਲ ਡਟ ਕੇ ਖੜੀ : ਅਜੀਤਪਾਲ ਕੋਹਲੀ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਆਖਿਆ ਕਿ ਪੰਜਾਬ 'ਤੇ ਆਈ ਹੜ੍ਹਾਂ ਦੀ ਕੁਦਰਤੀ ਆਫਤ ਮੌਕੇ ਸੂਬਾ ਸਰਕਾਰ ਅਤੇ ਆਮ ਆਦਮੀ ਪਾਰਟੀ ਪੂਰੀ ਤਰ੍ਹਾਂ ਲੋਕਾਂ ਨਾਲ ਡਟ ਕੇ ਖੜੀ ਹੈ।ਉਨ੍ਹਾਂ ਆਖਿਆ ਕਿ ਪਾਰਟੀ ਦੇ ਕੌਮੀ ਪ੍ਰਧਾਨ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਆਦੇਸ਼ਾਂ ਤੋਂ ਬਾਅਦ ਆਪ ਦੇ ਸਮੁੱਚੇ ਮੰਤਰੀ, ਵਿਧਾਇਕ, ਟੀਮਾਂ ਫੀਲਡ 'ਚ ਡਟੀਆਂ ਹੋਈਆਂ ਹਨ।ਅਜੀਤਪਾਲ ਕੋਹਲੀ ਪਾਰਟੀ ਦੀ ਮਜ਼ਬੂਤੀ ਲਈ ਇਕ ਮੀਟਿੰਗ ਦੌਰਾਨ ਗੱਲਬਾਤ ਕਰ ਰਹੇ ਸਨ।ਵਿਧਾਇਕ ਕੋਹਲੀ ਨੇ ਕਿਹਾ ਕਿ 9 ਸਤੰਬਰ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਪੰਜਾਬ ਦੌਰੇ 'ਤੇ ਆ ਰਹੇ ਹਨ।ਉਨ੍ਹਾਂ ਨੂੰ ਬੇਨਤੀ ਹੈ ਕਿ ਉਹ ਪੰਜਾਬ ਲਈ 1 ਲੱਖ ਕਰੋੜ ਦਾ ਪੈਕੇਜ ਐਲਾਨ ਕਰਕੇ ਜਾਣ, ਕਿਉਂਕਿ ਪੰਜਾਬ ਨੂੰ ਇਸ ਸਮੇਂ ਨਵੇਂ ਸਿਰੇ ਤੋਂ ਉਸਾਰਨ ਦੀ ਲੋੜ ਹੈ।ਇਸ ਲਈ ਪ੍ਰਧਾਨ ਮੰਤਰੀ ਨੂੰ ਫਿਰਾਕਦਿਲੀ ਦਿਖਾਉਣੀ ਚਾਹੀਦੀ ਹੈ। ਕੋਹਲੀ ਨੇ ਆਖਿਆ ਕਿ ਸੂਬੇ ਦੇ ਸਮੁੱਚੇ ਫੰਡ ਵੱਖ-ਵੱਖ ਟੈਕਸਾਂ ਦੇ ਰੂਪ 'ਚ ਕੇਂਦਰ ਸਰਕਾਰ ਕੋਲ ਚਲੇ ਜਾਂਦੇ ਹਨ। ਕੇਂਦਰ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਉਹ ਸੂਬਿਆਂ ਦੀ ਮਦਦ ਕਰੇ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਹਰੇਕ ਮੁੱਖ ਮਹਿਕਮੇ ਦੀ ਟੀਮ ਮੈਦਾਨ 'ਚ ਹੈ ਅਤੇ ਹੜ੍ਹਾਂ ਕਾਰਨ ਪੈਦਾ ਹੋਣ ਵਾਲੇ ਹਾਲਾਤ ਤੋਂ ਨਜਿੱਠਣ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਵਿਧਾਇਕ ਘਨੌਰ ਤੋਂ ਗੁਰਲਾਲ ਘਨੌਰ ਅਤੇ ਰਾਜਪੁਰਾ ਤੋਂ ਵਿਧਾਇਕਾ ਨੀਨਾ ਉਹ ਵੀ ਜ਼ਿਲ੍ਹੇ ਦੇ ਵਿਧਾਇਕਾਂ ਦੀ ਟੀਮ ਨਾਲ ਇਕਜੁਟ ਹੋ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੇ ਜਾ ਰਹੇ ਕਾਰਜਾਂ ਨੂੰ ਨਾਲ ਲੈ ਕੇ ਲੋਕਾਂ 'ਚ ਵਿਚਰ ਰਹੇ ਹਨ।

## ਵਿਧਾਇਕ ਗੋਲਡੀ ਨੇ ਵਾਟਰ ਸਪਲਾਈ ਪਾਈਪਾਂ ਪਾਉਣ ਦੀ ਕਰਵਾਈ ਸ਼ੁਰੂਆਤ



**ਮੰਡੀ ਘੁਬਾਇਆ (ਬਲਵਿੰਦਰ ਸਿੰਘ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਤੇ ਡਾ. ਕੈਬਨਿਟ ਮੰਤਰੀ ਸਥਾਨਕ ਸਰਕਾਰਾਂ ਵਿਭਾਗ ਡਾ. ਰਵਜੋਤ ਸਿੰਘ ਦੀ ਸਰਪ੍ਰਸਤੀ ਹੇਠ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਯਤਨਾ ਸਦਕਾ ਜਲਾਲਾਬਾਦ ਵਿਖੇ 10 ਕਰੋੜ 68 ਲੱਖ ਰੁਪਏ ਦੀ ਲਾਗਤ ਨਾਲ ਵਾਟਰ ਸਪਲਾਈ ਦੀਆਂ ਪਾਈਪ ਲਾਈਨਾਂ ਦੇ ਕੰਮ ਦੀ ਨਵੀਂ ਤਹਿਸੀਲ ਰੋਡ ਜਲਾਲਾਬਾਦ ਤੋਂ ਸ਼ੁਰੂਆਤ ਕਰਵਾਈ ਗਈ।ਇਸ ਮੌਕੇ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਇਹ ਪ੍ਰੋਜੈਕਟ ਅਮਰੂਤ 2.0 ਸਕੀਮ ਅਧੀਨ ਕਰਵਾਇਆ ਜਾਣਾ ਅਤੇ ਜਿਸ ਦੀ ਡੀ.ਪੀ.ਆਰ. ਲਾਗਤ 10 ਕਰੋੜ 68 ਲੱਖ ਰੁਪਏ ਹੈ।ਉਨ੍ਹਾਂ ਆਖਿਆ ਕਿ ਇਹ ਪਾਈਪ ਲਾਈਨਾਂ 21 ਕਿਲੋਮੀਟਰ ਡੀ.ਆਈ.ਕੇ-7 ਪਾਣੀ ਦੀ ਪਾਈਪ ਪਾਈ ਜਾਣੀ ਹੈ ਤੇ 2050 ਘਰੇਲੂ ਪਾਣੀ ਦੇ ਕੁਨੈਕਸ਼ਨ ਕਰਵਾਏ ਜਾਣੇ ਹਨ ਅਤੇ ਜਿਸ ਦੇ 'ਚ ਗੋਬਿੰਦ ਨਗਰੀ, ਆਦਰਸ਼ ਨਗਰ, ਲੱਲਾ ਬਸਤੀ, ਫ਼ਾਜ਼ਿਲਕਾ ਫ਼ਿਰੋਜ਼ਪੁਰ ਰੋਡ, ਜਲਾਲਾਬਾਦ ਸ਼੍ਰੀ ਮੁਕਤਸਰ ਸਾਹਿਬ ਰੋਡ, ਬਾਹਮਣੀ ਵਾਲਾ ਰੋਡ, ਮੇਨ ਬਜ਼ਾਰ, ਸ਼ਹੀਦ ਊਧਮ ਸਿੰਘ ਪਾਰਕ, ਜੰਮੂ ਬਸਤੀ ਤਹਿਸੀਲ ਕੰਪਲੈਕਸ ਦੇ ਨਾਲ ਲੱਗਦੀਆਂ ਗਲੀਆਂ ਆਦਿ ਵੱਖ-ਵੱਖ ਇਲਾਕੇ ਸ਼ਾਮਲ ਹਨ।ਵਿਧਾਇਕ ਗੋਲਡੀ ਨੇ ਆਖਿਆ ਕਿ ਇਲਾਕਾ ਵਾਸੀਆਂ ਨੂੰ ਪੀਣ ਵਾਲਾ ਸਾਫ ਸੁਥਰਾ ਪਾਣੀ ਤੇ ਚੰਗੀ ਸਿਹਤ ਪ੍ਰਦਾਨ ਕਰਨ 'ਚ ਕਾਫੀ ਲਾਭਦਾਇਕ ਹੋਵੇਗਾ ਤੇ ਜਲਦੀ ਹੀ ਇਹ ਪ੍ਰੋਜੈਕਟ ਤਹਿਤ ਲੋਕਾਂ ਦੇ ਘਰਾਂ ਤੱਕ ਪਾਣੀ ਪਹੁੰਚਦਾ ਕੀਤਾ ਜਾਵੇਗਾ।ਇਸ ਮੌਕੇ ਉਨ੍ਹਾਂ ਦੇ ਨਾਲ ਸ਼ਹਿਰ ਦੇ ਨੁਮਾਇੰਦੇ ਵੀ ਵੱਡੀ ਗਿਣਤੀ 'ਚ ਹਾਜ਼ਰ ਸਨ।

## ਲੋੜਵੰਦ ਪਰਵਾਰਾਂ ਨੂੰ ਤਰਪਾਲਾਂ ਵੰਡੀਆਂ



**ਜਗਰਾਓਂ (ਅਮਿਤ ਖੰਨਾ)**-ਜਗਰਾਓਂ ਦੇ ਪਿੰਡ ਰਾਮਗੜ੍ਹ ਭੁੱਲਰ ਤੇ ਪਿੰਡ ਲੀਲ੍ਹਾ ਵਿਖੇ ਵਿੱਚ ਕੁਦਰਤੀ ਬਾਰਿਸ਼ ਕਾਰਨ ਕੁਝ ਲੋਕਾਂ ਦੇ ਘਰ ਢਹਿ ਗਏ। ਅੱਜ ਬੀ ਜੇ ਪੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਸੇਵਾ ਮੁਕਤ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਤੇ ਉਨ੍ਹਾ ਦੀ ਪਤਨੀ ਕੁਲਦੀਪ ਕੌਰ ਧਾਲੀਵਾਲ ਅਤੇ ਉਨ੍ਹਾ ਦੇ ਨਾਲ ਜੈਪਾਲ ਨਾਲ ਜਾ ਕੇ ਜਿਨ੍ਹਾਂ ਲੋਕਾਂ ਦੇ ਘਰ ਢਹਿ ਗਏ ਸਨ, ਨੂੰ ਮਿਲੇ ਤੇ ਕਿਹਾ ਕਿ ਜਲਦੀ ਹੀ ਸਮੱਸਿਆਵਾਂ ਹੱਲ ਕੀਤਾ ਜਾਵੇਗਾ ਅਤੇ ਲੋੜਵੰਦ ਪਰਵਾਰਾਂ ਨੂੰ ਤਰਪਾਲਾਂ ਵੰਡੀਆਂ ਗਈਆਂ। ਸਾਬਕਾ ਜ਼ਿਲ੍ਹਾ ਪ੍ਰਧਾਨ ਕਰਨਲ ਇੰਦਰਪਾਲ ਸਿੰਘ ਧਾਲੀਵਾਲ ਨੇ ਆਖਿਆ ਕਿ ਭਾਰੀ ਬਾਰਿਸ਼ਾਂ ਨੇ ਸਰਦੇ ਪੁਜਦੇ ਲੋਕਾਂ ਨੂੰ ਵੀ ਫਿਕਰਾਂ ਵਿੱਚ ਪਾ ਦਿੱਤਾ ਹੋਇਆ ਹੈ, ਪਰ ਜੋ ਲੋਕ ਹਰ ਰੋਜ਼ ਕਮਾ ਕੇ ਖਾਣ ਵਾਲੇ ਹਨ, ਉਨ੍ਹਾਂ ਦੇ ਮਕਾਨਾਂ ਨੂੰ ਨੁਕਸਾਨ ਹੋਣ ਨਾਲ ਉਨ੍ਹਾਂ ਵਿੱਚ ਡਾਢੀ ਫਿਕਰਮੰਦੀ ਹੈ, ਜਿਸ ਕਰਕੇ ਉਨ੍ਹਾਂ ਨੂੰ ਇਸ ਮੁਸੀਬਤ 'ਚੋਂ ਕੱਢਣਾ ਪੰਜਾਬੀਆਂ ਦਾ ਫਰਜ਼ ਬਣਦਾ ਹੈ ਤੇ ਹਰ ਪੰਜਾਬੀ ਇਸ ਨੂੰ ਸਮਝਦਾ ਹੈ ਕਿ ਮੁਸੀਬਤ ਵਿੱਚ ਘਿਰੇ ਲੋਕਾਂ ਦੀ ਬਾਂਹ ਫੜਨੀ ਸਾਡਾ ਫਰਜ਼ ਬਣਦਾ ਹੈ ਤੇ ਇਸ ਧਰਮ ਨੂੰ ਨਿਭਾਉਣ ਵਾਸਤੇ ਬੀ ਜੇ ਪੀ ਪਾਰਟੀ ਲਗਾਤਾਰ ਯਤਨ ਕਰ ਰਹੀ ਹੈ।

## ਹੜ੍ਹ ਪੀੜਤਾਂ ਨੂੰ ਡੇਰਾ ਸੱਚਾ ਸੌਦਾ ਨੇ ਵੰਡੀ ਰਾਹਤ ਸਮੱਗਰੀ



**ਫ਼ਾਜ਼ਿਲਕਾ (ਰਣਬੀਰ ਕੌਰ ਢਾਬਾਂ)**-ਹੜ੍ਹਾਂ ਦੀ ਮਾਰ ਝੱਲ ਰਹੇ ਪੰਜਾਬ ਦੇ ਵੱਡੀ ਗਿਣਤੀ ਜ਼ਿਲ੍ਹਿਆਂ ਵਿੱਚ ਡੇਰਾ ਸੱਚਾ ਸੌਦਾ ਵੱਲੋਂ ਰਾਹਤ ਸਮੱਗਰੀ ਲਗਾਤਾਰ ਵੰਡੀ ਜਾ ਰਹੀ ਹੈ।ਇਸੇ ਕੜੀ ਤਹਿਤ ਸਰਹੱਦੀ ਜ਼ਿਲ੍ਹਾ ਫਾਜ਼ਿਲਕਾ ਦੇ ਹੜ੍ਹ ਪੀੜਤ ਇਲਾਕਿਆਂ ਦੇ ਵਿੱਚ ਪਹੁੰਚ ਕੇ ਡੇਰਾ ਸੱਚਾ ਸੌਦਾ ਦੀ ਸ਼ਾਹ ਸਤਿਨਾਮ ਜੀ ਗ੍ਰੀਨ ਐਸ ਵੈਲਫੇਅਰ ਕਮੇਟੀ ਦੇ ਸੇਵਾਦਾਰਾਂ ਵੱਲੋਂ ਰਾਹਤ ਸਮੱਗਰੀ ਵੰਡਣ ਦਾ ਕੰਮ ਸ਼ੁਰੂ ਹੋ ਗਿਆ ਹੈ।ਰਾਹਤ ਸਮੱਗਰੀ ਲਿਜਾਣ ਵਾਲੀਆਂ 33 ਟਰਾਲੀਆਂ ਨੂੰ ਐਮਐਸਜੀ ਡੇਰਾ ਸੱਚਾ ਸੌਦਾ ਤੇ ਮਾਨਵਤਾ ਭਲਾਈ ਕੇਂਦਰ ਫਾਜ਼ਿਲਕਾ ਤੋਂ ਨਾਇਬ ਤਹਿਸੀਲਦਾਰ ਫਾਜ਼ਿਲਕਾ ਮੈਡਮ ਅਰਾਧਨਾ ਖੋਸਲਾ ਨੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਰਾਹਤ ਸਮੱਗਰੀ ਨੂੰ ਸ਼ਾਹ ਸਤਿਨਾਮ ਜੀ ਗ੍ਰੀਨ ਐਸ ਵੈਲਫੇਅਰ ਕਮੇਟੀ ਦੇ ਕਰੀਬ 500 ਸੇਵਾਦਾਰਾਂ ਵੱਲੋਂ ਲੋੜਵੰਦਾਂ ਨੂੰ ਉਹਨਾਂ ਤੱਕ ਪੁੱਜ ਕੇ ਵੰਡਿਆ ਜਾਵੇਗਾ।ਪਿਛਲੇ ਦਿਨੀਂ ਡੇਰਾ ਸੱਚਾ ਸੌਦਾ ਦੇ ਡਾ. ਗੁਰਮੀਤ ਰਾਮ ਰਹੀਮ ਸਿੰਘ ਜੀ ਇੰਸਾਂ ਨੇ ਸ਼ਰਧਾਲੂਆਂ ਨੂੰ ਹੜ੍ਹ ਪੀੜ੍ਹਤਾਂ ਦੀ ਮੱਦਦ ਲਈ ਡਟਣ ਦਾ ਸੰਦੇਸ਼ ਦਿੱਤਾ ਸੀ।ਉਨ੍ਹਾਂ ਦੇ ਸੰਦੇਸ਼ ਤੋਂ ਤੁਰੰਤ ਬਾਅਦ ਸੇਵਾਦਾਰ ਰਾਹਤ ਸਮੱਗਰੀ ਲੈ ਕੇ ਪ੍ਰਭਾਵਤ ਜ਼ਿਲ੍ਹਿਆਂ 'ਚ ਡਟੇ ਹੋਏ ਹਨ।ਰਾਹਤ ਟੀਮਾਂ ਦੀ ਅਗਵਾਈ ਕਰ ਰਹੇ ਸੱਚੇ ਨਿਮਰ ਸੇਵਾਦਾਰ (ਸਟੇਟ ਕਮੇਟੀ ਸੇਵਾਦਾਰ) ਗੁਰਮੇਲ ਸਿੰਘ ਇੰਸਾਂ, ਨੱਥਾ ਸਿੰਘ ਇੰਸਾਂ, ਸੁਭਾਸ਼ ਸੁਖੀਜਾ ਇੰਸਾਂ ਤੇ ਵਨੀਤ ਇੰਸਾਂ ਆਦਿ ਨੇ ਦੱਸਿਆ ਕਿ ਡੇਰਾ ਸੱਚਾ ਸੌਦਾ ਦੀ ਤਰਫੋਂ ਘਰੇਲੂ ਰਸੋਈ ਦੀ ਵਰਤੋਂ ਦਾ ਸਮਾਨ ਜਿਵੇਂ ਚਾਹ, ਖੰਡ, ਆਟਾ, ਲੂਣ, ਮਿਰਚ, ਤੇਲ, ਹਲਦੀ, ਦਵਾਈਆਂ ਆਦਮੀਆਂ ਲਈ ਤੇ ਪਸ਼ੂਆਂ ਲਈ, ਤਰਪਾਲਾਂ, ਮੱਛਰਦਾਨੀਆਂ, ਮੱਛਰ ਤੋਂ ਬਚਾਅ ਲਈ ਦਵਾਈਆਂ, ਪਸ਼ੂਆਂ ਲਈ ਚਾਰੇ ਵਜੋਂ ਵਰਤਿਆਂ ਜਾਂਦਾ ਅਚਾਰ ਆਦਿ ਹੈ, ਨੂੰ ਲੋੜਵੰਦਾਂ ਤੱਕ ਸੇਵਾਦਾਰਾਂ ਵੱਲੋਂ ਪੁਚਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਡੇਰਾ ਸੱਚਾ ਸੌਦਾ ਵੱਲੋਂ ਇਸ ਤੋਂ ਪਹਿਲਾਂ ਹੁਸ਼ਿਆਰਪੁਰ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਪਠਾਨਕੋਟ ਆਦਿ ਜਿਲਿਆਂ ਦੇ ਹੜ੍ਹ ਪੀੜ੍ਹਤਾਂ ਨੂੰ ਰਾਹਤ ਸਮੱਗਰੀ ਪੁਚਾਈ ਜਾ ਚੁੱਕੀ ਹੈ।

## ਅਪਰਅਪਾਰ ਸਿੰਘ ਨੇ ਨਗਰ ਕੌਂਸਲ 'ਚ ਅਹੁਦਾ ਸੰਭਾਲਿਆ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਬਰਜਿੰਦਰ ਸਿੰਘ ਦੀ ਬਦਲੀ ਹੋਣ ਉਪਰੰਤ ਸਮਾਣਾ ਵਿਖੇ ਨਵੇਂ ਕਾਰਜ ਸਾਧਕ ਅਫਸਰ ਅਪਰਅਪਾਰ ਸਿੰਘ ਨੇ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਦਾ ਕੌਂਸਲਰਾਂ, ਸਫਾਈ ਸੇਵਕਾਂ, ਨਗਰ ਕੌਂਸਲ ਤੇ ਕ੍ਰਮਚਾਰੀਆਂ ਵੱਲੋਂ ਫੁੱਲਾਂ ਦੇ ਬੁੱਕੇ ਦੇ ਕੇ ਸਵਾਗਤ ਕੀਤਾ ਗਿਆ।ਨਵੇਂ ਕਾਰਜ ਸਾਧਕ ਅਫਸਰ ਅਪਰੰਅਪਾਰ ਸਿੰਘ ਵੱਲੋਂ ਅਹੁਦਾ ਸੰਭਾਲਣ ਉਪਰੰਤ ਰਿਸ਼ੂ ਕਰਹਾਲੀ, ਕੌਂਸਲਰ ਸੈਲ ਸਾਦੜ ਅਤੇ ਕੌਂਸਲਰ ਜੱਸ ਬੱਬੂ ਦੀ ਅਗਵਾਈ ਵਿੱਚ ਕੇਕ ਕੱਟ ਕੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਕਾਰਜ ਸਾਧਕ ਅਫਸਰ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਨ੍ਹਾਂ ਦੇ ਪ੍ਰਾਪਰਟੀ ਟੈਕਸ ਬਕਾਇਆ ਹਨ, ਉਹ ਪ੍ਰਾਪਰਟੀ ਟੈਕਸ ਭਰਨ ਦੀ ਕ੍ਰਿਪਾਲਤਾ ਕਰਨ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਕਿਹਾ ਕਿ ਉਹ ਨਗਰ ਕੌਂਸਲ ਦੇ ਕਿਸੇ ਵੀ ਕੰਮ ਸਬੰਧੀ ਉਹਨਾਂ ਨੂੰ ਸਿੱਧੇ ਸੰਪਰਕ ਕਰ ਸਕਦੇ ਹਨ। ਹਰੇਕ ਸ਼ਹਿਰ ਵਾਸੀ ਦਾ ਕੰਮ ਪਹਿਲ ਦੇ ਆਧਾਰ 'ਤੇ ਕਰਾਇਆ ਜਾਵੇਗਾ।ਇਸ ਮੌਕੇ ਨਿਸ਼ਾਨ ਸਿੰਘ ਸੰਧੂ,ਪ੍ਰੈਸ ਕਲੱਬ ਦੇ ਪ੍ਰਧਾਨ ਅਸ਼ੋਕ ਕੁਮਾਰ, ਕੌਂਸਲਰ ਯਤਿਨ ਵਰਮਾ, ਸੰਜੇ ਮੰਤਰੀ, ਰਾਜ ਕੁਮਾਰ ਸੱਚਦੇਵਾ, ਅਵਿਨਾਸ਼ ਡਾਂਗ, ਗਗਨ ਸਿੰਗਲਾ, ਦਰਸ਼ਨ ਮਿੱਤਲ, ਬਲਦੇਵ ਕ੍ਰਿਸ਼ਨ, ਸੋਨੂ ਕਲਿਆਣ ਤੇ ਅਜੇ ਕੁਮਾਰ ਆਦਿ ਵੱਲੋਂ ਵੀ ਈ ਓ ਅਪਰਅਪਾਰ ਸਿੰਘ ਦਾ ਸਵਾਗਤ ਕੀਤਾ ਗਿਆ।

## ...ਸਫ਼ਾ 1 ਦੇ ਬਾਕੀ

### ਪਿੰਡਾਂ 'ਚ ਨਸ਼ੇ ਦੇ ...

ਸੰਸਕਾਰ ਵਿੱਚ ਸ਼ਾਮਲ ਹੋਣ ਉਪਰੰਤ ਇਸ ਪੱਤਰਕਾਰ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾ ਦੱਸਿਆ ਕਿ ਰਣਜੀਤ ਕੌਰ (ਚਾਚੀ) ਦੇ ਵੱਡੇ ਪੁੱਤਰ ਦੀ ਪਹਿਲਾਂ ਹੀ ਨਸ਼ੇ ਕਾਰਨ ਮੌਤ ਹੋ ਚੁੱਕੀ ਹੈ। ਬੀਤੇ ਕੱਲ੍ਹ ਰਣਜੀਤ ਕੌਰ ਦੇ ਦੋ ਪੁੱਤਰਾਂ ਗੁਰਪ੍ਰੀਤ ਸਿੰਘ ਅਤੇ ਮਨਦੀਪ ਸਿੰਘ ਦੀ ਵੀ ਨਸ਼ੇ ਕਾਰਨ ਮੌਤ ਹੋ ਗਈ। ਸਰਹਾਲੀ ਕਲਾਂ ਨੇ ਦੱਸਿਆ ਕਿ ਦੋਵਾਂ ਨੌਜਵਾਨਾਂ ਦੇ ਅੰਤਮ ਇਸ਼ਨਾਨ ਕਰਵਾਉਣ ਲਈ ਵੀ ਕੋਈ ਅੱਗੇ ਨਾ ਆਇਆ। ਲਾਸ਼ਾਂ 'ਤੇ ਐਵੇਂ ਪਾਣੀ ਤਰੌਂਕ ਕੇ ਇਸ਼ਨਾਨ ਦੀ ਰਸਮ ਜਿਹੀ ਪੂਰੀ ਕੀਤੀ ਗਈ। ਮਰਨ ਵਾਲੇ ਦੋ ਭਰਾਵਾਂ 'ਚੋਂ ਵੱਡੇ ਦੀਆਂ ਦੋ ਛੋਟੀਆਂ ਲੜਕੀਆਂ ਹਨ। ਆਪਣੀ ਦਾਦੀ ਦਾ ਵਿਰਲਾਪ ਸੁਣ ਕੇ ਦੋਵੇਂ ਲੜਕੀਆਂ ਡੋਰਭੌਰੀਆਂ ਹੋ ਕੇ ਬਾਕੀ ਲੋਕਾਂ ਵੱਲ ਤੱਕ ਰਹੀਆਂ ਸਨ। ਇਹ ਮੰਜ਼ਰ ਦੇਖ ਕੇ ਹਰ ਸੰਵੇਦਨਸ਼ੀਲ ਬੰਦੇ ਦੀਆਂ ਅੱਖਾਂ ਵਿੱਚੋਂ ਅੱਥਰੂ ਛਲਕ ਪਏ। ਜਿਸ ਮਾਂ ਦੇ ਤਿੰਨ ਪੁੱਤਰ ਨਸ਼ੇ ਕਾਰਨ ਕੁਵੇਲੇ ਦੁਨੀਆ ਛੱਡ ਜਾਣ ਉਸ ਦਾ ਜਿਊਣਾ ਦੁੱਭਰ ਹੋਣ ਨਾਲ ਇਹੋ ਜਿਹੀਆਂ ਮੰਦਭਾਗੀਆਂ ਘਟਨਾਵਾਂ ਨਾਲ ਉਪਜੇ ਅਹਿਸਾਸ ਦੀ ਚੀਸ ਹੋਰ ਵਧੇਰੇ ਦਰਦਨਾਕ ਹੋ ਜਾਂਦੀ ਹੈ। ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕਿਹਾ ਕਿ ਹਰੇਕ ਜਾਤੀ ਦੇ ਨੌਜਵਾਨਾਂ ਦਾ ਇੱਕ ਹਿੱਸਾ ਨਸ਼ੇ ਦੀ ਲਤ ਕਾਰਨ ਕਬਰਾਂ ਦੇ ਰਾਹ ਪਿਆ ਹੋਇਆ ਹੈ, ਪਰ ਬਹੁਤੀ ਮਾਰ ਗਰੀਬ ਮਜ਼ਦੂਰਾਂ ਨੂੰ ਪੈ ਰਹੀ ਹੈ। ਉਹ ਕੰਮ ਨਾ ਮਿਲਣ ਅਤੇ ਹੋਰ ਕਈ ਮੁਸੀਬਤਾਂ 'ਚ ਘਿਰੇ ਹੋਣ ਕਾਰਨ ਪ੍ਰੇਸ਼ਾਨੀ ਦੇ ਆਲਮ ਵਿੱਚ ਹਨ। ਇਹ ਪ੍ਰੇਸ਼ਾਨੀ ਵੀ ਨਸ਼ੇ ਵੱਲ ਧੱਕ ਰਹੀ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇ ਬਹੁਤੇ ਪਿੰਡਾਂ ਵਿੱਚ ਨਸ਼ੇ ਦੇ ਸੁਦਾਗਰ ਮੌਤ ਵੰਡ ਰਹੇ ਹਨ। ਨਸ਼ਿਆਂ ਵਿਰੁੱਧ ਯੁੱਧ ਇਨ੍ਹਾਂ ਨੂੰ ਖ਼ਤਮ ਕਿਉਂ ਨਹੀਂ ਕਰ ਰਿਹਾ, ਇਹ ਸੋਚਣ ਦਾ ਵੇਲਾ ਹੈ।

### ਹਰਜੋਤ ਬੈਂਸ ਨੇ ਨੰਗਲ...

ਸਾਹਿਬ ਅਤੇ ਇਲਾਕੇ ਦੇ ਬਹੁਤ ਸਾਰੇ ਪਿੰਡਾਂ ਦਾ ਭਾਰੀ ਨੁਕਸਾਨ ਹੋਇਆ ਹੈ।ਲੋਕਾਂ ਦੀਆਂ ਝੋਨੇ ਅਤੇ ਮੱਕੀ ਦੀਆਂ ਫਸਲਾਂ ਖਰਾਬ ਹੋ ਗਈਆਂ ਹਨ, ਕਈ ਇਲਾਕਿਆਂ ਵਿਚ ਪਾਣੀ ਭਰਨ ਕਾਰਨ ਇਮਾਰਤਾ ਨੁਕਸਾਨੀਆਂ ਗਈਆਂ ਹਨ।ਇਸ ਮੌਕੇ ਲੋਕਾਂ ਨੂੰ ਫੌਰੀ ਰਾਹਤ ਦੀ ਜ਼ਰੂਰਤ ਹੈ।ਉਨ੍ਹਾਂ ਨੇ ਕਿਹਾ ਕਿ ਹੁਣ ਹਾਲਾਤ ਹੌਲੀ ਹੌਲੀ ਆਮ ਵਰਗੇ ਹੋ ਰਹੇ ਹਨ ਅਤੇ ਹੜ੍ਹਾਂ ਦਾ ਪ੍ਰਭਾਵ ਜ਼ਮੀਨੀ ਪੱਧਰ 'ਤੇ ਨਜ਼ਰ ਆ ਰਿਹਾ ਹੈ।

ਅਸੀ ਸਰਕਾਰੀ ਸਕੂਲਾਂ ਦੀ ਸਫਾਈ ਦੀ ਮੁਹਿੰਮ ਚਲਾਈ ਹੈ। ਉਨ੍ਹਾਂ ਨੇ ਕਿਹਾ ਕਿ ਹੁਣ ਲੋਕਾਂ ਦੀ ਮੱਦਦ ਲਈ ਹੋਰ ਹੰਭਲਾ ਮਾਰਨ ਦੀ ਜਰੂਰਤ ਹੈ।ਇਸ ਲਈ ਮੇਰੇ ਪਰਵਾਰ ਅਤੇ ਸਹਿਯੋਗੀਆਂ ਨੇ ਇਹ ਫੈਸਲਾ ਕੀਤਾ ਹੈ ਕਿ ਆਪਣੇ ਵੱਲੋਂ ਨਿੱਜੀ ਖਰਚੇ ਤੇ 50 ਘਰਾਂ ਦੀ ਮੁਰੰਮਤ ਕਰਵਾਈ ਜਾਵੇ ਅਤੇ ਪਰਵਾਰ ਵੱਲੋਂ 5 ਲੱਖ ਰੁਪਏ ਇਸ ਅਪ੍ਰੇਸ਼ਨ ਰਾਹਤ ਵਿਚ ਦਿੱਤੇ ਜਾਣਗੇ।ਸ੍ਰੀ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਨੇ ਆਪਣੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਲਈ ਓਪ੍ਰੇਸ਼ਨ ਰਾਹਤ ਦੀ ਸ਼ੁਰੂਆਤ ਕੀਤੀ ਹੈ।ਉਨ੍ਹਾਂ ਨੇ ਕਿਹਾ ਕਿ ਸਾਡੇ ਨੌਜਵਾਨ, ਆਪ ਵਲੰਟੀਅਰ ਤੇ ਪ੍ਰਸ਼ਾਸ਼ਨ ਦੀਆਂ ਟੀਮਾਂ ਨੰਗਲ, ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਅਤੇ ਸਾਰੇ ਪਿੰਡਾਂ ਵਿੱਚ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਲੋਕਾਂ ਦੀ ਸੇਵਾ ਕਰਨਾ ਸਾਡਾ ਧਰਮ ਤੇ ਕਰਮ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਹੋਏ ਨੁਕਸਾਨ ਦਾ ਹਰ ਸੰਭਵ ਮੁਆਵਜਾਂ ਦੇਵੇਗੀ। ਉਨ੍ਹਾਂ ਨੇ ਕਿਹਾ ਕਿ ਸਾਡੇ ਐਸ.ਡੀ.ਐਮ, ਤਹਿਸੀਲਦਾਰ, ਕਨੂੰਗੋ, ਪਟਵਾਰੀ, ਬੀ.ਡੀ.ਪੀ.ਓ, ਪੰਚਾਇਤ, ਸੈਕਟਰੀ ਲੋਕਾਂ ਦੇ ਹੋਏ ਨੁਕਸਾਨ ਦਾ ਜਾਇਜਾ ਲੈਣ ਲਈ ਹਰ ਪਿੰਡ ਵਿਚ ਪਹੁੰਚ ਕਰਨਗੇ।ਕੈਬਨਿਟ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਸਾਡੀ ਟੀਮ ਆਪਰੇਸ਼ਨ ਰਾਹਤ ਨੂੰ ਅਗਲੇ ਚਰਨ ਵਿੱਚ ਲੈ ਕੇ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਇਹ ਮੁਹਿੰਮ ਅਗਲੇ 10 ਦਿਨਾਂ ਤੱਕ ਜਾਰੀ ਰਹੇਗੀ।

## '84 ਸਿੱਖ ਕਤਲੇਆਮ ਕੇਸਾਂ ਦੀ ਹੋਈ ਸੁਣਵਾਈ, ਅਗਲੀ ਪੇਸ਼ੀ 2 ਦਸੰਬਰ ਨੂੰ

### *ਹਰਿਆਣਾ ਪੀੜਤਾਂ ਦੇ ਕੇਸਾਂ ਦੇ ਫੌਜਦਾਰੀ ਮੁਕੱਦਮੇ ਦਰਜ ਕਰਕੇ ਇਨਸਾਫ਼ ਦਿੱਤਾ ਜਾਵੇ : ਭਾਈ ਘੋਲੀਆ*



**ਮੋਗਾ (ਇਕਬਾਲ ਸਿੰਘ ਖਹਿਰਾ)**-2 ਨਵੰਬਰ 1984 ਨੂੰ ਹਰਿਆਣੇ ਦੇ ਸ਼ਹਿਰ ਗੁੜਗਾਉਂ ਪਟੌਦੀ ਵਿਖੇ ਭੀੜ ਨੇ 297 ਘਰਾਂ ਨੂੰ ਅੱਗ ਲਗਾ ਕੇ ਸਾੜ ਫੂਕ ਦਿੱਤਾ ਸੀ ਅਤੇ 47 ਸਿੱਖਾਂ ਨੂੰ ਜ਼ਖਮੀ ਕਰਕੇ ਮੁਕਾਇਆ ਸੀ। ਇਸ ਦੀ ਹਾਈ ਕੋਰਟ ਵਿਖੇ ਗੁੜਗਾਉਂ ਪਟੌਦੀ 'ਚ 47 ਸਿੱਖਾਂ ਦੇ ਕਤਲੇਆਮ ਮਾਮਲੇ ਦੀ ਅਗਲੀ ਪੇਸ਼ੀ 2 ਦਸੰਬਰ 2025 ਨੂੰ ਹੈ, ਇਸ ਸਬੰਧੀ ਜਾਣਕਾਰੀ ਦਿੰਦਿਆਂ ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਪ੍ਰਧਾਨ ਭਾਈ ਦਰਸ਼ਨ ਸਿੰਘ ਘੋਲੀਆ ਨੇ ਦੱਸਿਆ ਕਿ ਹੋਂਦ ਚਿੱਲੜ ਵਿੱਚ 32 ਸਿੱਖਾਂ ਦੇ ਕਤਲੇਆਮ ਦੇ ਮਾਮਲੇ ਦੀ ਲੜਾਈ ਦੇ ਨਾਲ ਨਾਲ ਹੁਣ ਗੁੜਗਾਉਂ ਤੇ ਪਟੌਦੀ 'ਚ ਹੋਏ ਸਿੱਖਾਂ ਦੇ 47 ਕਤਲੇਆਮ ਤੇ ਹੋਰ ਪੀੜਤਾਂ ਦੇ ਮਾਮਲਿਆਂ ਨੂੰ ਨਿਆਂ ਤੇ ਇਨਸਾਫ਼ ਦਿਵਾਉਣ ਲਈ ਕਾਨੂੰਨੀ ਚਾਰਾਜੋਈ ਰਾਹੀਂ ਮੁੱਦਾ ਚੁੱਕਿਆ ਹੈ। ਉਨ੍ਹਾਂ ਦੱਸਿਆ ਕਿ 2 ਨਵੰਬਰ 1984 ਨੂੰ ਹਰਿਆਣੇ ਦੇ ਸਹਿਰ ਗੁੜਗਾਉਂ ਪਟੌਦੀ ਵਿਖੇ ਵਹਿਸ਼ੀਆਨਾ ਭੀੜ ਨੇ 297 ਘਰਾਂ ਨੂੰ ਅੱਗ ਲਗਾ ਕੇ ਸਾੜ ਫੂਕ ਦਿੱਤਾ ਸੀ ਅਤੇ 47 ਸਿੱਖਾਂ ਨੂੰ ਜ਼ਖਮੀ ਕਰਕੇ ਮਾਰ ਮੁਕਾਇਆ ਸੀ।ਉਨ੍ਹਾਂ ਕਿਹਾ ਕਿ ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਵਿਸ਼ੇਸ਼ ਯਤਨਾਂ ਸਦਕਾ ਮਾਣਯੋਗ ਪੰਜਾਬ ਹਰਿਆਣਾ ਹਾਈ ਕੋਰਟ ਵਿਖੇ ਰਿੱਟ ਨੰਬਰ 10904 ਮੌਕੇ ਦੇ ਗਵਾਹ ਤੇ ਪੀੜਤ ਸੰਤੋਖ ਸਿੰਘ ਸਾਹਨੀ ਤੇ ਹਾਈ ਕੋਰਟ ਦੇ ਸੀਨੀਅਰ ਵਕੀਲ ਰਾਹੀਂ ਕੋਰਟ ਵਿੱਚ 133 ਪਟੀਸ਼ਨਰਾਂ ਲਾਈਆਂ ਗਈਆਂ ਸਨ।ਹੋਂਦ ਚਿੱਲੜ ਸਿੱਖ ਇਨਸਾਫ਼ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਘੋਲੀਆ ਨੇ ਕਿਹਾ ਕਿ ਸੱਜਣ ਕੁਮਾਰ ਨੂੰ 4 ਦਹਾਕਿਆਂ ਬਾਅਦ ਮਿਲੀ ਉਮਰ ਕੈਦ ਦੀ ਸਜ਼ਾ ਹੋਣ ਤੋਂ ਬਾਅਦ 1984 ਹੋਂਦ ਚਿੱਲੜ ਗੁੜਗਾਉਂ ਪਟੌਦੀ ਹਰਿਆਣਾ ਦੇ ਸਿੱਖ ਕਤਲੇਆਮ ਦੇ ਪੀੜਤਾਂ ਨੂੰ ਭਾਰਤੀ ਨਿਆ ਪ੍ਰਣਾਲੀ ਤੋਂ ਇਨਸਾਫ਼ ਦੀ ਕਿਰਨ ਜਾਗੀ ਹੈ। ਘੋਲੀਆ ਨੇ ਕਿਹਾ ਕਿ ਸਿੱਖ ਕਤਲੇਆਮ ਹਰਿਆਣਾ ਦੇ ਪੀੜਤ ਪਰਵਾਰਾਂ ਦੇ ਕੇਸ ਦੁਆਰਾ ਰੀਉਪਨ ਹੋਣ ਤੇ ਉਸ ਸਮੇਂ ਦੇ ਉੱਚ ਸਿਵਲ ਪ੍ਰਸ਼ਾਸਨ ਅਧਿਕਾਰੀਆਂ ਖਿਲਾਫ਼ ਅਤੇ ਹਜੂਮ ਭੀੜ ਦੀ ਅਗਵਾਈ ਕਰਨ ਵਾਲੇ ਦੋਸ਼ੀਆਂ ਖਿਲਾਫ਼ ਫੌਜਦਾਰੀ ਮੁਕੱਦਮੇ ਦਰਜ ਕਰਕੇ ਪੀੜਤ ਪਰਵਾਰਾਂ ਦੇ ਬਲਦੇ ਸਿਵੇ ਨੂੰ ਠੰਢ ਪਾਈ ਜਾਵੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਨੁਮਾਇੰਦੇ ਹਰਜੀਤ ਸਿੰਘ ਅੰਮ੍ਰਿਤਸਰ, ਪੀੜਤ ਗੁੱਡੀ ਦੇਵੀ ਮਹਾਰਾਸ਼ਟਰ, ਗੋਪਾਲ ਸਿੰਘ ਰੇਵਾੜੀ, ਸੁਰਜੀਤ ਕੌਰ ਹੋਂਦ ਚਿੱਲੜ, ਹਰਭਜਨ ਸਿੰਘ ਪੀਲੀਬੰਗਾ ਰਾਜਸਥਾਨ ਆਦਿ ਹਾਜ਼ਰ ਸਨ।

### ਪ੍ਰਧਾਨ ਮੰਤਰੀ 20...

ਨੁਕਸਾਨ ਹੋ ਚੁੱਕਾ ਹੈ। ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਹੜ੍ਹ ਪੀੜਤਾਂ ਦੀ ਮਦਦ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਫਿਰਾਖ਼ਦਿਲੀ ਦਿਖਾਉਣ ਦੀ ਅਪੀਲ ਕੀਤੀ ਹੈ।ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਗੋਇਲ ਨੇ ਹੜ੍ਹਾਂ ਦੇ ਮੱਦੇਨਜ਼ਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੰਭਾਵੀ ਪੰਜਾਬ ਦੌਰੇ ਲਈ ਉਨ੍ਹਾ ਦਾ ਸਵਾਗਤ ਕਰਦਿਆਂ ਕਿਹਾ ਕਿ ਉਹ ਪੰਜਾਬ ਨੂੰ ਹੜ੍ਹਾਂ ਨਾਲ ਹੋਏ ਨੁਕਸਾਨ ਦੇ ਮੁਆਵਜ਼ੇ ਵਜੋਂ ਘੱਟੋ-ਘੱਟ 25 ਹਜ਼ਾਰ ਕਰੋੜ ਤੁਰੰਤ ਜਾਰੀ ਕਰਨ ਦਾ ਐਲਾਨ ਕਰਨ। ਇਸ ਤੋਂ ਇਲਾਵਾ 60 ਹਜ਼ਾਰ ਕਰੋੜ ਰੁਪਏ ਦਾ ਬਕਾਇਆ ਵੀ ਤੁਰੰਤ ਜਾਰੀ ਕੀਤਾ ਜਾਵੇ।

## ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਵੰਡੀ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਰਾਸ਼ਟਰੀ ਸਵਯਸੇਵਕ ਸੰਘ ਤੇ ਸੇਵਾ ਭਾਰਤੀ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹੜ੍ਹ ਪੀੜਤ ਤੇ ਪ੍ਰਭਾਵਤ ਲੋਕਾਂ ਦੀ ਸਹਾਇਤਾ ਲਈ ਰਾਹਤ ਸਮੱਗਰੀ ਵੰਡੀ ਗਈ, ਜਿਸ 'ਚ ਤਰਪਾਲਾਂ, ਮੱਛਰਦਾਨੀ, ਬਿਸਕੁਟ, ਰਸ ਤੇ ਕਈ ਪ੍ਰਕਾਰ ਦੀਆਂ ਦਵਾਈਆਂ ਤੇ ਹੋਰ ਜ਼ਰੂਰ ਦਾ ਸਮਾਨ ਵੰਡਿਆ ਗਿਆ।ਵਿਸ਼ੇਸ਼ ਤੌਰ 'ਤੇ ਤਰਸੇਮ ਜੇਠੀ ਨਗਰ ਸੰਘ ਚਾਲਕ, ਰਾਜ ਕੁਮਾਰ ਸਹਾਇਕ ਨਗਰ ਚਾਲਕ, ਬਿਪਨ ਕੁਮਾਰ ਨਗਰ ਕਾਰਯਵਹ, ਨਹਿਰੂ ਰਾਈਆ ਪ੍ਰਧਾਨ ਸੇਵਾ ਭਾਰਤੀ, ਪ੍ਰੇਮ ਪ੍ਰਕਾਸ਼, ਪੁਨੀਤ ਕੁਮਾਰ, ਯਸ਼ਪਾਲ ਢੀਂਗਰਾ, ਸੰਜੀਵ ਆਸ਼ੂ, ਰਵੀ ਕੁਮਾਰ, ਡਾਕਟਰ ਫਕੀਰ ਚੰਦ ਬਾਂਸਲ, ਸੰਜੀਵ ਕੁਮਾਰ ਜ਼ਿਲ੍ਹਾ ਕਰਯਾਵਾਹ ਆਰਐਸਐਸ ਵੀ ਮੌਜੂਦ ਸਨ।

## ਏ.ਆਈ ਦੀ ਵਰਤੋਂ ਨੂੰ ਸਖਤ ਕਾਨੂੰਨ ਦੇ ਘੇਰੇ 'ਚ ਲਿਆਂਦਾ ਜਾਵੇ : ਔਲਖ, ਕਾਤਿਲ



**ਸ਼ੇਰਪੁਰ (ਰਵੀ ਟਿੱਬਾ)**-ਸਾਹਿਤ ਸਭਾ ਸ਼ੇਰਪੁਰ ਦੀ ਮਹੀਨਾਵਾਰ ਮੀਟਿੰਗ ਗ਼ਜ਼ਲਗੋ ਗੁਰਵਿੰਦਰ ਤੱਖਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਸਭ ਤੋਂ ਪਹਿਲਾਂ ਸਾਹਿਤ ਮਾਰਗ ਦੇ ਨਾਮਵਰ ਕਵੀ ਸਵ. ਪ੍ਰੋ. ਪ੍ਰੀਤਮ ਸਿੰਘ ਰਾਹੀ ਤੇ ਉੱਘੇ ਅਲੋਚਕ ਤੇ ਕਹਾਣੀਕਾਰ ਡਾ. ਜੋਗਿੰਦਰ ਸਿੰਘ ਨਿਰਾਲਾ ਦੇ ਭਰਾ ਵੈਦ ਅਜੈਬ ਸਿੰਘ ਉਰਫ ਜਗਦੀਪ ਚਿੱਤਰਕਾਰ ਜੋ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ, ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਸਭਾ ਦੇ ਹਾਜ਼ਰੀਨ ਮੈਂਬਰਾਂ ਵੱਲੋਂ ਚੜ੍ਹਦੇ-ਲਹਿੰਦੇ ਪੰਜਾਬ 'ਚ ਹੜ੍ਹਾਂ ਦੀ ਤ੍ਰਾਸਦੀ 'ਤੇ ਕਿਹਾ ਕਿ ਇਹ ਆਏ ਜਾਂ ਲਿਆਂਦੇ ਗਏ ਹੜ੍ਹ (ਪਾਣੀ ਬੰਬ) ਦਾ ਕਹਿਰ ਹੈ। ਸੂਬਾ ਸਰਕਾਰ ਤੇ ਕੇਂਦਰ ਸਰਕਾਰ ਦੀਆਂ ਨਾਂਹ ਪੱਖੀ ਨੀਤੀਆਂ ਕਾਰਨ ਪੰਜਾਬ ਦਾ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋਇਆ ਹੈ।ਸਾਹਿਤਕਾਰਾਂ ਨੇ ਸਰਕਾਰਾਂ ਦੀਆਂ ਇਨ੍ਹਾਂ ਨੀਤੀਆਂ ਦਾ ਡਟਵਾਂ ਵਿਰੋਧ ਕੀਤਾ ਅਤੇ ਪੀੜਤ ਪਰਵਾਰਾਂ ਨਾਲ ਹਮਦਰਦੀ ਜਿਤਾਈ।ਸਭਾ ਦੇ ਸਰਪ੍ਰਸਤ ਸੁਖਦੇਵ ਸਿੰਘ ਔਲਖ, ਪ੍ਰਧਾਨ ਹਰਜੀਤ ਸਿੰਘ ਕਾਤਿਲ ਤੇ ਲੇਖਕ ਸਾਥੀਆਂ ਨੇ ਵਿਗਿਆਨ ਦੀ ਨਵੀਂ ਖੋਜ ਆਰਟੀਫਿਸ਼ੀਅਲ ਇੰਟੈਲੀਜੈਂਸ (ਏ.ਆਈ) ਜੋ ਲੋਕਾਂ ਦੀ ਜ਼ਿੰਦਗੀ ਸੁਖਾਲੀ ਕਰਨ ਲਈ ਸੀ, ਉੱਥੇ ਸ਼ਾਤਰ ਦਿਮਾਗਾਂ ਵੱਲੋਂ ਇਸਦੀ ਗ਼ਲਤ ਵਰਤੋਂ ਸਮਾਜ ਵਿੱਚ ਮਾੜੇ ਹਾਲਾਤ ਪੈਦਾ ਕਰ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਮੌਕੇ ਦੀਆਂ ਸਰਕਾਰਾਂ ਇਸ ਮੁੱਦੇ 'ਤੇ ਨਜ਼ਰ ਰੱਖਦੇ ਹੋਏ ਏ.ਆਈ ਦੀ ਵਰਤੋਂ ਨੂੰ ਸਖ਼ਤ ਕਾਨੂੰਨਾਂ ਦੇ ਘੇਰੇ ਵਿੱਚ ਲੈ ਕੇ ਆਉਣ ਤਾਂ ਜੁ ਇਸ ਦੀ ਦੁਰਵਰਤੋਂ ਨੂੰ ਨੱਥ ਪਾਈ ਜਾ ਸਕੇ।

## ਸਰਕਾਰ ਹੜ੍ਹਾਂ ਮੌਕੇ ਲੋਕਾਂ ਨਾਲ ਡਟ ਕੇ ਖੜੀ : ਰਣਜੋਧ ਹਡਾਣਾ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਸੂਬਾ ਸਕੱਤਰ ਤੇ ਪੀਆਰਟੀਸੀ ਦੇ ਚੇਅਰਮੈਨ ਰਣਯੋਧ ਸਿੰਘ ਹਡਾਣਾ ਨੇ ਘੱਗਰ ਤੇ ਟਾਂਗਰੀ ਦਰਿਆ ਦੇ ਹੜ੍ਹ ਪ੍ਰਭਾਵਤ ਪਿੰਡਾਂ ਦਾ ਦੌਰਾ ਕਰਨ ਸਮੇਂ ਕਿਹਾ ਕਿ ਪੰਜਾਬ 'ਤੇ ਆਈ ਹੜ੍ਹਾਂ ਦੀ ਕੁਦਰਤੀ ਆਫਤ ਮੌਕੇ ਸੂਬਾ ਸਰਕਾਰ ਅਤੇ ਆਮ ਆਦਮੀ ਪਾਰਟੀ ਪੂਰੀ ਤਰ੍ਹਾਂ ਲੋਕਾਂ ਨਾਲ ਡਟ ਕੇ ਖੜੀ ਹੈ।ਉਨ੍ਹਾਂ ਆਖਿਆ ਕਿ ਪਾਰਟੀ ਦੇ ਕੌਮੀ ਪ੍ਰਧਾਨ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਆਦੇਸ਼ਾਂ ਤੋਂ ਬਾਅਦ ਆਪ ਦੇ ਸਮੁੱਚੇ ਮੰਤਰੀ, ਵਿਧਾਇਕ, ਟੀਮਾਂ ਫੀਲਡ 'ਚ ਡਟੀਆਂ ਹੋਈਆਂ ਹਨ। ਚੇਅਰਮੈਨ ਹਡਾਣਾ ਨੇ ਕਿਹਾ ਕਿ 9 ਸਤੰਬਰ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਪੰਜਾਬ ਦੌਰੇ 'ਤੇ ਆ ਰਹੇ ਹਨ।ਉਨ੍ਹਾਂ ਨੂੰ ਬੇਨਤੀ ਹੈ ਕਿ ਉਹ ਪੰਜਾਬ ਲਈ 1 ਲੱਖ ਕਰੋੜ ਦਾ ਪੈਕੇਜ ਐਲਾਨ ਕਰਕੇ ਜਾਣ ਕਿਉਂਕਿ ਪੰਜਾਬ ਨੂੰ ਇਸ ਸਮੇਂ ਨਵੇਂ ਸਿਰੇ ਤੋਂ ਉਸਾਰਨ ਦੀ ਲੋੜ ਹੈ।ਇਸ ਲਈ ਪ੍ਰਧਾਨ ਮੰਤਰੀ ਨੂੰ ਫਰਾਕਦਿਲੀ ਦਿਖਾਉਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਜ਼ਿਲੇ ਦੇ ਹਰੇਕ ਮੁੱਖ ਮਹਿਕਮੇ ਦੀ ਟੀਮ ਮੈਦਾਨ 'ਚ ਹੈ ਤੇ ਹੜ੍ਹਾਂ ਕਾਰਨ ਪੈਦਾ ਹੋਣ ਵਾਲੇ ਹਾਲਾਤ ਤੋਂ ਨਜਿੱਠਣ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਵਿਧਾਇਕ ਘਨੌਰ ਤੋਂ ਗੁਰਲਾਲ ਘਨੌਰ ਤੇ ਰਾਜਪੁਰਾ ਤੋਂ ਵਿਧਾਇਕਾ ਨੀਨਾ ਸਮਾਣਾ ਤੋਂ ਚੇਤਨ ਸਿੰਘ ਜੌੜਾਮਾਜਰਾ ਨਾਲ ਉਹ ਵੀ ਜ਼ਿਲ੍ਹੇ ਦੇ ਵਿਧਾਇਕਾਂ ਦੀ ਟੀਮ ਨਾਲ ਇਕਜੁੱਟ ਹੋ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੀਤੇ ਜਾ ਰਹੇ ਕਾਰਜਾਂ ਨੂੰ ਨਾਲ ਲੈ ਕੇ ਲੋਕਾਂ 'ਚ ਵਿਚਰ ਰਹੇ ਹਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

9 Sep Page 3.qxd 9/8/2025 11:01 PM Page 1



# ਗਿੱਲ ਮੰਝ ਦੇ ਸਮਾਜਸੇਵੀਆਂ ਵੱਲੋਂ ਵੱਖ-ਵੱਖ ਪਿੰਡਾਂ ਲਈ ਰਾਹਤ ਸਮੱਗਰੀ ਦੀਆਂ ਟਰਾਲੀਆਂ ਰਵਾਨਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪਿੰਡ ਗਿੱਲ ਮੰਝ ਦੇ ਸਮਾਜਸੇਵੀਆਂ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਰਾਹਤ ਸਮੱਗਰੀ ਭੇਜੀ ਗਈ। ਇਸ ਮੌਕੇ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਪਸ਼ੂਆਂ ਦੇ ਚਾਰੇ ਦੀ ਸਮੱਗਰੀ ਅਤੇ ਹੜ੍ਹ ਪੀੜਤਾਂ ਲਈ ਖਾਣ ਪੀਣ ਦਾ ਸਾਮਾਨ ਭੇਜਿਆ ਗਿਆ। ਪਿੰਡ ਗਿੱਲ ਮੰਝ ਤੋਂ



ਰਾਹਤ ਸਮੱਗਰੀ ਦੀਆਂ ਭਰੀਆਂ ਟਰਾਲੀਆਂ-ਟਰੈਕਟਰਾਂ ਨੂੰ ਹੜ੍ਹ ਪ੍ਰਭਾਵਿਤ ਰਮਦਾਸ ਇਲਾਕੇ ਦੇ ਪਿੰਡਾਂ ਲਈ ਰਵਾਨਾ ਕਰਨ ਸਮੇਂ ਭਾਈ ਮਨਜੀਤ ਸਿੰਘ ਵਲੋਂ ਕੁਦਰਤੀ ਆਫਤ ਤੋਂ ਬਚਾਅ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸਮਾਜਸੇਵੀ ਗੁਰਦੇਵ ਸਿੰਘ ਨੇ ਕਿਹਾ ਕਿ ਲਗਾਤਾਰ ਪੈ ਰਹੇ ਭਾਰੀ ਮੀਂਹ ਅਤੇ ਹੜ੍ਹਾਂ ਕਾਰਨ ਪੰਜਾਬ ਅੰਦਰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਭਾਰੀ ਮੁਸ਼ਕਲਾਂ ਤੇ ਪ੍ਰੇਸ਼ਾਨੀਆਂ ਦਾ ਸਾਹਮਣਾ ਕਰ ਰਹੇ ਹੜ੍ਹ ਪੀੜਤਾਂ ਦੀ ਇਸ ਸੰਕਟ ਵਿੱਚ ਮਦਦ ਕਰਨਾ ਸਾਨੂੰ ਸਾਰਿਆਂ ਨੂੰ ਆਪਣਾ ਫਰਜ਼ ਸਮਝਣਾ ਚਾਹੀਦਾ ਹੈ। ਕੁਦਰਤੀ ਆਫਤ ਦੀ ਮਾਰ ਨਾਲ ਪੈਦਾ ਹੋਏ ਹਾਲਾਤ ਵਿੱਚ ਘਿਰੇ ਲੋਕਾਂ ਨਾਲ ਸਾਨੂੰ ਮਜ਼ਬੂਤੀ ਨਾਲ ਖੜੇ ਹੋਣਾ ਚਾਹੀਦਾ ਹੈ। ਹੜ੍ਹ ਪੀੜਤਾਂ ਦੇ ਮੌਜੂਦਾ ਹਾਲਾਤ ਤੇ ਲੋੜਾਂ ਅਨੁਸਾਰ ਜ਼ਰੂਰੀ ਵਰਤੋਂ ਵਾਲੀਆਂ ਵਸਤਾਂ ਅਤੇ ਖਾਣ ਪੀਣ ਸਮੱਗਰੀ ਅਤੇ ਪਸ਼ੂਆਂ ਦਾ ਚਾਰਾ ਮੁਹੱਈਆਂ ਕਰਵਾਉਣਾ ਅਤੇ ਉਨ੍ਹਾਂ ਦਾ ਹਰ ਤਰ੍ਹਾਂ ਨਾਲ ਮਦਦ ਕਰਨ ਦੀ ਲੋੜ ਹੈ। ਇਸ ਰਾਹਤ ਸਮੱਗਰੀ ਵਿੱਚ ਸਮਾਜਸੇਵੀ ਗੁਰਦੇਵ ਸਿੰਘ, ਜਸਪਿੰਦਰ ਸਿੰਘ, ਮਨਜਿੰਦਰ ਸਿੰਘ, ਜਸਵੰਤ ਸਿੰਘ, ਮੇਹਰ ਸਿੰਘ, ਗੁਰਦੇਵ ਸਿੰਘ ਬਿੱਟੂ, ਗੁਰਮੀਤ ਸਿੰਘ ਪੰਚ, ਕੰਤਾ ਪੰਚ, ਮੱਖਣ ਸਿੰਘ ਨੰਬਰਦਾਰ, ਸੁੱਖਾ ਮੰਝ, ਫਰਿਆਦ ਸਿੰਘ, ਗੁਰਚਰਨ ਸਿੰਘ, ਜਰਮਨ ਸਿੰਘ, ਬੱਬੂ ਨੇ ਵਿਸ਼ੇਸ਼ ਯੋਗਦਾਨ ਪਾਇਆ। ਇਸ ਮੌਕੇ ਸ਼ਾਮ ਸਿੰਘ, ਅਜੀਤ ਸਿੰਘ, ਲਖਵਿੰਦਰ ਸਿੰਘ ਫੌਜੀ, ਸਤਨਾਮ ਸਿੰਘ, ਜਗਤਾਰ ਸਿੰਘ ਆਦਿ ਹਾਜ਼ਰ ਸਨ।

# ਨਵਾਂ ਪਿੰਡ ਬਹਾਦਰ ਦੇ ਸਾਬਕਾ ਸਰਪੰਚ ਨੇ ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਭੇਜੀ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ ਦੇ ਪਿੰਡ ਨਵਾਂ ਪਿੰਡ ਬਹਾਦਰ ਦੇ ਸਾਬਕਾ ਸਰਪੰਚ ਹਰਭਜਨ ਸਿੰਘ ਦੇ ਪ੍ਰਬੰਧਾਂ ਹੇਠ ਪਿੰਡ ਵਾਸੀਆਂ ਦੇ ਮੋਹਤਬਰ ਵਿਅਕਤੀਆਂ ਦੇ ਸਹਿਯੋਗ ਨਾਲ ਦਰਿਆ ਰਾਵੀ ਦੇ ਹੜ੍ਹ ਪੀੜਤਾਂ ਨੂੰ ਰਾਹਤ ਸਮਗਰੀ ਭੇਜੀ ਗਈ ਹੈ ਜਿਸ ਵਿਚ 100 ਬੋਰੀ ਫੀਡ, ਕੱਪੜੇ ਤੇ ਹੋਰ ਸਾਮਾਨ



ਸ਼ਾਮਿਲ ਹੈ। ਇਸ ਸਬੰਧੀ ਸਾਬਕਾ ਸਰਪੰਚ ਹਰਭਜਨ ਸਿੰਘ, ਸੁਰਿੰਦਰ ਸਿੰਘ, ਬਲਵੀਰ ਸਿੰਘ, ਤੇਜਿੰਦਰ ਸਿੰਘ, ਸੁਰਿੰਦਰ ਸਿੰਘ, ਮਨਜੋਤ ਸਿੰਘ, ਬਲਬੀਰ ਸਿੰਘ, ਤਜਿੰਦਰ ਸਿੰਘ, ਸੁਰਿੰਦਰ ਸਿੰਘ ਗੋਲਡੀ, ਹਰਮਨ ਸਿੰਘ ਅਤੇ ਤਰਲੋਕ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪ੍ਰਵਾਸੀ ਭਾਰਤੀਆਂ ਤੇ ਪਿੰਡਾਂ ਦੇ ਸਹਿਯੋਗ ਸਦਕਾ ਹੜ੍ਹ ਪੀੜਤ ਪਿੰਡ ਡੁਗਰੀਵਾਲ, ਉਮਰਪੁਰਾ, ਸੰਘੋੜ ਆਦਿ ਪਿੰਡਾਂ ਵਿਚ ਪਸ਼ੂਆਂ ਦੀ ਫੀਡ, ਕੱਪੜੇ, ਰਾਸ਼ਨ ਤੇ ਲੋਕਾਂ ਨੂੰ ਹੋਰ ਸਾਮਾਨ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਰਾਵੀ ਦਰਿਆ ਦੇ ਪਾਣੀ ਨੇ ਇਨ੍ਹਾਂ ਪਿੰਡਾਂ ਅੰਦਰ ਕਾਫੀ ਤਬਾਹੀ ਮਚਾਈ ਹੈ ਅਤੇ ਹਾਸਦੇ ਵਸਦੇ ਲੋਕਾਂ ਨੂੰ ਘਰਾਂ ਅੰਦਰ ਉਜਾੜ ਕੇ ਰੱਖ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਸਮਾਜ ਸੇਵੀ ਤੇ ਜ਼ਿਲ੍ਹਾ ਪ੍ਰਸ਼ਾਸਨ, ਕਲਾਕਾਰਾਂ ਤੇ ਹੋਰ ਸੰਸਥਾਵਾਂ ਵਲੋਂ ਹੜ੍ਹ ਪੀੜਤ ਲੋਕਾਂ ਦਾ ਸਹਿਯੋਗ ਕੀਤਾ ਜਾ ਰਿਹਾ ਹੈ ਜਿਸ ਦੀ ਸ਼ਲਾਘਾ ਹਾਰ ਪਾਸਿਓਂ ਹੋ ਰਹੀ ਹੈ।

# ਸਰਬ ਭਾਰਤ ਨੌਜਵਾਨ ਸਭਾ ਤੇ ਸਰਬ ਭਾਰਤ ਵਿਦਿਆਰਥੀ ਸਭਾ ਵੱਲੋਂ ਹੜ੍ਹ ਪੀੜਤਾਂ ਦੀ ਮਦਦ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਸੀਪੀਆਈ, ਸਰਬ ਭਾਰਤ ਨੌਜਵਾਨ ਸਭਾ ਅਤੇ ਸਰਬ ਭਾਰਤ ਵਿਦਿਆਰਥੀ ਸਭਾ ਵੱਲੋਂ ਬੀਤੇ ਦਿਨ ਆਏ ਹੜ੍ਹਾਂ ਤੋਂ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਜ਼ਰੂਰੀ ਵਸਤਾਂ ਵੰਡੀਆਂ ਗਈਆਂ। ਸੀਪੀਆਈ ਮਜੀਠਾ ਦੇ ਸਕੱਤਰ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਬੀਤੇ ਦਿਨ ਉਹਨਾਂ ਸੀਪੀਆਈ ਨਾਲ ਸਬੰਧਤ ਜਥੇਬੰਦੀਆਂ ਸਰਬ ਭਾਰਤ ਨੌਜਵਾਨ ਸਭਾ ਤੇ ਸਰਬ ਭਾਰਤ ਵਿਦਿਆਰਥੀ ਸਭਾ ਪੰਜਾਬ ਦੀ ਆਗੂ ਜਸਪ੍ਰੀਤ ਕੌਰ ਬੱਧਨੀ ਅਤੇ ਆਪਣੀ ਟੀਮ ਨਾਲ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਜਾਕੇ ਔਰਤਾਂ ਨੂੰ ਮਿਲਕੇ ਉਨ੍ਹਾਂ ਦੀ ਨਿੱਤ ਦੀ ਵਰਤੋਂ ਦਾ ਸਾਮਾਨ ਵੰਡਿਆ।ਇਸ ਟੀਮ ਵਿੱਚ ਉਨ੍ਹਾਂ ਨਾਲ ਸਿਮਰਜੀਤ ਕੌਰ ਐਡਵੋਕੇਟ ਗੋਪਾਲਪੁਰ ਵੀ ਸ਼ਾਮਿਲ ਸਨ।ਉਨ੍ਹਾਂ ਦੱਸਿਆ ਕਿ ਟੀਮ ਨੇ ਰਮਦਾਸ ਇਲਾਕੇ ਦੇ ਪਿੰਡ ਪੱਛੀਆ, ਸਿਸੋਕੇ, ਸਿੰਘੋਕੇ ਅਤੇ ਗੱਗੜ ਵਿਖੇ ਤਿੰਨ ਤਿੰਨ ਫੁੱਟ ਪਾਣੀ ਵਿਚੋਂ ਦੀ ਲੰਘਦੇ ਲੋਕਾਂ ਦੇ ਘਰਾਂ ਦਾ ਹਾਲ ਜਾਣਿਆ ਅਤੇ ਔਰਤਾਂ ਦੀ ਵਰਤੋਂ ਦਾ ਸਾਮਾਨ ਵੰਡਿਆ ਅਤੇ ਘਰ ਦੇ ਜੀਆਂ ਨੂੰ ਹੌਸਲਾ ਦਿੱਤਾ। ਇਸ ਮੌਕੇ ਕਾਮਰੇਡ ਅਸ਼ਵਨੀ ਕੁਮਾਰ ਗੱਗੜ ਨੇ ਟੀਮ ਨੂੰ ਪੂਰਾ ਸਹਿਯੋਗ ਦਿੱਤਾ ਅਤੇ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਜਾਣੂ ਕਰਾਇਆ।ਉਨ੍ਹਾਂ ਦੱਸਿਆ ਕਿ ਜਦੋਂ ਤੋਂ ਹੜ੍ਹ ਆਏ ਹਨ ਲੋਕਾਂ ਨੂੰ ਬਿਜਲੀ ਦੀ ਬਹੁਤ ਮੁਸ਼ਕਲ ਆ ਰਹੀ ਹੈ। ਪੀਣ ਯੋਗ ਪਾਣੀ ਤਾਂ ਕਾਫੀ ਮਾਤਰਾ ਵਿੱਚ ਮੁਹੱਈਆ ਕਰਵਾਇਆ ਜਾ ਰਿਹਾ ਹੈ ਪਰ ਬਾਥਰੂਮਾਂ ਵਿੱਚ



ਪਾਣੀ ਨਾ ਹੋਣਾ ਲੋਕਾਂ ਲਈ ਮੁਸ਼ਕਿਲ ਬਣਿਆ ਹੋਇਆ ਹੈ।ਉਨ੍ਹਾਂ ਦੱਸਿਆ ਕਿ ਪਿੰਡ ਸਿੰਘੋਕੇ ਦੇ ਗਗਨਦੀਪ ਸਿੰਘ ਤੋਂ ਪਤਾ ਲੱਗਾ ਹੈ ਕਿ ਕਾਮਰੇਡ ਅਸ਼ਵਨੀ ਕੁਮਾਰ ਗੱਗੜ ਆਪਣੀ ਸਾਰੀ ਫਸਲ ਮਾਰੀ ਜਾਣ ਦੇ ਬਾਵਜੂਦ ਵੀ ਲੋਕਾਂ ਨੂੰ ਆਪਣੇ ਜਨਰੇਟਰ ਨਾਲ ਦੋ ਟਾਈਮ ਪਾਣੀ ਦੇਣ ਦੀ ਕੋਸ਼ਿਸ਼ ਕਰ ਰਿਹਾ ਹੈ, ਪਰ ਫਿਰ ਵੀ ਬਿਜਲੀ ਦੀ ਸਪਲਾਈ ਨਾ ਹੋਣ ਕਾਰਨ ਲੋਕਾਂ ਦੀ ਜ਼ਿੰਦਗੀ ਨਰਕ ਸਾਮਾਨ ਬਣੀ ਹੋਈ ਹੈ। ਉਨ੍ਹਾਂ ਦੱਸਿਆ ਕਿ ਟੀਮ ਵੱਲੋਂ ਪਿੰਡ ਚਮਿਆਰੀ, ਗੱਗੋਮਾਹਲ, ਥੋਬਾ ਅਤੇ ਆਵਾਣ ਦੀਆਂ ਬਹਿਕਾਂ ਤੇ ਜਾਕੇ ਵੀ ਜ਼ਰੂਰੀ ਸਾਮਾਨ ਵੰਡਦਿਆਂ ਜਦੋਂ ਪੁੱਛਿਆ ਕਿ ਤੁਹਾਡੇ ਤੱਕ ਮਦਦ ਪਹੁੰਚ ਰਹੀ ਹੈ ਤਾਂ ਹਰੇਕ ਵਿਅਕਤੀ ਨੇ ਪੰਜਾਬ ਦੇ ਲੋਕਾਂ ਦੀ ਸੇਵਾ ਭਾਵਨਾ ਦੀ ਸਿਫਤ ਕਰਦਿਆਂ ਕਿਹਾ ਕਿ ਸਾਡੇ ਧੰਨਭਾਗ ਹਨ ਕਿ ਅਸੀਂ ਪੰਜਾਬ ਵਿੱਚ ਜੰਮੇ ਹਾਂ ਅਤੇ ਸਾਨੂੰ ਪੰਜਾਬ ਵਾਸੀਆਂ ਮਾਣ ਹੈ। ਤਰਕਸ਼ੀਲ ਆਗੂ ਮੈਡਮ ਰਣਜੀਤ ਕੌਰ ਤੇ ਅਮਨਦੀਪ ਸਿੰਘ ਨੇ ਖਾਸ ਸਹਿਯੋਗ ਦਿੱਤਾ।ਉਨ੍ਹਾਂ ਦੱਸਿਆ ਕਿ ਜਦੋਂ ਬੱਸ ਦੇ ਡਰਾਈਵਰ ਨੇ ਪਾਣੀ ਜ਼ਿਆਦਾ ਹੋਣ ਕਰ ਅੱਗੇ ਜਾਣ ਤੋਂ ਇਨਕਾਰ ਕਰ ਦਿੱਤਾ ਤਾਂ ਉਥੇ ਗੱਗੋਮਾਹਲ ਲੱਗੇ ਕੈਂਪ ਵਾਲਿਆਂ ਨੇ ਉਨ੍ਹਾਂ ਨੂੰ ਟਰੈਕਟਰ ਮੁਹੱਈਆ ਕਰਵਾਇਆ ਜਿਨ੍ਹਾਂ ਦਾ ਉਹ ਬਹੁਤ ਧੰਨਵਾਦ ਕਰਦੇ ਹਨ। ਇਸ ਮੌਕੇ ਹਾਈਕੋਰਟ ਦੀ ਵਕੀਲ ਜਸਰੀਤ ਵਡਾਲਾ ਖੁਰਦ, ਵਿਪਨਜੀਤ ਕੌਰ ਕੱਥੂਨੰਗਲ, ਅਰਸ਼ਪ੍ਰੀਤ, ਸਿਮਰਨਜੀਤ, ਮਨੀਸ਼ਾ ਖੁਸ਼ੀਪੁਰ, ਵੀਰਪਾਲ ਕੌਰ, ਬਿਕਰਮਜੀਤ ਕੌਰ ਫਿਰੋਜ਼ਪੁਰ, ਰਾਜਬੀਰ ਕੌਰ ਮੋਗਾ ਤੇ ਜਸਮੇਲ ਸਿੰਘ ਨੇ ਲੋਕਾਂ ਦੀ ਮਦਦ ਕਰਨ ਵਿੱਚ ਪੂਰਾ ਸਹਿਯੋਗ ਦਿੱਤਾ।

# ਰਚਨਾਤਮਿਕਤਾ ਤੇ ਸੱਭਿਆਚਾਰ ਦੀ ਤਰਜਮਾਨੀ ਕਰਦਾ ਰੱਗ ਉਤਸਵ ਸ਼ੁਰੂ

**ਲੁਧਿਆਣਾ** : ਜੈਪੁਰ ਰੱਗਜ਼ ਆਪਣੇ ਰੱਗ ਉਤਸਵ ਨਾਲ ਆ ਰਿਹਾ ਹੈ, ਜੋ ਕਿ ਕ੍ਰੀਏਟਿਵਿਟੀ, ਸੱਭਿਆਚਾਰ ਅਤੇ ਪ੍ਰਭਾਵ ਦਾ ਸ਼ਾਨਦਾਰ ਜਸ਼ਨ ਹੈ, ਜਿਸ ਦੀ ਸ਼ੁਰੂਆਤ ਹੋ ਚੁੱਕੀ ਹੈ।ਇਸ ਸਾਲ ਦਾ ਐਡੀਸ਼ਨ ਹੁਣ ਤੱਕ ਦੇ ਸਾਰੇ ਆਯੋਜਨਾਂ ਤੋਂ ਵੱਖਰਾ ਹੈ, ਜਿਸ ਵਿੱਚ 14,000 ਤੋਂ ਵੱਧ ਹੱਥ ਨਾਲ ਬਣੇ ਰੱਗਜ਼ ਦਾ ਅਦਭੁਤ ਸੰਗ੍ਰਹਿ ਸ਼ਾਮਲ ਹੈ, ਜੋ ਭਾਰਤ ਦੀਆਂ ਬੁਣਾਈ ਪਰੰਪਰਾਵਾਂ ਦੀ ਆਤਮਾ ਨੂੰ ਆਧੁਨਿਕ ਡਿਜ਼ਾਈਨ ਨਾਲ ਸੁੰਦਰ ਢੰਗ ਨਾਲ ਜੋੜਦਾ ਹੈ।ਇਸ ਸਾਲ ਦਾ ਕਿਊਰੇਸ਼ਨ ਆਲਮ, ਜੇਨੇਸਿਸ, ਸਵਾਨਾ, ਕੌਂਕਾਕਸ਼ਨ, ਦਾ ਹਾਅਸ, ਕਲੀਏਡੋ, ਕਲੈਨ, ਬੇਸਿਸ, ਲਾਕੂਨਾ, ਏਰਬੇ, ਇੰਡਸਬਾਰ, ਨੋਮੈਡਿਕ ਥ੍ਰੇਡਜ਼, ਅਕਾਰ ਅਤੇ ਕੌਂਟੂਰ ਵਰਗੀਆਂ ਸਿਗਨੇਚਰ ਕੁਲੈਕਸ਼ਨਾਂ ਨੂੰ ਪੇਸ਼ ਕਰਦਾ ਹੈ। ਫੈਸਟੀਵਲ ਦੀ ਸਭ ਤੋਂ ਖਾਸ ਝਲਕ ਹੈ ਐਵਾਰਡ-ਵਿੰਨਿੰਗ ਮਨਚਾਹਾ ਕੁਲੈਕਸ਼ਨ ਦੇ ਲਗਭਗ 200 ਵਿਲੱਖਣ ਰੱਗਜ਼, ਜੋ ਸਿੱਧੇ ਪੇਂਡੂ ਕਾਰੀਗਰਾਂ ਦੀਆਂ ਕਲਪਨਾਵਾਂ ਦਾ ਪ੍ਰਛਾਵਾਂ ਹਨ ਅਤੇ ਹਰ ਇੱਕ ਰੱਗ ਇੱਕ ਨਿੱਜੀ ਅਤੇ ਗੰਭੀਰ ਕਹਾਣੀ ਕਹਿੰਦਾ ਹੈ।

# ਕਾਰ ਦੀ ਟਰੈਕਟਰ ਟਰਾਲੀ ਨਾਲ ਟੱਕਰ ਦੌਰਾਨ ਟਰੈਕਟਰ ਚਾਲਕ ਦੀ ਮੌਕੇ 'ਤੇ ਮੌਤ

**ਮਜੀਠਾ (ਸੋਇਮ ਆਨੰਦ)**- ਪਿੰਡ ਸੋਹੀਆਂ ਕਲਾਂ ਨਜ਼ਦੀਕ ਤੇਜ਼ ਰਫਤਾਰ ਕਾਰ ਦੀ ਟੱਕਰ ਟ੍ਰੈਕਟਰ ਟਰਾਲੀ ਨਾਲ ਟੱਕਰ ਹੋਣ ਤੇ ਟਰੈਕਟਰ ਚਾਲਕ ਦੀ ਮੌਤ ਹੋ ਹੋਣ ਦਾ ਸਮਾਚਾਰ ਹੈ।ਅੰਮ੍ਰਿਤਸਰ ਦੇ ਵਿਧਾਵਾ ਸਿੰਘ ਕਲੋਨੀ, ਕੋਟ ਮਿੱਤ ਸਿੰਘ ਦੇ ਵਸਨੀਕ ਅਨਮੋਲ ਸਿੰਘ ਪੁੱਤਰ ਮੰਗਲ ਸਿੰਘ ਨੇ ਪੁਲਸ ਥਾਣਾ ਮਜੀਠਾ ਵਿਖੇ ਲਿਖਤੀ ਸ਼ਿਕਾਇਤ ਦਰਜ ਕਰਾਉਂਦਿਆਂ ਦੱਸਿਆ ਕਿ ਹੜ੍ਹ ਪੀੜਤਾਂ ਦੀ ਮਦਦ ਲਈ ਉਸਦਾ ਪਿਤਾ ਮੰਗਲ





ਸਿੰਘ ਆਪਣੇ ਟ੍ਰੈਕਟਰ ਟਰਾਲੀ ਤੇ ਰਮਦਾਸ ਗਏ ਸਨ ਅਤੇ ਵਾਪਸੀ ਸਮੇਂ ਉਹ ਅਤੇ ਉਸਦਾ ਚਾਚਾ ਅਮਰਜੀਤ ਸਿੰਘ ਆਪਣੇ ਮੋਟਰਸਾਈਕਲ 'ਤੇ ਆਪਣੇ ਪਿਤਾ ਦੇ ਪਿੱਛੇ-ਪਿੱਛੇ ਆ ਰਹੇ ਸਨ। ਉਸਦਾ ਪਿਤਾ ਮੰਗਲ ਸਿੰਘ ਆਪਣੇ ਟਰੈਕਟਰ 'ਤੇ ਉਨ੍ਹਾਂ ਦੇ ਅੱਗੇ ਜਾ ਰਹੇ ਸਨ। ਪਿੱਛੇ ਤੋਂ ਇੱਕ ਤੇਜ਼ ਰਫਤਾਰ ਕਾਰ ਟਾਟਾ ਕੰਪਨੀ ਦੀ ਅਲਟਰੋਜ਼, ਐਕਸ ਐੱਮ ਨੇ ਬਿਨਾਂ ਹਾਰਨ ਦਿੱਤੇ ਟਰੈਕਟਰ ਨੂੰ ਤੇਜ਼ ਰਫਤਾਰ ਵਿੱਚ ਟੱਕਰ ਮਾਰ ਦਿੱਤੀ, ਜਿਸ ਨੂੰ ਸਹਿਬਾਜ ਸਿੰਘ, ਪੁੱਤਰ ਬਲਜੀਤ ਸਿੰਘ, ਵਾਸੀ ਪਿੰਡ ਕੰਦੋਵਾਲੀ, ਥਾਣਾ ਝੰਡੇਰ, ਚਲਾ ਰਿਹਾ ਸੀ।ਤੇਜ਼ ਰਫਤਾਰ ਕਾਰ ਦੀ ਟੱਕਰ ਨਾਲ ਉਸਦਾ ਪਿਤਾ ਮੰਗਲ ਸਿੰਘ ਟਰੈਕਟਰ ਤੋਂ ਡਿੱਗ ਪਿਆ ਅਤੇ ਟਰੈਕਟਰ ਦੇ ਹੇਠਾਂ ਆਉਣ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਅਨਮੋਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਤੁਰੰਤ ਆਪਣੇ ਪਿਤਾ ਨੂੰ ਅੰਮ੍ਰਿਤਸਰ ਦੇ ਲਾਇਫ ਕੇਅਰ ਹਸਪਤਾਲ ਪਹੁੰਚਾਇਆ ਗਿਆ, ਜਿਥੇ ਡਾਕਟਰਾਂ ਵੱਲੋਂ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ।ਮ੍ਰਿਤਕ ਦੇ ਪਰਿਵਾਰ ਨੇ ਪੁਲਸ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ ਹੈ।ਪੁਲਸ ਵੱਲੋਂ ਅਨਮੋਲ ਸਿੰਘ ਦੇ ਬਿਆਨਾਂ ਦੇ ਆਧਾਰ ਤੇ ਮਜੀਠਾ ਥਾਣਾ ਵਿਖੇ ਕਾਰ ਚਾਲਕ ਦੇ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਹੈ।ਜਾਣਕਾਰੀ ਅਨੁਸਾਰ ਇਸ ਹਾਦਸੇ ਵਿੱਚ ਕਾਰ ਚਾਲਕ ਵੀ ਗੰਭੀਰ ਜ਼ਖਮੀ ਹੈ ਜੋ ਕਿਸੇ ਨਿੱਜੀ ਹਸਪਤਾਲ ਵਿੱਚ ਦਾਖਲ ਹੈ।

# ਨਸ਼ੇ ਦਾ ਟੀਕਾ ਲਗਾਉਣ ਨਾਲ ਨੌਜਵਾਨ ਦੀ ਮੌਤ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਪਿੰਡ ਬਘਿਆੜੀ ਦਾ ਨੌਜਵਾਨ ਨਿਸ਼ਾਨ ਸਿੰਘ ਪੁੱਤਰ ਸੁਖਦੇਵ ਸਿੰਘ ਜੋ ਕਿ ਪਿਛਲੇ ਕਈ ਸਾਲਾਂ ਤੋਂ ਨਸ਼ੇ ਦਾ ਆਦੀ ਸੀ, ਦੀ ਲਾਸ਼ ਖੇਡ ਸਟੇਡੀਅਮ ਝਬਾਲ ਵਿੱਚੋਂ ਮਿਲੀ।ਜਿਸ ਦੇ ਨੇੜੇ ਇਕ ਖੂਨ ਨਾਲ ਲਿਬੜੀ ਸਰਿੰਜ ਪਈ ਸੀ।ਮੌਕੇ 'ਤੇ ਪਹੁੰਚੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮ੍ਰਿਤਕ ਦੇ ਭਰਾ ਸੁਖਦੇਵ ਸਿੰਘ ਨੇ ਪਿੰਡ ਦੇ ਪਤਵੰਤੇ ਜਿਨ੍ਹਾਂ ਵਿੱਚ ਗੁਰਦਰਸ਼ਨ ਸਿੰਘ ਬਘਿਆੜੀ, ਡਾਕਟਰ ਫੁਲਵਿੰਦਰ ਸਿੰਘ ਟਿੱਪਾ, ਮਲਕੀਅਤ ਸਿੰਘ, ਸਾਬਕਾ ਸਰਪੰਚ ਪਰਮਜੀਤ ਸਿੰਘ ਪੰਮਾ ਤੇ ਹੋਰ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਦੱਸਿਆ ਕਿ ਉਸ ਦਾ ਭਰਾ ਨਿਸ਼ਾਨ ਸਿੰਘ ਜੋ ਪਹਿਲਾਂ ਵਿਆਹਿਆ ਸੀ ਅਤੇ ਉਸ ਦੀ ਘਰ ਵਾਲੀ ਇਸੇ ਗੱਲ ਤੋਂ ਦੁਖੀ ਹੋ ਕੇ ਪੇਕੇ ਚਲੇ ਗਈ ਸੀ ਅਤੇ ਇਨ੍ਹਾਂ ਦਾ ਤਲਾਕ ਹੋ ਗਿਆ ਸੀ।ਇਹ ਪਿਛਲੇ ਕਈ ਸਾਲਾਂ ਤੋਂ ਨਸ਼ੇ ਕਰ ਰਿਹਾ ਸੀ ਅਤੇ ਕੱਲ ਸ਼ਾਮ ਦਾ ਘਰੋਂ ਨਿਕਲਿਆ ਤੇ ਵਾਪਸ ਨਾ ਜਾਣ ਕਰਕੇ ਅਸੀਂ ਲੱਭ ਰਹੇ ਸੀ ।ਅੱਜ ਸਵੇਰੇ ਸਾਨੂੰ ਕਿਸੇ ਨੇ ਦੱਸਿਆ ਕਿ ਝਬਾਲ ਖੇਡ ਸਟੇਡੀਅਮ ਵਿੱਚ ਇਕ ਵਿਅਕਤੀ ਪਿਆ ਹੈ। ਜਦੋਂ ਅਸੀਂ ਆ ਕੇ ਵੇਖਿਆ ਤਾਂ ਮੇਰਾ ਭਰਾ ਉਥੇ ਮਰਿਆ ਪਿਆ ਸੀ ਅਤੇ ਨੇੜੇ ਹੀ ਸਰਿੰਜ ਪਈ ਸੀ।ਘਟਨਾ ਦਾ ਪਤਾ ਚੱਲਣ ਤੇ ਥਾਣਾ ਮੁਖੀ ਇੰਸਪੈਕਟਰ ਕਸ਼ਮੀਰ ਸਿੰਘ ਅਤੇ ਡੀਐੱਸਪੀ ਜਗਜੀਤ ਸਿੰਘ ਪੁਲਸ ਫੋਰਸ ਨਾਲ ਮੌਕੇ ਤੇ ਪਹੁੰਚੇ ਅਤੇ ਲਾਸ਼ ਨੂੰ ਕਬਜ਼ੇ ਵਿੱਚ ਲੈਕੇ ਕਾਰਵਾਈ ਸ਼ੁਰੂ ਕਰ ਦਿਤੀ ਹੈ।ਇਸ ਸਮੇਂ ਡੀ ਐਸ ਪੀ ਜਗਜੀਤ ਸਿੰਘ ਨੇ ਕਿਹਾ ਕਿ ਇਸ ਸਬੰਧੀ ਮਿਰਤਕ ਦੇ ਭਰਾ ਦੇ ਬਿਆਨਾਂ ਤੇ ਕੇਸ ਦਰਜ ਕੀਤਾ ਜਾ ਰਿਹਾ ਹੈ ਅਤੇ ਇਲਾਕੇ ਵਿੱਚ ਨਸ਼ਿਆਂ ਦਾ ਧੰਦਾ ਕਰਨ ਵਾਲਿਆਂ ਤੇ ਪੀਣ ਵਾਲਿਆਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ।ਇਸ ਮੌਕੇ ਲੋਕਾਂ ਨੇ ਇਕ ਨਸ਼ੇ ਦੇ ਆਦੀ ਨੌਜਵਾਨ ਨੂੰ ਉਥੋਂ ਫੜਕੇ ਪੁਲਸ ਨੂੰ ਫੜਾਇਆ ਜਿਸ ਦੇ ਦੇਣੇ ਵਿੱਚੋਂ ਸਰਿੰਜਾਂ ਤੇ ਇਕ ਵਾਇਲ ਟੀਕੇ ਵਾਲੀ ਮਿਲੀ ।



# ਕੈਬਨਿਟ ਮੰਤਰੀ ਭੁੱਲਰ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਵੰਡੀ ਰਾਹਤ ਸਮੱਗਰੀ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਕੈਬਨਿਟ ਮੰਤਰੀ ਪੰਜਾਬ ਸ. ਲਾਲਜੀਤ ਸਿੰਘ ਭੁੱਲਰ ਨੇ ਵਿਧਾਨ ਸਭਾ ਹਲਕਾ ਪੱਟੀ ਦੇ ਹੜ੍ਹ ਪ੍ਰਭਾਵਿਤ ਇਲਾਕਿਆ ਵਿੱਚ ਪਹੁੰਚ ਕੇ ਪ੍ਰਭਾਵਿਤ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਲੋੜੀਂਦੀ ਰਾਹਤ ਸਮੱਗਰੀ ਵੀ ਵੰਡੀ। ਇਸ ਦੌਰਾਨ ਗਿਆਨੀ ਰਘਬੀਰ ਸਿੰਘ ਜੀ, ਹੈਡ ਗ੍ਰੰਥੀ



ਦਰਬਾਰ ਸਾਹਿਬ ਵੀ ਉਹਨਾਂ ਨਾਲ ਵਿਸ਼ੇਸ਼ ਤੌਰ 'ਤੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਸਾਰ ਲੈਣ ਲਈਪਹੁੰਚੇ।ਉਨ੍ਹਾਂ ਵੱਲੋਂ ਧੁੱਸੀ ਬੰਨ੍ਹ ਦੇ ਕਿਨਾਰੇ ਵਸੇ ਪਿੰਡਾਂ ਘੜੁੰਮ, ਕੁੱਤੀਵਾਲਾ, ਬਸਤੀ ਲਾਲ ਸਿੰਘ, ਘੁੱਲੇਵਾਲਾ, ਸਭਰਾਂ, ਰਾਧਲਕੇ ਆਦਿ ਵਿਖੇ ਪਹੁੰਚ ਕੇ ਲੋਕਾਂ ਨੂੰ ਲੋੜੀਂਦੀ ਰਾਹਤ ਸਮੱਗਰੀ ਪਹੁੰਚਾਈ ਅਤੇ ਅੱਗੇ ਵੀ ਹਰ ਤਰ੍ਹਾਂ ਦੀ ਮੱਦਦ ਪਹੁੰਚਾਉਣ ਦਾ ਭਰੋਸਾ ਦਿੱਤਾ।ਇਸ ਦੌਰਾਨ ਕੈਬਨਿਟ ਮੰਤਰੀ ਵੱਲੋਂ ਪਿੰਡ ਘੁੱਲੇਵਾਲਾ ਵਿਖੇ ਧੁੱਸੀ ਬੰਨ੍ਹ ਨੂੰ ਲੱਗੀ ਢਾਹ ਦਾ ਵੀ ਜਾਇਜ਼ਾ ਲਿਆ ਅਤੇ ਲੋਕਾਂ ਵੱਲੋਂ ਬੰਨ੍ਹ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਰਾਹਤ ਕਾਰਜਾਂ ਵਿੱਚ ਵੀ ਆਪਣਾ ਸਹਿਯੋਗ ਦਿੱਤਾ।ਇਸ ਮੌਕੇ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਜਿਲਾ ਤਰਨ ਤਾਰਨ ਵਿੱਚ ਦਰਿਆ ਦੇ ਕੰਢੇ ਵਸੇ ਪਿੰਡਾਂ ਵਿੱਚ ਫਸਲਾਂ ਨੂੰ ਬਹੁਤ ਨੁਕਸਾਨ ਪਹੁੰਚਿਆ ਹੈ ਅਤੇ ਪੰਜਾਬ ਸਰਕਾਰ ਵੱਲੋਂ ਪ੍ਰਭਾਵਿਤ ਕਿਸਾਨਾਂ ਨੂੰ ਫਸਲਾਂ ਦੇ ਹੋਏ ਨੁਕਸਾਨ ਦਾ ਉਚਿਤ ਮੁਆਵਜ਼ਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਨ੍ਹਾਂ ਕਿਸਾਨਾਂ ਦੀਆਂ ਫਸਲਾਂ ਮਿੱਟੀ ਭਰਨ ਨਾਲ ਖਰਾਬ ਹੋਈਆਂ ਹਨ, ਉਨ੍ਹਾਂ ਦੀਆ ਪੈਲੀਆਂ ਬਣਾਉਣ ਲਈ ਡੀਜ਼ਲ ਆਦਿ ਦੀ ਵੀ ਮਦਦ ਕੀਤੀ ਜਾਵੇਗੀ।ਇਸ ਮੌਕੇ ਚੇਅਰਮੈਨ ਦਿਲਬਾਗ ਸਿੰਘ ਸੰਧੂ, ਵੱਖ-ਵੱਖ ਪਿੰਡਾਂ ਦੇ ਪੰਚ ਸਰਪੰਚ ਅਤੇ ਮੋਹਤਬਰ ਵਿਅਕਤੀਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਵੀ ਹਾਜ਼ਰ ਸਨ।

# ਬਿਆਸ ਦਰਿਆ ਦੇ ਰੁਖ ਬਦਲਣ ਨਾਲ ਬਹਾਦਰਪੁਰ ਰਜੋਆ ਦੇ ਕਈ ਖੇਤ ਦਰਿਆ ਦੀ ਲਪੇਟ 'ਚ ਆਏ

**ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)**-ਗੁਰਦਾਸਪੁਰ ਜ਼ਿਲ੍ਹੇ ਦੀ ਤਹਿਸੀਲ ਬਟਾਲਾ ਅਧੀਨ ਪੈਂਦੇ ਪਿੰਡ ਬਹਾਦਰਪੁਰ ਰਜੋਆ ਦੇ ਨੇੜੇ ਪਿਛਲੇ ਕੁਝ ਹਫਤਿਆਂ ਤੋਂ ਦਰਿਆ ਬਿਆਸ ਦਰਿਆ ਨੇ ਆਪਣਾ ਰੁਖ ਬਦਲ ਕੇ ਸਿੱਧਾ ਪਿੰਡ ਬਹਾਦਰਪੁਰ ਰਜੋਆ ਦੇ ਖੇਤਾਂ ਵਿੱਚੋਂ ਵਹਿ ਰਿਹਾ ਹੈ ਅਤੇ ਪਿੰਡ ਦੀ ਕਈ ਏਕੜ ਉਪਜਾਊ ਖੇਤ ਦਰਿਆ ਵਿੱਚ ਸਮਾਉਣ ਕਰਕੇ ਫਸਲਾਂ ਤਬਾਹ ਹੋ ਗਈਆਂ ਹਨ। ਪਿੰਡ ਦੇ ਕਿਸਾਨਾਂ ਦਾ ਕਹਿਣਾ ਹੈ ਕਿ ਕਈ ਸਾਲਾਂ ਦੀ ਮਿਹਨਤ ਨਾਲ ਤਿਆਰ ਕੀਤੀ ਜ਼ਮੀਨ ਦਰਿਆ ਦੇ ਤੇਜ਼ ਵਹਾਅ ਪਾਣੀ ਦੀ ਲਪੇਟ ਵਿੱਚ ਆ ਗਈ ਹੈ ਅਤੇ ਰੋਜ਼ਾਨਾ ਹੀ 4-5 ਖੇਤ ਦਰਿਆ ਦੀ ਲਪੈਅ ਵਿੱਚ ਆ ਰਹੇ ਹਨ। ਕਿਸਾਨ ਅਮਰੀਕ ਸਿੰਘ ਨੇ ਦੱਸਿਆ ਸਾਡੇ ਕੋਲ 6 ਏਕੜ ਜਮੀਨ ਸੀ, ਜਿਸ ਵਿੱਚੋਂ ਦੋ ਹਫਤਿਆਂ ਵਿੱਚ 2 ਏਕੜ ਦਰਿਆ ਖਾ ਗਿਆ। ਜੇ ਹਾਲਾਤ ਇਹੋ ਜਿਹੇ ਰਹੇ ਤਾਂ ਅਗਲੇ ਸਾਲ ਤੱਕ ਸਾਡੇ ਕੋਲ ਕੁਝ ਨਹੀਂ ਬਚੇਗਾ। ਇੱਕ ਹੋਰ ਪਿੰਡ ਵਾਸੀ ਬਲਕਾਰ ਸਿੰਘ ਨੇ ਦੱਸਿਆ ਸਾਡੇ ਘਰ ਦੇ ਨੇੜੇ ਹੀ ਦਰਿਆ ਦਾ ਵਹਾਅ ਆ ਗਿਆ ਹੈ। ਜਿਸ ਕਾਰਨ ਉਨ੍ਹਾਂ ਨੂੰ ਡਰ ਹੈ ਕਿ ਉਨ੍ਹਾਂ ਦਾ ਘਰ ਵੀ ਦਰਿਆ ਦੇ ਪਾਣੀ ਵਿੱਚ ਨਾ ਸਮਾ ਜਾਵੇ। ਰਾਤ ਸਮੇਂ ਅਸੀਂ ਚੈਨ ਨਾਲ ਨਹੀਂ ਸੋ ਸਕਦੇ। ਇਸੇ ਤਰ੍ਹਾਂ ਰਣਜੀਤ ਸਿੰਘ, ਅਮਰੀਕ ਸਿੰਘ, ਦੀਦਾਰ ਸਿੰਘ ਤੇ ਜੋਗਿੰਦਰ ਸਿੰਘ ਦੀਆਂ ਜ਼ਮੀਨਾਂ ਵੀ ਦਰਿਆ ਦੀ ਲਪੇਟ ਵਿੱਚ ਆ ਗਈਆਂ ਹਨ। ਪਿੰਡ ਵਾਲਿਆਂ ਦਾ ਮੰਨਣਾ ਹੈ ਕਿ ਜੇਕਰ ਦਰਿਆ ਦੇ ਰੁਖ ਨੂੰ ਤੁਰੰਤ ਨਾ ਰੋਕਿਆ ਗਿਆ ਤਾਂ ਹਜ਼ਾਰਾਂ ਏਕੜ ਉਪਜਾਊ ਜ਼ਮੀਨ ਦਰਿਆ ਦੀ ਮਾਰ ਹੇਠ ਆ ਸਕਦੀ ਹੈ। ਇਸ ਨਾਲ ਸੈਂਕੜੇ ਪਰਿਵਾਰ ਬੇਘਰ ਹੋ ਸਕਦੇ ਹਨ ਅਤੇ ਪਿੰਡ ਦੀ ਅਰਥਵਿਵਸਥਾ ਨੂੰ ਭਾਰੀ ਢਾਹ ਲੱਗਣ ਦਾ ਖਦਸ਼ਾ ਹੈ। ਪਿੰਡ ਵਾਸੀਆਂ ਅਤੇ ਸਰਪੰਚ ਕੈਪਟਨ ਕੁਲਵਿੰਦਰ ਸਿੰਘ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਦਰਿਆ ਦੇ ਵਹਾਅ ਨੂੰ ਦੂਜੇ ਪਾਸੇ ਮੋੜਨ ਲਈ ਤੁਰੰਤ ਆਰਜੀ ਪ੍ਰਬੰਧ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇਥੇ ਮਜ਼ਬੂਤ ਬੰਨ੍ਹਾਂ ਦੀ ਲੋੜ ਹੈ ਤਾਂ ਜੋ ਵਾਹੀਯੋਗ ਜ਼ਮੀਨ ਅਤੇ ਪਿੰਡ ਨੂੰ ਬਚਾਇਆ ਜਾ ਸਕੇ। ਇਸ ਮੌਕੇ ਕੈਪਟਨ ਕੁਲਵਿੰਦਰ ਸਿੰਘ, ਕੈਪਟਨ ਨੌਨਿਹਾਲ ਸਿੰਘ, ਮਾਸਟਰ ਸਤਨਾਮ ਸਿੰਘ, ਦਿਲਬਾਗ ਸਿੰਘ, ਅਮਰੀਕ ਸਿੰਘ, ਦੀਦਾਰ ਸਿੰਘ, ਬਲਕਾਰ ਸਿੰਘ ਆਦਿ ਹਾਜ਼ਰ ਸਨ।



# ਰਾਵੀ ਤੋਂ ਪਾਰ ਵਸਦੇ ਪਿੰਡਾਂ 'ਚ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਰਾਹਤ ਕਾਰਜ ਜਾਰੀ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਰਾਹਤ ਦੇ ਕਾਰਜ ਲਗਾਤਾਰ ਜਾਰੀ ਹਨ।ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਲਗਾਤਾਰ ਕਿਸ਼ਤੀ ਰਾਹੀਂ ਸਵਾਰ ਹੋ ਕੇ ਰਾਵੀ ਦਰਿਆ ਤੋਂ ਪਾਰ ਦੇ ਪਿੰਡ ਤੂਰ, ਚੇਬੇ, ਝੂਮਰ, ਕੱਜਲਾ, ਭਰਿਆਲ, ਲੁਸਿਆਣ, ਮੰਮੀ ਚੱਕਰੰਜਾ ਤੱਕ ਪਹੁੰਚ ਕੀਤੀ ਜਾ ਰਹੀ ਹੈ।ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮਾਂ ਵੱਲੋਂ ਅੱਜ ਫਿਰ ਇਨ੍ਹਾਂ ਪਿੰਡਾਂ ਦੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਰਾਹਤ ਸਮਗਰੀ ਵੰਡੀ ਗਈ ਅਤੇ ਨਾਲ ਹੀ ਮੈਡੀਕਲ ਟੀਮਾਂ ਵੱਲੋਂ ਵੀ ਏਥੇ ਪਹੁੰਚ ਕੇ ਲੋਕਾਂ ਨੂੰ ਸਿਹਤ ਸੇਵਾਵਾਂ ਦਿੱਤੀਆਂ ਗਈਆਂ।ਜ਼ਿਲ੍ਹਾ ਗੁਰਦਾਸਪੁਰ ਵਿਖੇ ਤਾਇਨਾਤ ਸਹਾਇਕ ਕਮਿਸ਼ਨਰ ਰੁਪਿੰਦਰਪਾਲ ਸਿੰਘ ਦੀ ਅਗਵਾਈ ਹੇਠ ਰਾਵੀ ਤੋਂ ਪਾਰ ਇਨ੍ਹਾਂ ਪਿੰਡਾਂ ਦੇ ਵਸਨੀਕਾਂ ਲਈ ਰਾਹਤ ਕਾਰਜ ਲਗਾਤਾਰ ਜਾਰੀ ਹਨ। ਅੱਜ ਇੱਕ ਵਾਰ ਫਿਰ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਕਿਸ਼ਤੀ ਰਾਹੀਂ ਰਾਹਤ ਸਮਗਰੀ ਲੈ ਕੇ ਰਾਵੀ ਦਰਿਆ ਤੋਂ ਪਾਰ



ਇਨ੍ਹਾਂ ਪਿੰਡਾਂ ਵਿੱਚ ਪਹੁੰਚੀਆਂ।ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਪ੍ਰਭਾਵਿਤ ਲੋਕਾਂ ਨੂੰ ਰਾਸ਼ਨ, ਪੀਣ ਵਾਲਾ ਪਾਣੀ ਅਤੇ ਘਰੇਲੂ ਜ਼ਰੂਰਤ ਦਾ ਹੋਰ ਸਮਾਨ ਵੰਡਿਆ ਗਿਆ।ਸਹਾਇਕ ਕਮਿਸ਼ਨਰ ਰੁਪਿੰਦਰ ਪਾਲ ਸਿੰਘ ਨੇ ਕਿਹਾ ਕਿ ਹੜ੍ਹਾਂ ਦਾ ਪਾਣੀ ਘਟਣ ਤੋਂ ਬਾਅਦ ਹੁਣ ਅਗਲੇ ਦਿਨਾਂ ਦੌਰਾਨ ਹੋਰ ਵੀ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਉਨ੍ਹਾਂ ਕਿਹਾ ਕਿ ਖੜ੍ਹੇ ਪਾਣੀ ਕਾਰਨ ਕੋਈ ਬਿਮਾਰੀ ਨਾ ਫੈਲੇ ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਢੁੱਕਵੇਂ ਪ੍ਰਬੰਧ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਵਿਸ਼ੇਸ਼ ਮੈਡੀਕਲ ਕੈਂਪ ਲਗਾਏ ਜਾ ਰਹੇ ਹਨ ਅਤੇ ਲੋਕਾਂ ਨੂੰ ਬਿਮਾਰੀਆਂ ਤੋਂ ਬਚਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਦੇ ਨਾਲ ਪਸ਼ੂ ਪਾਲਣ ਵਿਭਾਗ ਦੀਆਂ ਟੀਮਾਂ ਵੱਲੋਂ ਪਸ਼ੂਆਂ ਦਾ ਇਲਾਜ ਕੀਤਾ ਜਾ ਰਿਹਾ ਹੈ। ਪਸ਼ੂਆਂ ਦੇ ਚਾਰੇ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੱਛਰ-ਮੱਖੀਆਂ ਦੇ ਖ਼ਾਤਮੇ ਲਈ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਵਿਸ਼ੇਸ਼ ਤੌਰ 'ਤੇ ਫੌਗਿੰਗ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਰਾਵੀ ਦਰਿਆ ਤੋਂ ਪਾਰ ਦੇ ਪਿੰਡਾਂ ਵਿੱਚ ਵੀ ਲੋਕਾਂ ਤੱਕ ਹਰ ਰਾਹਤ ਪਹੁੰਚਾਈ ਜਾ ਰਹੀ ਹੈ।

# ਬੂਟੇ ਲਗਾ ਕੇ ਮਨਾਇਆ ਜਨਮਦਿਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਸਹਿਯੋਗ ਸੇਵਾ ਸੁਸਾਇਟੀ ਦੇ ਵਾਈਸ ਪ੍ਰਧਾਨ ਚੇਤਨ ਸ਼ਰਮਾ ਨੇ ਆਪਣੇ ਜਨਮ ਦਿਨ ਮੌਕੇ ਬੂਟੇ ਲਗਾ ਕੇ ਵਾਤਾਵਰਣ ਪ੍ਰਤੀ ਜਾਗਰੂਕਤਾ ਦਾ ਸੁਨੇਹਾ ਦਿੱਤਾ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਪ੍ਰਦੀਪ ਧੀਂਗੜਾ ਨੇ ਕਿਹਾ ਕਿ ਵਾਤਾਵਰਣ ਅਤੇ ਧਰਤੀ ਨੂੰ ਬਚਾਉਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਲੋੜ ਹੈ। ਰੁੱਖਾਂ ਦੀਆਂ ਜੜ੍ਹਾਂ ਮਿੱਟੀ ਨੂੰ ਜਕੜ ਕੇ ਹੜ੍ਹ ਰੋਕਣ ਵਿੱਚ ਸਹਾਇਤਾ ਕਰਦੀਆਂ ਹਨ। ਸਾਨੂੰ ਸਾਰਿਆਂ ਨੂੰ ਧਰਤੀ ਤੇ ਹਰਿਆਲੀ ਵਧਾਉਣ ਲਈ ਉਪਰਾਲੇ ਕਰਨੇ ਚਾਹੀਦੇ ਹਨ। ਸੁਸਾਇਟੀ ਮੈਂਬਰ ਤਰਸੇਮ ਲਾਲ ਨੇ ਪਾਰਕ ਵਿੱਚ ਫੁੱਟਬਾਲ ਖੇਡਦੇ ਹੋਏ ਬੱਚਿਆਂ ਕੋਲੋਂ ਵੀ ਬੂਟੇ ਲਗਵਾਏ ਅਤੇ ਇਨ੍ਹਾਂ ਦੀ ਸਾਂਭ-ਸੰਭਾਲ ਕਰਨ ਲਈ ਬੱਚਿਆਂ ਨੂੰ ਪ੍ਰੇਰਿਤ ਕੀਤਾ।ਇਸ ਮੌਕੇ ਤੇ ਸੁਸਾਇਟੀ ਦੇ ਪ੍ਰਧਾਨ ਪ੍ਰਦੀਪ ਧੀਂਗੜਾ, ਵਾਈਸ ਪ੍ਰਧਾਨ ਚੇਤਨ ਸ਼ਰਮਾਂ, ਸਕੱਤਰ ਮਨੀਸ਼ ਖੋਸਲਾ, ਤਰਸੇਮ ਲਾਲ, ਸੂਰਜ ਕੁਮਾਰ, ਆਕਾਸ਼ ਕੁਮਾਰ, ਸਾਹਿਲ ਗਿੱਲ, ਰਾਹੁਲ ਪਾਸਵਾਨ ਅਤੇ ਸੰਨੀ ਹਾਜ਼ਰ ਸਨ।




ਮੌਕੇ ਉਨ੍ਹਾਂ ਵੱਲੋਂ ਸੁਸਾਇਟੀ ਦੇ ਪ੍ਰਧਾਨ ਪ੍ਰਦੀਪ ਧੀਂਗੜਾ, ਸਕੱਤਰ ਮਨੀਸ਼ ਖੋਸਲਾ, ਸੁਸਾਇਟੀ ਦੇ ਮੈਂਬਰ ਅਤੇ ਵਾਤਾਵਰਣ ਸੰਭਾਲ ਸੁਸਾਇਟੀ ਦੇ ਵਾਈਸ ਪ੍ਰਧਾਨ ਤਰਸੇਮ ਲਾਲ ਦੀ ਅਗਵਾਈ ਵਿੱਚ ਸੋਨਾ ਰੋਡ ਸਥਿਤ ਸਰਕਾਰੀ ਪਾਰਕ ਵਿੱਚ ਵੱਖ-ਵੱਖ ਕਿਸਮ ਦੇ 10 ਬੂਟੇ ਲਗਾਏ ਗਏ।ਇਸ

# ਹੜ੍ਹਾਂ ਦੀ ਮਾਰ ਕਾਰਨ ਸਰਹੱਦੀ ਖੇਤਰ ਦੀਆਂ ਸੜਕਾਂ ਹੋਈਆਂ ਤਹਿਸ-ਨਹਿਸ, ਰਾਹਗੀਰ ਪ੍ਰੇਸ਼ਾਨ

**ਗੁਰਦਾਸਪੁਰ (ਜਨਕ ਮਹਾਜਨ)**- ਦਰਿਆ ਰਾਵੀ ਵਿਚ ਆਏ ਹੜ੍ਹ ਕਾਰਨ ਬਾਰਡਰ ਏਰੀਏ ਦੀਆਂ ਲਗਭਗ ਸਾਰੀਆਂ ਸੜਕਾਂ ਟੁੱਟ ਭੱਜ ਗਈਆਂ ਹਨ। ਕਈ ਥਾਵਾਂ 'ਤੇ ਅਜੇ ਵੀ ਪਾਣੀ ਖੜ੍ਹਾ ਹੈ। ਜਾਣਕਾਰੀ ਅਨੁਸਾਰ ਹੜ੍ਹ ਕਾਰਨ ਗੁਰਦਾਸਪੁਰ ਦੇ ਲਹਿੰਦੇ ਪਾਸੇ ਜਿਵੇਂ ਗਾਹਲੜੀ ਤੋਂ ਦੋਰਾਂਗਲਾ, ਟੋਟੇ ਤੋਂ ਦੋਰਾਂਗਲਾ, ਗੁਰਦਾਸਪੁਰ ਤੋਂ ਗਾਹਲੜੀ, ਗਾਹਲੜੀ ਤੋਂ ਸੰਦਰਪੁਰ, ਸੰਦਰਪੁਰ ਤੋਂ ਜੈਨਪੁਰ, ਬਹਿਰਾਮਪੁਰ ਤੋਂ ਗਾਹਲੜੀ, ਬਹਿਰਾਮਪੁਰ ਤੋਂ ਬਾਹਮਣੀ, ਝਬਕਰਾ, ਝਬਕਰੇ ਤੋਂ ਟਾਂਡਾ, ਠੱਠੀ, ਗੁਰਦਾਸਪੁਰ ਤੋਂ ਬਹਿਰਾਮਪੁਰ ਤੋਂ ਇਲਾਵਾ ਡੇਰਾ ਬਾਬਾ ਨਾਨਕ ਆਦਿ ਇਲਾਕੇ ਵੱਲ ਹੜ੍ਹ ਕਾਰਨ ਸਾਰੀਆਂ ਸੜਕਾਂ ਬਹੁਤ ਤਰ੍ਹਾਂ ਨਾਲ ਟੁੱਟ ਚੁੱਕੀਆਂ ਹਨ। ਸੜਕਾਂ ਵਿਚਕਾਰ ਵੱਡੇ ਪਾੜ ਪੈ ਚੁੱਕੇ ਹਨ ਜਿਨ੍ਹਾਂ ਵਿਚ ਕਈ ਵਾਹਨ ਚਾਲਕ ਡਿੱਗ ਕੇ ਸੱਟਾਂ ਲਗਵਾ ਰਹੇ ਹਨ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਇਸੇ ਤਰ੍ਹਾਂ ਪਾਣੀ ਚਲਦਾ ਰਿਹਾ ਹਾਂ ਸੜਕਾਂ ਪੂਰੀ ਤਰ੍ਹਾਂ ਨਾਲ ਪਾਣੀ ਵਿਚ ਰੁੜ੍ਹ



ਜਾਣਗੀਆਂ ਅਤੇ ਰਸਤਾ ਬਿਲਕੁਲ ਬੰਦ ਹੋ ਜਾਵੇਗਾ ਜਿਸ ਨਾਲ ਵੱਡੀ ਸਮੱਸਿਆ ਪੈਦਾ ਹੋਵੇਗੀ। ਉਨ੍ਹਾਂ ਕਿਹਾ ਵੱਡੇ-ਵੱਡੇ ਟੋਇਆਂ ਵਿਚ ਪਾਣੀ ਭਰ ਜਾਣ ਨਾਲ ਟੋਏ ਦਿਖਾਈ ਨਹੀਂ ਦਿੰਦੇ ਅਤੇ ਵਾਹਨ ਚਾਲਕ ਟੋਇਆਂ ਵਿਚ ਡਿਗ ਕੇ ਸੱਟਾਂ ਲਗਵਾ ਰਹੇ ਹਨ। ਲੋਕਾਂ ਨੇ ਦੱਸਿਆ ਕਿ ਸੜਕ ਦਾ ਅੱਧਾ ਹਿੱਸਾ ਪਾਣੀ ਵਿਚ ਖੁਰ ਜਾਣ ਨਾਲ ਵਾਹਨ ਚਾਲਕ ਬੜੀ ਮੁਸ਼ਕਿਲ ਨਾਲ ਆਪਣੇ ਵਾਹਨ ਸੜਕ ਦੇ ਠੀਕ ਹਿੱਸੇ ਤੋਂ ਲੰਘਾ ਰਹੇ ਹਨ ਜੋ ਕਿਸੇ ਖ਼ਤਰੇ ਤੋਂ ਘੱਟ ਨਹੀਂ। ਸੜਕਾਂ 'ਤੇ ਕਈ-ਕਈ ਫੁੱਟ ਪਾਣੀ ਖੜਾ ਰਹਿਣ ਨਾਲ ਸੜਕਾਂ ਤਹਿਸ ਨਹਿਸ ਹੋ ਗਈਆਂ ਹਨ। ਖਾਸ ਕਰਕੇ ਦੋ ਪਹੀਆ ਵਾਹਨ ਚਾਲਕਾਂ ਦਾ ਦਿਨ ਅਤੇ ਰਾਤ ਨੂੰ ਚਲਣਾ ਖਤਰੇ ਤੋਂ ਖਾਲੀ ਨਹੀਂ। ਲੋਕਾਂ ਦਾ ਕਹਿਣਾ ਹੈ ਕਿ ਹੁਣ ਪੰਜਾਬ ਸਰਕਾਰ ਤੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਨ੍ਹਾਂ ਹੜ੍ਹਾਂ ਤੇ ਵਰਖਾ ਕਾਰਨ ਟੁੱਟੀਆਂ ਸੜਕਾਂ ਦੀ ਪਹਿਚਾਣ ਕਰਕੇ ਇਨ੍ਹਾਂ ਦੀ ਜਲਦੀ ਮੁਰੰਮਤ ਦਾ ਕੰਮ ਸ਼ੁਰੂ ਕਰਵਾਉਣਾ ਚਾਹੀਦਾ ਹੈ ਤਾਂ ਜੋ ਦੇਰ-ਸਵੇਰ ਟੁੱਟੀਆਂ ਭੱਜੀਆਂ ਸੜਕਾਂ 'ਤੇ ਆਉਣ-ਜਾਣ ਵਾਲੇ ਰਾਹਗੀਰਾਂ ਨੂੰ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਨਾ ਆਵੇ।

# ਬੂਲਪੁਰ, ਬਹਾਦਰਪੁਰ ਰਜੋਆ ਤੇ ਸੰਤੋਸ਼ ਨਗਰ 'ਚ ਹੜ੍ਹ ਨਾਲ ਹੋਏ ਨੁਕਸਾਨ ਦਾ ਲਿਆ ਜਾਇਜ਼ਾ

**ਸ੍ਰੀ ਹਰਗੋਬਿੰਦਪੁਰ ਸਾਹਿਬ/ਬਟਾਲਾ (ਤਰਲੋਕ ਬੱਗਾ)**- ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਪਿੰਡ ਬੁੱਲ੍ਹਪੁਰ, ਬਹਾਦਰਪੁਰ ਰਜੋਆ ਅਤੇ ਸੰਤੋਸ਼ ਨਗਰ ਵਿੱਖੇ ਹੜ੍ਹ ਨਾਲ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਅਤੇ



ਪਿੰਡ ਵਾਸੀਆਂ ਨਾਲ ਗੱਲਬਾਤ ਕੀਤੀ।ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਹੜ੍ਹਾਂ ਦੇ ਇਸ ਸੰਕਟ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਦੇ ਨਾਲ ਹੈ ਅਤੇ ਇਸ ਸੰਕਟ ਨਾਲ ਨਜਿੱਠਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਸਾਰੀ ਮਸ਼ੀਨਰੀ ਆਪਣੀ ਪੂਰੀ ਸਮਰੱਥਾ ਨਾਲ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕਾਰਜਾਂ ਵਿੱਚ ਲੱਗੀ ਹੋਈ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਮਾਨ ਦੀ ਅਗਵਾਈ ਵਿੱਚ ਸਮੁੱਚੀ ਟੀਮ ਪ੍ਰਭਾਵਿਤ ਖੇਤਰਾਂ ਵਿੱਚ ਜਾ ਕੇ ਜਿੱਥੇ ਜ਼ਮੀਨੀ ਪੱਧਰ ਤੇ ਹੋਏ ਨੁਕਸਾਨ ਦਾ ਜਾਇਜ਼ਾ ਲੈ ਰਹੇ ਹਨ ਓਥੇ ਰਾਹਤ ਤੇ ਬਚਾਅ ਕਾਰਜਾਂ ਵਿੱਚ ਵੀ ਆਪਣਾ ਯੋਗਦਾਨ ਪਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸਮੂਹ ਵਲੰਟੀਅਰ ਵੀ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਰਾਹਤ ਕਾਰਜਾਂ 'ਚ ਦਿਨ-ਰਾਤ ਲੱਗੇ ਹੋਏ ਹਨ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਸਮਾਜ ਸੇਵੀ ਸੰਸਥਾਵਾਂ ਵੱਲੋਂ ਵੀ ਹੜ੍ਹ ਪੀੜਤਾਂ ਦੀ ਸਹਾਇਤਾ ਵਿੱਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ, ਜਿਸ ਲਈ ਪੰਜਾਬ ਸਰਕਾਰ ਉਨ੍ਹਾਂ ਦੀ ਧੰਨਵਾਦੀ ਹੈ।

# ਹੜ੍ਹਾਂ ਦੇ ਮਾਰੇ ਪੀੜਤ ਲੋਕਾਂ ਲਈ ਦਮਦਮੀ ਟਕਸਾਲ ਵੀ ਆਈ ਅੱਗੇ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਅਗਵਾਈ ਹੇਠ ਕੁਦਰਤੀ ਆਈ ਆਫਤ ਹੜ੍ਹ ਪੀੜਤਾਂ ਲਈ ਮੋਟਰ, ਗੱਡੀਆਂ, ਟਰਾਲੀਆਂ, ਆਦਿ ਖਾਣ ਪੀਣ, ਦੀਆਂ ਵਸਤੂਆਂ ਜਿਵੇਂ ਕਿ ਦੁੱਧ, ਪਾਣੀ, ਬਰੈਡ, ਲੰਗਰ, ਤਰਪਾਲਾਂ ਅਤੇ ਮਨੁੱਖਾਂ ਲਈ ਮੈਡੀਸਨ ਅਤੇ ਪਸ਼ੂਆਂ ਲਈ ਤੂੜੀ, ਆਚਾਰ, ਹਰਿਆ ਦੀਆਂ ਟਰਾਲੀਆਂ ਭਰਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਕੇ ਗੁਰਦੁਆਰਾ ਗੁਰਦਰਸ਼ਨ ਪਰਕਾਸ਼ ਦਮਦਮੀ ਟਕਸਾਲ ਜਥਾ ਭਿੰਡਰਾਂ ਚੌਂਕ ਮਹਿਤਾ ਆਰੰਭ ਕੀਤੀਆਂ ਗਈਆਂ। ਨਾਲ ਐਂਬੂਲੈਂਸ ਤੇ ਮਾਹਰ ਡਾਕਟਰਾਂ ਦੀਆਂ ਟੀਮਾ ਮੁਫ਼ਤ ਮੈਡੀਸਨ ਲੈਕੇ ਰਵਾਨਾ ਹੋਈਆਂ। ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਵਸਤੂਆਂ ਦੀ ਘਾਟ ਨਹੀਂ ਆਉਣੀ ਚਾਹੀਦੀ।ਹਰ ਪ੍ਰਕਾਰ ਦੀ ਹੜ੍ਹ ਪੀੜਤਾਂ ਦੀ ਮੱਦਦ ਤਨ ਮਨ ਧਨ ਨਾਲ ਕੀਤੀ ਜਾਵੇ।ਦਮਦਮੀ ਟਕਸਾਲ ਦੇ ਸਿੰਘ ਆਪਣੀਆਂ ਕੀਮਤੀ ਜਾਨਾਂ ਦੀ ਪਰਵਾਹ ਨਾ ਕਰਦੇ ਹੋਏ ਡੂੰਘੇ ਪਾਣੀਆਂ ਵਿੱਚ ਜਾ ਕੇ ਹਰ ਪ੍ਰਕਾਰ ਦੀਆਂ ਵਸਤੂਆਂ, ਰਸਦਾਂ ਅਤੇ ਦਵਾਈਆਂ ਪਹੁੰਚਾ ਰਹੇ ਹਨ। ਇਸ ਮੌਕੇ ਤਰਨਾ ਦਲ ਮਹਿਤਾ ਦੇ ਮੁੱਖੀ ਬਾਬਾ ਅਜੀਤ ਸਿੰਘ, ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਸੁਖਦੇਵ ਸਿੰਘ, ਜਥੇਦਾਰ ਬਾਬਾ ਬੋਹੜ ਸਿੰਘ, ਸਾਬਕਾ ਚੇਅਰਮੈਨ ਸਰਪੰਚ ਕਸਮੀਰ ਸਿੰਘ ਕਾਲਾ, ਗਿਆਨੀ ਸਾਹਿਬ ਸਿੰਘ, ਪ੍ਰਿੰ. ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰ. ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ, ਪ੍ਰੋ. ਗਿਆਨੀ ਜੋਬਨਜੀਤ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

# ਜਲਥਲ ਹੋਏ ਸਰਕੂਲਰ ਰੋਡ ਦਾ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਲਿਆ ਜਾਇਜ਼ਾ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਦੀਨਾਨਗਰ ਸ਼ਹਿਰ ਦੇ ਵਾਰਡ ਨੰਬਰ 14 ਦੇ ਸਰਕੂਲਰ ਰੋਡ ਵਿਖੇ ਮਦਰ ਪ੍ਰਾਈਡ ਸਕੂਲ ਨੇੜੇ ਭਾਰੀ ਮਾਤਰਾ ਵਿੱਚ ਜਮ੍ਹਾਂ ਹੋਏ ਬਰਸਾਤੀ ਪਾਣੀ ਦੀ ਸਮੱਸਿਆ ਦਾ ਜਾਇਜ਼ਾ ਲੈਣ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਉਚੇਚੇ ਤੌਰ 'ਤੇ ਪੁੱਜੇ ਅਤੇ ਸਬੰਧਤ ਅਧਿਕਾਰੀਆਂ ਨੂੰ ਸਮੱਸਿਆ ਦੇ ਨਿਪਟਾਰੇ ਨੂੰ ਯਕੀਨੀ ਬਣਾਉਣ ਲਈ ਕਿਹਾ।ਇਸ ਮੌਕੇ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਲੋਕਾਂ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਾਰੀ ਬਰਸਾਤ ਦਾ ਪਾਣੀ ਜਮ੍ਹਾ ਹੋਣ ਕਾਰਨ ਸਰਕੂਲਰ ਰੋਡ ਖੇਤਰ ਅੰਦਰ ਜੋ ਸਮੱਸਿਆ ਪੈਦਾ ਹੋਈ ਹੈ ਉਸਨੂੰ ਜਲਦੀ ਹੀ ਹੱਲ ਕਰਕੇ ਲੋਕਾਂ ਨੂੰ ਸਮੱਸਿਆ ਤੋਂ ਨਿਜਾਤ ਦਿਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾਵਾਂ ਵੱਲੋਂ ਦੀਨਾਨਗਰ ਵਿਧਾਨਸਭਾ ਹਲਕੇ ਵੱਲ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ ਅਤੇ ਇਸ ਹਲਕੇ ਦੇ ਵਿਕਾਸ ਵਿੱਚ ਕੋਈ ਵੀ ਕਸਰ ਨਹੀਂ ਛੱਡੀ ਜਾਵੇਗੀ।ਇਸ ਮੌਕੇ ਟਰੇਡ ਵਿੰਗ ਦੇ ਹਲਕਾ ਕੋਆਰਡੀਨੇਟਰ ਵਿਧੂ ਮਹਾਜਨ, ਸੰਜੇ ਮਹਾਜਨ ਅਤੇ ਰਜਿੰਦਰ ਮਗਰਾਲਾ ਦੇ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ।

# ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹੜ੍ਹ ਪੀੜਤਾਂ ਲਈ ਰਾਹਤ ਮੁਹਿੰਮ ਜਾਰੀ : ਕਾਲਕਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਧਸ਼ਘੰਛ) ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸ਼ਨੀਵਾਰ ਨੂੰ ਡੇਰਾ ਬਾਬਾ ਨਾਨਕ ਅਤੇ ਅਜਨਾਲਾ ਵਿਖੇ ਕਮੇਟੀ ਵੱਲੋਂ ਲਗਾਏ ਗਏ ਹੜ੍ਹ ਰਾਹਤ ਕੈਂਪਾਂ ਦਾ ਦੌਰਾ ਕੀਤਾ, ਤਾਂ ਜੋ ਹੜ੍ਹ ਨਾਲ ਪ੍ਰਭਾਵਿਤ ਲੋਕਾਂ ਨੂੰ ਸਹਾਇਤਾ ਮਿਲ ਸਕੇ। ਦੌਰੇ ਦੌਰਾਨ ਕਾਲਕਾ ਨੇ ਹੜ੍ਹ-ਪ੍ਰਭਾਵਿਤ ਪਰਿਵਾਰਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣਿਆ ਅਤੇ ਮੌਕੇ 'ਤੇ ਹਾਲਾਤ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਮੀਡੀਆ ਨੂੰ ਦੱਸਿਆ ਕਿ ਹੜ੍ਹ ਪੀੜਤਾਂ ਵਿੱਚ ਦੋ ਟਰੱਕ ਰਾਹਤ ਸਾਮਾਨ ਵੰਡਿਆ ਗਿਆ ਹੈ। ਇਸ ਮਦਦ ਵਿੱਚ ਸੁੱਕਾ ਰਾਸ਼ਨ, ਖਾਣ-ਪੀਣ ਦੀਆਂ ਵਸਤਾਂ, ਰੋਜ਼ਾਨਾ ਵਰਤੋਂ ਦਾ ਸਾਮਾਨ, ਦਵਾਈਆਂ, ਤੰਬੂ, ਟ੍ਰੈਕਸੂਟ, ਮੱਛਰਦਾਨੀਆਂ ਅਤੇ ਮੱਛਰ ਮਾਰਨ ਵਾਲੀਆਂ ਦਵਾਈਆਂ ਸ਼ਾਮਲ ਸਨ। ਕਾਲਕਾ ਨੇ ਇਹ ਵੀ ਕਿਹਾ ਕਿ ਕਿਸਾਨਾਂ ਨਾਲ ਗੱਲਬਾਤ ਕੀਤੀ ਗਈ ਹੈ ਤਾਂ ਜੋ ਹੜ੍ਹ ਨਾਲ ਬਰਬਾਦ ਹੋਈ ਜ਼ਮੀਨ ਨੂੰ ਮੁੜ ਖੇਤੀ ਲਈ ਤਿਆਰ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਹੁਣ ਸਭ ਤੋਂ ਵੱਡੀ ਚੁਣੌਤੀ ਜ਼ਿੰਦਗੀ ਨੂੰ ਮੁੜ ਪਟੜੀ 'ਤੇ ਲਿਆਉਣਾ ਹੈ, ਜਿਸ ਤੋਂ ਬਾਅਦ ਅਸੀਂ ਹੜ੍ਹ ਪੀੜਤਾਂ ਦੀਆਂ ਅਗਲੀਆਂ ਲੋੜਾਂ ਦਾ ਅੰਦਾਜ਼ਾ ਲਵਾਂਗੇ।



# ਵੱਖ-ਵੱਖ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨਾਂ ਹੜ੍ਹ ਪੀੜਤਾਂ ਲਈ ਦਵਾਈਆਂ ਲੈ ਕੇ ਪੁੱਜੀਆਂ

**ਪੱਟੀ (ਬਲਦੇਵ ਸਿੰਘ ਸੰਧੂ)**- ਕੁਦਰਤੀ ਆਫਤਾਂ ਦੇ ਦੌਰਾਨ ਪ੍ਰਭਾਵਿਤ ਹੋਏ ਜ਼ਿਲ੍ਹਾ ਤਰਨ ਤਾਰਨ ਅਤੇ ਫਿਰੋਜ਼ਪੁਰ ਦੇ ਪਿੰਡਾਂ ਵਿੱਚ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਜ਼ਿਲ੍ਹਾ ਤਰਨ ਤਾਰਨ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿੱਚ ਡਾਕਟਰਾਂ ਨੇ ਸ਼ਮੂਲੀਅਤ ਕੀਤੀ ਜਿਸ ਵਿੱਚ ਮੋਗੇ ਜਿਲੇ ਤੋਂ ਬਲਾਕ ਧਰਮਕੋਟ ਤੋਂ ਡਾਕਟਰ ਹਰਮੀਤ ਸਿੰਘ ਜੀ ਲਾਡੀ ਬਲਾਕ ਪ੍ਰਧਾਨ ਦੀ ਅਗਵਾਈ ਵਿੱਚ 25 ਦੇ ਕਰੀਬ ਡਾਕਟਰਾਂ ਵੱਲੋਂ ਬਹੁਤ ਹੀ ਵੱਡੀ ਮਾਤਰਾ ਵਿੱਚ ਦਵਾਈਆਂ ਲਿਆਂਦੀਆਂ ਗਈਆਂ ਅਤੇ ਫਿਰੋਜ਼ਪੁਰ ਦੇ ਡੁੱਬੇ ਹੋਏ ਪਿੰਡ ਬੰਡਾਲਾ ,ਕਾਲੇ ਕੇ ,ਜਲੋਕੇ ਵਿੱਚ ਜਾ ਕੇ ਦਵਾਈਆਂ ਦਿੱਤੀਆਂ ਗਈ ।ਡਾਕਟਰ ਹਰਮੀਤ ਸਿੰਘ ਲਾਡੀ ਵੱਲੋਂ ਕਿਹਾ ਗਿਆ ਕਿ ਇਹ ਜੋ ਕੁਦਰਤ ਦੀ ਕਰੋਪੀ ਹੋਈ ਹੈ। ਇਸ ਨੇ ਕਿਸਾਨਾਂ ਮਜ਼ਦੂਰਾਂ ਦਾ ਬਹੁਤ ਵੱਡੇ ਪੱਧਰ ਤੇ ਨੁਕਸਾਨ ਕੀਤਾ ਹੈ । ਜਿਸ ਦੀ ਭਰਪਾਈ ਆਮ ਇਨਸਾਨ ਦੇ ਵੱਸ ਤੋਂ ਬਾਹਰ ਹੈ ਇਹੋ ਜਿਹੀਆਂ ਆਫਤਾਂ ਦੇ ਸਮੇਂ ਪੰਜਾਬ ਦੇ ਅੰਦਰ ਸੰਸਥਾਵਾਂ ਪ੍ਰਸ਼ਾਸਨ ਆਦਿ ਇਕਾਈਆਂ ਨਾਲ ਮਿਲ ਕੇ ਸਾਨੂੰ ਕੁਦਰਤੀ ਆਫਤਾਂ ਦਾ ਸਾਹਮਣਾ ਕਰਨਾ ਚਾਹੀਦਾ ਹੈ ਅਤੇ ਮਾਨਵ ਸੇਵਾ ਪਰਮੋ ਧਰਮ ਵਾਲੇ ਨਾਹਰੇ ਨੂੰ ਅੱਗੇ ਲੈ ਕੇ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਆਫਤ 2019 ਅਤੇ 2023 ਦੇ ਵਿੱਚ ਵੀ ਆਈ ਸੀ ਉਸ ਟਾਈਮ ਵੀ ਅਸੀਂ ਸਟੇਟ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਦੀ ਅਗਵਾਈ ਵਿੱਚ ਉਨ੍ਹਾਂ ਜਗ੍ਹਾ ਤੇ ਜਾ ਕੇ




ਮੈਡੀਕਲ ਸਹੂਲਤਾਂ ਦਿੱਤੀਆਂ ਸਨ।ਜਿੱਥੇ ਜਿੱਥੇ ਪਾਣੀ ਦੀ ਮਾਰ ਪਈ ਸੀ ਉਹਨਾਂ ਅੱਗੇ ਬੋਲਦੇ ਹੋਏ ਕਿਹਾ ਕਿ ਇਸ ਟਾਈਮ ਤੇ ਜੋ ਸਾਨੂੰ ਪਾਣੀ ਦਿਖ ਰਿਹਾ ਹੈ ਉਸ ਇਹਦੇ ਸੁੱਕਣ ਤੋਂ ਬਾਅਦ ਜੋ ਬਿਮਾਰੀਆਂ ਇਸ ਇਲਾਕੇ ਵਿੱਚ ਆਉਣਗੀਆਂ ਉਨ੍ਹਾਂ ਨਾਲ ਨਜਿਠਣ ਲਈ ਸਾਨੂੰ ਹਮੇਸ਼ਾ ਤਿਆਰ ਬਰ ਤਿਆਰ ਰਹਿਣਾ ਚਾਹੀਦਾ ਹੈ ਸੁਚੇਤ ਰਹਿਣਾ ਚਾਹੀਦਾ ਹੈ ਇਹਨਾਂ ਇਲਾਕਿਆਂ ਵਿੱਚ ਬੈਠੇ ਲੋਕਾਂ ਨੂੰ ਜਾਗਰੂਕ ਕਰਨਾ ਚਾਹੀਦਾ ਹੈ ਕਿ ਹਮੇਸ਼ਾ ਪਾਣੀ ਉਬਾਲ ਕੇ ਪੀਣ ਅਤੇ ਆਪਣੇ ਸਕਿਨ ਦੇ ਰੋਗਾਂ ਨੂੰ ਠੀਕ ਰੱਖਣ ਵਾਸਤੇ ਸਮੇਂ ਸਿਰ ਮੈਡੀਸਨ ਦੀ ਜਰੂਰ ਵਰਤੋਂ ਕਰਨ ਉਹਨਾਂ ਦੇ ਇਸ ਕਾਰਜ ਲਈ ਉਨ੍ਹਾਂ ਦਾ ਧੰਨਵਾਦ ਕਰਨ ਵਾਸਤੇ ਜ਼ਿਲਾ ਤਰਨ ਤਾਰਨ ਦੇ ਪ੍ਰਧਾਨ ਡਾਕਟਰੀ ਨਛੱਤਰ ਸਿੰਘ ਜੀ ਚੀਮਾ ਵੱਲੋਂ ਉਹਨਾਂ ਨੂੰ ਜੀ ਆਇਆਂ ਆਖਿਆ ਗਿਆ ਅਤੇ ਧੰਨਵਾਦ ਕੀਤਾ ਗਿਆ। ਨਛੱਤਰ ਸਿੰਘ ਚੀਮਾ ਨੇ ਕਿਹਾ ਕਿ ਸਾਡੇ ਇਲਾਕੇ ਵਿੱਚ ਭਾਰੀ ਨੁਕਸਾਨ ਹੋਇਆ ਹੈ ਜਿਸ ਵਿੱਚ ਬਹੁਤ ਕਿਸਾਨਾਂ ਦੀਆਂ ਫਸਲਾਂ ਰੁੜ ਗਈਆਂ ਪਸ਼ੂਆਂ ਦਾ ਬਹੁਤ ਨੁਕਸਾਨ ਹੋ ਗਿਆ ਕੁਝ ਰੁੜ੍ਹ ਗਏ ਕੁਝ ਮਰ ਗਏ। ਇਸੇ ਤਰ੍ਹਾਂ ਬਹੁਤ ਲੋਕਾਂ ਨੂੰ ਇਸ ਹੜ੍ਹਾਂ ਨੇ ਘਰੋਂ ਬੇਘਰ ਕਰ ਦਿੱਤਾ। ਸਾਡੀ ਜਥੇਬੰਦੀ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਜ਼ਿਲ੍ਹਾ ਤਰਨ ਤਾਰਨ ਅਤੇ ਸਟੇਟ ਪੰਜਾਬ ਦੀ ਸਾਰੀ ਬਾਡੀ ਹਮੇਸ਼ਾ ਇਨ੍ਹਾਂ ਹੱੜ੍ਹ ਪੀੜਤਾਂ ਦੇ ਨਾਲ ਖਲੋਤੀ ਹੈ । ਅਸੀਂ ਆਪਣੀਆਂ ਮੁੱਢਲੀਆਂ ਸਿਹਤ ਸੇਵਾਵਾਂ ਇਨ੍ਹਾਂ ਨੂੰ ਦਿੰਦੇ ਰਹਾਂਗੇ। ਇਸ ਮੌਕੇ ਡਾਕਟਰ ਸੁਖਚੈਨ ਸਿੰਘ ਬੋਪਾਰਾਏ, ਡਾਕਟਰ ਗੁਰਜੀਤ ਸਿੰਘ, ਡਾਕਟਰ ਪ੍ਰਭਜੀਤ ਸਿੰਘ ਬਰਵਾਲਾ, ਡਾਕਟਰ ਨਵਜੋਤ ਸਿੰਘ ਜੀ ਭੁੱਲਰ ਨੇ ਧਰਮਕੋਟ ਤੋਂ ਆਈ ਹੋਈ ਟੀਮ ਦਾ ਬਹੁਤ ਹੀ ਧੰਨਵਾਦ ਕੀਤਾ।

9-Sep-PAGE-4.qxd 9/8/2025 10:44 PM Page 1

ਨਵਾਂ ਜ਼ਮਾਨਾ
ਮੰਗਲਵਾਰ 9 ਸਤੰਬਰ 2025

# ਨਿੱਜੀ ਅਪਮਾਨ

*ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੋ ਸਤੰਬਰ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਬਿਹਾਰ 'ਚ ਇੱਕ ਸਹਿਕਾਰੀ ਜਥੇਬੰਦੀ ਦਾ ਉਦਘਾਟਨ ਕਰਦਿਆਂ ਕਿਹਾ ਕਿ ਰਾਸ਼ਟਰੀ ਜਨਤਾ ਦਲ ਤੇ ਕਾਂਗਰਸ ਦੇ ਮੰਚ ਤੋਂ ਉਨ੍ਹਾ ਦੀ ਮਾਂ ਨੂੰ ਗਾਲ੍ਹਾਂ ਕੱਢੀਆਂ ਗਈਆਂ। ਇਹ ਗਾਲ੍ਹਾਂ ਸਿਰਫ ਉਨ੍ਹਾ ਦੀ ਮਾਂ ਦਾ ਅਪਮਾਨ ਨਹੀਂ ਹਨ, ਸਗੋਂ ਦੇਸ਼ ਦਾ ਅਪਮਾਨ ਹੈ। ਪ੍ਰਧਾਨ ਮੰਤਰੀ 28 ਅਗਸਤ ਦੀ ਉਸ ਘਟਨਾ ਦਾ ਵਰਨਣ ਕਰ ਰਹੇ ਸਨ, ਜਦੋਂ ਰੈਲੀ ਦੀ ਸਮਾਪਤੀ ਦੇ ਬਾਅਦ ਇੱਕ ਪਿੱਕਅੱਪ ਵੈਨ ਡਰਾਈਵਰ ਨੇ ਮੰਚ 'ਤੇ ਚੜ੍ਹ ਕੇ ਪ੍ਰਧਾਨ ਮੰਤਰੀ ਦੀ ਮਾਂ ਬਾਰੇ ਗਲਤ ਸ਼ਬਦਾਵਲੀ ਵਰਤੀ। ਪੁਲਸ ਨੇ ਉਸ ਡਰਾਈਵਰ ਨੂੰ ਛੇਤੀ ਗ੍ਰਿਫਤਾਰ ਵੀ ਕਰ ਲਿਆ ਸੀ।*

*ਅਫਸੋਸ ਦੀ ਗੱਲ ਹੈ ਕਿ ਭਾਰਤ ਵਿੱਚ ਝਗੜੇ ਜਾਂ ਪੁਲਸ ਦੀ ਪੁੱਛਗਿੱਛ ਦੀ ਸ਼ੁਰੂਆਤ ਅਕਸਰ ਮਾਂ-ਭੈਣ ਦੀ ਗਾਲ੍ਹ ਨਾਲ ਹੀ ਹੁੰਦੀ ਹੈ। ਅਜਿਹੇ ਵਿੱਚ ਇਕ ਲਫੰਡਰ ਡਰਾਈਵਰ ਵੱਲੋਂ ਗਾਲ੍ਹ ਕੱਢਣ ਨੂੰ ਪ੍ਰਧਾਨ ਮੰਤਰੀ ਦੇ ਅਹੁਦੇ 'ਤੇ ਬੈਠੇ ਵਿਅਕਤੀ ਵੱਲੋਂ ਇਸ ਕਦਰ ਪ੍ਰਮੁਖਤਾ ਦੇਣਾ ਉਨ੍ਹਾ ਦੀ ਕਮਜ਼ੋਰੀ ਨੂੰ ਹੀ ਦਰਸਾਉਂਦਾ ਹੈ। 28 ਅਗਸਤ ਨੂੰ ਹੀ ਪਟਨਾ ਦੇ ਮਨੇਰ ਥਾਣੇ ਦੇ ਇਲਾਕੇ ਵਿੱਚ ਇੱਕ ਨਾਬਾਲਗਾ ਦੀ ਦਰੱਖਤ ਨਾਲ ਲਟਕਦੀ ਲਾਸ਼ ਮਿਲੀ। 27 ਅਗਸਤ ਨੂੰ ਗਰਦਨੀਬਾਗ ਦੇ ਅਮਲਾਟੋਲਾ ਦੇ ਕੰਨਿਆ ਸਕੂਲ ਵਿੱਚ ਪੰਜਵੀਂ ਦੀ ਵਿਦਿਆਰਥਣ ਟਾਇਲਟ 'ਚ ਸੜੀ ਮਿਲੀ। ਇਹ ਬੱਚੀਆਂ ਵੀ ਕਿਸੇ ਦੀਆਂ ਧੀਆਂ ਤੇ ਭੈਣਾਂ ਸਨ, ਪਰ ਪ੍ਰਧਾਨ ਮੰਤਰੀ ਨੇ ਇਨ੍ਹਾਂ ਬਾਰੇ ਇੱਕ ਸ਼ਬਦ ਨਹੀਂ ਬੋਲਿਆ। ਦੋ ਸਤੰਬਰ ਨੂੰ ਪ੍ਰਧਾਨ ਮੰਤਰੀ ਜਦੋਂ ਜਜ਼ਬਾਤੀ ਹੋ ਕੇ ਆਪਣੀ ਗੱਲ ਰੱਖ ਰਹੇ ਸਨ, ਤਦ ਸੂਬਾ ਭਾਜਪਾ ਪ੍ਰਧਾਨ ਤੇ ਉੱਥੇ ਮੌਜੂਦ ਮਹਿਲਾ ਆਗੂਆਂ ਦੀਆਂ ਅੱਖਾਂ ਵਿੱਚ ਹੰਝੂ ਦਿਖਾਈ ਦੇ ਰਹੇ ਸਨ, ਪਰ ਉਨ੍ਹਾਂ ਨੂੰ ਮੁਜ਼ੱਫਰਨਗਰ ਦੀ ਵਿਭਾ ਕੁਮਾਰੀ ਦੀ ਹਾਲ-ਦੁਹਾਈ ਨਹੀਂ ਸੁਣੀ, ਜਿਸ ਦੀ ਚਾਰ ਸਾਲ ਦੀ ਬੱਚੀ ਦੀ ਲਾਸ਼ ਦੋ ਸਤੰਬਰ ਨੂੰ ਖੇਤ ਵਿੱਚੋਂ ਮਿਲੀ।*

*13 ਨਵੰਬਰ 2022 ਨੂੰ ਪ੍ਰਧਾਨ ਮੰਤਰੀ ਨੇ ਹੈਦਰਾਬਾਦ ਵਿੱਚ ਕਿਹਾ ਸੀ, 'ਲੋਕ ਮੈਥੋਂ ਪੁੱਛਦੇ ਹਨ ਕਿ ਥੱਕਦੇ ਨਹੀਂ ਹੋ? ਹੁਣ ਕੱਲ੍ਹ ਮੈਂ ਸਵੇਰੇ ਦਿੱਲੀ ਵਿੱਚ ਸੀ, ਫਿਰ ਕਰਨਾਟਕ, ਫਿਰ ਤਾਮਿਲਨਾਡੂ, ਫਿਰ ਰਾਤ ਨੂੰ ਆਂਧਰਾ ਵਿੱਚ, ਹੁਣ ਤਿਲੰਗਾਨਾ 'ਚ। ਮੈਂ ਉਨ੍ਹਾਂ ਨੂੰ ਕਿਹਾ ਕਿ ਰੋਜ਼ ਮੈਂ ਢਾਈ-ਤਿੰਨ ਕਿੱਲੋ ਗਾਲ੍ਹਾਂ ਖਾਂਦਾ ਹਾਂ ਤੇ ਪਰਮਾਤਮਾ ਨੇ ਅਜਿਹੀ ਰਚਨਾ ਕੀਤੀ ਹੈ ਕਿ ਇਹ ਸਾਰੀਆਂ ਗਾਲ੍ਹਾਂ ਮੇਰੇ ਅੰਦਰ ਨਿਊਟ੍ਰੀਸ਼ਨ ਵਿੱਚ ਬਦਲ ਜਾਂਦੀਆਂ ਹਨ।' ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਸੀ ਕਿ ਭਾਜਪਾ ਕਾਰਕੁਨ ਉਨ੍ਹਾ ਨੂੰ ਕੱਢੀਆਂ ਜਾਂਦੀਆਂ ਗਾਲ੍ਹਾਂ ਤੋਂ ਦੁਖੀ ਜਾਂ ਨਾਰਾਜ਼ ਨਾ ਹੋਣ, ਬੱਸ ਇਸ ਉਮੀਦ ਨਾਲ ਸੌਂ ਜਾਣ ਕਿ ਅਗਲੇ ਦਿਨ ਕਮਲ ਖਿੜੇਗਾ, ਪਰ ਇਸ ਵਾਰ ਪ੍ਰਧਾਨ ਮੰਤਰੀ ਨੇ ਆਪਣੇ ਕਾਰਕੁਨਾਂ ਨੂੰ ਇਹ ਸਲਾਹ ਕਿਉਂ ਨਹੀਂ ਦਿੱਤੀ? ਸੱਤਾ ਤੇ ਕੁਰਸੀ ਲਈ ਮਾਂ ਦੀ ਗਾਲ੍ਹ ਨੂੰ ਚੋਣ ਹਥਿਆਰ ਕਿਉਂ ਬਣਾਇਆ? ਪ੍ਰਧਾਨ ਮੰਤਰੀ ਨੇ ਸਰਕਾਰੀ ਯੋਜਨਾ ਦੇ ਮੰਚ ਤੋਂ ਸੱਤਾ ਤੇ ਕੁਰਸੀ ਦੀ ਗੱਲ ਛੇੜ ਕੇ ਸਾਫ ਕਰ ਦਿੱਤਾ ਕਿ ਅਸਲੀ ਮਕਸਦ ਇਸੇ ਸਾਲ ਹੋਣ ਵਾਲੀਆਂ ਬਿਹਾਰ ਅਸੈਂਬਲੀ ਚੋਣਾਂ ਹਨ। ਪ੍ਰਧਾਨ ਮੰਤਰੀ ਨੂੰ ਮਾਂ ਦੀ ਗਾਲ੍ਹ ਤੋਂ 'ਦੁਖੀ' ਭਾਜਪਾ ਵਾਲਿਆਂ ਨੇ ਚਾਰ ਸਤੰਬਰ ਨੂੰ ਬਿਹਾਰ ਬੰਦ ਕੀਤਾ ਤੇ ਉਸ ਦੌਰਾਨ ਮਹਿਲਾਵਾਂ ਨਾਲ ਜਿਹੜੀ ਬਦਸਲੂਕੀ ਹੋਈ, ਉਹ ਮਾਵਾਂ ਦੇ ਸਨਮਾਨ ਨਾਲੋਂ ਅਪਮਾਨ ਵੱਧ ਸੀ। ਇੱਕ ਮਹਿਲਾ ਟੀਚਰ ਨਾਲ ਬਦਸਲੂਕੀ ਕੀਤੀ ਤੇ ਇੱਕ ਪੱਤਰਕਾਰ ਨੂੰ ਮਾਂ ਦੀ ਗਾਲ੍ਹ ਕੱਢੀ। ਗਰਭਵਤੀ ਮਹਿਲਾਵਾਂ ਦੀਆਂ ਐਂਬੂਲੈਂਸਾਂ ਨੂੰ ਰੋਕਿਆ ਗਿਆ।*

*ਸਿਆਸਤ ਵਿੱਚ ਨਿੱਜੀ ਭਾਵਨਾਵਾਂ ਦਾ ਇਸਤੇਮਾਲ ਤਦੇ ਜਾਇਜ਼ ਹੁੰਦਾ ਹੈ, ਜਦ ਉਹ ਸਰਵਜਨਕ ਹਿੱਤ ਵਿੱਚ ਹੋਵੇ। ਜਦੋਂ ਇਹ ਸੱਤਾ ਨੂੰ ਮਜ਼ਬੂਤ ਕਰਨ ਦਾ ਹਥਿਆਰ ਬਣ ਜਾਵੇ ਤਾਂ ਉਹ ਨੈਤਿਕ ਪਤਨ ਹੈ। ਪ੍ਰਧਾਨ ਮੰਤਰੀ ਨਿੱਜੀ ਸੱਟਾਂ ਨੂੰ ਜਿਵੇਂ ਕੌਮੀ ਬਿਆਨੀਏ ਵਿੱਚ ਬਦਲ ਰਹੇ ਹਨ, ਉਹ ਵਧ ਰਹੀ ਬੇਰੁਜ਼ਗਾਰੀ, ਵਧ ਰਹੇ ਅਪਰਾਧਾਂ ਅਤੇ ਸਿੱਖਿਆ ਤੇ ਸਿਹਤ ਖੇਤਰਾਂ ਦੀ ਮਾੜੀ ਹਾਲਤ ਤੋਂ ਲੋਕਾਂ ਦਾ ਧਿਆਨ ਭਟਕਾਉਣ ਦੀ ਹੀ ਕੋਸ਼ਿਸ਼ ਹੈ।*

# ਕਾਨੂੰਨਾਂ ਨੂੰ ਹਥਿਆਰ ਵਜੋਂ ਵਰਤਣਾ ਖ਼ਤਰਨਾਕ



ਗੁਰਮੀਤ ਸਿੰਘ ਪਲਾਹੀ

ਭਾਰਤੀ ਸੰਵਿਧਾਨ ਵਿੱਚ 130ਵੀਂ ਸੋਧ ਕਰਨ ਲਈ ਭਾਰਤ ਸਰਕਾਰ ਵਲੋਂ ਪਾਰਲੀਮੈਂਟ ਵਿੱਚ ਬਿੱਲ ਪੇਸ਼ ਕੀਤਾ ਗਿਆ, ਜਿਸ ਨੂੰ ਹਾਲ ਦੀ ਘੜੀ ਵਿਚਾਰ ਕਰਨ ਲਈ ਸੰਯੁਕਤ ਪਾਰਲੀਮਾਨੀ ਕਮੇਟੀ ਹਵਾਲੇ ਕੀਤਾ ਗਿਆ। ਇਹ ਸੋਧ ਬਹੁਤ ਅਹਿਮ ਹੈ, ਕਿਉਂਕਿ ਇਸ ਸੋਧ ਅਧੀਨ ਕਿਸੇ ਇਹੋ ਜਿਹੇ ਮੰਤਰੀ (ਪ੍ਰਧਾਨ ਮੰਤਰੀ, ਮੁੱਖ ਮੰਤਰੀ ਸਮੇਤ) ਨੂੰ ਹਟਾਇਆ ਜਾ ਸਕਦਾ, ਜੋ ਕਿਸੇ ਅਪਰਾਧਿਕ ਦੋਸ਼ ਵਿੱਚ ਗ੍ਰਿਫ਼ਤਾਰ ਹੋ ਜਾਏ ਅਤੇ ਜਿਸ ਦੇ ਲਈ ਉਸ ਨੂੰ ਪੰਜ ਸਾਲ ਜਾਂ ਉਸ ਤੋਂ ਵੱਧ ਕੈਦ ਹੋ ਸਕਦੀ ਹੈ ਜਾਂ ਜਿਹੜਾ ਤੀਹ ਦਿਨ ਜੇਲ੍ਹ 'ਚ ਰਿਹਾ ਹੋਵੇ ।

ਉਪਰੋਕਤ 30 ਦਿਨਾਂ ਦੀ ਜੇਲ੍ਹ ਸ਼ਰਤ ਅਧੀਨ ਨਿਸ਼ਚਿਤ ਰੂਪ 'ਚ ਜਾਂਚ ਪੂਰੀ ਨਹੀਂ ਹੋਏਗੀ ਅਤੇ ਨਾ ਹੀ ਕੋਈ ਦੋਸ਼ ਪੱਤਰ, ਨਾ ਕੋਈ ਮੁੱਕਦਮਾ ਅਤੇ ਨਾ ਹੀ ਕੋਈ ਦੋਸ਼ ਸਿੱਧ ਹੋ ਸਕੇਗਾ। ਫਿਰ ਵੀ 31ਵੇਂ ਦਿਨ ਸੰਬੰਧਤ ਮੰਤਰੀ, ਮੁੱਖ ਮੰਤਰੀ, ਪ੍ਰਧਾਨ ਮੰਤਰੀ ਨੂੰ ਅਪਰਾਧੀ ਦੱਸ ਕੇ ਉਸ ਨੂੰ ਉਸਦੇ ਅਹੁਦੇ ਤੋਂ ਹਟਾ ਦਿੱਤਾ ਜਾਏਗਾ, ਪਰ ਇਥੇ ਸਵਾਲ ਪੈਦਾ ਹੁੰਦਾ ਹੈ ਕਿ ਕੀ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਕੋਈ ਪੁਲਸ ਅਧਿਕਾਰੀ ਗ੍ਰਿਫ਼ਤਾਰ ਕਰਨ ਦੀ ਹਿੰਮਤ ਕਰ ਸਕਦਾ ਹੈ? ਇਹ ਬਿੱਲ/ਕਾਨੂੰਨ ਵਿੱਚ ਪ੍ਰਧਾਨ ਮੰਤਰੀ ਨੂੰ ਸ਼ਾਮਲ ਕਰਨਾ ਕੀ ਹਾਸੋਹੀਣਾ ਨਹੀਂ?

ਭਾਰਤ ਦੇ ਸੰਵਿਧਾਨ ਦੀ ਧਾਰਾ 368 ਅਨੁਸਾਰ ਪਾਰਲੀਮੈਂਟ ਨੂੰ ਸੰਵਿਧਾਨਕ ਹੱਕ ਹੈ ਕਿ ਉਹ ਸੰਵਿਧਾਨ ਵਿੱਚ ਸੋਧ ਪਾਸ ਕਰ ਸਕਦੀ ਹੈ। ਧਾਰਾ 368 ਦੀ ਉਪ-ਨਿਯਮ 2 ਅਨੁਸਾਰ, ਸੋਧ ਦੀ ਪ੍ਰਕਿਰਿਆ ਬਿੱਲ ਪੇਸ਼ ਕਰਕੇ ਕੀਤੀ ਜਾਂਦੀ ਹੈ। ਫਿਰ ਇਹ ਬਿੱਲ ਦੋਹਾਂ ਸਦਨਾਂ ਲੋਕ ਸਭਾ ਅਤੇ ਰਾਜ ਸਭਾ ਵਿੱਚ ਕੁੱਲ ਮੈਂਬਰਾਂ ਦੇ ਬਹੁਮਤ ਨਾਲ ਜਾਂ ਉਸ ਸਦਨ ਵਿੱਚ ਹਾਜ਼ਰ ਮੈਂਬਰਾਂ ਵਿੱਚੋਂ ਘੱਟੋ-ਘੱਟ ਦੋ ਤਿਹਾਈ ਮੈਂਬਰਾਂ ਵੱਲੋਂ ਦਿੱਤੀ ਸਹਿਮਤੀ ਨਾਲ ਪਾਸ ਹੋ ਜਾਂਦਾ ਹੈ ਅਤੇ ਫਿਰ ਰਾਸ਼ਟਰਪਤੀ ਕੋਲ ਭੇਜਿਆ ਜਾਂਦਾ ਹੈ। ਜੇਕਰ ਰਾਸ਼ਟਰਪਤੀ ਸਹਿਮਤੀ ਦੇ ਦਿੰਦੇ ਹਨ ਤਾਂ ਉਸ ਦੇ ਬਾਅਦ ਸੰਵਿਧਾਨ ਵਿਚਲੀ ਇਹ ਸੋਧ ਪਾਸ ਹੋ ਜਾਂਦੀ ਹੈ।

ਆਓ, ਵੇਖੀਏ ਕਿ ਕੀ ਮੌਜੂਦਾ ਸਰਕਾਰ ਕੋਲ ਇਹ ਬਿੱਲ ਪਾਸ ਕਰਾਉਣ ਲਈ ਬਹੁਮਤ ਹੈ? ਮੌਜੂਦਾ ਹਾਕਮ ਭਾਜਪਾ ਅਤੇ ਸਹਿਯੋਗੀ ਪਾਰਟੀਆਂ ਕੋਲ ਇਸ ਸਮੇਂ ਇਹ ਬਿੱਲ ਪਾਸ ਕਰਾਉਣ ਲਈ ਪੂਰੀ ਸੰਖਿਆ ਨਹੀਂ ਹੈ। ਲੋਕ ਸਭਾ ਵਿੱਚ ਕੁੱਲ 543 ਵਿੱਚੋਂ ਰਾਜਗ ਦੇ 293 ਮੈਂਬਰ ਹਨ ਅਤੇ ਰਾਜ ਸਭਾ ਵਿੱਚ 245 ਮੈਂਬਰਾਂ ਵਿਚੋਂ 133 ਮੈਂਬਰ ਹਨ। ਜੇਕਰ ਦੋਹਾਂ ਸਦਨਾਂ ਦੇ ਸਾਰੇ ਮੈਂਬਰ ਸਦਨ 'ਚ ਹਾਜ਼ਰ ਹੋਣ ਅਤੇ ਵੋਟ ਪਾਉਣ ਤਾਂ ਵੀ ਇਹ ਸੰਖਿਆ ਦੋ ਤਿਹਾਈ ਨਹੀਂ ਹੋ ਸਕਦੀ।

ਭਾਰਤੀ ਜਨਤਾ ਪਾਰਟੀ ਇਸ ਬਿੱਲ ਨੂੰ ਸੰਵਿਧਾਨਕ ਅਤੇ ਸਿਆਸੀ ਨੈਤਿਕਤਾ ਦਾ ਪ੍ਰਤੀਕ ਬਣਾ ਕੇ ਪ੍ਰਚਾਰ ਕਰ ਰਹੀ ਹੈ, ਖ਼ਾਸ ਤੌਰ 'ਤੇ ਉਸ ਵੇਲੇ ਜਦੋਂ ਕਿ ਬਿਹਾਰ 'ਚ ਚੋਣਾਂ ਸਿਰ 'ਤੇ ਹਨ ਅਤੇ ਮਸ਼ੀਨਾਂ ਨਾਲ ਵੋਟਾਂ ਦੀ ਚੋਰੀ ਲਈ ਉਸ ਉਤੇ ਦੇਸ਼-ਵਿਆਪੀ ਦੋਸ਼ ਲੱਗ ਰਹੇ ਹਨ। ਭਾਜਪਾ ਕਹਿੰਦੀ ਹੈ ਕਿ ਕੀ ਕਿਸੇ ਭ੍ਰਿਸ਼ਟ ਮੰਤਰੀ ਨੂੰ ਹਟਾਉਣ ਤੋਂ ਵੱਡਾ ਕੋਈ ਹੋਰ ਚੰਗਾ ਕੰਮ ਹੋ ਸਕਦਾ ਹੈ? ਕੀ ਕੋਈ ਮੰਤਰੀ ਜਾਂ ਮੁੱਖ ਮੰਤਰੀ ਜੇਲ੍ਹ ਵਿੱਚੋਂ ਰਾਜ ਪ੍ਰਬੰਧ ਚਲਾ ਸਕਦਾ ਹੈ? ਜਿਵੇਂ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਦਿੱਲੀ ਸਰਕਾਰ ਚਲਾਉਣ ਦੀ ਕੋਸ਼ਿਸ਼ ਕਰਦਾ ਰਿਹਾ, ਹਾਲਾਂਕਿ ਉਸ ਉੱਤੇ ਗੰਭੀਰ ਭ੍ਰਿਸ਼ਟਾਚਾਰ ਦੇ ਦੋਸ਼ ਸਨ। ਭਾਜਪਾ ਦਾ ਕਹਿਣਾ ਹੈ ਕਿ ਜਿਹੜੇ ਲੋਕ ਇਸ ਬਿੱਲ ਲਈ ਹਾਮੀ ਭਰਦੇ ਹਨ, ਉਹ ਸੱਚੇ ਦੇਸ਼ ਭਗਤ ਹਨ ਅਤੇ ਰਾਸ਼ਟਰਵਾਦੀ ਹਨ। ਜੋ ਨਾਂਹ ਕਹਿੰਦੇ ਹਨ, ਉਹ ਰਾਸ਼ਟਰ ਵਿਰੋਧੀ ਯਾਨਿ ਸ਼ਹਿਰੀ ਨਕਸਲੀ ਜਾਂ ਪਾਕਿਸਤਾਨੀ ਏਜੰਟ ਹਨ ।

ਨਰੇਂਦਰ ਮੋਦੀ ਪ੍ਰਧਾਨ ਮੰਤਰੀ ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਇਸ ਸੰਘਰਸ਼ ਦੀ ਸ਼ੁਰੂਆਤ ਕਰ ਦਿੱਤੀ ਹੈ ਅਤੇ ਇਸ ਨੂੰ ਪੂਰੇ ਜੋਸ਼ ਨਾਲ ਪ੍ਰਚਾਰਨਾ ਸ਼ੁਰੂ ਕਰ ਦਿੱਤਾ ਹੈ। ਪਾਰਲੀਮੈਂਟਰੀ ਸਾਂਝੀ ਕਮੇਟੀ ਇਸ ਮੁੱਦੇ ਨੂੰ ਇੱਕ ਰਾਸ਼ਟਰ ਇੱਕ ਚੋਣ ਉਤੇ ਬਣੀ ਕਮੇਟੀ ਵਾਂਗ ਬਿਹਾਰ (2025) ਅਤੇ ਅਸਾਮ, ਕੇਰਲ, ਤਾਮਿਲਨਾਡੂ ਅਤੇ ਪੱਛਮੀ ਬੰਗਾਲ (2026) 'ਚ ਸੂਬਿਆਂ ਦੀਆਂ ਵਿਧਾਨ ਸਭਾ ਚੋਣਾਂ ਤੱਕ ਜਿਊਂਦਿਆਂ ਰੱਖ ਸਕਦੀ ਹੈ । ਇਸ ਦਾ ਹਾਕਮ ਧਿਰ ਨੂੰ ਫ਼ਾਇਦਾ ਹੋਏਗਾ?

ਅੰਗਰੇਜ਼ੀ ਦੇ ਪ੍ਰਸਿੱਧ ਅਖ਼ਬਾਰ 'ਇੰਡੀਅਨ ਐਕਸਪ੍ਰੈੱਸ' ਨੇ 22 ਅਗਸਤ ਨੂੰ ਇੱਕ ਰਿਪੋਰਟ ਛਾਪੀ ਹੈ । ਅਖ਼ਬਾਰ ਨੇ ਲਿਖਿਆ ਹੈ ਕਿ 2014 ਤੋਂ ਹੁਣ ਤੱਕ 12 ਵਿਰੋਧੀ ਦਲ ਦੇ ਮੰਤਰੀਆਂ ਨੂੰ ਬਿਨਾਂ ਜ਼ਮਾਨਤ ਦੇ ਹਿਰਾਸਤ ਵਿੱਚ ਰੱਖਿਆ ਗਿਆ ਅਤੇ ਕਈਆਂ ਨੂੰ ਤਾਂ ਮਹੀਨਿਆਂ ਤੱਕ ਜੇਲ੍ਹ 'ਚ ਤੁੜਿਆ ਗਿਆ । ਇੱਕ ਹੋਰ ਰਿਪੋਰਟ ਇਹ ਵੀ ਦੱਸਦੀ ਹੈ ਕਿ 2014 ਤੋਂ ਬਾਅਦ ਤੋਂ ਹੁਣ ਤੱਕ ਗੰਭੀਰ ਦੋਸ਼ਾਂ ਦਾ ਸਾਹਮਣਾ ਕਰ ਰਹੇ 25 ਨੇਤਾ, ਜੋ ਵੱਖੋ-ਵੱਖਰੀਆਂ ਪਾਰਟੀਆਂ ਨਾਲ ਸੰਬੰਧਤ ਸਨ, ਭਾਜਪਾ ਵਿੱਚ ਸ਼ਾਮਲ ਹੋਏ ਅਤੇ ਉਹਨਾਂ ਵਿੱਚੋਂ 23 ਨੂੰ ਦੋਸਾਂ ਤੋਂ ਵੀ ਮੁਕਤ ਕਰ ਦਿੱਤਾ ਗਿਆ । ਉਪਰੋਂ ਸੱਚਾਈ ਇਹ ਵੀ ਹੈ ਕਿ 2014 ਤੋਂ ਬਾਅਦ ਤੋਂ ਹੁਣ ਤੱਕ ਕਿਸੇ ਵੀ ਕੇਂਦਰ ਜਾਂ ਕਿਸੇ ਸੂਬੇ ਦੇ ਕਿਸੇ ਭਾਜਪਾ ਮੰਤਰੀ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਗਿਆ ।

ਐਸੋਸੀਏਸ਼ਨ ਡੈਮੋਕਰੇਟਿਕ ਰਿਫਾਰਮਜ਼ (ਏ ਡੀ ਆਰ) ਦੀ ਰਿਪੋਰਟ ਅਨੁਸਾਰ ਦੇਸ਼ ਭਰ ਵਿੱਚ 302 ਮੰਤਰੀ (ਲਗਭਗ 47 ਫੀਸਦੀ) ਆਪਣੇ ਵੱਲੋਂ ਦਿੱਤੇ ਹਲਫ਼ਨਾਮਿਆਂ ਵਿੱਚ ਆਪਣੇ ਆਪ ਉਤੇ ਅਪਰਾਧਿਕ ਕੇਸ ਹੋਣ ਦੀ ਗੱਲ ਮੰਨ ਚੁੱਕੇ ਹਨ । ਇਹਨਾਂ ਵਿਚੋਂ 174 ਮੰਤਰੀ ਇਹੋ ਜਿਹੇ ਹਨ, ਜਿਹਨਾ ਉਤੇ ਹੱਤਿਆ , ਬਲਾਤਕਾਰ ਅਤੇ ਅਗਵਾ ਜਿਹੇ ਗੰਭੀਰ ਦੋਸ਼ ਹਨ । ਕੇਂਦਰ ਸਰਕਾਰ ਦੇ 72 ਮੰਤਰੀਆਂ ਵਿਚੋਂ 29 (40 ਫੀਸਦੀ) ਨੇ ਅਪਰਾਧਿਕ ਕੇਸ ਹੋਣ ਦੀ ਗੱਲ ਮੰਨੀ ਹੈ । ਏ ਡੀ ਆਰ ਨੇ 27 ਰਾਜਾਂ 3 ਕੇਂਦਰ ਸ਼ਾਸ਼ਤ ਪ੍ਰਦੇਸ਼ ਅਤੇ ਕੇਂਦਰ ਸਰਕਾਰ ਦੇ ਕੁੱਲ 643 ਮੰਤਰੀਆਂ ਦੇ ਹਲਫੀਆ ਬਿਆਨਾਂ ਦਾ ਵਿਸ਼ਲੇਸ਼ਣ ਕੀਤਾ ਹੈ । ਇਹ ਰਿਪੋਰਟ 2020 ਤੋਂ 2025 ਦੇ ਦੌਰਾਨ ਹੋਈਆਂ ਚੋਣਾਂ ਦੇ ਦੌਰਾਨ ਦਾਖ਼ਲ ਕੀਤੇ ਗਏ ਹਲਫਨਾਮਿਆਂ ਤੋਂ ਹਾਸਲ ਕੀਤੀ ਹੈ ।

ਰਿਪੋਰਟ ਦੱਸਦੀ ਹੈ ਕਿ ਭਾਜਪਾ ਦੇ 336 ਮੰਤਰੀਆਂ ਵਿਚੋਂ 136 ਉਤੇ ਅਪਰਾਧਿਕ ਕੇਸ ਹਨ, ਜਿਹਨਾਂ ਵਿਚੋਂ 88 'ਤੇ ਗੰਭੀਰ (ਬਲਾਤਕਾਰ ਅਤੇ ਅਗਵਾ ਜਿਹੇ) ਦੋਸ਼ ਹਨ। ਕਾਂਗਰਸ ਦੇ 61 ਵਿਚੋਂ 45 'ਤੇ ਕੇਸ ਹਨ ਅਤੇ 18 ਤੇ ਗੰਭੀਰ ਦੋਸ਼ ਹਨ । ਡੀ ਐੱਮ ਕੇ ਦੇ 31 ਵਿਚੋਂ 27 ਮੰਤਰੀ ਮੁਲਜ਼ਮ ਹਨ, ਜਿਸ ਦੇ 14 ਮੰਤਰੀਆਂ 'ਤੇ ਗੰਭੀਰ ਦੋਸ਼ ਹਨ । ਟੀ ਐੱਮ ਸੀ ਦੇ 40 ਵਿੱਚੋਂ 13 'ਤੇ ਕੇਸ ਹਨ ਤੇ 8 'ਤੇ ਗੰਭੀਰ ਕੇਸ ਹਨ । ਤੇਲਗੂ ਦੇਸ਼ਮ ਪਾਰਟੀ ਦੇ 23 ਵਿਚੋਂ 22 'ਤੇ ਦੋਸ਼ ਹਨ, ਜਿਹਨਾਂ ਵਿਚੋਂ 22 ਮੰਤਰੀ ਗੰਭੀਰ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ । ਆਮ ਆਦਮੀ ਪਾਰਟੀ ਦੇ 16 ਵਿਚੋਂ 11 ਮੰਤਰੀ ਮੁਲਜ਼ਮ ਹਨ, ਜਿਹਨਾ ਵਿਚੋਂ 5 'ਤੇ ਗੰਭੀਰ ਦੋਸ਼ ਹਨ। ਹੁਣ ਜਦੋਂ ਕੇਂਦਰ ਸਰਕਾਰ 130 ਵੀਂ ਸੋਧ ਲਿਆ ਰਹੀ ਹੈ ਤਾਂ ਕੀ ਉਹ ਇਹਨਾਂ ਮੰਤਰੀਆਂ ਜਾਂ ਮੁੱਖ ਮੰਤਰੀਆਂ ਖਿਲਾਫ਼ ਕਾਰਵਾਈ ਕਰੇਗੀ? ਉਹਨਾਂ ਨੂੰ ਜੇਲ੍ਹ ਭੇਜੇਗੀ ਆਪਣਿਆਂ ਸਮੇਤ ।

ਦੇਸ਼ ਵਿੱਚ ਭਾਜਪਾ ਦਾ ਗ੍ਰਾਫ਼ ਪਿਛਲੀਆਂ ਲੋਕ ਸਭਾ ਚੋਣਾਂ ਤੋਂ ਬਾਅਦ ਲਗਾਤਾਰ ਘਟ ਰਿਹਾ ਹੈ । ਦੇਸ਼ ਭਰ 'ਚ ਕਿਸਾਨ, ਖੇਤ ਮਜ਼ਦੂਰ, ਬੇਰੁਜ਼ਗਾਰ, ਇੱਕਮੁੱਠ ਹੋ ਕੇ ਉਸ ਵਿਰੁੱਧ ਮੁਹਿੰਮ ਚਲਾ ਰਹੇ ਹਨ । ਹਾਕਮ ਦੀਆਂ ਨਿੱਜੀਕਰਨ ਨੀਤੀਆਂ ਨੂੰ ਭੰਡ ਰਹੇ ਹਨ। ਲੋਕ ਹਿਤੈਸ਼ੀ ਯੋਜਨਾਵਾਂ ਨੂੰ ਗੁੱਠੇ ਲਗਾਇਆ ਜਾ ਰਿਹਾ ਹੈ ਤਾਂ ਲੋਕਾਂ 'ਚ ਗੁੱਸਾ ਹੈ । ਹਾਕਮ ਇਸ ਗੁੱਸੇ ਨੂੰ ਭਾਂਪ ਰਿਹਾ ਹੈ ਅਤੇ ਹਰ ਹੀਲਾ ਵਰਤ ਕੇ ਦੇਸ਼ ਦੀ ਗੱਦੀ ਹੱਥੋਂ ਨਹੀਂ ਜਾਣ ਦੇਣਾ ਚਾਹੁੰਦਾ ।

ਦੇਸ਼ ਵਿੱਚ 21 ਰਾਜਾਂ 'ਚ ਭਾਜਪਾ ਤੇ ਉਸ ਦੇ ਹਮਾਇਤੀ ਕਾਬਜ਼ ਹਨ ਅਤੇ ਕਾਂਗਰਸ ਸਿਰਫ਼ ਤਿੰਨਾਂ ਸੂਬਿਆਂ ਝਾਰਖੰਡ, ਕਰਨਾਟਕ ਅਤੇ ਹਿਮਾਚਲ 'ਚ ਕਾਬਜ਼ ਹੈ ਅਤੇ ਜੰਮੂ-ਕਸ਼ਮੀਰ 'ਚ ਉਮਰ ਅਬਦੁੱਲਾ, ਪੱਛਮੀ ਬੰਗਾਲ 'ਚ ਮਮਤਾ ਬੈਨਰਜੀ ਅਤੇ ਪੰਜਾਬ 'ਚ ਆਮ ਆਦਮੀ ਪਾਰਟੀ ਦਾ ਸਾਸ਼ਨ ਹੈ, ਪਰ ਭਾਜਪਾ ਉਪਰ-ਥੱਲੇ ਸਾਰੇ ਸੂਬਿਆਂ 'ਚ ਆਪ ਸ਼ਾਸਨ ਚਾਹੁੰਦੀ ਹੈ ਅਤੇ ਦੇਸ਼ 'ਚ ਹਿੰਦੀ, ਹਿੰਦੂ, ਹਿੰਦੋਸਤਾਨ ਦਾ ਅਜੰਡਾ ਲਾਗੂ ਕਰਨ ਲਈ ਯਤਨਸ਼ੀਲ ਹੈ। ਇਸੇ ਕਰਕੇ 'ਇੱਕ ਦੇਸ਼ ਇੱਕ ਚੋਣ' ਦਾ ਨਾਹਰਾ ਉਸ ਵੱਲੋਂ ਲਗਾਇਆ ਜਾ ਰਿਹਾ ਹੈ ਅਤੇ ਇਸੇ ਕਰਕੇ ਪੂਰੇ ਦੇਸ਼ ਵਿੱਚੋਂ ਵਿਰੋਧੀ ਧਿਰ ਦਾ ਨਾਮੋ-ਨਿਸ਼ਾਨ ਮਿਟਾਉਣ ਦਾ ਉਸ ਨੇ ਟੀਚਾ ਮਿਥਿਆ ਹੈ । ਇਸੇ ਕਰਕੇ ਸੰਵਿਧਾਨਿਕ ਸੋਧਾਂ ਨਾਲ ਸੰਵਿਧਾਨ ਬਦਲ ਕੇ ਸਮੁੱਚੀ ਤਾਕਤ ਆਪਣੇ ਹੱਥ ਕਰਨਾ ਉਪਰਲੇ ਹਾਕਮਾਂ ਦਾ ਵੱਡਾ ਸੁਪਨਾ ਹੈ।

ਕੇਂਦਰ ਸਰਕਾਰ ਵੱਲੋਂ ਆਪਣੇ 11 ਸਾਲ ਦੇ ਕਾਰਜਕਾਲ 'ਚ ਸਾਰੇ ਕਾਨੂੰਨਾਂ, ਜਿਹਨਾਂ 'ਚ ਤਿੰਨ ਫੌਜਦਾਰੀ ਕਾਨੂੰਨ, ਚਾਰ ਕਿਰਤ ਕੋਡ, ਯੂ ਏ ਪੀ ਏ ਅਫਸਪਾ, ਪਬਲਿਕ ਸਕਿਉਰਿਟੀ ਐਕਟ ਅਤੇ ਅਜਿਹੇ ਹੋਰ ਕਾਨੂੰਨਾਂ ਨੂੰ ਹਥਿਆਰ ਦੀ ਤਰ੍ਹਾਂ ਵਰਤਿਆ ਗਿਆ ਹੈ, ਇਥੋਂ ਤੱਕ ਕਿ ਜੀ.ਐੱਸ.ਟੀ. ਘਟਾ ਕੇ ਉਸ ਦੀਆਂ ਦਰਾਂ ਦੋ ਹੀ ਰਹਿਣ ਦਿੱਤੀਆਂ ਗਈਆਂ ਹਨ, ਤਾਂ ਕਿ ਲੋਕਾਂ ਨੂੰ ਖੁਸ਼ ਕੀਤਾ ਜਾ ਸਕੇ ਤੇ ਵੋਟਾਂ ਪ੍ਰਾਪਤ ਕੀਤੀਆਂ ਜਾ ਸਕਣ ।

ਦੇਸ਼ ਦੀ ਸੁਪਰੀਮ ਕੋਰਟ ਦੇ ਮਾਣਯੋਗ ਜੱਜ ਕ੍ਰਿਸ਼ਨ ਆਇਰ ਦੇ ਇਸ ਕਥਨ ਦੇ ਬਾਵਜੂਦ ਕਿ ਜ਼ਮਾਨਤ ਨਿਯਮ ਹੈ, ਜੇਲ੍ਹ ਬੁਰਾਈ ਹੈ, ਹੇਠਲੀਆਂ ਅਦਾਲਤਾਂ ਜ਼ਮਾਨਤ ਦੇਣ ਤੋਂ ਅਕਸਰ ਪਰਹੇਜ਼ ਕਰਦੀਆਂ ਹਨ। ਹਾਈ ਕੋਰਟਾਂ 'ਚ ਪਹਿਲੀ ਸੁਣਵਾਈ 'ਚ ਜ਼ਮਾਨਤ ਨਹੀਂ ਮਿਲਦੀ ਅਤੇ ਸਰਕਾਰ ਨੂੰ ਕਿਸੇ ਨਾ ਕਿਸੇ ਬਹਾਨੇ ਇਸ ਮਾਮਲੇ ਨੂੰ ਖਿਚਣ ਦਾ ਮੌਕਾ ਮਿਲ ਜਾਂਦਾ ਹੈ, ਇਹੋ ਜਿਹੇ ਹਾਲਤਾਂ 'ਚ 60 ਤੋਂ 90 ਦਿਨਾਂ ਬਾਅਦ ਜ਼ਮਾਨਤ ਮਿਲਦੀ ਹੈ। ਸਿੱਟਾ ਇਹ ਨਿਕਲਦਾ ਹੈ ਕਿ ਕਿਸੇ ਵੀ ਕੇਸ 'ਚ ਫਸੇ ਵਿਅਕਤੀ ਲਈ ਸੁਪਰੀਮ ਕੋਰਟ ਹੀ ਸਹਾਰਾ ਬਣਦੀ ਹੈ ਅਤੇ ਜ਼ਮਾਨਤ ਦਿੰਦੀ ਹੈ। ਇਸੇ ਕਰਕੇ ਵੱਡੀ ਗਿਣਤੀ 'ਚ ਕੇਸ ਉਥੇ ਹੀ ਜਾਂਦੇ ਹਨ।

ਸੁਪਰੀਮ ਕੋਰਟ ਤੱਕ ਜਦੋਂ ਤੱਕ ਮੰਤਰੀ, ਮੁੱਖ ਮੰਤਰੀ ਆਪਣੀਆਂ ਅਪੀਲਾਂ, ਦਲੀਲਾਂ ਲੈ ਕੇ ਪੁੱਜਣਗੇ, ਉਦੋਂ ਤੱਕ ਸੰਵਿਧਾਨ ਦੀ 130 ਵੀਂ ਸੋਧ ਅਧੀਨ ਹਾਕਮ ਆਪਣੇ ਵਿਰੋਧੀਆਂ ਨੂੰ ਬਦਨਾਮ ਵੀ ਕਰ ਚੁੱਕੇ ਹੋਣਗੇ ਅਤੇ ਆਪਣੀ ਹੈਂਕੜ ਵੀ ਪੁਗਾ ਚੁੱਕੇ ਹੋਣਗੇ। ਸੋ ਸਪੱਸ਼ਟ ਹੈ ਕਿ ਇਹ ਬਿੱਲ ਵਿਰੋਧੀਆਂ 'ਚ ਇੱਕ ਵੱਡਾ ਡਰ ਪੈਦਾ ਕਰਨ ਦਾ ਹਥਿਆਰ ਬਣ ਗਿਆ ਹੈ।

'ਇੰਡੀਆ' ਗਠਜੋੜ ਅਤੇ ਤ੍ਰਿਣਮੂਲ ਕਾਂਗਰਸ ਉਤੇ ਇਹ ਹਥਿਆਰ ਵਰਤੇ ਜਾਣ ਦਾ ਡਰ ਹੈ, ਕਿਉਂਕਿ ਹਾਕਮ ਹਿੰਦੋਸਤਾਨ ਨੂੰ ਕਾਂਗਰਸ ਮੁਕਤ ਕਰਨਾ ਚਾਹੁੰਦੇ ਹਨ ਅਤੇ ਤ੍ਰਿਣਮੂਲ ਕਾਂਗਰਸ ਦੀ ਸ਼ਕਤੀਸ਼ਾਲੀ ਮੁੱਖ ਮੰਤਰੀ ਨੂੰ ਹਰ ਹੀਲੇ ਖੂੰਜੇ ਲਾਉਣਾ ਚਾਹੁੰਦੇ ਹਨ। ਇੰਡੀਆ ਗੱਠਜੋੜ ਤੇ ਤ੍ਰਿਣਮੂਲ ਕਾਂਗਰਸ ਅਸਾਨੀ ਨਾਲ ਪਾਰਲੀਮੈਂਟ ਵਿੱਚ ਆਪਣੇ ਮੈਂਬਰਾਂ ਦੀ ਤਾਕਤ ਦਿਖਾ ਕੇ ਇਸ ਬਿੱਲ ਨੂੰ ਪਾਸ ਹੋਣ ਤੋਂ ਰੋਕ ਸਕਦੇ ਹਨ। ਹਾਲਾਂਕਿ ਰਾਜਗ (ਭਾਜਪਾ ਦੇ ਸਹਿਯੋਗੀ) ਸਰਕਾਰ ਨੂੰ ਭਰੋਸਾ ਹੈ ਕਿ ਉਹ ਬਿੱਲ ਨੂੰ ਪਾਸ ਕਰਵਾਉਣ ਲਈ ਕੋਈ ਨਾ ਕੋਈ ਹੱਲ ਕੱਢ ਹੀ ਲੈਣਗੇ।

ਇਹੋ ਜਿਹਾ ਬਿੱਲ, ਕਾਨੂੰਨ ਬਣ ਜਾਣਾ ਰਾਸ਼ਟਰ ਹਿੱਤ ਵਿੱਚ ਨਹੀਂ ਹੈ। ਗੱਦੀ ਹਥਿਆਉਣ ਲਈ ਕਾਨੂੰਨਾਂ ਨੂੰ ਹਥਿਆਰ ਵਜੋਂ ਵਰਤਣਾ ਲੋਕਤੰਤਰ ਦੀਆਂ ਜੜ੍ਹਾਂ 'ਚ ਤੇਲ ਦੇਣ ਸਮਾਨ ਹੈ ਅਤੇ ਡਿਕਟੇਟਰਾਨਾ ਰੁਚੀਆਂ ਨੂੰ ਅੱਗੇ ਵਧਾਉਣ ਦੇ ਤੁਲ ਹੈ। ਜੇਕਰ ਇਹ ਬਿੱਲ ਪਾਸ ਹੋ ਜਾਂਦਾ ਹੈ ਤਾਂ ਭਾਰਤ ਵੀ ਬੇਲਾਰੂਸ, ਬੰਗਲਾਦੇਸ਼, ਕੰਬੋਡੀਆ, ਕੈਮਰੂਨ, ਕਾਂਗੋ (ਡੀ ਆਰ ਸੀ), ਮਿਆਂਮਾਰ, ਨਿਕਾਰਾਗੁਆ, ਪਾਕਿਸਤਾਨ, ਰੂਸ, ਰਿਵਾਂਡਾ, ਯੂਗਾਂਡਾ, ਵੈਨਜ਼ੁਏਲਾ, ਜਾਂਬੀਆ ਅਤੇ ਜ਼ਿੰਬਾਬਵੇ ਦੀ ਕਤਾਰ ਵਿੱਚ ਹੋ ਜਾਏਗਾ, ਜੋ ਆਮ ਤੌਰ 'ਤੇ ਵਿਰੋਧੀ ਨੇਤਾਵਾਂ ਨੂੰ ਜੇਲ੍ਹ ਵਿੱਚ ਸੁੱਟ ਦਿੰਦੇ ਹਨ।

**# ਸੰਪਰਕ : 87158-02070**

# ਪੰਜਾਬ 'ਤੇ ਹੜ੍ਹਾਂ ਦੀ ਮਾਰ

ਗੁਰਬਾਜ ਸਿੰਘ

ਪੰਜਾਬ ਵਿੱਚ ਜ਼ੋਰਦਾਰ ਹੜ੍ਹਾਂ ਦਾ ਕਹਿਰ ਸਾਲ 1988 ਵਿੱਚ ਹੋਇਆ ਸੀ । ਉਸ ਤੋਂ ਬਾਅਦ ਸਾਲ 2023 ਹੜ੍ਹ ਆਏ, ਪਰ ਨੁਕਸਾਨ ਜ਼ਿਆਦਾ ਨਹੀਂ ਹੋਏ ਸਨ, ਪਰ ਇਸ ਵਾਰ ਸਾਲ 2025 ਨੂੰ ਸਭ ਤੋਂ ਵੱਧ ਹੜ੍ਹਾਂ ਦੀ ਮਾਰ ਵਾਲਾ ਸਾਲ ਯਾਦ ਰੱਖਿਆ ਜਾਵੇਗਾ । ਪੰਜਾਬ ਵਿੱਚ ਆਏ ਹੜ੍ਹਾਂ ਨੇ ਬਹੁਤ ਵੱਡੀ ਮਾਤਰਾ ਵਿੱਚ ਆਪਣੇ ਪਾਣੀ ਨਾਲ ਫਸਲਾਂ ਨੂੰ ਰੋੜ੍ਹ ਕੇ ਨਾਲ ਲਿਜਾਇਆ ਹੈ, ਕੀ ਬੰਦੇ, ਪਸ਼ੂ, ਲੋਕਾਂ ਦੇ ਜੀਵਨ ਦਾ ਨਿੱਤ ਵਰਤੋਂ ਦਾ ਸਮਾਨ ਸੋਫੇ, ਬਿਸਤਰੇ, ਫਸਲਾਂ, ਤੂੜੀ, ਚਾਰਾ ਆਦਿ ਪੂਰੀ ਤਰਾਂ ਨਸ਼ਟ ਹੋ ਗਿਆ ਹੈ । ਹਜ਼ਾਰਾਂ ਏਕੜ ਵਿੱਚ ਪਾਣੀ ਦੇ ਨਾਲ ਆਏ ਮਿੱਟੀ, ਗਾਰ ਲੋਕਾਂ ਦੇ ਘਰਾਂ ਵਿੱਚ ਫੈਲ ਗਈ ਹੈ। ਹੜ੍ਹਾਂ ਦੇ ਪਾਣੀ ਨਾਲ ਆਈ ਰੇਤ ਤੇ ਗਾਰ ਨੇ ਫਸਲਾਂ ਨੂੰ ਤੇ ਘਰਾਂ ਨੂੰ ਪੂਰੀ ਤਰਾਂ ਤਬਾਹ ਕਰ ਦਿੱਤਾ ਹੈ ਤੇ ਉਪਜਾਊ ਖੇਤਾਂ ਵਿੱਚ ਪੱਕੀ ਤਰਾਂ ਏਹ ਵਹਿ ਕੇ ਆਈ ਰੇਤ ਪੂਰੀ ਤਰਾਂ ਵਿਛ ਚੁੱਕੀ ਹੈ । ਤਰਨ ਤਾਰਨ ਜਿਲੇ ਦੇ ਕਾਫੀ ਪਿੰਡ ਹੜ੍ਹਾਂ ਨਾਲ ਪ੍ਰਭਾਵਤ ਹੋਏ ਹਨ। ਹਿਮਾਚਲ ਦੇ ਨਾਲ ਪੰਜਾਬ ਦੇ ਫਿਰੋਜ਼ਪੁਰ, ਹੁਸ਼ਿਆਰਪੁਰ, ਜਲੰਧਰ, ਤਰਨ ਤਾਰਨ ਤੇ ਅੰਮ੍ਰਿਤਸਰ ਆਦਿ ਜ਼ਿਲ੍ਹੇ ਹੜ੍ਹਾਂ ਤੋਂ ਕਾਫੀ ਪ੍ਰਭਾਵਤ ਹੋਏ ਹਨ, ਕੁੱਲ ਮਿਲਾ ਕੇ ਅੰਦਾਜਨ ਕੋਈ ਬਾਰਾਂ ਜਿਲੇ ਹੜ੍ਹਾਂ ਤੋ ਪ੍ਰਭਾਵਿਤ ਹੋਏ । ਤਰਨ ਤਾਰਨ ਦੇ ਪਿੰਡ ਭੈਲ ਢਾਏ ਵਾਲਾ, ਸਭਰਾ, ਗੋਇੰਦਵਾਲ ਸਾਹਿਬ, ਖਡੂਰ ਸਾਹਿਬ, ਮੁੰਡਾ ਪਿੰਡ, ਹਰੀਕੇ ਆਦਿ ਤੇ ਇਸ ਦੇ ਨਾਲ ਲੱਗਦੇ ਅੰਮ੍ਰਿਤਸਰ ਦੇ ਅਜਨਾਲਾ ਤੇ ਡੇਰਾ ਬਾਬਾ ਨਾਨਕ ਦੇ ਨਾਲ ਲੱਗਦੇ ਕਈ ਪਿੰਡਾਂ ਵਿੱਚ ਤਾਂ ਸੱਤ ਤੋਂ ਨੌਂ ਫੁੱਟ ਤੱਕ ਪਾਣੀ ਦੀ ਮਾਰ ਨੇ ਲੋਕਾਂ ਦਾ ਜੀਵਨ ਵੱਡੀ ਪੱਧਰ 'ਤੇ ਪ੍ਰਭਾਵਿਤ ਕੀਤਾ ਹੈ। ਕਈਆਂ ਦੀਆਂ ਮਿਹਨਤਾਂ ਨਾਲ ਕੀਤੀਆਂ ਕਮਾਈਆਂ ਨਾਲ ਬਣਾਈਆਂ ਕੋਠੀਆਂ ਤੇ ਘਰਾਂ ਨੂੰ ਪੂਰੀ ਤਰਾਂ ਪਾਣੀ ਦੀ ਮਾਰ ਨੇ ਤਬਾਹ ਕਰ ਦਿੱਤਾ ਹੈ। ਕਈ ਪੱਕੇ ਘਰਾਂ ਦੀਆਂ ਛੱਤਾਂ ਤੱਕ ਡਿੱਗ ਪਈਆਂ ਹਨ ਤੇ ਕਈਆਂ ਦਿਆਂ ਘਰਾਂ ਵਿੱਚ ਕੰਧਾਂ ਵਿੱਚ ਤਰੇੜਾਂ ਪੈ ਗਈਆਂ ਹਨ, ਜੋ ਲੱਗਦਾ ਛੇਤੀ ਨਹੀਂ ਭਰਨਗੀਆਂ । ਹੜ੍ਹਾਂ ਦੀ ਮਾਰ ਨਾਲ ਪੰਜਾਬ ਵਿੱਚ ਲਗਭਗ ਚਾਲੀ ਤੋਂ ਉਪਰ ਲੋਕਾਂ ਦੀਆਂ ਜਾਨਾਂ ਵੀ ਜਾ ਚੁੱਕੀਆਂ ਹਨ । 'ਕੱਲੇ ਚੜ੍ਹਦੇ ਪੰਜਾਬ ਨੂੰ ਹੀ ਹੜ੍ਹਾਂ ਦੀ ਮਾਰ ਨਹੀਂ ਝੱਲਣੀ ਪਈ, ਬਲਕਿ ਲਹਿੰਦੇ ਪੰਜਾਬ ਨੂੰ ਵੀ ਰਾਵੀ ਦੀ ਮਾਰ ਤੇ ਹੜ੍ਹਾਂ ਦਾ ਪਾਣੀ ਲਹਿੰਦੇ ਪੰਜਾਬ ਨੂੰ ਜਾਣ ਕਰਕੇ ਚੜ੍ਹਦੇ ਪੰਜਾਬ ਵਾਲੇ ਹੀ ਹਾਲਾਤ ਲਹਿੰਦੇ ਪੰਜਾਬ ਵਿੱਚ ਬਣੇ ਹਨ । ਹੜ੍ਹਾਂ ਦੇ ਦੌਰਾਨ ਜੋ ਨੁਕਸਾਨ ਹੋਏ ਹਨ, ਉਨ੍ਹਾਂ ਤੋ ਉੱਪਰ ਉੱਠਣ ਤੇ ਦੁਬਾਰਾ ਪੈਰਾਂ ਸਿਰ ਹੋਣ ਲਈ ਲੋਕਾਂ ਨੂੰ ਕਾਫੀ ਸਮੇਂ ਤੱਕ ਸੰਘਰਸ਼ ਕਰਨਾ ਪਵੇਗਾ, ਜੋ ਕਿ ਅਜੇ ਸਮਾਂ ਆਉਣ ਵਾਲਾ ਹੈ।

ਕਾਫੀ ਗੱਲਾਂ ਵਿਚਾਰਨ ਵਾਲੀਆਂ ਹਨ, ਜਿਨ੍ਹਾਂ ਦਾ ਧਿਆਨ ਰੱਖਣ ਵਾਲਾ ਤੇ ਰੱਖਿਆ ਜਾਣਾ ਚਾਹੀਦਾ ਹੈ। ਜਦੋਂ ਸਾਨੂੰ ਪਤਾ ਹੈ ਕਿ ਇਹ ਹਰ ਸਾਲ ਵੀ ਆਉਣਾ ਹੈ ਤੇ ਬਰਸਾਤ ਦਾ ਮੌਸਮ ਵੀ । ਸਰਕਾਰ ਨੂੰ ਚਾਹੀਦਾ ਹੈ ਕਿ ਦਰਿਆਵਾਂ ਦੇ ਬੰਨ੍ਹ ਪੱਕੇ ਕਰਨੇ ਚਾਹੀਦੇ ਹਨ, ਨਾਜ਼ਕ ਤੇ ਖਤਰੇ ਵਾਲੇ ਏਰੀਏ ਦਾ ਜ਼ਿਆਦਾ ਧਿਆਨ ਦੇਣਾ ਚਾਹੀਦਾ ਹੈ, ਲੋਕਾਂ ਨੂੰ ਸੇਫ ਥਾਵਾਂ 'ਤੇ ਭੇਜਣਾ ਚਾਹੀਦਾ ਹੈ, ਪਹਿਲਾ ਤੋਂ ਹੀ ਰਿਲੀਫ ਸੈਂਟਰਾਂ ਦਾ ਪ੍ਰਬੰਧਨ ਕਰਨਾ ਚਾਹੀਦਾ ਹੈ, ਵੱਧ ਤੋਂ ਵੱਧ ਕਿਸ਼ਤੀਆਂ, ਬੋਟਾਂ, ਲਾਇਫ ਜੈਕਟਾਂ ਦਾ ਪ੍ਰਬੰਧ ਰੱਖਣਾ ਚਾਹੀਦਾ ਹੈ, ਲੋਕਾਂ ਨੂੰ ਆਉਣ ਵਾਲੇ ਖਤਰੇ ਤੋਂ ਜਾਗਰੂਕ ਕਰਨ ਲਈ ਸੈਮੀਨਾਰ, ਟਰੇਨਿੰਗ ਤੇ ਪ੍ਰਭਾਵਸ਼ਾਲੀ ਜਾਣਕਾਰੀਆਂ ਦਾ ਸੰਚਾਰ ਕਰਨਾ ਚਾਹੀਦਾ ਹੈ । ਮੌਕੇ 'ਤੇ ਐਮਰਜੈਂਸੀ ਦੇ ਸਮੇਂ ਦੌਰਾਨ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਪ੍ਰਭਾਵਸ਼ਾਲੀ ਕੰਮ ਜ਼ਰੂਰ ਕਰਦਾ ਹੈ, ਜਿਸ ਨਾਲ ਲੋਕਾਂ ਨੂੰ ਕਾਫੀ ਹੱਦ ਤੱਕ ਸੁੱਖ-ਸਹੂਲਤ ਮਿਲਣ ਵਿੱਚ ਫਿਰ ਵੀ ਕਮੀ ਰਹਿ ਜਾਂਦੀ ਹੈ।

ਹੜ੍ਹਾਂ ਤੋਂ ਪ੍ਰਭਾਵਤ ਜਿਲ੍ਹਿਆਂ, ਪਿੰਡਾਂ ਵਿੱਚ ਸਰਕਾਰ ਦੇ ਨੁਮਾਇੰਦਿਆਂ-ਨੇਤਾਵਾਂ, ਕਲਾਕਾਰਾਂ, ਸਮਾਜ ਸੇਵੀ ਤੇ ਧਾਰਮਿਕ ਜਥੇਬੰਦੀਆਂ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਾਫੀ ਹੱਦ ਤੱਕ ਮੱਦਦ ਕੀਤੀ ਗਈ, ਜੋ ਕਿ ਜੋ ਕਿ ਪੰਜਾਬ ਲਈ ਸੁੱਖ ਤੇ ਖੁਸ਼ੀ ਦਾ ਸੁਨੇਹਾ ਹੈ। ਪਾਣੀ ਦਾ ਪੱਧਰ ਜ਼ਿਆਦਾ ਹੋਣ 'ਤੇ ਘਰਾਂ ਵਿੱਚੋਂ ਸਮਾਨ ਚੋਰੀ ਹੋਣ ਦੀਆਂ ਘਟਨਾਵਾਂ ਨੇ ਵੀ ਮਨੁੱਖੀ ਮਨ ਦੇ ਮਾੜੇ ਪੱਖ ਨੂੰ ਉਜਾਗਰ ਕੀਤਾ, ਜੋ ਕਿ ਸ਼ਰਮਨਾਕ ਹੈ। ਕਈਆਂ ਵੱਲੋਂ ਆਪਣੇ ਘਰਾਂ ਤੇ ਸਮਾਨ-ਗਹਿਣੇ ਦੀ ਰਾਖੀ ਤੇ ਭਾਵਨਾਤਮਕਤਾ ਸਾਂਝ ਜ਼ਰੀਏ ਨਾ ਛੱਡਣ 'ਤੇ ਰੋਣ-ਕੁਰਲਾਉਣ ਨਾਲ ਪੂਰੀ ਮਾਨਵਤਾ ਦਾ ਦਿਲ ਵਲੂੰਧਰਿਆ ਤੇ ਵਿੰਨ੍ਹਿਆ ਗਿਆ।

ਇੱਕ ਗੱਲ ਜ਼ਰੂਰ ਹੈ ਏਨਾ ਨੁਕਸਾਨ ਤੇ ਦੁਖ ਦੇ ਬਾਵਜੂਦ ਚੜ੍ਹਦੀ ਕਲਾ 'ਚ ਰਹਿਣਾ ਪੰਜਾਬ ਜਾਣਦਾ ਹੈ । ਪੰਜਾਬ ਦੀ ਧਰਤੀ ਨੂੰ ਛੇ ਸਿੱਖ ਗੁਰੂਆਂ ਦੀ ਚਰਨ ਛੋਹ ਧਰਤੀ ਹੋਣ ਦਾ ਮਾਣ ਤੇ ਪਵਿੱਤਰਤਾ ਹਾਸਲ ਹੈ। ਇੱਥੋਂ ਦੇ ਲੋਕਾਂ ਦੀ ਤਰਬੀਅਤ ਹੀ ਕੁਝ ਇਸ ਤਰਾਂ ਦੀ ਹੈ ਕਿ ਇਨਾਂ ਨੂੰ ਆਪਣੇ ਇਤਿਹਾਸ 'ਤੇ ਮਾਣ ਹੈ, ਇਨ੍ਹਾਂ ਨੂੰ ਆਪਣੇ 'ਤੇ ਆਉਣ ਵਾਲੀ ਹਰ ਮੁਸ਼ਕਿਲ, ਔਖੀ ਘੜੀ ਵਿੱਚ ਨਾ ਡੋਲਣ ਦੀ ਗੁੜ੍ਹਤੀ ਹੈ । ਇਨ੍ਹਾਂ ਨੂੰ ਮਹਾਨ ਸਿੱਖ ਯੋਧਿਆਂ ਤੇ ਸੂਰਬੀਰਾਂ ਦੀ ਥਾਪਣਾ ਹੈ । ਇਹ ਸਦਾ ਚੜ੍ਹਦੀ ਕਲਾ ਵਿੱਚ ਵਿੱਚ ਰਹਿਣਾ, ਹੱਸਣਾ ਤੇਬਾਣੀ ਉਚਾਰਨਾ ਜਾਣਦੇ ਨੇ । ਪੰਜਾਬ ਦਾ ਹਰ ਇੱਕ ਬਸ਼ਿੰਦਾ, ਹਰ ਇੱਕ ਕਿਸਾਨ ਨਾ ਕਦੇ ਡੋਲਿਆ ਸੀ, ਨਾ ਕਦੇ ਹਾਰਿਆ ਸੀ ਤੇ ਨਾ ਕਦੇ ਖਤਮ ਹੋਵੇਗਾ ਤੇ ਫਿਰ ਤੋਂ ਖੁਸ਼ਹਾਲ ਹੋਵੇਗਾ ਤੇ ਹੱਸੇਗਾ ਗਾਵੇਗਾ, ਕਿਉਂਕਿ ਪੰਜਾਬ ਸਦਾ ਜਿਉਂਦਾ ਗੁਰਾਂ ਦੇ ਨਾਂਅ 'ਤੇ ਹੈ।

**# ਸੰਪਰਕ : 98723-34944**

# ਖੇਤ ਮਜ਼ਦੂਰ ਅਤੇ ਉਨ੍ਹਾਂ ਦੀ ਜਥੇਬੰਦੀ



ਬੀ ਐੱਸ ਨਿਰਮਲ

ਇੱਕ ਅਜਿਹੀ ਜ਼ਿੰਦਗੀ ਦੀ ਕਲਪਨਾ ਕਰੋ, ਜਿੱਥੇ ਤੁਸੀਂ ਖੇਤਾਂ ਵਿੱਚ ਘੰਟਿਆਂਬੱਧੀ ਕੰਮ ਕਰਦੇ ਹੋ, ਪਰ ਤੁਹਾਡੀ ਆਮਦਨ ਕਦੇ ਵੀ ਨਿਸਚਿਤ ਨਹੀਂ ਹੁੰਦੀ। ਤੁਹਾਡੇ ਕੋਲ ਆਪਣੀ ਕਹਿਣ ਲਈ ਕੋਈ ਜ਼ਮੀਨ ਨਹੀਂ, ਕੋਈ ਘਰ ਨਹੀਂ ਅਤੇ ਨਾ ਹੀ ਬਿਹਤਰ ਮਜ਼ਦੂਰੀ ਮੰਗਣ ਦੀ ਸ਼ਕਤੀ ਹੈ। ਆਜ਼ਾਦੀ ਤੋਂ ਬਾਅਦ ਦੇ ਦਹਾਕਿਆਂ ਵਿੱਚ ਭਾਰਤ ਦੇ ਖੇਤ ਮਜ਼ਦੂਰਾਂ ਦੀ ਇਹੀ ਹੋਣੀ ਸੀ। ਉਹ ਅਕਸਰ ਦੇਸ਼ ਦੀ ਪੇਂਡੂ ਆਰਥਿਕਤਾ ਦੇ ਮੁੱਖ ਇੰਜਨ ਸਨ, ਫਿਰ ਵੀ ਉਹਨਾਂ ਕੋਲ ਹੱਕਾਂ ਵਾਸਤੇ ਲੜਨ ਲਈ ਕੋਈ ਰਾਸ਼ਟਰੀ ਆਵਾਜ਼ ਨਹੀਂ ਸੀ।

ਇਹ ਸਤੰਬਰ 1968 ਤੱਕ ਦੀ ਗੱਲ ਹੈ, ਜਦੋਂ ਮੋਗਾ ( ਪੰਜਾਬ) ਵਿੱਚ ਇੱਕ ਇਤਿਹਾਸਿਕ ਕਾਨਫਰੰਸ ਨੇ ਸਭ ਕੁਝ ਬਦਲ ਦਿੱਤਾ। ਇਹ ਭਾਰਤੀ ਖੇਤ ਮਜ਼ਦੂਰ ਯੂਨੀਅਨ (ਬੀ ਕੇ ਐੱਮ ਯੂ) ਦੇ ਜਨਮ ਦੀ ਲੰਮੀ ਅਤੇ ਔਖੀ ਕਹਾਣੀ ਹੈ, ਜੋ ਪਹਿਲੀ ਭਾਰਤੀ ਖੇਤ ਮਜ਼ਦੂਰ ਯੂਨੀਅਨ ਸੀ। ਇਹ ਅਹਿਸਾਸ, ਵਿਦਰੋਹ ਕਹਾਣੀ ਹੈ ਕਿ ਦੇਸ਼ ਨੂੰ ਖਵਾਉਣ ਵਾਲੇ ਲੋਕ ਮੇਜ਼ 'ਤੇ ਆਪਣੀ ਸੀਟ ਦੇ ਹੱਕਦਾਰ ਸਨ।

ਲੰਮੇ ਸਮੇਂ ਤੱਕ ਬੇਜ਼ਮੀਨੇ ਖੇਤੀ ਕਾਮਿਆਂ ਦੀ ਦੁਰਦਸ਼ਾ ਸਾਰੇ ਕਿਸਾਨਾਂ ਦੀਆਂ ਸਮੱਸਿਆਵਾਂ ਨਾਲ ਜੁੜੀ ਹੋਈ ਸੀ। ਪੇਂਡੂ ਅਧਿਕਾਰਾਂ ਲਈ ਲੜਨ ਵਾਲੀ ਮੁੱਖ ਜਥੇਬੰਦੀ ਆਲ ਇੰਡੀਆ ਕਿਸਾਨ ਸਭਾ (ਏ ਆਈ ਕੇ ਐੱਸ) ਸੀ, ਜੋ ਆਜ਼ਾਦੀ ਤੋਂ ਪਹਿਲਾਂ 1936 ਵਿੱਚ ਬਣਾਈ ਗਈ ਸੀ । ਏ ਆਈ ਕੇ ਐੱਸ ਨੇ ਜਗੀਰੂ ਜ਼ਿਮੀਦਾਰਾਂ ਅਤੇ ਬ੍ਰਿਟਿਸ਼ ਰਾਜ ਦੇ ਵਿਰੁੱਧ ਸ਼ਕਤੀਸ਼ਾਲੀ ਅੰਦੋਲਨ ਦੀ ਅਗਵਾਈ ਕੀਤੀ ਅਤੇ ਬੇਜ਼ਮੀਨੇ ਮਜ਼ਦੂਰ ਅਕਸਰ ਇਹਨਾਂ ਸੰਘਰਸ਼ਾਂ ਵਿੱਚ ਸਭ ਤੋਂ ਵੱਧ ਜੋਸ਼ੀਲੇ ਭਾਗੀਦਾਰ ਹੁੰਦੇ ਸਨ । ਹਾਲਾਂਕਿ, 1947 ਤੋਂ ਬਾਅਦ ਪੇਂਡੂ ਇਲਾਕਿਆਂ ਵਿੱਚ ਸਥਿਤੀ ਬਦਲਣੀ ਸ਼ੁਰੂ ਹੋ ਗਈ ਸੀ। ਜਦੋਂ ਕਿ ਵੱਡੀਆਂ, ਝਟਕੇਦਾਰ ਲੜਾਈਆਂ ਖਤਮ ਹੋ ਗਈਆਂ, ਬੇਜ਼ਮੀਨੇ ਲੋਕਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਹੋਰ ਵੀ ਵਿਗੜ ਗਈਆਂ। ਉਹ ਹੁਣ ਸਿਰਫ ਛੋਟੇ ਕਿਸਾਨਾਂ ਦੇ ਗਰੀਬ ਭਰਾ ਨਹੀਂ ਰਹੇ, ਉਹ ਪੂਰੀ ਤਰ੍ਹਾਂ ਵਿਲੱਖਣ ਸੰਕਟਾਂ ਵਾਲੇ ਸਨ। ਅੰਕੜੇ ਹੈਰਾਨ ਕਰਨ ਵਾਲੇ ਸਨ ।

1960 ਦੇ ਦਹਾਕੇ ਦੇ ਸ਼ੁਰੂ ਵਿੱਚ ਇੱਕ ਸਰਕਾਰੀ ਰਿਪੋਰਟ ਨੇ ਭਿਆਨਕ ਤਸਵੀਰ ਪੇਸ਼ ਕੀਤੀ। ਇਹ ਸਿਰਫ ਗਰੀਬੀ ਬਾਰੇ ਨਹੀਂ ਸੀ, ਸਗੋਂ ਮਾਣ-ਸਨਮਾਨ ਦੀ ਪੂਰੀ ਘਾਟ ਬਾਰੇ ਸੀ। ਜ਼ਿਆਦਾਤਰ ਖੇਤੀਬਾੜੀ ਕਾਮੇ ਸਾਲ ਵਿੱਚ ਛੇ ਮਹੀਨਿਆਂ ਤੋਂ ਵੀ ਘੱਟ ਸਮੇਂ ਲਈ ਕੰਮ ਕਰਦੇ ਸਨ । ਉਹ ਕਿਸੇ ਹੋਰ ਦੀ ਜ਼ਮੀਨ 'ਤੇ ਛੋਟੀਆਂ ਝੌਂਪੜੀਆਂ ਵਿੱਚ ਰਹਿੰਦੇ ਸਨ । ਕਿਸੇ ਵੀ ਸਮੇਂ ਬੇਦਖਲੀ ਦਾ ਖਤਰਾ ਸੀ। ਉਹਨਾਂ ਨੂੰ ਬੇਰਹਿਮ ਸਮਾਜਿਕ ਵਿਤਕਰੇ ਦਾ ਸਾਹਮਣਾ ਕਰਨਾ ਪਿਆ, ਅਕਸਰ ਪਿੰਡ ਦੇ ਖੂਹਾਂ ਅਤੇ ਮੰਦਰਾਂ ਤੱਕ ਪਹੁੰਚ ਤੋਂ ਇਨਕਾਰ ਕੀਤਾ ਜਾਂਦਾ ਸੀ । ਉਨ੍ਹਾਂ ਨੂੰ ਮੌਕੇ 'ਤੇ ਅਚਾਨਕ ਦਿੱਤੇ ਕੰਮ ਲਈ ਬਹੁਤ ਘੱਟ ਤਨਖਾਹ ਦਿੱਤੀ ਜਾਂਦੀ ਸੀ। ਉਹਨਾਂ ਨਾਲ ਪਸ਼ੂਆਂ ਵਾਂਗ ਵਿਹਾਰ ਕੀਤਾ ਗਿਆ ਸੀ। ਤਬਦੀਲੀ ਲਈ ਪਹਿਲਾ ਵੱਡਾ ਜ਼ੋਰ ਕਿਹਾ ਜਾ ਸਕਦਾ ਹੈ ਕਿ ਕੁੱਲ ਹਿੰਦ ਕਿਸਾਨ ਸਭਾ ਦੇ ਅੰਦਰੋਂ ਹੀ ਆਇਆ । ਸਾਲਾਂ ਤੋਂ ਕਿਸਾਨ ਅੰਦੋਲਨ ਦੇ ਆਗੂਆਂ ਨੇ ਇਸ ਗੱਲ 'ਤੇ ਬਹਿਸ ਕੀਤੀ ਸੀ ਕਿ ਬੇਜ਼ਮੀਨੇ ਲੋਕਾਂ ਬਾਰੇ ਕੀ ਕੀਤਾ ਜਾਵੇ। ਪਹਿਲਾਂ ਵਿਚਾਰ ਇਹ ਸੀ ਕਿ ਸਾਰਿਆਂ ਨੂੰ ਇੱਕ ਵੱਡੇ ਤੰਬੂ ਹੇਠ ਰੱਖਿਆ ਜਾਵੇ। ਏ ਆਈ ਕੇ ਐੱਸ ਦੇ 1952 ਦੇ ਨਿਯਮਾਂ ਨੇ ਪ੍ਰਾਇਮਰੀ ਪੇਂਡੂ ਮਜ਼ਦੂਰ ਸਭਾਵਾਂ ਦੇ ਗਠਨ ਦੀ ਵੀ ਆਗਿਆ ਦਿੱਤੀ, ਜੋ ਕਿ ਮਜ਼ਦੂਰਾਂ ਲਈ ਛੋਟੇ, ਸਥਾਨਕ ਸਮੂਹ ਸਨ ਜੋ ਅਜੇ ਵੀ ਮੁੱਖ ਕਿਸਾਨ ਸਭਾ ਦਾ ਹਿੱਸਾ ਸਨ, ਪਰ ਜਿਵੇਂ-ਜਿਵੇਂ ਸਾਲ ਬੀਤਦੇ ਗਏ, ਏ ਆਈ ਕੇ ਐੱਸ ਦੇ ਅੰਦਰ ਪੂਰੀ ਤਰ੍ਹਾਂ ਵੱਖ ਹੋਣ ਦੀ ਮੰਗ ਕਰਨ ਵਾਲੀਆਂ ਆਵਾਜ਼ਾਂ ਉੱਚੀਆਂ ਹੁੰਦੀਆਂ ਗਈਆਂ। 1961 ਦੇ ਤ੍ਰਿਚੁਰ ਵਿਚ ਹੋਈ ਏ ਆਈ ਕੇ ਐਸ ਕਾਨਫਰੰਸ ਨੇ ਖੇਤੀਬਾੜੀ ਕਾਮਿਆਂ ਬਾਰੇ ਸਰਕਾਰ ਦੀ ਚਿੰਤਾਜਨਕ ਰਿਪੋਰਟ 'ਤੇ ਵਿਸਥਾਰਤ ਚਰਚਾ ਕੀਤੀ । ਇਹ ਸਪੱਸ਼ਟ ਸੀ ਕਿ ਇੱਕ ਭੂਮੀਹੀਣ ਮਜ਼ਦੂਰ, ਜੋ ਰੋਜ਼ਾਨਾ ਮਜ਼ਦੂਰੀ 'ਤੇ ਨਿਰਭਰ ਸੀ, ਦੀਆਂ ਸਮੱਸਿਆਵਾਂ ਇੱਕ ਛੋਟੇ ਕਿਸਾਨ ਨਾਲੋਂ ਬਹੁਤ ਵੱਖਰੀਆਂ ਸਨ, ਜਿਸ ਕੋਲ ਥੋੜ੍ਹੀ-ਬਹੁਤੀ ਜ਼ਮੀਨ ਸੀ ।

ਜਨਵਰੀ 1968 ਵਿੱਚ ਏ ਆਈ ਕੇ ਐਸ ਦੀ 19ਵੀਂ ਕਾਨਫਰੰਸ ਵਿੱਚ ਇੱਕ ਮੋੜ ਆਇਆ । ਆਗੂਆਂ ਨੇ ਇੱਕ ਹੈਰਾਨਕੁਨ ਅਤੇ ਇਮਾਨਦਾਰੀ ਨਾਲ ਸਵੀਕਾਰ ਕੀਤਾ ਕਿ ਮਜ਼ਦੂਰਾਂ ਨੂੰ ਆਪਣੇ ਸੰਗਠਨ ਵਿੱਚ ਰੱਖਣਾ ਇੱਕ ਗਲਤੀ ਸੀ। ਉਹਨਾਂ ਐਲਾਨ ਕੀਤਾ ਕਿ ਵਪਾਰਕ ਖੇਤੀ ਦੇ ਵਾਧੇ ਦੇ ਨਾਲ ਖੇਤੀਬਾੜੀ ਕਾਮੇ ਇੱਕ ਵੱਖਰੇ ਵਰਗ ਵਜੋਂ ਉਭਰੇ ਹਨ ਅਤੇ ਉਨ੍ਹਾਂ ਦੀਆਂ ਜਰੂਰਤਾਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਸੀ। ਏ ਆਈ ਕੇ ਐਸ ਨੇ ਅਧਿਕਾਰਤ ਤੌਰ 'ਤੇ ਆਪਣੇ ਮੈਂਬਰਾਂ ਨੂੰ ਖੇਤੀਬਾੜੀ ਕਾਮਿਆਂ ਲਈ ਇੱਕ ਵੱਖਰੀ, ਸੁਤੰਤਰ ਯੂਨੀਅਨ ਬਣਾਉਣ ਵਿੱਚ ਮਦਦ ਕਰਨ ਲਈ ਕਿਹਾ। ਇਹ ਇੱਕ ਦਲੇਰ ਤੇ ਨਿਰਸਵਾਰਥ ਕਦਮ ਸੀ, ਇਹ ਸਵੀਕਾਰ ਕਰਦੇ ਹੋਏ ਇੱਕ ਸੱਚੀ ਤਾਕਤ ਦਾ ਮਤਲਬ ਕਈ ਵਾਰ ਦੂਜਿਆਂ ਨੂੰ ਆਪਣੀ ਲੜਾਈ ਦੀ ਅਗਵਾਈ ਕਰਨ ਲਈ ਸ਼ਕਤੀ ਪ੍ਰਦਾਨ ਕਰਨਾ ਹੁੰਦਾ ਹੈ।

ਆਂਧਰਾ ਪ੍ਰਦੇਸ਼ ਇੱਕ ਮੋਹਰੀ ਸੂਬਾ ਸੀ । 1934 ਦੇ ਸ਼ੁਰੂ ਵਿੱਚ ਕਾਰਕੁਨਾਂ ਨੇ ਖੇਤੀਬਾੜੀ ਕਾਮਿਆਂ ਨੂੰ ਇੱਕ ਵੱਖਰੇ ਵਰਗ ਵਜੋਂ ਸੰਗਠਿਤ ਕਰਨਾ ਸ਼ੁਰੂ ਕਰ ਦਿੱਤਾ । ਪਹਿਲੀ ਜ਼ਿਲ੍ਹਾ ਯੂਨੀਅਨ 1937 ਵਿੱਚ ਨੇਲੋਰ ਵਿੱਚ ਬਣਾਈ ਗਈ। 1947 ਤੱਕ ਇਕ ਪੂਰਨ ਰਾਜ ਪੱਧਰੀ ਕਾਨਫਰੰਸ ਆਯੋਜਿਤ ਕੀਤੀ ਗਈ ਸੀ, ਜੋ ਦਰਸਾਉਂਦੀ ਸੀ ਕਿ ਅੰਦੋਲਨ ਕਿੰਨਾ ਸ਼ਕਤੀਸ਼ਾਲੀ ਹੋ ਗਿਆ ਸੀ।

ਪੰਜਾਬ ਇੱਕ ਹੋਰ ਗੜ੍ਹ ਸੀ। ਪੰਜਾਬ ਖੇਤ ਮਜ਼ਦੂਰ ਸਭਾ ਦੀ ਸਥਾਪਨਾ 1954 ਵਿੱਚ ਕੀਤੀ ਗਈ । 1968 ਵਿੱਚ ਰਾਸ਼ਟਰੀ ਕਾਨਫਰੰਸ ਦੇ ਸਮੇਂ ਤੱਕ ਇਸ ਦੀਆਂ ਰਾਜ ਦੇ 11 ਜ਼ਿਲ੍ਹਿਆ ਵਿੱਚੋਂ 10 ਵਿੱਚ ਸਰਗਰਮ ਇਕਾਈਆਂ ਸਨ ਅਤੇ ਪਹਿਲਾਂ ਹੀ 11 ਸਲਾਨਾ ਕਾਨਫਰੰਸਾਂ ਕਰ ਚੁੱਕੀਆਂ ਸਨ । ਬਿਹਾਰ ਵਿੱਚ ਇਕ ਰਾਜ ਪੱਧਰੀ ਯੂਨੀਅਨ ਨੇ ਨਾ ਸਿਰਫ ਮਜ਼ਦੂਰੀ ਲਈ ਲੜਾਈ ਲੜੀ, ਸਗੋਂ ਬੰਧੂਆ ਮਜ਼ਦੂਰਾਂ ਨੂੰ ਆਜ਼ਾਦ ਕਰਵਾਉਣ ਅਤੇ ਜਾਤੀ-ਅਧਾਰਤ ਜ਼ੁਲਮ ਵਿਰੁੱਧ ਲੜਨ ਲਈ ਵੀ ਲੜਾਈ ਲੜੀ। ਕੇਰਲਾ, ਤਾਮਿਲਨਾਡੂ, ਪੱਛਮੀ ਬੰਗਾਲ ਅਤੇ ਮਹਾਰਾਸ਼ਟਰ ਵਿੱਚ ਵੀ ਇਸ ਤਰ੍ਹਾਂ ਦੀਆਂ ਕਹਾਣੀਆਂ ਸੁਣੀਆਂ ਗਈਆਂ। ਇਹ ਰਾਜ ਸੰਗਠਨ ਸਾਬਤ ਕਰਨ ਵਾਲੇ ਆਧਾਰ ਸਨ। ਉਨ੍ਹਾਂ ਦਿਖਾਇਆ ਕਿ ਖੇਤੀਬਾੜੀ ਮਜ਼ਦੂਰਾਂ ਨੂੰ ਸੰਗਠਿਤ ਕੀਤਾ ਜਾ ਸਕਦਾ ਹੈ, ਉਹ ਆਪਣੀਆਂ ਮੰਗਾਂ ਦੁਆਲੇ ਇਕੱਠੇ ਹੋ ਸਕਦੇ ਹਨ ਅਤੇ ਉਹ ਲੜਾਈਆਂ ਜਿੱਤਦੇ ਹਨ, ਇਹ ਉਹ ਮਹੱਤਵਪੂਰਨ ਟੁਕੜੇ ਸਨ, ਜੋ ਜਲਦੀ ਹੀ ਇਕੱਠੇ ਹੋ ਜਾਣਗੇ।

ਅੰਤ ਵਿੱਚ, 27-29 ਸਤੰਬਰ, 1968 ਤੱਕ ਦੇਸ਼ ਭਰ ਤੋਂ ਆਈਆਂ ਚੰਗਿਆੜੀਆਂ ਨੇ ਮੋਗਾ, ਪੰਜਾਬ ਨੂੰ ਇਕੱਠਾ ਕੀਤਾ ਤੇ ਇੱਕ ਹੀ ਲਾਟ ਵਿੱਚ ਬਦਲ ਗਿਆ। ਇਹ ਕਾਨਫਰੰਸ ਇੱਕ ਸ਼ਕਤੀਸ਼ਾਲੀ ਅਤੇ ਭਾਵਨਾਤਮਕ ਇਕੱਠ ਸੀ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ, ਮਹਾਨ ਨੇਤਾ ਖੜਗਧਾਰੀ ਮਿਸ਼ਰਾ ( ਤੁਮਰੀਆ ਬਾਬਾ) ਨੇ ਮਿਸ਼ਨ ਨੂੰ ਸਰਲ, ਸਪੱਸ਼ਟ ਸ਼ਬਦਾਂ ਵਿੱਚ ਪੇਸ਼ ਕੀਤਾ । ਉਸ ਨੇ 1961 ਦੀ ਮਰਦਮ ਸ਼ੁਮਾਰੀ ਦਾ ਹਵਾਲਾ ਦਿੱਤਾ, ਜਿਸ ਨੇ ਦਿਖਾਇਆ ਕਿ ਭਾਰਤ ਵਿੱਚ 12 ਕਰੋੜ (120 ਮਿਲੀਅਨ) ਖੇਤੀਬਾੜੀ ਕਾਮੇ ਸਨ, ਜੋ ਪੇਂਡੂ ਆਬਾਦੀ ਦਾ ਇੱਕ ਤਿਹਾਈ ਹਿੱਸਾ ਸਨ। ਇੱਕ ਵਰਗ ਦੇ ਕੋਣ ਤੋਂ, ਉਸ ਨੇ ਕਿਹਾ, ਉਹ ਸਮਾਜ ਦਾ ਸਭ ਤੋਂ ਕਮਜ਼ੋਰ ਵਰਗ ਹਨ। ਉਸ ਨੇ ਦਲੀਲ ਦਿੱਤੀ ਕਿ ਉਹਨਾਂ ਨੂੰ ਆਪਣੀ ਸੌਦੇਬਾਜ਼ੀ ਸਮਰੱਥਾ ਵਧਾਉਣ ਅਤੇ ਇੱਕ ਸ਼ਕਤੀਸ਼ਾਲੀ ਰਾਜਨੀਤਕ ਆਵਾਜ਼ ਬਣਾਉਣ ਲਈ ਸੰਗਠਿਤ ਹੋਣ ਦੀ ਲੋੜ ਹੈ, ਜਿਸ ਨੂੰ ਹੁਣ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ । ਉਸ ਨੇ ਜਿਨ੍ਹਾਂ ਹਾਲਤਾਂ ਦਾ ਵਰਣਨ ਕੀਤਾ, ਉਹ ਭਿਆਨਕ ਸਨ। ਕੰਮ ਦੇ ਕੋਈ ਨਿਸਚਿਤ ਘੰਟੇ ਨਹੀਂ, ਕੋਈ ਸਹੂਲਤਾਂ ਨਹੀਂ, ਮਾੜੀਆਂ ਤਨਖਾਹਾਂ, ਰਹਿਣ ਲਈ ਕੋਈ ਜਗ੍ਹਾ ਨਹੀਂ, ਕੋਈ ਕੱਪੜਾ ਨਹੀਂ, ਕੋਈ ਭੋਜਨ ਨਹੀਂ, ਕੋਈ ਸਿੱਖਿਆ ਨਹੀਂ ਅਤੇ ਕੋਈ ਸਨਮਾਨ ਨਹੀਂ। ਉਹਨਾਂ ਨੂੰ ਮਜਬੂਰ ਕੀਤਾ ਗਿਆ ਕਿ ਪਿੰਡ ਤੋਂ ਬਾਹਰ ਪਸ਼ੂਆਂ ਵਾਂਗ ਰਹਿਣ, ਪਰ ਮੋਗਾ ਦੇ ਉਸ ਕਮਰੇ ਵਿੱਚ ਹੁਣ ਪਸ਼ੂ ਨਹੀਂ ਸਨ, ਉਹ ਡੈਲੀਗੇਟ ਸਨ । ਉਹ ਜ਼ੈਲਦਾਰ ਸਨ । ਉਨ੍ਹਾਂ ਨੇ ਰਸਮੀ ਤੌਰ 'ਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ (ਬੀ ਕੇ ਐੱਮ ਯੂ) ਦੀ ਸਥਾਪਨਾ ਕੀਤੀ ਅਤੇ ਇਸ ਦੇ ਪਹਿਲੇ ਆਗੂਆਂ ਖੜਗਧਾਰੀ ਮਿਸ਼ਰਾ ਨੂੰ ਪ੍ਰਧਾਨ ਅਤੇ ਗੁਰੂ ਪ੍ਰਸਾਦ ਨੂੰ ਜਨਰਲ ਸਕੱਤਰ ਬਣਾਇਆ। ਇਹ ਸਿਰਫ ਇੱਕ ਗੱਲਬਾਤ ਦੀ ਦੁਕਾਨ ਨਹੀਂ ਸੀ । ਬੀ ਕੇ ਐੱਮ ਯੂ ਇੱਕ ਸਪੱਸ਼ਟ ਕਾਰਜ-ਯੋਜਨਾ ਦੇ ਨਾਲ ਪੈਦਾ ਹੋਇਆ ਸੀ। ਇਸ ਨੇ ਮੰਗਾਂ ਦਾ ਇੱਕ ਮਜ਼ਬੂਤ ਚਾਰਟਰ ਅਪਣਾਇਆ, ਜੋ ਸਿੱਧੇ ਤੌਰ 'ਤੇ ਬੇਜ਼ਮੀਨੇ ਲੋਕਾਂ ਦੀਆਂ ਜ਼ਰੂਰਤਾਂ ਬਾਰੇ ਗੱਲ ਕਰਦਾ ਸੀ।

ਪੰਜਾਬ ਵਿੱਚ ਸਵਾਗਤੀ ਕਮੇਟੀ ਦੇ ਚੇਅਰਮੈਨ ਭਾਨ ਸਿੰਘ ਭੌਰਾ ਨੇ ਸਾਰਿਆਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਉਸ ਮਜ਼ਬੂਤ ਨੀਂਹ ਦੀ ਯਾਦ ਦਿਵਾਈ, ਜਿਸ 'ਤੇ ਉਹ ਉਸਾਰੀ ਕਰ ਰਹੇ ਸਨ । ਪੰਜਾਬ ਯੂਨਿਟ ਓਦੋਂ 14 ਸਾਲ ਦਾ ਸੀ। ਲਹਿਰ ਤਿਆਰ ਸੀ । ਬੀ ਕੇ ਐੱਮ ਯੂ ਦਾ ਗਠਨ ਸਿਰਫ ਇੱਕ ਹੋਰ ਯੂਨੀਅਨ ਦੀ ਸਿਰਜਣਾ ਤੋਂ ਵੱਧ ਸੀ। ਇਸ ਸੋਚ ਵਿੱਚ ਇੱਕ ਕ੍ਰਾਂਤੀ ਸੀ । ਇਹ ਉਹ ਪਲ ਸੀ, ਜਦੋਂ ਭਾਰਤ ਦੇ ਮੋਹਰੀ ਪੇਂਡੂ ਕਾਰਕੁਨਾਂ ਨੇ ਰਸਮੀ ਤੌਰ 'ਤੇ ਸਵੀਕਾਰ ਕੀਤਾ ਕਿ ਪੇਂਡੂ ਇਲਾਕਾ ਗਰੀਬ ਲੋਕਾਂ ਦਾ ਇਕੱਲਾ, ਸੰਯੁਕਤ ਸਮੂਹ ਨਹੀਂ ਹੈ । ਇਹ ਵੱਖ-ਵੱਖ ਵਰਗਾਂ ਵਾਲਾ ਇੱਕ ਗੁੰਝਲਦਾਰ ਦ੍ਰਿਸ਼ ਸੀ - ਜ਼ਮੀਨ ਮਾਲਕ, ਛੋਟੇ ਕਿਸਾਨ, ਹਿੱਸੇਦਾਰ ਤੇ ਬੇਜ਼ਮੀਨੇ, ਜਿਨ੍ਹਾਂ ਵਿੱਚੋਂ ਹਰ ਇੱਕ ਦੇ ਆਪਣੇ ਸੰਘਰਸ਼ ਸਨ। ਮਜ਼ਦੂਰਾਂ ਨੂੰ ਉਨ੍ਹਾਂ ਦਾ ਆਪਣਾ ਪਲੇਟਫਾਰਮ ਦੇ ਕੇ ਅੰਦੋਲਨ ਕਮਜ਼ੋਰ ਨਹੀਂ ਹੋਇਆ, ਇਹ ਮਜ਼ਬੂਤ, ਵਧੇਰੇ ਕੇਂਦਰਤ ਅਤੇ ਵਧੇਰੇ ਇਮਾਨਦਾਰ ਹੋ ਗਿਆ।

1968 ਵਿੱਚ ਜਿਨ੍ਹਾਂ ਮੁੱਦਿਆਂ ਨੇ ਉਹਨਾਂ ਆਗੂਆਂ ਨੂੰ ਅਨਿਸਚਿਤ ਉਜਰਤਾਂ, ਭੂਮੀਹੀਣਤਾ, ਸਮਾਜਿਕ ਵਿਤਕਰੇ ਅਤੇ ਬੁਨਿਆਦੀ ਸਨਮਾਨ ਦੀ ਘਾਟ ਕਾਰਨ ਮੋਗਾ ਜਾਣ ਲਈ ਮਜਬੂਰ ਕੀਤਾ ਸੀ, ਉਹ ਅੱਜ ਵੀ ਦੁਖਦਾਈ ਤੌਰ 'ਤੇ ਮੁੱਦੇ ਕਾਇਮ ਹਨ। ਬੀ ਕੇ ਐੱਮ ਯੂ ਅਤੇ ਇਸ ਤੋਂ ਪ੍ਰੇਰਿਤ ਕਈ ਸੰਗਠਨ ਇਹਨਾਂ ਲੜਾਈਆਂ ਨੂੰ ਲੜ ਰਹੇ ਹਨ।

ਬੀ ਕੇ ਐੱਮ ਯੂ ਦੀ ਕਹਾਣੀ ਇੱਕ ਸ਼ਕਤੀਸ਼ਾਲੀ ਯਾਦ ਦਿਵਾਉਂਦੀ ਹੈ ਕਿ ਨਿਆਂ ਲਈ ਲੜਾਈ ਅਕਸਰ ਲੰਮੀ ਹੁੰਦੀ ਹੈ, ਜਿਸ ਲਈ ਸਬਰ, ਸਖਤ ਇਮਾਨਦਾਰੀ ਅਤੇ ਪੁਰਾਣੀਆਂ ਰਣਨੀਤੀਆਂ ਨੂੰ ਬਦਲਣ ਦੀ ਹਿੰਮਤ ਦੀ ਲੋੜ ਹੁੰਦੀ ਹੈ। ਇਹ ਇਸ ਗੱਲ ਦੀ ਕਹਾਣੀ ਹੈ ਕਿ ਕਿਵੇਂ ਭਾਰਤ ਦੇ ਖੇਤਰਾਂ ਵਿੱਚ ਸਭ ਤੋਂ ਅਣਗੌਲੇ ਲੋਕਾਂ ਨੇ ਖੜੇ ਹੋਣ, ਸੰਗਠਿਤ ਹੋਣ ਅਤੇ ਦਿਖਾਈ ਦੇਣ ਦੀ ਮੰਗ ਕਰਨ ਦੀ ਤਾਕਤ ਲੱਭੀ । ਉਨ੍ਹਾਂ ਨੇ ਪ੍ਰਬੰਧਨ ਲਈ ਇੱਕ ਸਮੱਸਿਆ ਬਣਨਾ ਛੱਡ ਦਿੱਤਾ ਅਤੇ ਇੱਕ ਆਵਾਜ਼ ਵਾਲੇ ਲੋਕ ਬਣ ਗਏ। ਇਸ ਨੇ ਸਭ ਕੁਝ ਬਦਲ ਦਿੱਤਾ।

**ਅਨੁਵਾਦ : ਗਿਆਨ ਸੈਦਪੁਰੀ**
**# ਸੰਪਰਕ : 98725-40447**

CMYK

# ਲੋਕ ਮੋਰਚਾ ਪੰਜਾਬ ਤੇ ਖੇਤ ਮਜ਼ਦੂਰ ਯੂਨੀਅਨ ਵੱਲੋਂ ਕਾਨਫਰੰਸ ਤੇ ਮਾਰਚ

## ਹੜ੍ਹ ਪੀੜਤਾਂ ਦੇ ਮੁੜ-ਵਸੇਬੇ ਦੀ ਕੀਤੀ ਮੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਲੋਕ ਮੋਰਚਾ ਪੰਜਾਬ ਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਇੱਥੇ ਦਾਣਾ ਮੰਡੀ ਵਿਖੇ ਕੀਤੀ ਗਈ ਕਾਨਫਰੰਸ ਦੌਰਾਨ ਖੇਤ ਮਜ਼ਦੂਰਾਂ, ਬੇਜ਼ਮੀਨੇ ਤੇ ਥੁੜ ਜ਼ਮੀਨੇ ਕਿਸਾਨਾਂ ਦੀਆਂ ਮੁਸਕਲਾਂ ਦੇ ਹੱਲ ਲਈ ਜ਼ਮੀਨ ਦੀ ਕਾਣੀ ਵੰਡ ਖ਼ਤਮ ਕਰਨ ਦੀ ਮੰਗ ਕਰਨ ਦੀ ਮੰਗ ਕੀਤੀ ਗਈ।ਅੱਜ ਦੀ 'ਮੁੜ ਤੋਂ ਕਰੋ ਜ਼ਮੀਨੀ ਵੰਡ' ਕਾਨਫਰੰਸ ਨੂੰ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਲੋਕ ਮੋਰਚਾ ਪੰਜਾਬ ਦੇ ਸੂਬਾ ਸਕੱਤਰ ਜਗਮੇਲ ਸਿੰਘ ਤੇ ਗੁਰਦੀਪ ਸਿੰਘ ਨੇ ਸੰਬੋਧਨ ਕੀਤਾ।ਬੁਲਾਰਿਆਂ ਨੇ ਆਖਿਆ ਕਿ ਪੰਜਾਬ ਵਿੱਚ ਕੁੱਲ ਜ਼ਮੀਨ ਮਾਲਕਾਂ ਦਾ 5 ਫੀਸਦੀ ਬਣਦੇ ਜਗੀਰਦਾਰਾਂ ਕੋਲ ਵਾਹੀਯੋਗ ਜ਼ਮੀਨ ਦਾ 21.68 ਫੀਸਦੀ ਜ਼ਮੀਨ ਦੀ ਮਾਲਕੀ ਹੈ, ਜਦੋਂਕਿ ਪੰਜ ਏਕੜ ਤੋਂ ਹੇਠਲੇ 34 ਫ਼ੀਸਦੀ ਗਰੀਬ ਕਿਸਾਨਾਂ ਕੋਲ ਮਹਿਜ਼ 9.69 ਫੀਸਦੀ ਜ਼ਮੀਨ ਮਾਲਕੀ ਹੈ ਤੇ ਅਬਾਦੀ ਦਾ ਵੱਡਾ ਹਿੱਸਾ ਬਣਦੇ ਖੇਤ ਮਜ਼ਦੂਰ ਜ਼ਮੀਨ ਤੋਂ ਵਾਂਝੇ ਹਨ।ਉਨ੍ਹਾਂ ਆਖਿਆ ਕਿ ਖੇਤ ਮਜ਼ਦੂਰਾਂ ਤੇ ਬੇਜ਼ਮੀਨੇ ਤੇ ਥੁੜ ਜ਼ਮੀਨੇ ਕਿਸਾਨਾਂ ਦੀ ਬਿਹਤਰੀ ਤੇ ਤਰੱਕੀ ਲਈ ਜ਼ਮੀਨਾਂ ਤੇ ਖੇਤੀ ਸੰਦ ਸਾਧਨਾਂ ਦੀ ਵੰਡ ਮਜ਼ਦੂਰਾਂ ਕਿਸਾਨਾਂ 'ਚ ਕਰਨ ਤੋਂ ਇਲਾਵਾ ਖੇਤੀ ਲਾਗਤ ਵਸਤਾਂ ਦੇ ਉਤਪਾਦਕਾਂ ਤੇ ਵਪਾਰੀਆਂ ਦੀ ਲੁੱਟ ਨੂੰ ਨੱਕਾ ਲਾਉਣ, ਸੂਦਖੋਰੀ ਨੂੰ ਨੱਥ ਮਾਰਦਾ ਕਰਜ਼ਾ ਕਾਨੂੰਨ ਬਣਾਉਣ ਵਰਗੇ ਕਦਮ ਚੁੱਕਣ ਦੀ ਲੋੜ ਹੈ।ਬੁਲਾਰਿਆਂ ਨੇ ਦੋਸ਼ ਲਾਇਆ ਕਿ ਸੰਨ ਸੰਤਾਲੀ ਤੋਂ ਬਾਅਦ ਬਦਲ ਬਦਲ ਕੇ ਆਈਆਂ ਸਭਨਾਂ ਸਰਕਾਰਾਂ ਵੱਲੋਂ ਜ਼ਮੀਨੀ ਹੱਦਬੰਦੀ ਕਾਨੂੰਨ ਨੂੰ ਲਾਗੂ ਕਰਨ ਦੀ ਥਾਂ ਜ਼ਮੀਨੀ ਸੁਧਾਰਾਂ ਦੀ ਸਫ ਲਪੇਟ ਕੇ ਵੱਖ ਵੱਖ ਢੰਗਾਂ ਰਾਹੀਂ ਗਰੀਬ ਕਿਸਾਨਾਂ ਦੀਆਂ ਜ਼ਮੀਨਾਂ ਖੋਹ ਕੇ ਕਾਰਪੋਰੇਟ ਘਰਾਣਿਆਂ ਤੇ ਜਗੀਰਦਾਰਾਂ ਦੇ ਹਵਾਲੇ ਕਰਨ ਵਾਲੀਆਂ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਆਖਿਆ ਕਿ ਜ਼ਮੀਨੀ ਵੰਡ ਕਰਾਉਣ ਵਰਗੀਆਂ ਮੰਗਾਂ ਲਾਗੂ ਕਰਾਉਣ ਲਈ ਖੇਤ ਮਜ਼ਦੂਰਾਂ, ਬੇਜ਼ਮੀਨੇ ਤੇ ਥੁੜ ਜ਼ਮੀਨੇ ਕਿਸਾਨਾਂ ਦੀ ਵਿਸ਼ਾਲ, ਸਾਂਝੀ ਤੇ ਜੁਝਾਰੂ ਲਹਿਰ ਉਸਾਰਨ ਦੀ ਲੋੜ ਹੈ।ਇਸ ਮੌਕੇ ਇੱਕ ਮਤਾ ਪਾਸ ਕਰਕੇ ਹੜ੍ਹਾਂ ਦੇ ਲਈ ਸਰਕਾਰਾਂ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਪੀੜਤਾਂ ਨੂੰ ਰਾਹਤ ਦੇਣ 'ਤੇ ਮੁੜ ਵਸੇਬੇ ਦੇ ਸਰਕਾਰੀ ਪ੍ਰਬੰਧ ਕਰਨ ਦੀ ਮੰਗ ਕੀਤੀ ਗਈ।ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਬਾਜ਼ ਸਿੰਘ ਭੁੱਟੀਵਾਲਾ ਵੱਲੋਂ ਨਿਭਾਈ ਗਈ।ਕਾਨਫਰੰਸ ਦੇ ਅੰਤ 'ਤੇ ਸ਼ਹਿਰ ਦੇ ਵਿੱਚ ਮੁਜ਼ਾਹਰਾ ਵੀ ਕੀਤਾ ਗਿਆ।ਇਸ ਮੌਕੇ ਮਜ਼ਦੂਰ ਆਗੂ ਗੁਰਜੰਟ ਸਿੰਘ ਸਾਉਂਕੇ, ਤਰਸੇਮ ਸਿੰਘ ਤੇ ਕਾਕਾ ਸਿੰਘ ਖੁੰਡੇ ਹਲਾਲ, ਰਾਜਾ ਸਿੰਘ ਖੂਨਣ ਖੁਰਦ ਤੋਂ ਇਲਾਵਾ ਕਿਸਾਨ ਆਗੂ ਹਰਬੰਸ ਸਿੰਘ ਕੋਟਲੀ ਤੇ ਗੁਰਭਗਤ ਸਿੰਘ ਭਲਾਈਆਣਾ ਤੇ ਮੁਲਾਜ਼ਮ ਆਗੂ ਸੁਖਵੰਤ ਸਿੰਘ ਮੌਜੂਦ ਸਨ।

# ਰਮਿੰਦਰ ਆਵਲਾ ਨੇ ਅੱਧੀ ਦਰਜਨ ਤੋਂ ਵੱਧ ਪਿੰਡਾਂ ਨੂੰ ਭੇਜੀ ਰਾਹਤ ਸਮੱਗਰੀ

## ਹੜ੍ਹ ਪੀੜਤਾਂ ਦੇ ਬੱਚਿਆਂ ਦੇ ਕਰਨਗੇ ਵਿਆਹ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਕਾਂਗਰਸ ਦੇ ਸਾਬਕਾ ਵਿਧਾਇਕ ਤੇ ਉਦਯੋਗਪਤੀ ਰਵਿੰਦਰ ਸਿੰਘ ਆਵਲਾ ਵੱਲੋਂ ਲਗਾਤਾਰ ਹੜ੍ਹ ਪੀੜਤਾਂ ਦੀ ਮਦਦ ਕੀਤੀ ਜਾ ਰਹੀ ਹੈ।ਉਨ੍ਹਾਂ ਵੱਲੋਂ ਹਲਕਾ ਗੁਰੂ ਹਰਸਹਾਏ ਦੇ ਬਾਰਡਰ ਪੱਟੀ ਦੇ ਨੌਂ ਤੋਂ ਵੱਧ ਪਿੰਡਾਂ ਲਈ ਰਾਹਤ ਸਮੱਗਰੀ ਭੇਜੀ ਗਈ।ਇਹ ਰਾਹਤ ਸਮੱਗਰੀ ਉਨ੍ਹਾਂ ਨੇ ਮੰਡੀ ਪੰਜੇਕੇ ਦੀ ਦਾਣਾ ਮੰਡੀ ਤੋਂ ਗੱਡੀਆਂ ਨੂੰ ਰਵਾਨਾ ਕਰਕੇ ਸ਼ੁਰੂ ਕੀਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਰਮਿੰਦਰ ਸਿੰਘ ਆਵਲਾ ਨੇ ਕਿਹਾ ਕਿ ਪੀੜਤਾਂ ਲਈ ਜ਼ਿਲ੍ਹਾ ਫਿਰੋਜ਼ਪੁਰ ਹੋਵੇ ਜਾਂ ਫਾਜ਼ਿਲਕਾ ਹਰੇਕ ਪਿੰਡ, ਸ਼ਹਿਰ ਜਾ ਕੇ ਮਦਦ ਕਰ ਰਹੇ ਹਨ।ਉਨ੍ਹਾ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਉਹ ਕਈ ਪਿੰਡ ਗੋਦ ਲੈਣਗੇ ਤੇ ਹੜ੍ਹ ਪੀੜਤ ਪਰਵਾਰਾਂ ਦੀਆਂ ਧੀਆਂ ਦੇ ਵਿਆਹ ਵੀ ਉਨ੍ਹਾਂ ਵੱਲੋਂ ਕੀਤੇ ਜਾਣਗੇ ਅਤੇ ਉਸ ਦੀ ਜਲਦੀ ਹੀ ਤਾਰੀਕ ਦੱਸ ਦਿੱਤੀ ਜਾਵੇਗੀ।ਸੋਮਵਾਰ ਮੰਡੀ ਪੰਜੇ ਕੇ ਉਤਾੜ ਵਿਖੇ ਰਮਿੰਦਰ ਆਵਲਾ ਵੱਲੋਂ ਹੜ੍ਹ ਪੀੜਤ ਬਾਰਡਰ ਇਲਾਕੇ ਦੇ ਈਸਾ ਪੰਜਗਰਾਈਂ, ਰਾਣਾ ਪੰਜਗਰਾਈਂ, ਚਾਂਦੀ ਵਾਲਾ, ਢਾਣੀ ਬੁੱਧ, ਛਿੱਬੇ ਵਾਲਾ ਢਾਂਗਾ, ਚੱਕ ਸਰਕਾਰ, ਮੇਘਾ ਪੰਜਗਰਾਈਂ ਹਿਠਾੜ, ਸ਼ੇਰ ਸਿੰਘ ਵਾਲਾ, ਨੋਬਰਾਮ ਸ਼ੇਰ ਸਿੰਘ ਵਾਲਾ ਪਿੰਡਾਂ ਵਿੱਚ ਰਾਹਤ ਸਮੱਗਰੀ ਵੰਡੀ ਗਈ।ਇਸ ਮੌਕੇ ਗੁਰਮੀਤ ਸਰਪੰਚ ਗੁੱਧੜ ਪੰਜਗਰਾਈਂ, ਕਾਲਾ, ਬਗੀਚ ਬੱਟੀ, ਆਦਰਸ਼ ਕੁੱਕੜ, ਵਿਪਨ ਅਨੇਜਾ, ਭੀਮ ਕੰਬੋਜ, ਸੰਦੀਪ ਮਾਹਮੂ ਜੋਈਆ, ਜਸਵੰਤ ਸਰਪੰਚ, ਕੁਲਦੀਪ ਧਵਨ, ਰਿੰਕੂ ਸੋਢੀ, ਦਰਬਾਰਾ ਚੰਦ, ਜਗਦੀਸ਼ ਬਾਬਾ ਤਾਰਾ ਸਿੰਘ ਵਾਲਾ ਖੂਹ, ਨਛੱਤਰ, ਚੇਅਰਮੈਨ ਸੁਖਦਿਆਲ ਚੰਦ ਕਾਲਾ ਹਾਜੀ ਬੇਟੂ ਮੌਜੂਦ ਸਨ।

# ਹੜ੍ਹਾਂ ਨੇ ਮਨਰੇਗਾ ਮਜ਼ਦੂਰ ਵਿਹਲੇ ਕੀਤੇ : ਸਮਾਓਂ



**ਮਾਨਸਾ (ਆਤਮਾ ਸਿੰਘ ਪਮਾਰ)**

ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਸਾਜ਼ਿਸ਼ ਤਹਿਤ ਪੰਜਾਬ ਨੂੰ ਹੜ੍ਹਾਂ 'ਚ ਡੋਬ ਕੇ ਮਨਰੇਗਾ ਕੰਮ ਬੰਦ ਕਰਕੇ ਗਰੀਬਾਂ ਨੂੰ ਬੇਰੁਜ਼ਗਾਰ ਕੀਤਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਏ ਡੀ ਸੀ ਵਿਕਾਸ ਦਫਤਰ ਅੱਗੇ ਮਨਰੇਗਾ ਕਾਨੂੰਨ ਦੇ ਬੰਦ ਕੀਤੇ ਕੰਮਾਂ ਨੂੰ ਮੁੜ ਚਾਲੂ ਕਰਾਉਣ ਲਈ ਜਾਰੀ ਪੱਕੇ ਮਜ਼ਦੂਰ ਮੋਰਚੇ ਦੇ 25ਵੇਂ ਦਿਨ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਤੇ ਭੀਮ ਆਰਮੀ ਪੰਜਾਬ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਹਜ਼ਾਰਾਂ ਮਜ਼ਦੂਰਾਂ ਨੇ ਮਨਰੇਗਾ ਬਚਾਓ ਤੇ ਪੇਂਡੂ ਵਿਕਾਸ ਬਚਾਓ ਦੇ ਨਾਅਰੇ ਹੇਠ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਨੇ ਕੀਤਾ।ਇਸ ਮੌਕੇ ਏ ਡੀ ਸੀ ਵਿਕਾਸ ਦਫ਼ਤਰ ਤੋਂ ਜ਼ਿਲ੍ਹਾ ਕਚਿਹਰੀ ਤੱਕ ਰੋਸ ਮਾਰਚ ਕਰਕੇ ਡਿਪਟੀ ਕਮਿਸ਼ਨਰ ਮਾਨਸਾ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਮੰਗ ਪੱਤਰ ਵੀ ਭੇਜਿਆ।ਇਸ ਦੌਰਾਨ ਮੰਗ ਕੀਤੀ ਕਿ ਮਗਨਰੇਗਾ ਦੇ ਬੰਦ ਕੀਤੇ ਕੰਮ ਤੁਰੰਤ ਬਹਾਲ ਕੀਤੇ ਜਾਣ, ਹੜ੍ਹਾਂ ਤੇ ਬਰਸਾਤ ਕਾਰਨ ਮਜ਼ਦੂਰਾਂ ਦੇ ਨੁਕਸਾਨੇ ਘਰਾਂ ਅਤੇ ਕਿਸਾਨਾਂ ਦੀ ਤਬਾਹ ਹੋਈ ਫ਼ਸਲ ਦਾ ਢੁਕਵਾਂ ਮੁਆਵਜ਼ਾ ਤੁਰੰਤ ਦਿੱਤਾ ਜਾਵੇ।ਹੜ੍ਹਾਂ ਤੇ ਬਰਸਾਤ ਦੇ ਕਾਰਨ ਮਰਨ ਵਾਲੇ ਮਜ਼ਦੂਰਾਂ ਦੇ ਪੀੜਤ ਪਰਵਾਰਾਂ ਨੂੰ ਦਸ ਦਸ ਲੱਖ ਰੁਪਏ ਮੁਆਵਜ਼ਾ ਅਤੇ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ।ਮਜ਼ਦੂਰਾਂ ਕਿਸਾਨਾਂ ਦੇ ਹੜ੍ਹਾਂ ਕਾਰਨ ਮਰੇ ਪਸ਼ੂਆਂ ਤੇ ਮਾਲ ਡੰਗਰ ਦੇ ਨੁਕਸਾਨ ਦਾ ਵੀ ਮੁਆਵਜ਼ਾ ਦਿੱਤਾ ਜਾਵੇ।ਪੰਜਾਬ ਦੇ ਮਜ਼ਦੂਰਾਂ, ਗਰੀਬ ਕਿਸਾਨਾਂ ਸਿਰ ਚੜ੍ਹਿਆ ਸਮੁੱਚਾ ਕਰਜ਼ਾ ਵੀ ਮੁਆਫ਼ ਕੀਤਾ ਜਾਵੇ।ਇਸ ਸਮੇਂ ਮਜ਼ਦੂਰ ਰੈਲੀ ਵਿੱਚ ਇੱਕ ਦਰਜਨ ਪਿੰਡਾਂ ਦੇ ਸਰਪੰਚਾਂ ਸਮੇਤ ਕਿਸਾਨ ਆਗੂਆਂ ਅਤੇ ਬੁਢਲਾਡਾ ਹਲਕੇ ਦੇ ਸਾਬਕਾ ਵਿਧਾਇਕ ਮੰਗਤ ਰਾਮ ਬਾਂਸਲ ਨੇ ਵੀ ਰੈਲੀ ਵਿੱਚ ਪਹੁੰਚ ਕੇ ਮਜ਼ਦੂਰ ਸੰਘਰਸ਼ ਦੀ ਹਮਾਇਤ ਕੀਤੀ।

ਰੈਲੀ ਨੂੰ ਸੰਬਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਨਿੱਕਾ ਸਿੰਘ ਬਹਾਦਰਪੁਰ, ਭੀਮ ਆਰਮੀ ਦੇ ਜ਼ਿਲ੍ਹਾ ਪ੍ਰਧਾਨ ਪ੍ਰਦੀਪ ਗੁਰੂ ਨੇ ਕਿਹਾ ਕਿ ਸਰਕਾਰ ਵੱਲੋਂ ਮਨਰੇਗਾ ਕੰਮ ਬੰਦ ਕਰਨ ਦਾ ਹੀ ਨਤੀਜਾ ਹੈ ਕਿ ਅੱਜ ਜਿੱਥੇ ਮਜ਼ਦੂਰਾਂ ਦੇ ਚੁੱਲ੍ਹੇ ਠੰਡੇ ਹੋਣ ਨਾਲ ਪੇਂਡੂ ਵਿਕਾਸ ਵੀ ਠੱਪ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਹੜ੍ਹਾਂ ਦਾ ਜਾਇਜ਼ਾ ਲੈਣ ਪੁੱਜੇ ਕੇਂਦਰੀ ਮੰਤਰੀ ਵੱਲੋਂ ਦਿੱਤੇ ਬਿਆਨ ਤੋਂ ਭਾਜਪਾ ਦੀ ਪੰਜਾਬ ਪ੍ਰਤੀ ਨਫ਼ਰਤ ਦੀ ਤਸਵੀਰ ਸਾਫ ਹੋ ਗਈ ਹੈ।ਉਨ੍ਹਾਂ ਕਿਹਾ ਕਿ ਮਨਰੇਗਾ ਰੁਜ਼ਗਾਰ ਨੂੰ ਬਚਾਉਣ ਲਈ ਮਜ਼ਦੂਰ ਸਮਾਜ ਪਾਰਟੀਬਾਜ਼ੀ ਤੋਂ ਉਪਰ ਉੱਠ ਜਥੇਬੰਦ ਹੋਣ।ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਨੇ ਮਨਰੇਗਾ ਰੁਜ਼ਗਾਰ ਬੰਦ ਕਰਕੇ ਦਲਿਤਾਂ ਨੂੰ ਮੁੜ ਗੁਲਾਮ ਬਣਾਉਣਾ ਚਾਹੁੰਦੀ ਹੈ।ਇਸ ਮੌਕੇ ਜ਼ਿਲ੍ਹਾ ਸਕੱਤਰ ਮਨਜੀਤ ਕੌਰ ਜੋਗਾ, ਮਿੱਡ ਡੇ ਮੀਲ ਵਰਕਰ ਯੂਨੀਅਨ ਆਜ਼ਾਦ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਬੋਹਾ, ਰੇਸ਼ਮ ਸਿੰਘ ਸਰਪੰਚ ਨੰਗਲ ਕਲਾਂ, ਨਿਰਮਲ ਸਿੰਘ ਸਰਪੰਚ ਖਿੱਲਣ, ਸ਼ਿੰਦਰ ਸਿੰਘ ਸਰਪੰਚ ਖੋਖਰ ਕਲਾਂ, ਜਸਵੀਰ ਸਿੰਘ ਸਰਪੰਚ ਡੇਲੂਆਣਾ, ਅਮਰਜੀਤ ਸਿੰਘ ਸਰਪੰਚ ਨਵਾਗਾਓਂ, ਗਾਮੀਵਾਲਾ, ਬੀਕੇਯੂ ਸਿੱਧੂਪੁਰ ਦੇ ਜ਼ਿਲ੍ਹਾ ਆਗੂ ਸੁਖਦੇਵ ਕੋਟਲੀ, ਬੀਕੇਯੂ ਮਾਲਵਾ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਜੌੜੀਆਂ, ਸੱਤਪਾਲ ਸਿੰਘ ਬਹਿਣੀਵਾਲ, ਗੁਲਾਬ ਸਿੰਘ ਖੀਵਾ, ਭੋਲ਼ਾ ਸਿੰਘ ਝੱਬਰ, ਲੋਕ ਗਾਇਕ ਸੁਖਵੀਰ ਸਿੰਘ ਖ਼ਾਰਾਂ, ਮੇਲਾ ਸਿੰਘ ਮੋਹਰ ਸਿੰਘ ਵਾਲਾ, ਧਰਮ ਸਿੰਘ ਖਾਲਸਾ, ਜੱਗੂ ਸਿੰਘ ਖਡਾਲ, ਆਦਿ ਨੇ ਵੀ ਰੈਲੀ ਨੂੰ ਸੰਬੋਧਨ ਕੀਤਾ।

## ਕਾਤਰਾਂ

### ਬੱਸ ਸਟੈਂਡ ਵਿਖੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ

**ਬੁਢਲਾਡਾ (ਅਸ਼ੋਕ ਲਾਕੜਾ)**-ਮਾਨਸਾ ਜ਼ਿਲ੍ਹੇ ਦੇ ਐੱਸ ਐੱਸ ਪੀ ਸ੍ਰੀ ਬਗੀਰਥ ਸਿੰਘ ਮੀਨਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੁਢਲਾਡਾ ਸਿਟੀ ਦੇ ਐੱਸ ਐੱਚ ਓ ਭੁਪਿੰਦਰਜੀਤ ਸਿੰਘ ਨੇ ਕਾਸਕੋ ਆਪ੍ਰੇਸ਼ਨ ਤਹਿਤ ਸ਼ਹਿਰ ਦੇ ਬੱਸ ਸਟੈਂਡ ਵਿਖੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਸ਼ੱਕੀ ਵਿਅਕਤੀਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਕੋਈ ਵੀ ਵਿਅਕਤੀ ਬੱਸ ਸਟੈਂਡ ਵਿੱਚ ਹੁੱਲੜਬਾਜ਼ੀ ਕਰਦਾ ਨਜ਼ਰ ਆ ਗਿਆ ਤਾਂ ਉਸ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਉਸ ਖਿਲਾਫ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

### ਦਿਲ ਦੀ ਗੱਲ ਕਹਿਣ ਲਈ ਮੁਸ਼ਕਲ ਨਾਲ ਮਿਲਦਾ ਹੈ ਦੋਸਤ : ਗਰਗ



**ਜੈਤੋ (ਸਤੀਸ਼ ਕੁਮਾਰ ਭੀਗੀ)** ਸਵਾਮੀ ਵਿਵੇਕਾਨੰਦ ਗਰੁੱਪ ਆਫ ਇੰਸਟੀਚਿਊਸ਼ਨਜ਼ ਬਨੂੜ, ਸ਼ਿਵਾਲਿਕ ਪਬਲਿਕ ਸਕੂਲ, ਅਲਾਇੰਸ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ 10 ਦਿਨ ਬਾਅਦ ਖੁੱਲ੍ਹੇ ਸ਼ਿਵਾਲਿਕ ਕਿਡਜ਼ ਸਕੂਲ ਦੇ ਵਿਹੜੇ 'ਚ ਕਿਹਾ ਕਿ ਹੱਸਦੇ ਹੋਏ ਲੋਕਾਂ ਦੀ ਸੰਗਤ, ਖੁਸ਼ਬੂ ਦੀ ਦੁਕਾਨ ਜਿਹੀ ਹੁੰਦੀ ਹੈ, ਕੁਝ ਨਾ ਖ਼ਰੀਦੋ ਤਾਂ ਵੀ ਆਤਮਾ ਨੂੰ ਸੁਗੰਧਤ ਕਰ ਦਿੰਦੀ ਹੈ।ਅਸ਼ਵਨੀ ਗਰਗ ਨੇ ਕਿਹਾ ਕਿ ਸੋਨਾ ਰੱਖਣ ਲਈ ਲਾਕਰ ਮਿਲ਼ ਜਾਵੇਗਾ, ਰੁਪਏ ਰੱਖਣ ਲਈ ਬੈਂਕ ਮਿਲ ਜਾਵੇਗਾ ਪਰ ਦਿਲ ਦੀ ਗੱਲ ਕਹਿਣ ਲਈ ਸਹੀ ਤੇ ਸੱਚਾ ਮਿੱਤਰ ਬਹੁਤ ਮੁਸ਼ਕਲ ਨਾਲ ਮਿਲਦਾ ਹੈ।

### ਅੰਮ੍ਰਿਤਪਾਲ ਸਿੰਘ ਦੀ ਰਿਹਾਈ ਲਈ ਰਾਜਪਾਲ ਨੂੰ ਭੇਜਿਆ ਮੰਗ ਪੱਤਰ

**ਸੰਗਰੂਰ (ਪ੍ਰਵੀਨ ਸਿੰਘ)**-ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਮੈਂਬਰ ਅਮ੍ਰਿਤਪਾਲ ਸਿੰਘ ਦੀ ਰਿਹਾਈ ਲਈ ਜ਼ਿਲ੍ਹਾ ਪ੍ਰੀਸ਼ਦ ਸੰਗਰੂਰ ਦੇ ਸਾਬਕਾ ਚੇਅਰਮੈਨ ਸਤਿਗੁਰ ਸਿੰਘ ਨਮੋਲ ਤੇ ਹੋਰਨਾਂ ਨੇ ਪੰਜਾਬ ਦੇ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਦੇ ਨਾਂਅ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੂੰ ਮੰਗ ਪੱਤਰ ਦਿੱਤਾ।ਮੰਗ ਪੱਤਰ 'ਚ ਕਿਹਾ ਗਿਆ ਕਿ ਪੰਜਾਬ ਦੇ ਕਈ ਹੋਰ ਜ਼ਿਲ੍ਹਿਆਂ ਵਾਂਗ ਹਲਕਾ ਖਡੂਰ ਸਾਹਿਬ ਵੀ ਹੜ੍ਹਾਂ ਦੀ ਲਪੇਟ ਵਿੱਚ ਆਇਆ ਹੋਇਆ ਹੈ।ਹਲਕੇ ਦੇ ਲੋਕਾਂ ਦੀਆਂ ਉਮੀਦਾਂ ਉਮੰਗਾਂ 'ਤੇ ਆਸਾਂ ਆਪਣੇ ਚੁਣੇ ਹੋਏ ਨੁਮਾਇੰਦੇ ਨਾਲ ਜੁੜੀਆਂ ਹੋਈਆਂ ਹਨ।ਭਾਈ ਅਮ੍ਰਿਤਪਾਲ ਸਿੰਘ ਇਸ ਵੇਲੇ ਡਿਬਰੂਗੜ੍ਹ (ਆਸਾਮ) ਦੀ ਜੇਲ੍ਹ ਵਿੱਚ ਨਜ਼ਰਬੰਦ ਹੈ।ਸਮੁੱਚੇ ਪੰਜਾਬੀਆਂ ਦੀ ਇੱਛਾ ਹੈ ਕਿ ਭਾਈ ਅਮ੍ਰਿਤਪਾਲ ਸਿੰਘ ਹੜ੍ਹਾਂ ਦੀ ਲਪੇਟ 'ਚ ਆਏ ਲੋਕਾਂ ਦੀ ਸੁਚੱਜੇ ਢੰਗ ਨਾਲ ਸੇਵਾ ਤੇ ਮੱਦਦ ਦੀ ਅਗਵਾਈ ਕਰ ਸਕਦਾ ਹੈ।

# ਰਾਹਤ ਕੈਂਪਾਂ 'ਚ ਰਹਿ ਰਹੇ ਬੱਚਿਆਂ ਨੂੰ ਪੜ੍ਹਾਉਣਗੇ ਏ ਆਈ ਐੱਸ ਐੱਫ ਕਾਰਕੁਨ

**ਫਾਜ਼ਿਲਕਾ (ਪਰਮਜੀਤ ਢਾਬਾਂ)**

ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਹੜ੍ਹਾਂ ਕਾਰਨ ਸਕੂਲਾਂ ਦੀ ਪੜ੍ਹਾਈ ਤੋਂ ਵਾਂਝੇ ਰਹਿ ਰਹੇ ਬੱਚਿਆਂ ਨੂੰ ਰਾਹਤ ਕੈਂਪਾਂ ਵਿੱਚ ਫੜਾਉਣ ਲਈ ਸ਼ੁਰੂ ਕੀਤੀ ਮੁਹਿੰਮ ਤਹਿਤ ਅੱਜ ਰਾਹਤ ਕੈਂਪਾਂ ਵਿੱਚ ਪਹੁੰਚ ਕੇ ਏਆਈਐੱਸਐੱਫ ਦੇ ਕਾਰਕੁਨਾਂ ਵੱਲੋਂ ਇਨ੍ਹਾਂ ਨੰਨ੍ਹੇ-ਮੁੰਨੇ ਬੱਚਿਆਂ ਨੂੰ ਪੜ੍ਹਾਇਆ ਗਿਆ।ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਦੇ ਸੂਬਾ ਸਕੱਤਰ ਸੁਖਵਿੰਦਰ ਕੁਮਾਰ, ਸੂਬਾ ਪ੍ਰਧਾਨ ਰਮਨ ਧਰਮੂ ਵਾਲਾ ਨੇ ਦੱਸਿਆ ਕਿ ਸੂਬੇ ਵਿੱਚ ਹੜ੍ਹਾਂ ਕਰਕੇ ਸਕੂਲ ਬੰਦ ਹਨ।ਇਸ ਕਾਰਨ ਆਪਣੇ ਘਰਾਂ ਵਿੱਚੋਂ ਉੱਠ ਕੇ ਫਾਜ਼ਿਲਕਾ ਦੇ ਵੱਖ ਵੱਖ ਪਿੰਡਾਂ ਦੇ ਲੋਕਾਂ ਦੇ ਰਹਿਣ ਦੇ ਲਈ ਕੇਂਦਰ ਬਣਾਏ ਗਏ ਹਨ।ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੇ ਸਕੂਲ ਅਜੇ ਛੇਤੀ ਲੱਗਣ ਦੇ ਸਾਰ ਨਹੀਂ ਹਨ, ਜਿਸ ਕਰਕੇ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਹੋ ਰਿਹਾ ਹੈ।ਏ.ਆਈ.ਐੱਸ.ਐੱਫ. ਵੱਲੋਂ ਚਲਾਈ ਗਈ ਮੁਹਿੰਮ ਤਹਿਤ ਲੋਕਾਂ ਦੇ ਰਹਿਣ ਦੇ ਲਈ ਬਣੇ ਕੇਂਦਰ ਪਿੰਡ ਮੌਜਮ, ਰਾਣਾ, ਸਲੇਮ ਸ਼ਾਹ, ਬਹਿਕ ਖਾਸ ਵਿੱਚ ਇਸ ਮੁਹਿੰਮ ਤਹਿਤ ਜਥੇਬੰਦੀ ਦੇ ਵਿਦਿਆਰਥੀ ਆਗੂਆਂ ਨੇ ਉੱਥੇ ਜਾ ਕੇ ਬੱਚਿਆਂ ਨੂੰ ਪੜ੍ਹਾਉਣ ਦਾ ਕੰਮ ਕਰ ਰਹੇ ਹਨ।ਅੱਜ ਚਾਹੇ ਹੜ੍ਹਾਂ ਕਰਕੇ ਕਈ ਪਿੰਡਾਂ ਦੇ ਸਕੂਲ ਬੰਦ ਹੋਣ ਕਰਕੇ ਵਿਦਿਆਰਥੀ ਸਕੂਲਾਂ ਤੋਂ ਦੂਰ ਹੋ ਗਏ ਹਨ, ਪਰ ਹੜ੍ਹਾ ਵਿੱਚ ਡੁੱਬੇ ਸਕੂਲ, ਫਿਰ ਵੀ ਬੱਚੇ ਪੜ੍ਹਨਾ ਚਾਹੁੰਦੇ ਹਨ।ਬੱਚੇ ਪੜ੍ਹਾਈ ਤੋਂ ਦੂਰ ਨਹੀਂ ਹੋਣਾ ਚਾਹੁੰਦੇ।ਹਰ ਰੋਜ਼ ਨਵੇਂ ਤੋਂ ਨਵਾਂ ਗਿਆਨ ਹਾਸਲ ਕਰਨਾ ਬੱਚਿਆਂ ਦਾ ਪੜ੍ਹਨ ਦਾ ਸਲੀਕਾ ਦੱਸਦਾ ਹੈ।ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਦੇ ਸਾਰੇ ਸਮਾਜਿਕ ਸੰਗਠਨਾਂ, ਅਧਿਆਪਕਾਂ ਤੇ ਨੌਜਵਾਨਾਂ ਨੂੰ ਅਪੀਲ ਕਰਦੀ ਹੈ ਕਿ ਉਹ ਇਸ ਮੁਹਿੰਮ ਨਾਲ ਜੁੜ ਕੇ ਬੱਚਿਆਂ ਦੀ ਸਿੱਖਿਆ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣ।ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਲੜਕੀਆਂ ਦੇ ਸੂਬਾ ਕੋ-ਕਨਵੀਨਰ ਸੰਜਨਾਂ ਢਾਬਾ ਤੇ ਜ਼ਿਲ੍ਹਾ ਆਗੂ ਕੀਰਤੀ ਫਾਜ਼ਿਲਕਾ ਨੇ ਕਿਹਾ ਕਿ ਫਾਜ਼ਿਲਕਾ ਬਾਰਡਰ ਏਰੀਆ ਪਹਿਲਾਂ ਹੀ ਵਿੱਦਿਅਕ ਪੱਖ ਤੋਂ ਅਤੇ ਆਰਥਿਕ ਤੰਗੀਆਂ ਤੋਂ ਗੁਜ਼ਰ ਰਿਹਾ ਹੈ।ਇਨ੍ਹਾਂ ਹੜ੍ਹਾਂ ਕਰਕੇ ਬੱਚਿਆਂ ਦੀ ਪੜ੍ਹਾਈ ਦਾ ਵੱਡਾ ਨੁਕਸਾਨ ਹੋਇਆ ਹੈ।ਵਿਦਿਆਰਥੀ ਆਗੂਆਂ ਨੇ ਮੰਗ ਕਰਦਿਆਂ ਕਿਹਾ ਕਿ ਜਿਹੜੇ ਵੀ ਲੋਕ ਹੜ੍ਹਾਂ ਦੀ ਮਾਰ ਹੇਠ ਆਏ ਹਨ, ਉਨ੍ਹਾਂ ਬੱਚਿਆਂ ਦੇ ਸਕੂਲਾਂ ਵਿੱਚ ਇੱਕ ਸਾਲ ਦੀਆਂ ਫੀਸਾਂ ਮਾਫ਼ ਕੀਤੀਆਂ ਜਾਣ।ਇਸ ਮੁਹਿੰਮ ਜਥੇਬੰਦੀ ਦੇ ਜ਼ਿਲ੍ਹਾ ਫਾਜ਼ਿਲਕਾ ਦੇ ਸਕੱਤਰ ਸਟਾਲਿਨ ਲਮੋਚੜ, ਕਰਨ ਫਾਜ਼ਿਲਕਾ, ਨੀਰਜ ਫਾਜ਼ਿਲਕਾ, ਕੁਨਾਲ ਫਾਜ਼ਿਲਕਾ ਪ੍ਰਵੀਨ ਹਸਤਾਂ ਕਲਾਂ, ਮਨਜਿੰਦਰ ਬੱਗੇ ਕਾ ਤੇ ਤਮੰਨਾ ਬੱਗੇ ਕਾ ਨੇ ਰਾਹਤ ਕੈਂਪਾਂ ਵਿੱਚ ਰਹਿ ਰਹੇ ਬੱਚਿਆਂ ਨੂੰ ਪੜ੍ਹਾਉਣ ਲਈ ਜਾ ਰਹੇ ਹਨ।



# ਪ੍ਰਧਾਨ ਮੰਤਰੀ ਹੜ੍ਹਾਂ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਵਿਸ਼ੇਸ਼ ਪੈਕੇਜ ਦੇਣ : ਸੀ ਪੀ ਆਈ

## 21 ਦੀ ਮਹਾਂਰੈਲੀ 'ਚ ਇਸ ਮੰਗ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ : ਕੌਸ਼ਲ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਪਿਛਲੇ ਦਿਨੀਂ ਭਾਰੀ ਬਾਰਸ਼ਾਂ ਤੇ ਡੈਮਾਂ ਵਿੱਚੋਂ ਜ਼ਿਆਦਾ ਪਾਣੀ ਛੱਡਣ ਕਾਰਨ ਆਏ ਹੜ੍ਹਾਂ ਨੇ ਪੰਜਾਬ ਦੇ ਦੋ ਹਜ਼ਾਰ ਪਿੰਡਾਂ ਦੀ ਕਰੀਬ ਪੌਣੇ ਦੋ ਲੱਖ ਹੈਕਟੇਅਰ ਜ਼ਮੀਨ ਵਿੱਚ ਖੜੀ ਫਸਲ ਬਰਬਾਦ ਕਰ ਦਿੱਤੀ ਹੈ, ਸੈਂਕੜੇ ਮਕਾਨ, ਦੁਕਾਨਾਂ ਤੇ ਸਕੂਲਾਂ ਦੀਆਂ ਇਮਾਰਤਾਂ ਨੂੰ ਭਾਰੀ ਨੁਕਸਾਨ ਹੋਣ ਤੋਂ ਇਲਾਵਾ 48 ਜ਼ਿੰਦਗੀਆਂ ਵੀ ਹੜ੍ਹਾਂ ਦੀ ਭੇਟ ਚੜ੍ਹ ਗਈਆਂ ਹਨ।ਮੁੱਢਲੇ ਅਨੁਮਾਨ ਮੁਤਾਬਕ ਪੰਜਾਬ ਦਾ 13,000 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ, ਜਿਸ ਦੀ ਭਰਪਾਈ ਕਰਨ ਲਈ ਪ੍ਰਧਾਨ ਮੰਤਰੀ ਸ੍ਰੀ ਮੋਦੀ ਨੂੰ ਆਪਣੇ 9 ਸਤੰਬਰ ਦੇ ਪ੍ਰਸਤਾਵਿਤ ਦੌਰੇ ਸਮੇਂ ਵਿਸ਼ੇਸ਼ ਪੈਕੇਜ ਦੇ ਰੂਪ ਵਿੱਚ ਐਲਾਨ ਕਰਨਾ ਚਾਹੀਦਾ ਹੈ।ਇਹ ਬਿਆਨ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਫਰੀਦਕੋਟ ਦੇ ਸੈਕਟਰੀ ਅਸ਼ੋਕ ਕੌਸ਼ਲ ਨੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਭਾਣਾ, ਢੁੱਡੀ, ਕੋਟ ਸੁਖੀਆ ਤੇ ਔਲਖ ਵਿਖੇ ਆਮ ਲੋਕਾਂ ਤੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਨ ਤੋਂ ਬਾਅਦ ਜਾਰੀ ਕੀਤਾ।ਮੀਟਿੰਗਾਂ ਨੂੰ ਪਾਰਟੀ ਦੇ ਜ਼ਿਲ੍ਹਾ ਸਕੱਤਰ ਤੋਂ ਇਲਾਵਾ ਮਾਸਟਰ ਗੁਰਚਰਨ ਸਿੰਘ ਮਾਨ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੇ ਜ਼ਿਲ੍ਹਾ ਪ੍ਰਧਾਨ ਵੀਰ ਸਿੰਘ ਕੰਮੇਆਣਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪਾਰਟੀ ਵੱਲੋਂ 21 ਸਤੰਬਰ ਨੂੰ ਮੋਹਾਲੀ ਵਿੱਚ ਕੀਤੀ ਜਾ ਰਹੀ ਮਹਾਂ-ਰੈਲੀ ਵਿੱਚ ਹੋਰ ਮੁੱਦਿਆਂ ਤੋਂ ਇਲਾਵਾ ਹੜ੍ਹ ਪੀੜਤਾਂ ਦੀ ਸਾਰ ਲੈਣ ਦੀ ਮੰਗ ਨੂੰ ਵੀ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।ਕਮਿਊਨਿਸਟ ਆਗੂਆਂ ਨੇ ਕਿਹਾ ਕਿ ਪਾਰਟੀ ਦੇ 25ਵੇਂ ਕੌਮੀ ਮਹਾਂ-ਸੰਮੇਲਨ ਦੇ ਪਹਿਲੇ ਦਿਨ 21 ਸਤੰਬਰ ਨੂੰ ਕੀਤੀ ਜਾਣ ਵਾਲੀ ਰੈਲੀ ਵਿੱਚ ਗੈਰ-ਹੁਨਰਮੰਦ ਮਜ਼ਦੂਰਾਂ ਦੀ ਘੱਟ ਤੋਂ ਘੱਟ ਮਾਸਿਕ ਉਜ਼ਰਤ 26,000 ਰੁਪਏ ਕਰਨ, ਨਰੇਗਾ ਦਿਹਾੜੀ ਇੱਕ ਹਜ਼ਾਰ ਰੁਪਏ ਕਰਨ, 60 ਸਾਲ ਦੀ ਉਮਰ ਹੋਣ 'ਤੇ ਸਭ ਲਈ ਦਸ ਹਜ਼ਾਰ ਰੁਪਏ ਪੈਨਸ਼ਨ, ਸਭ ਦੇਸ਼ ਵਾਸੀਆਂ ਲਈ ਮੁਫ਼ਤ ਤੇ ਵਧੀਆ ਇਲਾਜ, ਵਿਦਿਆਰਥੀਆਂ ਲਈ ਯੂਨੀਵਰਸਿਟੀ ਪੱਧਰ ਤੱਕ ਮੁਫ਼ਤ ਸਿੱਖਿਆ ਤੇ ਸਭ ਲਈ ਰੁਜ਼ਗਾਰ ਦੀ ਗਾਰੰਟੀ ਆਦਿ ਮੰਗਾਂ ਦੀ ਪ੍ਰਾਪਤੀ ਲਈ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।ਆਗੂਆਂ ਨੇ ਵੱਧ ਤੋਂ ਵੱਧ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ, ਵਿਦਿਆਰਥੀਆਂ, ਪੈਨਸ਼ਨਰਾਂ ਤੇ ਆਮ ਲੋਕਾਂ ਨੂੰ ਵੱਡੀ ਗਿਣਤੀ ਵਿੱਚ 21 ਸਤੰਬਰ ਦੀ ਮੋਹਾਲੀ ਦੀ ਸਬਜ਼ੀ ਮੰਡੀ (ਫੇਜ਼-11) ਵਿੱਚ ਹੋਣ ਵਾਲੀ ਰੈਲੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।

ਇਸ ਮੌਕੇ ਕਾਮਰੇਡ ਮੁਖਤਿਆਰ ਸਿੰਘ, ਤਰਸੇਮ ਸਿੰਘ ਭਾਣਾ, ਬੋਹੜ ਸਿੰਘ ਔਲ਼ਖ, ਫ਼ਤਿਹ ਸਿੰਘ ਢੁੱਡੀ, ਅਮਰਿੰਦਰ ਸਿੰਘ ਤੇ ਚਮਕੌਰ ਸਿੰਘ ਕੋਟ ਸੁਖੀਆ ਹਾਜ਼ਰ ਸਨ।

# ਕਿਸਾਨ ਆਗੂ ਟਿਕੈਤ ਨੇ ਰਾਹਤ ਸਮਗਰੀ ਦੇ ਟਰੱਕਾਂ ਨੂੰ ਕੀਤਾ ਰਵਾਨਾ



**ਸਮਰਾਲਾ (ਸੁਰਜੀਤ ਸਿੰਘ)**-ਭਾਰਤੀ ਕਿਸਾਨ ਯੂਨੀਅਨ (ਟਿਕੈਤ) ਦੇ ਆਗੂ ਰਾਕੇਸ਼ ਟਿਕੈਤ ਵੱਲੋਂ ਗੌਰਵ ਟਿਕੈਤ ਤੇ ਦਿੱਲੀ ਤੋਂ ਅਬਾਸੀ ਦੀ ਅਗਵਾਈ ਹੇਠ ਪੰਜਾਬ ਦੇ ਹੜ੍ਹ ਪੀੜਤਾਂ ਦੀ ਭੇਜੀ ਗਈ ਰਾਹਤ ਸਮਗਰੀ ਦੇ ਭਰੇ ਚਾਰ ਟਰੱਕਾਂ ਨੂੰ ਅੱਜ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ, ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਤੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲਮਾਜਰਾ ਨੇ ਯੂਨੀਅਨ ਦੇ ਦਫਤਰ ਤੋਂ ਫਿਰੋਜ਼ਪੁਰ ਤੇ ਤਰਨਤਾਰਨ ਜ਼ਿਲ੍ਹਿਆਂ ਲਈ ਰਵਾਨਾ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਨੇ ਦੱਸਿਆ ਕਿ ਰਾਹਤ ਸਮਗਰੀ ਵਿੱਚ ਗੈਸ ਚੁੱਲ੍ਹੇ, ਮੰਜੇ, ਗੱਦੇ, ਬਿਸਤਰੇ ਤੇ ਹੋਰ ਜ਼ਰੂਰੀ ਸਾਮਾਨ ਸ਼ਾਮਲ ਸੀ।ਕਿਸਾਨ ਆਗੂਆਂ ਨੇ ਦੱਸਿਆ ਕਿ ਇਸ ਰਾਸ਼ਨ ਤੇ ਸਾਮਾਨ ਨੂੰ ਬੀਕੇਯੂ (ਲੱਖੋਵਾਲ) ਵੱਲੋਂ ਗੁਰਦੁਆਰਾ ਗੁਪਤਸਰ ਸਾਹਿਬ (ਤਰਨਤਾਰਨ) ਵਿਖੇ ਲਗਾਏ ਰਾਹਤ ਕੈਂਪ ਵਿੱਚ ਪਹੁੰਚਾਇਆ ਜਾਵੇਗਾ, ਜਿੱਥੋਂ ਇਸ ਸਾਮਾਨ ਨੂੰ ਲੋੜਵੰਦ ਵੱਖ ਵੱਖ ਥਾਵਾਂ ਲਈ ਭੇਜਿਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਪੰਜ-ਛੇ ਟਰੱਕ ਹੋਰ ਵੀ ਸਮਾਨ ਨਾਲ ਭਰੇ ਆ ਰਹੇ ਹਨ ਤੇ ਇਸ ਤੋਂ ਪਹਿਲਾਂ ਵੀ ਰਸਦ ਤੇ ਸਾਮਾਨ ਟਰੱਕ ਭੇਜੇ ਜਾ ਚੁੱਕੇ ਹਨ।

# ਪ੍ਰਸ਼ਾਸਕੀ ਲਾਪ੍ਰਵਾਹੀ ਕਾਰਨ ਚਿੱਟ ਫੰਡ ਡਰਾਅ ਰੈਕੇਟ ਵਧ-ਫੁੱਲ ਰਿਹੈ

## ਡਰਾਅ ਦੀ ਵੀਡੀਓ ਤੇ ਆਡੀਓ ਵਾਇਰਲ ਹੋਣ ਦੇ ਬਾਵਜੂਦ ਪ੍ਰਸ਼ਾਸਨ ਖਾਮੋਸ਼



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਸ਼ਹਿਰ ਵਿੱਚ ਕਾਫ਼ੀ ਸਮੇਂ ਤੋਂ ਚਰਚਾ ਦਾ ਵਿਸ਼ਾ ਬਣਿਆ ਹੋਇਆ ਗੈਰ-ਕਾਨੂੰਨੀ ਚਿੱਟ ਫੰਡ ਤੇ ਲੱਕੀ ਡਰਾਅ ਰੈਕੇਟ ਆਮ ਲੋਕਾਂ ਨੂੰ ਭਾਰੀ ਇਨਾਮੀ ਰਾਸ਼ੀ ਦਾ ਲਾਲਚ ਦੇ ਕੇ ਪੂਰੇ ਜ਼ੋਰਾਂ 'ਤੇ ਜਾਰੀ ਹੈ।ਇਸ ਕਾਰੋਬਾਰ ਨੂੰ ਚਲਾਉਣ ਵਾਲੇ ਨਾ ਸਿਰਫ਼ ਆਮ ਲੋਕਾਂ ਨੂੰ ਧੋਖਾ ਦਿੰਦੇ ਹਨ, ਸਗੋਂ ਬਿਨਾਂ ਕਿਸੇ ਪ੍ਰਵਾਨਗੀ ਦੇ ਕਾਰੋਬਾਰ ਕਰਦੇ ਹੋਏ ਤੇ ਕਰੋੜਾਂ ਰੁਪਏ ਦਾ ਲੈਣ-ਦੇਣ ਕਰਦੇ ਹੋਏ ਟੈਕਸ ਚੋਰੀ ਕਰਕੇ ਸਰਕਾਰ ਨੂੰ ਵੀ ਧੋਖਾ ਦਿੰਦੇ ਹਨ। ਹਾਲ ਹੀ ਵਿੱਚ, ਛਾਬੜਾ ਵਪਾਰੀ ਦੁਆਰਾ ਸ਼ਹਿਰ ਦੀ ਅਨਾਜ ਮੰਡੀ ਵਿੱਚ ਆਪਣੀ ਦੁਕਾਨ ਨੰਬਰ 73 ਬੀ 'ਤੇ ਇੱਕ ਅਣਅਧਿਕਾਰਤ ਲੱਕੀ ਡਰਾਅ ਦਾ ਖੁੱਲ੍ਹੇਆਮ ਆਯੋਜਨ ਕੀਤਾ ਗਿਆ ਸੀ, ਜਿਸ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ।ਇੰਨਾ ਹੀ ਨਹੀਂ, ਉਸੇ ਦੁਕਾਨ 'ਤੇ ਕੰਮ ਕਰਨ ਵਾਲੇ ਮਿੰਟੂ ਨੂੰ ਵੀ ਇੱਕ ਨਾਮੀ ਵਿਅਕਤੀ ਦੀ ਫ਼ੋਨ 'ਤੇ ਗੱਲਬਾਤ ਦੀ ਆਡੀਓ ਵੀ ਵਾਇਰਲ ਹੋ ਰਹੀ ਹੈ, ਜਿਸ ਵਿੱਚ ਉਹ ਨਾ ਸਿਰਫ਼ ਇਹ ਸਵੀਕਾਰ ਕਰ ਰਿਹਾ ਹੈ ਕਿ ਉਸ ਨੇ ਵੱਖ-ਵੱਖ ਲੋਕਾਂ ਨੂੰ 3 ਲੱਖ 11 ਹਜ਼ਾਰ ਰੁਪਏ ਦੇ ਦੋ ਡਰਾਅ ਤੇ 25 ਹਜ਼ਾਰ ਰੁਪਏ ਦੇ ਚਾਰ ਡਰਾਅ ਦਿੱਤੇ ਹਨ, ਸਗੋਂ ਉਹ ਇਹ ਵੀ ਕਹਿੰਦਾ ਹੈ ਕਿ ਸ਼ਹਿਰ ਵਿੱਚ ਚਰਚਾ ਤੇ ਜੋਖਮ ਜ਼ਿਆਦਾ ਹੋਣ ਕਾਰਨ, ਇਸ ਵਾਰ ਉਸ ਨੇ ਡਰਾਅ ਕਿਸੇ ਮਹਿਲ ਦੀ ਬਜਾਏ ਇੱਕ ਦੁਕਾਨ 'ਤੇ ਕਰਵਾਏ ਹਨ।ਇਸ ਤੋਂ ਇਲਾਵਾ, ਉਹ ਚਾਰ ਮਹੀਨਿਆਂ ਬਾਅਦ ਇੱਕ ਨਵੀਂ ਡਰਾਅ ਸਕੀਮ ਚਲਾਉਣ ਦੀ ਗੱਲ ਵੀ ਕਰਦਾ ਹੈ।ਇੰਨੇ ਸਾਰੇ ਤੱਥਾਂ ਤੇ ਆਡੀਓ ਵੀਡੀਓ ਵਾਇਰਲ ਹੋਣ ਤੋਂ ਬਾਅਦ ਵੀ, ਇਹ ਹੈਰਾਨੀ ਵਾਲੀ ਗੱਲ ਹੈ ਕਿ ਪੁਲਸ ਤੇ ਸਿਵਲ ਪ੍ਰਸ਼ਾਸਨ ਚੁੱਪ ਧਾਰੀ ਹੋਈ ਹੈ, ਜਿਸ ਕਾਰਨ ਇਲਾਕੇ ਦੇ ਜ਼ਿਆਦਾਤਰ ਵਸਨੀਕ ਕਹਿ ਰਹੇ ਹਨ ਕਿ ਇਸ ਕਾਰੋਬਾਰ ਵਿੱਚ ਕੁਝ ਵੀ ਸ਼ੱਕੀ ਨਹੀਂ ਹੈ ਤੇ ਇਹ ਇੱਕ ਘੁਟਾਲਾ ਹੈ, ਇਹ ਸਭ ਇੱਕ ਘੁਟਾਲਾ ਹੈ।ਹਾਲਾਂਕਿ ਪਹਿਲਾਂ ਅਜਿਹੇ ਕਾਰੋਬਾਰ ਚਲਾਉਣ ਵਾਲੀਆਂ ਕਈ ਫਰਮਾਂ ਲੋਕਾਂ ਦੇ ਪੈਸੇ ਲੈ ਕੇ ਫਰਾਰ ਹੋ ਗਈਆਂ ਹਨ, ਪਰ ਇਸ ਦੇ ਬਾਵਜੂਦ ਇਹ ਕਾਰੋਬਾਰ ਵਧ-ਫੁੱਲ ਰਿਹਾ ਹੈ।ਪ੍ਰਸ਼ਾਸਨ, ਜੋ ਅਕਸਰ ਅਜਿਹੇ ਕਾਰੋਬਾਰਾਂ ਨਾਲ ਜੁੜੇ ਲੋਕਾਂ ਦੇ ਫਰਾਰ ਹੋਣ ਤੋਂ ਬਾਅਦ ਕਾਰਵਾਈ ਕਰਦਾ ਹੈ, ਇਸ ਕਾਰੋਬਾਰ ਨਾਲ ਸਬੰਧਤ ਉਪਰੋਕਤ ਵਾਇਰਲ ਆਡੀਓ ਵੀਡੀਓ ਦੇ ਬਾਵਜੂਦ ਚੁੱਪ ਧਾਰੀ ਹੋਈ ਹੈ, ਜੋ ਕਈ ਸ਼ੰਕੇ ਪੈਦਾ ਕਰਦਾ ਹੈ।ਅਨਾਜ ਮੰਡੀ ਵਿੱਚ ਡਰਾਅ ਲਈ ਕੀਤੀ ਗਈ ਕਾਰਵਾਈ ਬਾਰੇ, ਸੈਕਟਰੀ ਮਾਰਕੀਟ ਕਮੇਟੀ ਬਲਕਾਰ ਸਿੰਘ ਨੇ ਕਿਹਾ ਕਿ ਅਜਿਹੇ ਮਾਮਲੇ ਵਿੱਚ, ਪੁਲਸ ਤੇ ਪ੍ਰਸ਼ਾਸਨ ਦੁਆਰਾ ਕਾਰਵਾਈ ਕੀਤੀ ਜਾ ਸਕਦੀ ਹੈ, ਇਹ ਉਨ੍ਹਾਂ ਦੇ ਅਧਿਕਾਰ ਖੇਤਰ ਤੋਂ ਬਾਹਰ ਹੈ।ਇਸ ਸਬੰਧ ਵਿੱਚ, ਜਦੋਂ ਡੀਐੱਸਪੀ ਨਵੀਨ ਕੁਮਾਰ ਨੂੰ ਚਿੱਟ ਫੰਡ ਡਰਾਅ ਦੇ ਵਾਇਰਲ ਹੋਣ ਦੀ ਵੀਡੀਓ 'ਤੇ ਕੀਤੀ ਗਈ ਕਾਰਵਾਈ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਅਜੇ ਤੱਕ ਮੇਰੇ ਧਿਆਨ ਵਿੱਚ ਨਹੀਂ ਆਇਆ ਹੈ।ਦੂਜੇ ਪਾਸੇ ਏਡੀਸੀ ਗੁਰਪ੍ਰੀਤ ਸਿੰਘ ਥਿੰਦ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਸਬੰਧੀ ਸ਼ਿਕਾਇਤ ਮਿਲੀ ਹੈ ਤੇ ਉਹ ਇਸ ਮਾਮਲੇ ਦੀ ਤੁਰੰਤ ਜਾਂਚ ਕਰਵਾਉਣਗੇ ਤੇ ਲੋੜੀਂਦੀ ਕਾਰਵਾਈ ਕਰਨਗੇ।

# ਚੇਅਰਮੈਨ ਬਰਿੰਦਰ ਕੁਮਾਰ ਤੇ ਟੀਮ ਨੇ ਪਸ਼ੂਆਂ ਲਈ ਚਾਰੇ ਦਾ ਅੱਠਵਾਂ ਟਰੱਕ ਵੰਡਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਬਹੁਤ ਸਾਰੇ ਜ਼ਿਲ੍ਹਿਆਂ ਦਾ ਜਨਜੀਵਨ ਪ੍ਰਭਾਵਿਤ ਹੋਇਆ ਹੈ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤਹਿਤ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਲੋਕਾਂ ਦੀ ਮੱਦਦ ਲਈ ਸਾਰੀ ਟੀਮ ਲਗਾਤਰ ਰਾਹਤ ਕਾਰਜਾਂ ਵਿਚ ਜੁਟੀ ਹੋਈ ਹੈ।ਇਹ ਜਾਣਕਾਰੀ ਚੇਅਰਮੈਨ ਮਾਰਕਿਟ ਕਮੇਟੀ ਨਿਹਾਲ ਸਿੰਘ ਵਾਲਾ ਬਰਿੰਦਰ ਕੁਮਾਰ ਮਧੇਕੇ ਨੇ ਸਾਂਝੀ ਕੀਤੀ।ਚੇਅਰਮੈਨ ਮਾਰਕਿਟ ਕਮੇਟੀ ਨਿਹਾਲ ਸਿੰਘ ਵਾਲਾ, ਆਮ ਆਦਮੀ ਪਾਰਟੀ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਤੇ ਪਲੈਨਿੰਗ ਬੋਰਡ ਦੇ ਚੇਅਰਮੈਨ ਬਰਿੰਦਰ ਕੁਮਾਰ ਮਧੇਕੇ ਵੱਲੋਂ ਅੱਜ ਪਸ਼ੂਆਂ ਲਈ ਮੱਕੀ ਦੇ ਸਾਈਲੇਜ਼ (ਪਸ਼ੂਆਂ ਲਈ ਆਚਾਰ) ਦਾ ਅੱਠਵਾਂ ਟਰੱਕ ਖਡੂਰ ਸਾਹਿਬ ਦੇ ਪਿੰਡ ਕਰਮੂਵਾਲਾ ਵਿੱਚ ਆਪ ਜਾ ਕੇ ਵੰਡਿਆ।ਇਸ ਮੌਕੇ ਉਨ੍ਹਾਂ ਹੜ੍ਹਾਂ ਤੋਂ ਪ੍ਰਭਾਵਿਤ ਪਰਵਾਰਾਂ ਨਾਲ ਗੱਲ ਕਰਦਿਆਂ ਉਨ੍ਹਾਂ ਨੂੰ ਵਿਸ਼ਵਾਸ ਦਿਵਾਇਆ ਕਿ ਪੰਜਾਬ ਸਰਕਾਰ ਉਨ੍ਹਾਂ ਦੀ ਹਰ ਸਹੂਲਤ ਦਾ ਖਿਆਲ ਰੱਖ ਰਹੀ ਹੈ, ਜਿਸ ਤਰ੍ਹਾਂ ਪਹਿਲਾਂ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਰਾਹਤ ਸਮੱਗਰੀ ਭੇਜੀ ਜਾ ਰਹੀ ਹੈ, ਉਸੇ ਤਰ੍ਹਾਂ ਹੀ ਉਨ੍ਹਾਂ ਦੇ ਮੁੜ ਵਸੇਬੇ ਤੱਕ ਸਰਕਾਰ ਤੇ ਪ੍ਰਸ਼ਾਸਨ ਉਨ੍ਹਾਂ ਦੇ ਨਾਲ ਖੜ੍ਹਾ ਹੈ। ਉਹਨਾਂ ਪੰਜਾਬ ਦੇ ਲੋਕਾਂ ਨੂੰ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਜਿੱਥੇ ਅਪੀਲ ਕੀਤੀ, ਉੱਥੇ ਹੀ ਜੋ ਲੋਕ ਸਹਾਇਤਾ ਕਰ ਰਹੇ ਹਨ।ਚੇਅਰਮੈਨ ਬਰਿੰਦਰ ਕੁਮਾਰ ਮਧੇਕੇ ਨੇ ਕਿਹਾ ਕਿ ਇਸ ਆਫ਼ਤ ਦੀ ਘੜੀ ਵਿੱਚ ਲੋਕ ਇੱਕ ਦੂਸਰੇ ਦਾ ਸਾਥ ਦੇਣ।

ਉਨ੍ਹਾਂ ਲੋਕਾਂ ਨੂੰ ਲੋੜੀਂਦੀਆਂ ਵਸਤੂਆਂ ਦੀ ਜਮ੍ਹਾਂਖੋਰੀ ਨਾ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕਿਸੇ ਵੀ ਇਲਾਕੇ ਵਿੱਚ ਵਸਤੂਆਂ ਦੀ ਤੋਟ ਨਹੀਂ ਆਉਣ ਦੇਵੇਗੀ, ਇਸ ਕਾਰਜ ਵਿੱਚ ਪੰਜਾਬ ਦੇ ਸਮੂਹ ਲੋਕ, ਸੰਸਥਾਵਾਂ ਆਦਿ ਪੂਰਨ ਸਹਿਯੋਗ ਦੇ ਰਹੇ ਹਨ।

# ਚੇਅਰਮੈਨ ਢਿੱਲੋਂ ਵੱਲੋਂ ਘੱਗਰ ਤੇ ਟਾਂਗਰੀ ਦੇ ਹੜ੍ਹ ਪੀੜਤ ਪਿੰਡਾਂ ਦਾ ਦੌਰਾ

## ਲੋੜਵੰਦਾਂ ਨੂੰ ਜ਼ਰੂਰੀ ਵਸਤਾਂ ਦੀ ਕੀਤੀ ਵੰਡ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਅੰਦਰ ਆਏ ਹੜ੍ਹਾਂ ਵੱਲੋਂ ਮਚਾਈ ਤਬਾਹੀ ਕਰਨ ਲੋਕਾਂ ਨੂੰ ਜਾਨੀ ਤੇ ਮਾਲੀ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਟਿਆਲਾ ਜ਼ਿਲ੍ਹੇ ਅੰਦਰ ਟਾਂਗਰੀ, ਮਾਰਕੰਡਾ ਤੇ ਘੱਗਰ ਦਰਿਆ 'ਚ ਆਏ ਹੜ੍ਹ ਨੇ ਜਿੱਥੇ ਪੂਰੇ ਜ਼ਿਲ੍ਹੇ ਵਿੱਚ ਤਬਾਹੀ ਮਚਾਈ ਹੈ, ਉੱਥੇ ਵਿਧਾਨ ਸਭਾ ਹਲਕਾ ਸਨੌਰ ਵਿੱਚ ਪੈਂਦੇ ਦਰਜਨਾਂ ਪਿੰਡਾਂ ਅੰਦਰ ਹਜ਼ਾਰ ਏਕੜ ਝੋਨੇ ਦੀ ਫਸਲ ਬਰਬਾਦ ਹੋ ਚੁੱਕੀ ਹੈ ਅਤੇ ਲੋਕਾ ਨੂੰ ਭਾਰੀ ਮਾਲੀ ਨੁਕਸਾਨ ਉਠਾਉਣਾ ਪਿਆ ਹੈ।

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਹੜ੍ਹ ਪੀੜਤ ਲੋਕਾਂ ਦੀ ਹਰ ਸੰਭਵ ਸਹਾਇਤਾ ਕਰਨ ਲਈ ਦਿਨ-ਰਾਤ ਇੱਕ ਕਰ ਰਹੀ ਹੈ, ਜਿਸ ਦੇ ਮੱਦੇਨਜ਼ਰ ਟਾਂਗਰੀ, ਮਾਰਕੰਡਾ ਤੇ ਘੱਗਰ ਦਰਿਆਵਾਂ ਦੇ ਹੜ੍ਹਾਂ ਕਾਰਨ ਪ੍ਰਭਾਵਿਤ ਪਿੰਡ ਜੱਲਾ ਖੇੜੀ ਤੇ ਸਾਧੂ ਨਗਰ ਵਿਖੇ ਹੜ੍ਹ ਪੀੜਤਾਂ ਨੂੰ ਲੋੜੀਂਦੀ ਸੱਮਗਰੀ ਵੰਡਦੇ ਹੋਏ ਪੰਜਾਬ ਐਗਰੋ ਦੇ ਚੇਅਰਮੈਨ ਤੇ ਹਲਕਾ ਲੋਕ ਸਭਾ ਪਟਿਆਲਾ ਦੇ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਅਤੇ ਦਿੱਲੀ ਤੋਂ ਆਏ ਗੁਰਦੁਆਰਾ ਰਕਾਬਗੰਜ ਦੇ ਚੇਅਰਮੈਨ ਕੁਲਵਿੰਦਰ ਸਿੰਘ ਵੱਲੋਂ ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ ਗਿਆ। ਇਸ ਸਮੇਂ ਉਨ੍ਹਾਂ ਦੀ ਟੀਮ ਤੇ ਅਦਵਦੋਸਤ ਡ੍ਰੀਮ ਆਫ ਸੋਸ਼ਲ ਟਰੇਂਡਸ ਸੰਸਥਾ ਦੇ ਪ੍ਰਧਾਨ ਸਾਬਕਾ ਐੱਸ ਪੀ ਮਨਜੀਤ ਸਿੰਘ ਤੇ ਧਰਮਪਾਲ ਗਿਰੀ ਸੇਖੂ ਪੁਰ ਹਲਕਾ ਸਨੌਰ ਦੇ ਹੜ੍ਹ ਪੀੜਤ ਇਲਾਕਿਆਂ ਵਿੱਚ ਜਾ ਕੇ ਰਾਸ਼ਨ ਸਮਗਰੀ ਤੇ ਲੋੜੀਂਦਾ ਸਾਮਾਨ ਵੰਡਿਆ। ਇਸ ਸਮੇਂ ਚੇਅਰਮੈਨ ਬਲਜਿੰਦਰ ਢਿੱਲੋਂ ਤੇ ਚੇਅਰਮੈਨ ਕੁਲਵਿੰਦਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਕਈ ਪਿੰਡਾਂ ਦਾ ਪਾਣੀ ਦਾ ਪੱਧਰ ਵਧਣ ਨਾਲ ਭਾਰੀ ਨੁਕਸਾਨ ਹੋਇਆ ਹੈ ਅਤੇ ਪੰਜਾਬ ਸਰਕਾਰ ਇਸ ਦੁੱਖ ਦੀ ਘੜੀ ਵਿੱਚ ਹੜ੍ਹ ਪੀੜਤ ਲੋਕਾਂ ਨਾਲ ਖੜੀ ਹੈ।ਉਨ੍ਹਾ ਕਿਹਾ ਕਿ ਮੁਸ਼ਕਲ ਹਾਲਤਾਂ 'ਚ ਸਰਕਾਰ ਤੇ ਪ੍ਰਸ਼ਾਸਨ ਲੋਕਾਂ ਦੀ ਹਰ ਸੰਭਵ ਮਦਦ ਕਰਨ ਲਈ ਵਚਨਬੱਧ ਹੈ। ਬਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਸਾਰੇ ਮੰਤਰੀ, ਐੱਮ ਐੱਲ ਏ, ਅਹੁਦੇਦਾਰ, ਵਰਕਰ ਤੇ ਲੋਕਲ ਪ੍ਰਸ਼ਾਸਨ ਵੱਲੋਂ ਜੰਗੀ ਪੱਧਰ 'ਤੇ ਸਰਕਾਰ ਦੀਆਂ ਹਦਾਇਤਾਂ ਅਨੁਸਰ ਦਿਨ ਰਾਤ ਹੜ੍ਹ ਪ੍ਰਭਾਵਿਤ ਪਿੰਡਾਂ ਦੀ ਨਿਗਰਾਨੀ ਰੱਖਦੇ ਹੋਏ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ।ਇਸ ਸਮੇਂ ਮੁਹਤਬਰ ਆਗੂ ਨਸੀਬ ਸਿੰਘ, ਹਰਗੁਨ ਸਿੰਘ, ਗੁਰਵੀਰ ਸਿੰਘ, ਗੁਰਪ੍ਰੀਤ ਸਿੰਘ, ਮਨਜਿੰਦਰ ਸਿੰਘ ਤੋਂ ਇਲਾਵਾ ਜੇ ਐਸ ਥਿੰਦ ਵਾਇਸ ਪ੍ਰਧਾਨ, ਸੁਭਾਸ਼ ਗੁਪਤਾ ਵਾਈਸ ਪ੍ਰਧਾਨ, ਗੁਰਤੇਜ ਸਿੰਘ ਭੁੱਲਰ ਜਰਨਲ ਸਕੱਤਰ, ਹਨੀਸ਼ ਗੋਇਲ ਜਾਇੰਟ ਸਕੱਤਰ, ਰੋਹਿਤ ਗੁਪਤਾ ਫਾਈਨਾਂਸ ਸੈਕਟਰੀ, ਆਰ ਐੱਸ ਔਲਖ ਪ੍ਰੈੱ ਸੈਕਟਰੀ, ਅਮਰੀਕ ਸਿੰਘ ਬੰਗੜ ਸੂਬਾ ਸਕੱਤਰ ਐੱਸ ਸੀ ਵਿੰਗ, ਲਖਵਿੰਦਰ ਸਿੰਘ ਢਿੱਲੋਂ ਮੈਂਬਰ ਪੀ ਐਸ ਈ ਬੀ, ਜਸਵੰਤ ਰਾਏ ਸੂਬਾ ਜਾਇੰਟ ਸਕੱਤਰ ਐੱਸ ਸੀ ਵਿੰਗ ਪੰਜਾਬ, ਜ਼ਿਲ੍ਹਾ ਮੀਡੀਆ ਸਕੱਤਰ ਗੱਜਣ ਸਿੰਘ ਮਨਦੀਪ ਜੌਲਾ, ਰਜਿੰਦਰ ਸਿੰਘ ਕੋਹਲੀ ਮੀਡੀਆ ਸਲਾਹਕਾਰ ਤੋਂ ਇਲਾਵਾ ਹੋਰ ਸਾਥੀ ਨਾਲ ਸਨ।

# ਕ੍ਰਾਂਤੀਕਾਰੀ ਕਿਸਾਨ ਯੂਨੀਅਨ ਨੇ ਬਿਜਲੀ ਦਫ਼ਤਰ ਜਮ੍ਹਾਂ ਕਰਾਏ ਚਿੱਪ ਵਾਲੇ ਮੀਟਰ



**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ)**

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਜ਼ਿਲ੍ਹਾ ਖ਼ਜ਼ਾਨਚੀ ਰਣਜੀਤ ਸਿੰਘ ਝੋਕ ਦੀ ਅਗਵਾਈ ਵਿੱਚ ਇਲਾਕੇ ਦੇ ਕਿਸਾਨਾਂ ਨੇ ਇਕੱਤਰ ਹੋ ਕੇ ਚਿੱਪ ਵਾਲ਼ੇ ਮੀਟਰ ਬਿਜਲੀ ਦਫ਼ਤਰ ਝੋਕ ਟਹਿਲ ਸਿੰਘ ਵਾਲਾ ਵਿਖੇ ਜਮ੍ਹਾ ਕਰਾਏ।ਸੂਬਾ ਪ੍ਰੈਸ ਸਕੱਤਰ ਅਵਤਾਰ ਸਿੰਘ ਮਹਿਮਾ ਤੇ ਬਲਾਕ ਝੋਕ ਮੋਹੜੇ ਦੇ ਆਗੂ ਵੀ ਸ਼ਾਮਲ ਹੋਏ।ਐੱਸ.ਡੀ.ਓ ਦੇ ਵਤੀਰੇ ਤੋਂ ਨਰਾਜ਼ ਕਿਸਾਨਾਂ ਨੇ ਮਹਿਕਮੇ ਅਤੇ ਪੰਜਾਬ ਸਰਕਾਰ ਖਿਲਾਫ਼ ਨਾਅਰੇਬਾਜ਼ੀ ਵੀ ਕੀਤੀ ਗਈ। ਅਵਤਾਰ ਸਿੰਘ ਮਹਿਮਾ ਨੇ ਕਿਹਾ ਕਿ ਦਿੱਲੀ ਅੰਦੋਲਨ ਵੇਲੇ ਕੇਂਦਰ ਸਰਕਾਰ ਨੇ ਸੰਯੁਕਤ ਕਿਸਾਨ ਮੋਰਚੇ ਨਾਲ ਲਿਖਤੀ ਵਾਅਦਾ ਕੀਤਾ ਸੀ ਕਿ ਬਿਜਲੀ ਸੋਧ ਬਿੱਲ ਨਹੀਂ ਲੈ ਕੇ ਆਇਆ ਜਾਵੇਗਾ, ਪਰ ਫਿਰ ਉਸ ਨੂੰ ਬਿਜਲੀ ਸੋਧ ਬਿੱਲ 2022 ਬਣਾ ਕੇ ਲਾਗੂ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਸਾਰਾ ਬਿਜਲੀ ਪ੍ਰਬੰਧ ਕਾਰਪੋਰੇਟ ਘਰਾਣਿਆਂ ਨੂੰ ਦੇਣਾ ਚਾਉਂਦੀ ਹੈ ਅਤੇ ਪੰਜਾਬ ਸਰਕਾਰ ਇਸ ਏਜੰਡੇ ਨੂੰ ਤੇਜ਼ੀ ਨਾਲ ਲਾਗੂ ਕਰ ਰਹੀ ਹੈ, ਜਿਸਦਾ ਸੰਯੁਕਤ ਕਿਸਾਨ ਮੋਰਚੇ ਅਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵੱਲੋਂ ਵਿਰੋਧ ਕੀਤਾ ਜਾ ਰਿਹਾ ਹੈ।ਆਗੂਆਂ ਨੇ ਕਿਹਾ ਕਿ ਪੰਜਾਬ ਦਾ ਬਿਜਲੀ ਮਹਿਕਮਾ ਅਤੇ ਲੋਕਾਂ ਦੀ ਬਿਜਲੀ ਖੋਹਣ ਵਾਲ਼ੇ ਕਾਨੂੰਨਾਂ ਦਾ ਲਗਾਤਾਰ ਵਿਰੋਧ ਜਾਰੀ ਰਹੇਗਾ।

# ਜ਼ੈੱਡ ਪੀ ਐੱਸ ਸੀ ਤੇ ਡੀ ਟੀ ਐੱਫ਼ ਵੱਲੋਂ ਹੜ੍ਹ ਪ੍ਰਭਾਵਤ ਪਿੰਡਾਂ ਦਾ ਦੌਰਾ



**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਪਿਛਲੇ ਕੁੱਝ ਦਿਨਾਂ ਤੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ 'ਸੰਘਰਸ਼ ਤੇ ਸੇਵਾ' ਨਾਅਰੇ ਤਹਿਤ ਹੜ੍ਹ ਪੀੜਤ ਲੋਕਾਂ ਤੱਕ ਪਹੁੰਚ ਬਣਾਉਣ ਵਿੱਚ ਜੁਟੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ (ਡੀ.ਟੀ.ਐੱਫ਼.) ਵੱਲੋਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਨਾਲ ਪਟਿਆਲਾ ਜ਼ਿਲ੍ਹੇ ਦੇ ਘਨੌਰ ਇਲਾਕੇ ਵਿੱਚ ਘੱਗਰ ਦੇ ਬੰਨੇ ਕੁੱਝ ਥਾਵਾਂ ਤੋਂ ਟੁੱਟਣ ਨਾਲ ਹੜ੍ਹ ਦੇ ਪਾਣੀ ਤੇ ਲਗਾਤਾਰ ਪਏ ਮੀਂਹਾਂ ਤੋਂ ਪ੍ਰਭਾਵਿਤ ਪਿੰਡਾਂ ਕਾਮੀ ਖੁਰਦ ਤੇ ਚਮਾਰੂ ਦਾ ਸਾਂਝੇ ਤੌਰ 'ਤੇ ਦੌਰਾ ਕੀਤਾ ਗਿਆ, ਜਿਸ ਦੌਰਾਨ ਆਗੂਆਂ ਨੇ ਦੋਵੇਂ ਪਿੰਡਾਂ ਵਿੱਚ ਪਾਣੀ ਦਾ ਪੱਧਰ ਹੁਣ ਕੁੱਝ ਘਟਣ ਤੋਂ ਬਾਅਦ ਹੋਏ ਨੁਕਸਾਨ ਤੇ ਸਮੁੱਚੀ ਸਥਿਤੀ ਦਾ ਜਾਇਜ਼ਾ ਲਿਆ।

ਇਸ ਮੌਕੇ ਪਿੰਡ ਕਾਮੀ ਖੁਰਦ ਦੇ ਮਜ਼ਦੂਰ ਪਰਵਾਰਾਂ ਦੇ ਘਰ-ਘਰ ਜਾ ਕੇ ਕੀਤੇ ਸਰਵੇ ਦੌਰਾਨ ਪਾਇਆ ਗਿਆ ਕਿ ਇਥੇ ਫਸਲਾਂ ਤੋਂ ਇਲਾਵਾ 50 ਤੋਂ ਵਧੇਰੇ ਘਰਾਂ ਦਾ ਵੀ ਤੇਜ਼ ਮੀਂਹ ਤੇ ਹੜ੍ਹਾਂ ਨੇ ਭਾਰੀ ਨੁਕਸਾਨ ਕੀਤਾ ਹੈ ਅਤੇ ਇਸ ਕਾਰਨ ਪਿੰਡ ਚਮਾਰੂ ਵਿੱਚ ਇੱਕ ਵਿਅਕਤੀ ਦੀ ਮੌਤ ਵੀ ਹੋ ਚੁੱਕੀ ਹੈ।

ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਆਗੂ ਧਰਮਪਾਲ ਨੂਰ ਖੇੜੀਆਂ, ਅਵਤਾਰ ਸਿੰਘ ਰਾਏ ਮੰਡਲ, ਗੁਰਦੀਪ ਸਿੰਘ ਲੰਗ, ਹਮੀਰ ਸਿੰਘ ਲੰਗ ਤੇ ਨਿਸ਼ਾਤ ਕੁਮਾਰ ਨੇ ਪਿੰਡ ਵਾਸੀਆਂ ਨਾਲ ਮੀਟਿੰਗ ਕਰਕੇ ਮਜ਼ਦੂਰ ਤੇ ਕਿਸਾਨ ਪਰਵਾਰਾਂ ਦੇ ਘਰਾਂ, ਫਸਲਾਂ ਤੇ ਪਸ਼ੂ ਧਨ ਦੇ ਹੋਏ ਭਾਰੀ ਨੁਕਸਾਨ ਦੀ ਭਰਪਾਈ ਲਈ ਨੇੜ ਭਵਿੱਖ ਵਿੱਚ ਢੁੱਕਵੇਂ ਮੁਆਵਜ਼ੇ ਬਾਰੇ ਮੰਗ ਕਰਨ ਲਈ ਜਲਦ ਸਥਾਨਕ ਐੱਸ.ਡੀ. ਐੱਮ. ਨਾਲ ਮੁਲਾਕਾਤ ਕਰਨ ਅਤੇ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੱਕ ਮੰਗ ਪਹੁੰਚਾਉਣ ਦਾ ਫ਼ੈਸਲਾ ਕੀਤਾ। ਇਸ ਮੌਕੇ ਡੀ.ਟੀ.ਐੱਫ਼. ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਵੱਲੋਂ ਪਿੰਡ ਵਾਸੀਆਂ ਨੂੰ ਦਰਪੇਸ਼ ਸਮੱਸਿਆਵਾਂ ਦੇ ਪੱਕੇ ਹੱਲ ਲਈ ਜਥੇਬੰਦ ਹੋ ਕੇ ਸੰਘਰਸ਼ ਕਰਨ ਦੇ ਸਵੱਲੜੇ ਰਾਹ ਲਈ ਪ੍ਰੇਰਿਤ ਕੀਤਾ ਗਿਆ। ਡੀ ਟੀ ਐੱਫ਼ ਦੇ ਜੱਥੇ ਵਿੱਚ ਸ਼ਾਮਲ ਲੇਖਕ ਜਥੇਬੰਦੀਆਂ ਦੇ ਆਗੂ ਡਾ. ਅਰਵਿੰਦਰ ਕਾਕੜਾ ਤੇ ਡੀ ਟੀ ਐੱਫ਼ ਆਗੂ ਮੈਡਮ ਸੋਨੀਆ ਵੱਲੋਂ ਮਜ਼ਦੂਰ ਪਰਵਾਰਾਂ ਦੀਆਂ ਔਰਤਾਂ ਨਾਲ ਚਲੰਤ ਮਸਲੇ 'ਤੇ ਚਰਚਾ ਕਰਨ ਤੋਂ ਇਲਾਵਾ ਸਮਾਜ ਸੇਵਿਕਾ ਸ਼੍ਰੀਮਤੀ ਹਰਪ੍ਰੀਤ ਕੌਰ ਸੰਧੂ ਰਾਹੀਂ ਸਹਾਇਤਾ ਦੇਣ ਵਾਲੇ ਲੇਖਕਾਂ ਤੇ ਸੰਸਥਾ ਟੈਰਾ ਇੰਟਰ ਨੈਸ਼ਨਲ ਦੇ ਸਹਿਯੋਗ ਨਾਲ 200 ਤੋਂ ਵਧੇਰੇ ਸੈਨਟਰੀ ਨੈਪਕਿਨ ਦੇ ਪੈਕਟਾਂ ਦੀ ਵੰਡ ਵੀ ਕੀਤੀ ਗਈ।ਡੀਟੀਐੱਫ਼ ਘਨੌਰ ਦੇ ਬਲਾਕ ਪ੍ਰਧਾਨ ਕ੍ਰਿਸ਼ਨ ਚੁਹਾਣਕੇ, ਬਲਾਕ ਸਕੱਤਰ ਪ੍ਰਿਤਪਾਲ ਚਹਿਲ, ਡੀ ਐੱਮ ਐੱਫ਼ ਦੇ ਜ਼ਿਲ੍ਹਾ ਵਿੱਤ ਸਕੱਤਰ ਰੋਮੀ ਸਫੀਪੁਰ ਤੇ ਈਟੀਟੀ ਅਧਿਆਪਕ ਗੁਰਸੰਗਤ ਸਿੰਘ ਵੱਲੋਂ ਪਿੰਡ ਚਮਾਰੂ ਦੇ ਵੱਖ-ਵੱਖ ਘਰਾਂ ਵਿੱਚ ਜਾ ਕੇ ਹੜ੍ਹਾਂ ਤੇ ਮੀਂਹ ਤੋਂ ਪ੍ਰਭਾਵਿਤ ਲੋੜਵੰਦ ਪਰਵਾਰਾਂ ਦੀ ਨਿਸ਼ਾਨਦੇਹੀ ਕਰਨ ਉਪਰੰਤ ਪਟਿਆਲਾ ਜ਼ਿਲ੍ਹੇ ਦੇ ਅਧਿਆਪਕਾਂ ਦੇ ਸਹਿਯੋਗ ਨਾਲ ਇਕੱਤਰ ਰਾਹਤ ਸਮੱਗਰੀ ਵਿੱਚੋਂ ਪਿਛਲੇ ਦੋ ਦਿਨਾਂ ਦਰਮਿਆਨ 100 ਤੋਂ ਵਧੇਰੇ ਰਾਸ਼ਨ ਕਿੱਟਾਂ ਦੀ ਸੁਚੱਜੇ ਢੰਗ ਨਾਲ ਵੰਡ ਕੀਤੀ ਗਈ। ਇਸੇ ਤਰ੍ਹਾਂ ਪਿੰਡ ਚਮਾਰੂ ਵਿੱਚ ਇਕੱਤਰ ਹੋਈ ਪੰਚਾਇਤ ਤੇ ਪਿੰਡ ਦੇ ਬਾਕੀ ਨੁਮਾਇਦਿਆਂ ਨਾਲ ਮੀਟਿੰਗ ਕਰਕੇ ਪਿੰਡ ਦੇ ਸਮੁੱਚੇ ਹਲਾਤਾਂ ਬਾਰੇ ਜਾਣਕਾਰੀ ਲਈ ਗਈ ਤੇ ਘੱਗਰ ਦੇ ਹੜ੍ਹਾਂ ਦੀ ਸਮੱਸਿਆ ਦਾ ਪੱਕੇ ਤੌਰ 'ਤੇ ਹੱਲ ਕਰਵਾਉਣ ਵੱਲ ਸੇਧਿਤ ਕੋਸ਼ਿਸ਼ਾਂ ਕਰਨ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।

# ਜੀ. ਹੋਲੀ ਹਾਰਟ ਸਰਵੋਤਮ ਸਕੂਲ ਵਜੋਂ ਸਨਮਾਨਤ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਜੀ. ਹੋਲੀ ਹਾਰਟ ਪਬਲਿਕ ਸਕੂਲ ਮਹਿਲ ਕਲਾਂ ਨੂੰ ਗਲੋਬਲ ਸਮਿਟ 2025 ਵਿੱਚ ਸਰਵੋਤਮ ਸਕੂਲ ਵਜੋਂ ਸਨਮਾਨਤ ਕੀਤਾ ਗਿਆ।ਇਹ ਇੱਕ ਮਾਣਮੱਤਾ ਤੇ ਇਤਿਹਾਸਕ ਪਲ ਸਾਹਮਣੇ ਆਇਆ, ਜਦੋਂ ਸੰਸਥਾ ਨੂੰ ਗਲੋਬਲ ਸਮਿਟ-2025 ਵਿੱਚ ਸਰਵੋਤਮ ਸਕੂਲ ਲਈ ਵੱਕਾਰੀ ਟਰਾਫੀ ਨਾਲ ਸਨਮਾਨਤ ਕੀਤਾ ਗਿਆ।ਇਹ ਪੁਰਸਕਾਰ ਪੱਛਮੀ ਆਸਟ੍ਰੇਲੀਆ ਸਰਕਾਰ, ਪੱਛਮੀ ਆਸਟ੍ਰੇਲੀਆਈ ਪਾਠਕ੍ਰਮ ਇੰਟਰਨੈਸ਼ਨਲ, ਇੰਡੀਅਨ ਕੌਂਸਲ ਆਫ਼ ਅਕਾਦਮਿਕ ਐਜੂਕੇਸ਼ਨ ਤੇ ਆਲ ਇੰਡੀਆ ਸਕੂਲਜ਼ ਐਸੋਸੀਏਸ਼ਨ ਵੱਲੋਂ ਸਾਂਝੇ ਤੌਰ 'ਤੇ ਪੇਸ਼ ਕੀਤਾ ਗਿਆ। ਅਸੀਂ ਮਾਣ ਨਾਲ ਇਤਿਹਾਸ ਦੁਹਰਾਇਆ ਹੈ, ਕਿਉਂਕਿ ਇਹ ਦੂਜੀ ਵਾਰ ਹੈ, ਜਦੋਂ ਸਾਡੇ ਸਕੂਲ ਨੂੰ ਇਸ ਵੱਕਾਰੀ ਟਰਾਫੀ ਨਾਲ ਸਨਮਾਨਤ ਕੀਤਾ ਗਿਆ ਹੈ।ਇਹ ਪੁਰਸਕਾਰ ਸਕੂਲ ਦੇ ਨਵੀਨਤਾਕਾਰੀ ਅਧਿਆਪਨ ਅਭਿਆਸਾਂ, 21ਵੀਂ ਸਦੀ ਦੇ ਹੁਨਰਾਂ 'ਤੇ ਜ਼ੋਰ ਦੇਣ ਅਤੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਵਿਸ਼ਵ ਨਾਗਰਿਕ ਬਣਾਉਣ ਦੇ ਯਤਨਾਂ ਨੂੰ ਉਜਾਗਰ ਕਰਦਾ ਹੈ।ਇਹ ਮਾਨਤਾ ਅੰਤਰਰਾਸ਼ਟਰੀ ਸਹਿਯੋਗ, ਪ੍ਰਿੰਸੀਪਲ ਸ੍ਰੀਮਤੀ ਗੀਤਿਕਾ ਸ਼ਰਮਾ ਤੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਪ੍ਰਦੀਪ ਕੌਰ ਗਰੇਵਾਲ, ਚੇਅਰਮੈਨ ਸ੍ਰੀ ਅਜੈ ਜਿੰਦਲ, ਡਾਇਰੈਕਟਰ ਸ੍ਰੀ ਰਾਕੇਸ਼ ਬਾਂਸਲ ਅਤੇ ਡਾਇਰੈਕਟਰ ਸ੍ਰੀ ਨਿਤਿਨ ਜਿੰਦਲ ਨੇ ਸਕੂਲ ਦੇ ਅੰਦਰ ਅਕਾਦਮਿਕ ਵਿਕਾਸ ਨੂੰ ਯਕੀਨੀ ਬਣਾਉਣ, ਰਚਨਾਤਮਕਤਾ ਨੂੰ ਉਤਸ਼ਾਹਤ ਕਰਨ ਤੇ ਉੱਤਮਤਾ ਦੀ ਸੰਸਕ੍ਰਿਤੀ ਬਣਾਉਣ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

# ਨੂਨਗਰ ਸਮਾਜ ਪੰਜਾਬ ਦਾ ਵੈੱਲ.ਫੇਅਰ ਬੋਰਡ ਬਣਾਉਣ ਲਈ ਦਿੱਤਾ ਮੰਗ ਪੱਤਰ



**ਪਟਿਆਲਾ (ਰਾਜਿੰਦਰ ਥਿੰਦ)**-ਸਮਾਜ ਪੰਜਾਬ ਦੇ ਅਹੁਦੇਦਾਰਾਂ ਵੱਲੋਂ ਨੂਨਗਰ ਸਮਾਜ ਪੰਜਾਬ ਦਾ ਵੈਲਫ਼ੇਅਰ ਬੋਰਡ ਬਣਾਉਣ ਲਈ ਬਲਤੇਜ ਸਿੰਘ ਪੰਨੂ ਨੂੰ ਮੁੱਖ ਮੰਤਰੀ ਪੰਜਾਬ ਦੇ ਨਾਂਅ ਇੱਕ ਮੰਗ ਪੱਤਰ ਦਿੱਤਾ ਗਿਆ।ਬਲਤੇਜ ਸਿੰਘ ਪੰਨੂ ਨੇ ਵਿਸ਼ਵਾਸ ਦਿਵਾਇਆ ਕਿ ਜਲਦ ਹੀ ਮੁੱਖ ਮੰਤਰੀ ਪੰਜਾਬ ਨੂੰ ਨੂਨਗਰ ਸਮਾਜ ਪੰਜਾਬ ਦਾ ਵੈਲਫ਼ੇਅਰ ਬੋਰਡ ਬਣਾਉਣ ਲਈ ਮਿਲਿਆ ਜਾਵੇਗਾ, ਜਿਸ 'ਚ ਨੂਨਗਰ ਸਮਾਜ ਵੱਲੋਂ 13 ਮੰਗਾਂ ਰੱਖੀਆਂ ਗਈਆਂ।ਮੰਗ ਪੱਤਰ ਵਿੱਚ ਨੂਨਗਰ ਸਮਾਜ ਪੰਜਾਬ ਦੇ ਯੋਗ ਵਿਅਕਤੀਆਂ ਨੂੰ ਪੰਜਾਬ ਸਰਕਾਰ 'ਚ ਯੋਗ ਨੁਮਾਇੰਦਗੀ ਦਿੱਤੀ ਜਾਵੇ, ਨੂਨਗਰ ਸਮਾਜ ਪੰਜਾਬ ਨੂੰ ਅਨੁਸੂਚਿਤ ਜਨ ਜਾਤੀ 'ਚ ਸ਼ਾਮਲ ਕੀਤਾ ਜਾਵੇ ਤੇ ਅਨੁਸੂਚਿਤ ਜਾਤੀ ਵਾਲੀਆਂ ਸਾਰੀਆਂ ਸਹੂਲਤਾਂ ਦਿੱਤੀਆਂ ਜਾਣ,ਪੰਜਾਬ ਦੇ ਬੇ-ਜ਼ਮੀਨੇ ਘਰਾਂ ਦੇ ਟੁੱਟੀਆਂ ਦੇ ਬਿੱਲ ਮੁਆਫ਼ ਕੀਤੇ ਜਾਣ, ਪੰਜਾਬ ਦੇ ਲੋੜਵੰਦ ਬਜ਼ੁਰਗਾਂ, ਵਿਧਵਾ, ਅਪੰਗ, ਵਿਅਕਤੀਆਂ ਨੂੰ 2500 ਰੁਪਏ ਮਹੀਨਾ ਪੈਨਸ਼ਨ ਦਿੱਤੀ ਜਾਵੇ, ਪੰਜਾਬ ਵਿੱਚ ਬੀ.ਸੀ.ਜਾਤੀ ਦੀ ਸਰਪੰਚੀ, ਨੰਬਰਦਾਰੀ, ਰਿਜ਼ਰਵ ਕੀਤੀ ਜਾਵੇ, ਵਿਧਾਨ ਸਭਾ ਪੰਜਾਬ 'ਚ ਹਰ ਘਰ ਵਿੱਚ ਇੱਕ ਨੌਕਰੀ ਦੇਣ ਸਬੰਧੀ ਕਾਨੂੰਨ ਬਣਾਇਆ ਜਾਵੇ ਤੇ ਖ਼ੂਨਦਾਨੀਆਂ ਨੂੰ ਤੇ ਪੰਜਾਬੀਆਂ ਨੂੰ ਪਹਿਲ ਦੇ ਆਧਾਰ ਤੇ ਨੌਕਰੀ ਦਿੱਤੀ ਜਾਵੇ। ਹਰ ਪੰਜਾਬੀ ਨੂੰ ਬੀ.ਏ.ਤੱਕ ਦੀ ਪੜ੍ਹਾਈ ਮੁਫ਼ਤ ਕੀਤੀ ਜਾਵੇ, ਪੰਜਾਬ ਦੇ ਆਰਥਿਕ ਤੇ ਕਮਜ਼ੋਰ ਲੋਕਾਂ ਨੂੰ ਕਾਰੋਬਾਰ ਕਰਨ ਲਈ 10 ਲੱਖ ਦਾ ਲੋਨ ਬਿਨਾਂ ਵਿਆਜ ਤੇ ਕਿਸੇ ਗਾਰੰਟੀ ਤੋਂ ਲੰਮੀਆਂ ਕਿਸ਼ਤਾਂ ਵਿੱਚ ਦਿੱਤਾ ਜਾਵੇ, ਪੰਜਾਬ ਦੇ ਬੇਜ਼ਮੀਨੇ ਲੋਕਾਂ ਨੂੰ ਹਰ ਮਹੀਨੇ 500 ਯੂਨਿਟ ਬਿਜਲੀ ਮੁਫ਼ਤ ਦਿੱਤੀ ਜਾਵੇ।

# ਖੰਡਰ ਇਮਾਰਤ ਪਿੱਛੇ ਲੱਗਦੇ ਗੰਦਗੀ ਦੇ ਢੇਰ ਲੋਕਾਂ ਲਈ ਸਿਰਦਰਦੀ



**ਧੂਰੀ (ਮਨੋਹਰ ਸਿੰਘ ਸੱਗੂ)**-ਪੁਰਾਣੀ ਕਚਹਿਰੀ ਵਾਲੀ ਇਮਾਰਤ ਦੇ ਪਿਛਲੇ ਪਾਸੇ ਗਲੀ 'ਚ ਲੱਗਦੇ ਗੰਦਗੀ ਦੇ ਢੇਰ ਸਰਕਾਰੀ ਕੰਨਿਆ ਸਕੂਲ ਦੇ ਬੱਚਿਆਂ, ਸਟਾਫ਼ ਤੇ ਆਮ ਲੋਕਾਂ ਲਈ ਸਿਰਦਰਦੀ ਦਾ ਕਾਰਨ ਸਾਬਤ ਹੋ ਰਹੇ ਹਨ।ਦੱਸਣਯੋਗ ਹੈ ਕਿ ਪੁਰਾਣੀ ਕਚਹਿਰੀ ਵਾਲੀ ਇਸ ਇਮਾਰਤ 'ਚ ਜਦੋਂ ਅਦਾਲਤੀ ਕੰਮ ਕਾਜ ਚੱਲਦਾ ਸੀ, ਉਦੋਂ ਜਿੱਥੇ ਇਸ ਥਾਂ ਬੇਹੱਦ ਰੌਣਕ ਰਹਿੰਦੀ ਸੀ, ਉਥੇ ਅਦਾਲਤ ਦੇ ਪਿਛਲੇ ਹਿੱਸੇ 'ਚ ਜੁਡੀਸ਼ੀਅਲ ਆਧਿਕਾਰੀ ਦੀ ਰਿਹਾਇਸ਼ ਹੋਣ ਕਾਰਨ ਆਲਾ ਦੁਆਲਾ ਵੀ ਸਾਫ਼ ਰਹਿੰਦਾ ਸੀ, ਪਰ ਬਾਅਦ ਵਿੱਚ ਕਈ ਸਾਲ ਪਹਿਲਾਂ ਅਦਾਲਤ ਸ਼ਹਿਰੋਂ ਬਾਹਰ ਧੂਰੀ-ਸੰਗਰੂਰ ਸੜਕ 'ਤੇ ਚਲੇ ਜਾਣ ਤੋਂ ਬਾਅਦ ਪੁਰਾਣੀ ਕਚਹਿਰੀ ਵਾਲੀ ਇਹ ਇਮਾਰਤ ਲਾਵਾਰਸ ਤੇ ਖੰਡਰ ਬਣਨ ਦੇ ਨਾਲ ਨਾਲ ਇਮਾਰਤ ਦੀ ਪਿਛਲੀ ਗਲੀ 'ਚ ਸਰਕਾਰੀ ਕੰਨਿਆ ਸਕੂਲ ਨੇੜੇ ਗੰਦਗੀ ਦੇ ਢੇਰ ਲੱਗਣੇ ਸ਼ੁਰੂ ਹੋ ਗਏ ਅਤੇ ਗੰਦਗੀ ਦੇ ਢੇਰਾਂ ਕਾਰਨ ਜਿੱਥੇ ਆਮ ਲੋਕਾਂ, ਸਕੂਲ ਸਟਾਫ ਅਤੇ ਬੱਚਿਆਂ ਦਾ ਲੰਘਣਾ ਦੁੱਭਰ ਹੋ ਰਿਹਾ ਹੈ, ਉਥੇ ਗੰਦਗੀ ਦੇ ਢੇਰਾਂ ਕਾਰਨ ਗੰਭੀਰ ਬਿਮਾਰੀਆਂ ਫੈਲਣ ਦਾ ਖਦਸ਼ਾ ਵੀ ਬਣਿਆ ਰਹਿੰਦਾ ਹੈ।ਸ਼ਹਿਰ ਦੇ ਲੋਕਾਂ ਦੀ ਪ੍ਰਸ਼ਾਸ਼ਨਿਕ ਅਧਿਕਾਰੀਆਂ ਤੇ ਨਗਰ ਕੌਂਸਲ ਤੋਂ ਮੰਗ ਹੈ ਕਿ ਪੁਰਾਣੀ ਕਚਹਿਰੀ ਦੀ ਇਸ ਖੰਡਰ ਇਮਾਰਤ ਦੇ ਪਿੱਛੇ ਲੱਗਦੇ ਗੰਦਗੀ ਦੇ ਢੇਰ ਲੱਗਣੇ ਬੰਦ ਕਰਾ ਕੇ ਲੋਕਾਂ ਨੂੰ ਗੰਦਗੀ ਤੋਂ ਰਾਹਤ ਦੁਆਈ ਜਾਵੇ।

# ਐਡਵੋਕੇਟ ਅਭਿਸ਼ੇਕ ਗਰਗ ਨੂੰ ਦਿੱਤੀ ਮੁਬਾਰਕਬਾਦ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਵਕੀਲ ਐਡਵੋਕੇਟ ਅਭਿਸ਼ੇਕ ਗਰਗ ਨੂੰ ਬਾਰ ਕੌਂਸਲ ਆਫ ਪੰਜਾਬ ਐਂਡ ਹਰਿਆਣਾ ਦੀ ਡਿਸ਼ਪਲਿਨਰੀ ਐਂਡ ਵਿਜੀਲੈਂਸ ਕਮੇਟੀ ਦਾ ਕੋ-ਆਪਟਡ ਮੈਂਬਰ ਨਿਯੁਕਤ ਕੀਤਾ ਗਿਆ ਹੈ।ਚੇਅਰਮੈਨ ਐਡਵੋਕੇਟ ਰਾਕੇਸ਼ ਗੁਪਤਾ ਨੇ ਕਿਹਾ ਕਿ ਬਾਰ ਕੌਂਸਲ ਨੂੰ ਅਭਿਸ਼ੇਕ ਗਰਗ ਵਰਗੇ ਸਮਰਪਤ ਅਤੇ ਯੁਵਾ ਪ੍ਰਤੀਭਾਸ਼ਾਲੀ ਵਕੀਲ 'ਤੇ ਪੂਰਾ ਭਰੋਸਾ ਹੈ।ਉਹ ਯਕੀਨੀ ਤੌਰ 'ਤੇ ਕਮੇਟੀ ਦੇ ਕੰਮ ਨੂੰ ਇਮਾਨਦਾਰੀ ਤੇ ਜ਼ਿੰਮੇਵਾਰੀ ਨਾਲ ਅੱਗੇ ਵਧਾਉਣਗੇ।ਐਡਵੋਕੇਟ ਬੀ.ਐਸ. ਭੁੱਲਰ (ਸਾਬਕਾ ਪ੍ਰਧਾਨ ਡੀ.ਬੀ.ਏ. ਪਟਿਆਲਾ) ਤੇ ਐਡਵੋਕੇਟ ਐਸ.ਐਸ. ਸੱਗੂ ਨੇ ਕਿਹਾ ਕਿ ਅਭਿਸ਼ੇਕ ਗਰਗ ਸਾਡੇ ਲਈ ਪਰਵਾਰਕ ਮੈਂਬਰ ਵਾਂਗ ਹਨ।ਐਡਵੋਕੇਟ ਪੁਲਕਿਤ ਬਾਂਸਲ ਨੇ ਕਿਹਾ ਕਿ ਮੇਰੇ ਛੋਟੇ ਭਰਾ ਅਭਿਸ਼ੇਕ ਗਰਗ ਦੀ ਇਸ ਪ੍ਰਾਪਤੀ 'ਤੇ ਮੈਨੂੰ ਬੇਹੱਦ ਮਾਣ ਹੈ।ਮੈਂ ਵਿਸ਼ੇਸ਼ ਤੌਰ 'ਤੇ ਚੇਅਰਮੈਨ ਸ਼੍ਰੀ ਰਾਕੇਸ਼ ਗੁਪਤਾ ਦਾ ਦਿਲੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਉਸ 'ਤੇ ਭਰੋਸਾ ਕਰਦਿਆਂ ਇਹ ਜ਼ਿੰਮੇਵਾਰੀ ਸੌਂਪੀ।ਐਡਵੋਕੇਟ ਅਭਿਸ਼ੇਕ ਗਰਗ ਨੇ ਬਾਰ ਕੌਂਸਲ ਦੇ ਚੇਅਰਮੈਨ ਸ਼੍ਰੀ ਰਾਕੇਸ਼ ਗੁਪਤਾ, ਵੱਡੇ ਭਰਾ ਐਡਵੋਕੇਟ ਪੁਲਕਿਤ ਬਾਂਸਲ ਤੇ ਐਡਵੋਕੇਟ ਅਮਨ ਗੁਪਤਾ, ਆਪਣੇ ਮਾਰਗਦਰਸ਼ਕ ਐਡਵੋਕੇਟ ਬੀ.ਐਸ. ਭੁੱਲਰ ਅਤੇ ਐਡਵੋਕੇਟ ਐਸ.ਐਸ. ਸੱਗੂ ਅਤੇ ਆਪਣੇ ਛੋਟੇ ਭਰਾ ਐਡਵੋਕੇਟ ਅਰਜੁਨ ਕਪੂਰ ਦਾ ਵਿਸ਼ੇਸ਼ ਧੰਨਵਾਦ ਕੀਤਾ।

# ਐਸ ਐਮ ਸੀ ਮੈਂਬਰਾਂ ਵੱਲੋਂ ਸਕੂਲ ਤੇ ਆਂਗਣਵਾੜੀ ਸੈਂਟਰ ਦਾ ਨਿਰੀਖਣ



**ਸ਼ੇਰਪੁਰ (ਰਵੀ ਟਿੱਬਾ)**-ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਦੇ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਕਾਤਰੋਂ ਅਤੇ ਆਂਗਣਵੜੀ ਸੈਂਟਰ ਕਾਤਰੋਂ ਦਾ ਐਸਐਮਸੀ ਮੈਂਬਰ ਸ੍ਰੀਮਤੀ ਅਮਨਦੀਪ ਕੌਰ ਤੇ ਆਮ ਆਦਮੀ ਪਾਰਟੀ ਦੇ ਫਾਊਂਡਰ ਮੈਂਬਰ ਪਰਮਿੰਦਰ ਸਿੰਘ ਪੂੰਨੂ ਕਾਤਰੋਂ ਦੀ ਅਗਵਾਈ ਵਿੱਚ ਨਿਰੀਖਣ ਕੀਤਾ ਗਿਆ।ਸਕੂਲ ਤੇ ਆਂਗਣਵਾੜੀ ਸੈਂਟਰ ਦੇ ਸਾਰੇ ਕਮਰਿਆਂ ਦੀ ਚੰਗੀ ਤਰ੍ਹਾਂ ਘੋਖ ਪੜਤਾਲ ਕੀਤੀ ਗਈ ਘੋਖ ਪੜਤਾਲ ਕਰਨ ਉਪਰੰਤ ਬਣਦੀ ਰਿਪੋਰਟ ਸਿੱਖਿਆ ਵਿਭਾਗ ਪੰਜਾਬ ਨੂੰ ਭੇਜੀ ਗਈ।ਰਿਪੋਰਟ ਭੇਜਣ ਉਪਰੰਤ ਐਸ ਐਮਸੀ ਦੇ ਸਮੂਹ ਮੈਂਬਰਾਂ ਨੇ ਸਕੂਲ ਦੇ ਵਿਕਾਸ ਲਈ ਅਹਿਮ ਮੀਟਿੰਗ ਕੀਤੀ, ਜਿਸ ਵਿੱਚ ਸਕੂਲ ਦੀਆਂ ਵੱਖ-ਵੱਖ ਮੰਗਾਂ ਲਈ ਪਰਮਿੰਦਰ ਸਿੰਘ ਪੰਨੂ ਕਾਤਰੋ ਨੂੰ ਬੇਨਤੀ ਪੱਤਰ ਦਿੱਤਾ ਗਿਆ। ਪੂੰਨੂ ਨੇ ਵਿਸ਼ਵਾਸ ਦਿਵਾਇਆ ਕਿ ਸਕੂਲ ਦੇ ਵਿਕਾਸ ਲਈ ਹਰ ਸੰਭਵ ਸਹਾਇਤਾ ਪੰਜਾਬ ਸਰਕਾਰ ਵੱਲੋਂ ਪਹਿਲ ਦੇ ਆਧਾਰ 'ਤੇ ਦਿੱਤੀ ਜਾਵੇਗੀ। ਸਕੂਲ ਮੁਖੀ ਕੁਲਵਿੰਦਰ ਸਿੰਘ ਖੇੜੀ ਨੇ ਅਮਨਦੀਪ ਕੌਰ ਪੰਚਾਇਤ ਮੈਂਬਰ, ਪਰਮਿੰਦਰ ਪੂੰਨੂ ਕਾਤਰੋਂ ਤੇ ਸਮੂਹ ਐਸਐਮਸੀ ਮੈਂਬਰਾਂ ਦਾ ਸਕੂਲ ਨਿਰੀਖਣ ਕਰਨ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।

# ਸਨਮਤੀ ਸਕੂਲ 'ਚ ਹੜ੍ਹ ਪੀੜਤਾਂ ਦੀ ਚੜ੍ਹਦੀ ਕਲਾ ਲਈ ਅਰਦਾਸ



**ਜਗਰਾਓਂ (ਅਮਿਤ ਖੰਨਾ)**-ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਵਿਖੇ ਵਿਦਿਆਰਥੀਆਂ ਤੇ ਅਧਿਆਪਕਾਂ ਵਲੋਂ ਹੜ੍ਹ ਪੀੜ੍ਹਤਾ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।ਸਕੂਲ ਦੇ ਪ੍ਰਿੰਸੀਪਲ ਸੁਪ੍ਰਿਆ ਖੁਰਾਣਾ, ਪ੍ਰਧਾਨ ਰਮੇਸ਼ ਜੈਨ, ਸੈਕਟਰੀ ਮਹਾਂਵੀਰ ਜੈਨ ਨੇ ਕਿਹਾ ਕਿ ਪੰਜਾਬ 'ਚ ਕੁਦਰਤੀ ਆਫ਼ਤ ਹੜ੍ਹਾਂ ਕਾਰਨ ਲੋਕਾਂ ਦੇ ਘਰਾਂ, ਪਸ਼ੂਆਂ ਤੇ ਫ਼ਸਲਾਂ ਦਾ ਭਾਰੀ ਨੁਕਸਾਨ ਹੋਇਆ ਹੈ। ਇਸ ਸਮੇਂ 'ਚ ਸਭ ਨੂੰ ਰਲ-ਮਿਲ ਕੇ ਹੜ੍ਹ ਪੀੜਤਾਂ ਦੀ ਸਹਾਇਤਾ ਕਰਨੀ ਚਾਹੀਦੀ ਹੈ ਤਾਂ ਜੁ ਉਨ੍ਹਾਂ ਨੂੰ ਹੌਸਲਾ ਤੇ ਰਾਹਤ ਮਿਲ ਸਕੇ।ਉਨ੍ਹਾਂ ਕਿਹਾ ਕਿ ਹੜ੍ਹ ਪੀੜਤਾਂ ਦੀ ਚੜ੍ਹਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਸਕੂਲ ਦੇ ਸਮੂਹ ਵਿਦਿਆਰਥੀਆਂ ਅਤੇ ਅਧਿਆਪਕਾਂ ਵਲੋਂ ਅਰਦਾਸ ਬੇਨਤੀ ਕੀਤੀ ਗਈ ਹੈ ਤੇ ਅਧਿਆਪਕਾਂ, ਵਿਦਿਆਰਥੀਆਂ ਅਤੇ ਮੈਨੇਜਮੈਂਟ ਵਲੋਂ ਰਲ ਮਿਲ ਕੇ ਹੜ੍ਹ ਪੀੜਤਾਂ ਦੀ ਸਹਾਇਤਾ ਵੀ ਕੀਤੀ ਜਾਵੇਗੀ।ਪ੍ਰਿੰਸੀਪਲ ਸੁਪ੍ਰਿਆ ਖੁਰਾਣਾ ਨੇ ਕਿਹਾ ਕਿ ਕੁਦਰਤੀ ਆਫ਼ਤ ਅੱਗੇ ਕਿਸੇ ਦਾ ਜ਼ੋਰ ਨਹੀਂ, ਪਰ ਆਪਸੀ ਏਕਤਾ ਨਾਲ ਇਸ ਵੱਡੀ ਤੋਂ ਵੱਡੀ ਸਮੱਸਿਆ ਨਾਲ ਨਜਿੱਠ ਸਕਦੇ ਹਾਂ।ਹੜ੍ਹਾਂ ਵਰਗੀ ਸਥਿਤੀ 'ਚ ਲੋਕਾਂ ਦੀ ਸਹਾਇਤਾ ਲਈ ਸਰਕਾਰਾਂ, ਸਮਾਜ ਸੇਵੀ ਜਥੇਬੰਦੀਆਂ, ਵਿੱਦਿਅਕ ਸੰਸਥਾਵਾਂ ਅਤੇ ਵੱਖ-ਵੱਖ ਨਾਮੀ ਸ਼ਖ਼ਸੀਅਤਾਂ ਵਲੋਂ ਪਾਇਆ ਜਾ ਰਿਹਾ ਯੋਗਦਾਨ ਸ਼ਲਾਘਾਯੋਗ ਹੈ।

## ਮੂੰਮ ਦੇ ਠੇਕੇ ਤੋਂ 43 ਪੇਟੀਆਂ ਸ਼ਰਾਬ ਚੋਰੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਮੂੰਮ ਦੇ ਨੇੜਿਓਂ ਲੰਘਦੀ ਬਠਿੰਡਾ ਬ੍ਰਾਂਚ ਨਹਿਰ ਚੱਕ ਦੇ ਪੁਲ 'ਤੇ ਸਥਿਤ ਸ਼ਰਾਬ ਦੇ ਠੇਕੇ ਤੋਂ ਬੀਤੀ ਰਾਤ 43 ਪੇਟੀਆਂ ਠੇਕਾ ਸ਼ਰਾਬ ਚੋਰੀ ਹੋ ਜਾਣ ਦੀ ਖਬਰ ਮਿਲੀ ਹੈ।ਘਟਨਾ ਬਾਰੇ ਠੇਕੇ ਦੇ ਕਰਿੰਦੇ ਮਨੀਸ਼ ਨੇ ਦੱਸਿਆ ਕਿ ਜਦੋਂ ਅਸੀਂ ਰਾਤ ਕੋਈ 10 ਵਜੇ ਦੇ ਕਰੀਬ ਠੇਕਾ ਬੰਦ ਕਰਕੇ ਸੌਂ ਗਏ।ਬਾਅਦ 'ਚ ਚੋਰ ਗਰੋਹ ਵੱਲੋਂ ਠੇਕੇ ਦੇ ਪਿਛਲੇ ਪਾਸਿਓਂ ਦਰਵਾਜ਼ੇ ਦੀ ਕੁੰਡੀ ਤੋੜ ਕੇ ਠੇਕੇ ਅੰਦਰੋਂ 38 ਪੇਟੀਆਂ ਸੌਂਫੀਆ ਸ਼ਰਾਬ, ਤਿੰਨ ਪੇਟੀਆਂ ਬੀਅਰ ਇੱਕ ਪੇਟੀ ਅੰਗਰੇਜ਼ੀ ਤੇ ਇੱਕ ਪੇਟੀ ਬੋਧਕਾ ਸ਼ਰਾਬ ਦੀਆਂ ਕੁੱਲ 43 ਪੇਟੀਆਂ ਚੋਰੀ ਕੀਤੀਆਂ ਗਈਆਂ, ਜਿਨ੍ਹਾਂ ਦੀ ਕੀਮਤ ਕੋਈ ਡੇਢ ਲੱਖ ਦੇ ਕਰੀਬ ਬਣਦੀ ਹੈ।ਉਨ੍ਹਾਂ ਦੱਸਿਆ ਕਿ ਚੋਰੀ ਦਾ ਪਤਾ ਉਸ ਵੇਲੇ ਲੱਗਿਆ, ਜਦੋਂ ਸਵੇਰੇ ਠੇਕੇ ਦੇ ਨਾਲ ਲੱਗਦੇ ਇੱਕ ਕਮਰੇ ਵਿੱਚ ਸਟੋਰ ਕਰਕੇ ਰੱਖੀਆਂ ਸ਼ਰਾਬ ਦੀਆਂ ਪੇਟੀਆਂ ਗਾਇਬ ਸਨ।ਉਨ੍ਹਾਂ ਕਿਹਾ ਕਿ ਇਸ ਚੋਰੀ ਸਬੰਧੀ ਥਾਣਾ ਮਹਿਲ ਕਲਾਂ ਨੂੰ ਸੂਚਨਾ ਦਿੱਤੀ ਗਈ ਹੈ।ਇਸ ਮੌਕੇ ਏ ਐੱਸ ਆਈ ਹਰਵਿੰਦਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਸਬੰਧੀ ਸ਼ੱਕ ਦੇ ਅਧਾਰ 'ਤੇ ਠੇਕੇ ਦੇ ਕਰਿੰਦੇ ਨੂੰ ਪੁੱਛਗਿੱਛ ਲਈ ਬੁਲਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਟੀਮ ਦਾ ਗਠਨ ਕਰਕੇ ਇਸ ਮਾਮਲੇ ਦੀ ਜਾਂਚ ਪੜਤਾਲ ਕਰਨ ਲਈ ਸੀ ਸੀ ਟੀ ਵੀ ਕੈਮਰਿਆਂ ਨੂੰ ਖੰਘਾਲਿਆ ਜਾ ਰਿਹਾ ਹੈ।ਜਾਂਚ ਪੜਤਾਲ ਮੁਕੰਮਲ ਹੋਣ ਤੋਂ ਬਾਅਦ ਹੀ ਅਗਲੀ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

# ਜੇ ਸੀ ਆਈ ਐਲਮੁਨਾਈ ਕਲੱਬ ਤੇ ਜੇ ਸੀ ਆਈ ਕਵੀਨਜ਼ ਵੱਲੋਂ ਮੈਡੀਕਲ ਜਾਂਚ ਕੈਂਪ



**ਲੁਧਿਆਣਾ (ਐੱਮ ਐੱਸ ਭਾਟੀਆ, ਪ੍ਰਦੀਪ ਸ਼ਰਮਾ)**-ਜੇ ਸੀਆਈ ਐਲਮੁਨਾਈ ਕਲੱਬ ਅਤੇ ਜੇਸੀਆਈ ਲੁਧਿਆਣਾ ਕਵੀਨਜ਼ ਵੱਲੋਂ ਮਿਸਾਲ ਆਰਗੇਨਾਈਜ਼ੇਸ਼ਨ ਦੇ ਸਹਿਯੋਗ ਨਾਲ ਖ਼ੂਨ ਦਾਨ, ਅੱਖਾਂ ਦੀ ਜਾਂਚ ਤੇ ਦੰਦਾਂ ਦੀ ਜਾਂਚ ਸੰਬੰਧੀ ਇਕ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ, ਜਿਸ ਵਿੱਚ 160 ਮਰੀਜ਼ਾਂ ਨੇ ਮੁਫ਼ਤ ਸਿਹਤ ਸੇਵਾਵਾਂ ਦਾ ਲਾਭ ਲਿਆ।ਇਸ ਤੋਂ ਇਲਾਵਾ 50 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।ਇਸ ਕੈਂਪ ਵਿੱਚ ਐੱਮ.ਐੱਲ.ਏ. ਕੁਲਵੰਤ ਸਿੰਘ ਸਿੱਧੂ, ਵਾਰਡ ਨੰ: 52 ਦੇ ਕੌਂਸਲਰ ਨਿਰਮਲ ਸਿੰਘ ਕਾਇਰਾ, ਸਿਮਰਜੀਤ ਸਿੰਘ ਬੈਂਸ, ਹੈਪੀ ਲੱਲੀ, ਟੋਨੀ ਪ੍ਰਧਾਨ ਮੰਡਲ ਪ੍ਰਧਾਨ ਭਾਜਪਾ, ਪਰਮਿੰਦਰ ਸਿੰਘ ਸੋਮਾ ਤੇ ਸ਼ਰਨਪਾਲ ਸਿੰਘ ਮੱਕੜ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਕੈਂਪ ਵਿੱਚ ਡੈਂਟਲ ਟੀਮ ਦੀ ਅਗਵਾਈ ਜੇਸੀ ਡਾ. ਸੋਨਾਲੀ ਆਨੰਦ ਨੇ ਕੀਤੀ, ਜਦਕਿ ਅੱਖਾਂ ਦੀ ਜਾਂਚ ਸ੍ਰੀ ਸੁਰਜੀਤ ਸਿੰਘ ਜੀ (ਏ.ਐੱਸ.ਜੀ. ਹਸਪਤਾਲ, ਸਰਾਭਾ ਨਗਰ) ਦੀ ਰਹਿਨੁਮਾਈ ਹੇਠ ਟੀਮ ਵੱਲੋਂ ਕੀਤੀ ਗਈ।ਖ਼ੂਨਦਾਨ ਕੈਂਪ ਦਾ ਪ੍ਰਬੰਧ ਆਇਕਾਈ ਹਸਪਤਾਲ ਤੇ ਸੀ.ਐੱਮ.ਸੀ. ਹਸਪਤਾਲ ਦੀਆਂ ਟੀਮਾਂ ਨੇ ਕੀਤਾ।ਇਸ ਮੌਕੇ ਜੇਸੀ ਡਾ. ਈਸ਼ਾ ਅੱਗਰਵਾਲ, ਪ੍ਰਧਾਨ ਜੇਸੀਆਈ ਲੁਧਿਆਣਾ ਕਵੀਨਜ਼ ਤੇ ਜੇ ਐਕਸ ਜਸਮਿੰਦਰ ਸਿੰਘ, ਚੇਅਰਮੈਨ ਜੇਏਸੀ ਜ਼ੋਨ-1 ਹਾਜ਼ਰ ਸਨ।ਇਸ ਤੋਂ ਇਲਾਵਾ ਮਿਸਾਲ ਆਰਗੇਨਾਈਜ਼ੇਸ਼ਨ ਵੱਲੋਂ ਪ੍ਰਧਾਨ ਮਹਕਪ੍ਰੀਤ ਸਿੰਘ, ਖਜ਼ਾਨਚੀ ਸੀ ਐੱਸ ਹਰਦੀਪ ਸਿੰਘ ਨਿੱਝਰ, ਗੁਰਵੀਰ ਸਿੰਘ, ਸਾਹਿਲ ਵਰਮਾ, ਹਰਜੀਤ ਸਿੰਘ, ਮਨਜੀਤ ਸਿੰਘ ਮੀਤਾ, ਕਰਮਜੀਤ ਸਿੰਘ ਕੱਮਾ, ਪ੍ਰਧਾਨ ਰਮੇਸ਼ ਘਈ, ਹਰਪ੍ਰੀਤ ਸਿੰਘ, ਜਗਿੰਦਰ ਸਿੰਘ, ਹਿਮਾਂਸ਼ੂ ਮਹਿਰਾ, ਹਰਦੀਪ ਸਿੰਘ ਬਾਬਾ ਰਾਹੋਂ ਰੋਡ, ਸੁਖਵਿੰਦਰ ਸਿੰਘ ਸਿੱਧੂ, ਦਵਿੰਦਰ ਸਿੰਘ ਨਿੱਝਰ, ਜੇਸੀਆਈ ਮੈਂਬਰਾਂ ਵਿੱਚ ਜੇਸੀ ਡਾ. ਸੋਨਾਲੀ, ਜੇਸੀ ਪ੍ਰਤੀਭਾਂ ਬਾਂਗੀਆ, ਜੇਸੀ ਅਮਿਤ ਗੋਯਲ, ਜੇਸੀ ਜਸਬੀਰ ਬਾਵਾ, ਜੇਸੀ ਨੇਹਾ ਗੁਪਤਾ, ਜੇਸੀ ਪੂਜਾ ਬੰਸਲ, ਰਿਤੂ ਜੀ, ਜੇਸੀ ਵਨੀਤ ਬੰਸਲ, ਜੇਸੀ ਰਾਜੇਸ਼ ਗੁਪਤਾ, ਜੇਸੀ ਵਿਸ਼ਾਲ ਬੰਸਲ ਤੇ ਜੇਸੀ ਰਾਹੁਲ ਬਾਂਗੀਆ ਸ਼ਾਮਲ ਸਨ।ਇਸ ਮੌਕੇ ਗੁਰਦੁਆਰਾ ਸਿੰਘ ਸਭਾ ਇੰਦਰਾਨਗਰ ਕਮੇਟੀ ਵੱਲੋਂ ਹਰੀ ਸਿੰਘ ਪ੍ਰਧਾਨ ਸਮੇਤ ਸਾਰੀ ਟੀਮ ਨੇ ਹਾਜ਼ਰੀ ਭਰੀ।ਇਸ ਮੌਕੇ ਇੱਕ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਕਵੀਨਜ਼ ਦਾ ਝੰਡਾ ਅਨਾਵਰਣ ਕੀਤਾ ਗਿਆ ਤੇ ਜੇਸੀਆਈ ਵੀਕ ਦਾ ਸਰਕਾਰੀ ਉਦਘਾਟਨ ਕੀਤਾ ਗਿਆ।ਇਸ ਪ੍ਰੋਗਰਾਮ ਦੀ ਸਫਲ ਅਯੋਜਨ ਲਈ ਜੇਸੀ ਹਰਜੀਤ ਸਿੰਘ ਨਿੱਝਰ, ਮਹਕਪ੍ਰੀਤ ਸਿੰਘ, ਜੇਸੀ ਡਾ. ਸੋਨਾਲੀ, ਜੇਸੀ ਡਾ. ਪੁਨੀਤ ਗੁਪਤਾ ਤੇ ਜੇਸੀ ਡਾ. ਰਾਜੀਵ ਅੱਗਰਵਾਲ ਨੇ ਵਿਸ਼ੇਸ਼ ਯੋਗਦਾਨ ਦਿੱਤਾ।

# ਹੜ੍ਹਾਂ ਨੂੰ ਠੱਲ੍ਹਣ ਲਈ ਰੱਬ ਅੱਗੇ ਅਰਜੋਈਆਂ, ਵਿਧਾਇਕ ਨੇ ਕਰਵਾਈ ਅਰਦਾਸ

## ਘੱਗਰ ਦੇ ਕੰਢਿਆਂ ਨੂੰ ਪੱਕਾ ਕਰਨ ਲਈ 50 ਹਜ਼ਾਰ ਲੀਟਰ ਡੀਜ਼ਲ ਦੇਣ ਦਾ ਐਲਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਬਰਸਾਤਾਂ ਦੇ ਚੱਲ ਰਹੇ ਮੌਸਮ ਦੌਰਾਨ ਸੂਬੇ ਵਿੱਚ ਆਏ ਹੜ੍ਹਾਂ ਦੀ ਸਥਿਤੀ ਦਿਨੋਂ ਦਿਨ ਭਿਆਨਕ ਹੁੰਦੀ ਜਾ ਰਹੀ ਹੈ।ਦਰਿਆਵਾਂ ਵਿੱਚ ਲਗਾਤਾਰ ਵਧ ਰਹੇ ਪਾਣੀ ਕਰਕੇ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਪਾਣੀ ਅੱਗੇ ਬੇਵੱਸ ਹੋਏ ਲੋਕਾਂ ਵੱਲੋਂ ਹੜ੍ਹਾਂ ਨੂੰ ਰੋਕਣ ਲਈ ਰੱਬ ਅੱਗੇ ਅਰਜੋਈਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ।ਇਸ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤੜਾਂ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਅਰਦਾਸ ਸਮਾਗਮ ਕਰਵਾਇਆ ਗਿਆ, ਜਿਸ ਦੌਰਾਨ ਇਲਾਕੇ ਵਿੱਚੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਰੱਬ ਅੱਗੇ ਹੜ੍ਹਾਂ ਨੂੰ ਰੋਕਣ ਲਈ ਅਰਜੋਈਆਂ ਕੀਤੀਆਂ।ਇਸ ਦੌਰਾਨ ਹਲਕਾ ਵਿਧਾਇਕ ਨੇ ਹੜ੍ਹਾਂ ਮਗਰੋਂ ਘੱਗਰ ਦੇ ਕਿਨਾਰਿਆਂ ਨੂੰ ਮਜ਼ਬੂਤ ਕਰਨ ਲਈ 50 ਹਜ਼ਾਰ ਲੀਟਰ ਡੀਜ਼ਲ ਕਿਸਾਨਾਂ ਨੂੰ ਦੇਣ ਦਾ ਐਲਾਨ ਕੀਤਾ।ਅਰਦਾਸ ਸਮਾਗਮ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਰਾਜ ਵਿੱਚ ਆਏ ਹੜ੍ਹਾਂ ਦੇ ਚਲਦਿਆਂ ਸਥਿਤੀ ਬੇਹੱਦ ਭਿਆਨਕ ਬਣੀ ਹੋਈ ਹੈ, ਹਰ ਪਾਸੇ ਲੋਕ ਪ੍ਰੇਸ਼ਾਨੀ ਦੇ ਆਲਮ ਵਿੱਚ ਹਨ।ਸਥਿਤੀ ਦੇ ਚਲਦਿਆਂ ਜਿੱਥੇ ਲੋਕਾਂ ਵੱਲੋਂ ਵੱਡੇ ਪੱਧਰ ਉੱਤੇ ਰਾਹਤ ਕਾਰਜ ਚਲਾਏ ਜਾ ਰਹੇ ਹਨ, ਸੂਬੇ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਵੀ ਲਗਾਤਾਰ ਰਾਹਤ ਕਾਰਜਾਂ ਦੀ ਨਿਗਰਾਨੀ ਕਰਨ ਦੇ ਨਾਲ ਨਾਲ ਸਿਵਲ, ਪੁਲਸ ਪ੍ਰਸ਼ਾਸਨ ਦੇ ਨਾਲ ਨਾਲ ਆਰਮੀ ਵੀ ਰਾਹਤ ਕਾਰਜਾਂ ਵਿੱਚ ਜੁਟੀ ਹੋਈ ਹੈ।ਉਨ੍ਹਾਂ ਕਿਹਾ ਕਿ ਕੁਦਰਤ ਦੀ ਇਸ ਕਰੋਪੀ ਨੂੰ ਰੋਕਣ ਲਈ ਪ੍ਰਮਾਤਮਾ ਅੱਗੇ ਅਰਦਾਸਾਂ ਹੀ ਬਾਕੀ ਰਹਿ ਗਈਆਂ ਹਨ, ਕਿਉਂਕਿ ਵੱਡੇ ਪੱਧਰ ਉੱਤੇ ਲਗਾਤਾਰ ਨੁਕਸਾਨ ਹੁੰਦਾ ਜਾ ਰਿਹਾ ਹੈ।ਹਲਕਾ ਸ਼ੁਤਰਾਣਾ ਵਿੱਚੋਂ ਲੰਘਦੇ ਘੱਗਰ ਦਰਿਆ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਕਰਕੇ ਘੱਗਰ ਦੇ ਬੰਨਿਆਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਸਥਿਤੀ ਕਾਬੂ ਹੇਠ ਹੈ।ਉਨ੍ਹਾਂ ਕਿਹਾ ਕਿ ਘੱਗਰ ਕਿਨਾਰੇ ਵਸਦੇ ਲੋਕਾਂ ਨੂੰ ਚਾਹੀਦਾ ਹੈ ਕਿ ਇਲਾਕੇ ਨੂੰ ਹੜ੍ਹਾਂ ਦਾ ਸਾਹਮਣਾ ਮੁੜ ਨਾ ਕਰਨਾ ਪਵੇ, ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਘੱਗਰ ਦੇ ਕਿਨਾਰਿਆਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ। ਇਸ ਕੰਮ ਲਈ ਜੇਕਰ ਕਿਸਾਨ ਆਪਣੇ ਪੱਧਰ ਉੱਤੇ ਬੰਨ੍ਹ ਨੂੰ ਮਜ਼ਬੂਤ ਕਰਦੇ ਹਨ ਤਾਂ ਉਹ 50 ਹਜ਼ਾਰ ਲੀਟਰ ਡੀਜ਼ਲ ਤੇਲ ਕਿਸਾਨਾਂ ਨੂੰ ਕੰਢਿਆਂ ਦੀ ਮਜ਼ਬੂਤੀ ਕਰਨ ਲਈ ਦੇਣਗੇ।

# ਪੀ ਐੱਨ ਬੀ ਨੇ ਹੜ੍ਹ ਪ੍ਰਭਾਵਤ ਪਿੰਡਾਂ 'ਚ ਰਾਹਤ ਕਾਰਜ ਕੀਤੇ ਸ਼ੁਰੂ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ 'ਚ ਆਏ ਹੜ੍ਹਾਂ ਨੇ ਜਿੱਥੇ ਆਮ ਜਨ-ਜੀਵਨ ਨੂੰ ਪ੍ਰਭਾਵਤ ਕੀਤਾ ਹੈ, ਉੱਥੇ ਹੀ ਪ੍ਰਸ਼ਾਸਨ ਤੇ ਕਈ ਸਮਾਜ ਸੇਵੀ ਸੰਸਥਾਵਾਂ ਲੋਕਾਂ ਦੀ ਮਦਦ ਲਈ ਅੱਗੇ ਆ ਰਹੀਆਂ ਹਨ। ਪੰਜਾਬ ਨੈਸ਼ਨਲ ਬੈਂਕ ਨੇ ਵੀ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾਉਂਦੇ ਹੋਏ ਹੜ੍ਹ ਪ੍ਰਭਾਵਤ ਖੇਤਰਾਂ 'ਚ ਰਾਹਤ ਕਾਰਜ ਸ਼ੁਰੂ ਕੀਤੇ ਹਨ। ਬੈਂਕ ਦੇ ਜ਼ੋਨਲ ਦਫ਼ਤਰ, ਲੁਧਿਆਣਾ ਤੋਂ ਅਸਿਸਟੈਂਟ ਜਨਰਲ ਮੈਨੇਜਰ, ਰਵਨੀਤ ਸਿੰਘ ਨੇ ਹੜ੍ਹ ਨਾਲ ਬੁਰੀ ਤਰ੍ਹਾਂ ਪ੍ਰਭਾਵਤ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਪਿੰਡਾਂ ਦਾ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਮੰਤਵ ਹੜ੍ਹ ਪੀੜਤ ਲੋਕਾਂ ਤੱਕ ਤੁਰੰਤ ਮਦਦ ਪਹੁੰਚਾਉਣਾ ਸੀ। ਰਵਨੀਤ ਸਿੰਘ ਨੇ ਆਪਣੀ ਟੀਮ ਨਾਲ ਮਿਲ ਕੇ ਪਿੰਡਾਂ ਦੇ ਵਸਨੀਕਾਂ 'ਚ ਭੋਜਨ ਅਤੇ ਪੀਣ ਵਾਲੇ ਪਾਣੀ ਦੀਆਂ ਵਸਤੂਆਂ ਵੰਡੀਆਂ। ਉਨ੍ਹਾਂ ਨਾਲ ਫ਼ਿਰੋਜ਼ਪੁਰ ਦੇ ਲੀਡ ਡਿਸਟ੍ਰਿਕਟ ਮੈਨੇਜਰ (ਐੱਲਡੀਐੱਮ), ਗੀਤਾ ਮਹਿਤਾ ਤੇ ਪੀਐੱਨਬੀ ਸੰਤ ਲਾਲ ਰੋਡ ਬ੍ਰਾਂਚ, ਫ਼ਿਰੋਜ਼ਪੁਰ ਦੇ ਬ੍ਰਾਂਚ ਹੈੱਡ, ਅਸ਼ਵਿਨੀ ਗਰਗ ਸਮੇਤ ਬੈਂਕ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ। ਦੌਰੇ ਦੌਰਾਨ ਰਵਨੀਤ ਸਿੰਘ ਨੇ ਸਥਾਨਕ ਲੋਕਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਨਾਲ ਸੁਣਿਆ। ਉਨ੍ਹਾਂ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਨੈਸ਼ਨਲ ਬੈਂਕ ਇਸ ਮੁਸ਼ਕਲ ਸਮੇਂ 'ਚ ਉਨ੍ਹਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਕਿਹਾ ਕਿ ਬੈਂਕ ਹਰ ਸੰਭਵ ਮਦਦ ਮੁਹੱਈਆ ਕਰਾਏਗਾ, ਤਾਂ ਜੁ ਲੋਕ ਇਸ ਕੁਦਰਤੀ ਆਫ਼ਤ ਵਿੱਚੋਂ ਛੇਤੀ ਤੋਂ ਛੇਤੀ ਉੱਭਰ ਸਕਣ। ਸਿੰਘ ਨੇ ਇਹ ਵੀ ਦੱਸਿਆ ਕਿ ਪੀਐੱਨਬੀ ਲਗਾਤਾਰ ਆਪਣੇ ਸਮਾਜਿਕ ਜ਼ਿੰਮੇਵਾਰੀਆਂ ਨੂੰ ਪੂਰਾ ਕਰਨ ਲਈ ਪ੍ਰਤੀਬੱਧ ਹੈ ਤੇ ਹਰ ਲੋੜਵੰਦ ਦੀ ਮੱਦਦ ਲਈ ਤਿਆਰ ਹੈ।

# ਜਸਵਿੰਦਰ ਕੌਰ ਦੀ ਮੌਤ 'ਤੇ ਦੁੱਖ ਪ੍ਰਗਟ



**ਲੌਂਗੋਵਾਲ (ਪ੍ਰਦੀਪ ਸੱਪਲ)**-ਪਿੰਡ ਮੰਡੇਰ ਕਲਾਂ ਦੇ ਨੌਜਵਾਨ ਆਗੂ ਗੁਰਪਾਲ ਸਿੰਘ ਕਾਲਾ ਬੜਿੰਗ ਦੀ ਪਤਨੀ ਜਸਵਿੰਦਰ ਕੌਰ (47) ਦੀ ਕੈਂਸਰ ਦੀ ਭਿਆਨਕ ਬੀਮਾਰੀ ਨਾਲ ਮੌਤ ਹੋ ਗਈ।ਮ੍ਰਿਤਕਾ ਦੇ ਪਤੀ ਗੁਰਪਾਲ ਸਿੰਘ ਕਾਲਾ ਨੇ ਦੱਸਿਆ ਕਿ ਉਸਦੀ ਪਤਨੀ ਪਿਛਲੇ 6 ਮਹੀਨਿਆਂ ਤੋਂ ਭਿਆਨਕ ਬੀਮਾਰੀ ਨਾਲ ਪੀੜਤ ਸੀ, ਜਿਸਦਾ ਇਲਾਜ ਹੋਮੀਭਾਬਾ ਸਰਕਾਰੀ ਹਸਪਤਾਲ ਸੰਗਰੂਰ ਵਿਖੇ ਚੱਲ ਰਿਹਾ ਸੀ, ਜਿੱਥੇ ਇਲਾਜ ਦੌਰਾਨ ਜਸਵਿੰਦਰ ਕੌਰ ਦੀ ਮੌਤ ਹੋ ਗਈ।ਇਸ ਮੌਕੇ ਪੀੜਤ ਪਰਿਵਾਰ ਨਾਲ ਸਰਪੰਚ ਜੁਗਰਾਜ ਸਿੰਘ ਸੰਸਾਰੀ, ਸ਼੍ਰੋਮਣੀ ਅਕਾਲੀ ਦਲ ਦੇ ਅਮਰਜੀਤ ਸਿੰਘ ਗਿੱਲ, ਵਿਜੇ ਗੋਇਲ, ਸੰਜੇ ਸੈਨ, ਕੌਂਸਲਰ ਗੁਰਮੀਤ ਸਿੰਘ ਲੱਲੀ, ਸਾਬਕਾ ਸਰਪੰਚ ਮੱਖਣ ਸਿੰਘ, ਮੰਗਤ ਰਾਏ ਮੰਗੂ, ਮੱਖਣ ਸਿੰਘ, ਪ੍ਰਗਟ ਸਿੰਘ, ਪ੍ਰੀਤਮ ਸਿੰਘ, ਬਲਵੀਰ ਸਿੰਘ ਦੁੱਲਟ, ਮਾ. ਨਰਿੰਦਰ ਸ਼ਰਮਾ, ਡਾ. ਗੁਰਪ੍ਰੀਤ ਸਿੰਘ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਅਸ਼ਟਾਮ ਫਰੋਸ਼ ਹਰਮੇਸ਼ ਸਿੰਘ ਸਮੇਤ ਤਿੰਨ ਵਿਅਕਤੀਆਂ 'ਤੇ ਧੋਖਾਧੜੀ ਦਾ ਕੇਸ ਦਰਜ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਸਾਜ਼ਿਸ਼ ਤਹਿਤ ਜਾਲ੍ਹੀ ਦਸਤਾਵੇਜ਼ ਤਿਆਰ ਕਰਨ ਦੇ ਕਥਿਤ ਦੋਸ਼ਾਂ ਹੇਠ ਹਰਮੇਸ਼ ਸਿੰਘ ਅਸ਼ਟਾਮ ਫਰੋਸ਼ ਗੁਰੂ ਹਰਸਹਾਏ ਸਮੇਤ ਤਿੰਨ ਵਿਅਕਤੀਆਂ 'ਤੇ ਪੁਲਸ ਨੇ ਮੁਕੱਦਮਾ ਦਰਜ ਕੀਤਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਏ.ਐੱਸ.ਆਈ. ਖੁਸ਼ੀਆ ਸਿੰਘ ਨੇ ਦੱਸਿਆ ਕਿ ਸੀਨੀਅਰ ਕਪਤਾਨ ਪੁਲਸ ਫ਼ਿਰੋਜ਼ਪੁਰ ਵੱਲੋਂ ਪੜਤਾਲ ਦੀ ਰਿਪੋਰਟ ਥਾਣਾ ਮਸੂਲ ਹੋਈ, ਜੋ ਪੜਤਾਲ ਰਿਪੋਰਟ ਵਾਚਣ ਤੋਂ ਪਾਇਆ ਗਿਆ ਕਿ ਮੁਲਜ਼ਮਾਂ ਵੱਲੋਂ ਮੁੱਦਈ ਮੁਕੱਦਮਾ ਗੁਰਪ੍ਰੀਤ ਸਿੰਘ ਪੁੱਤਰ ਸੇਵਾ ਸਿੰਘ ਵਾਸੀ ਪਿੰਡ ਮਰਾੜ੍ਹ ਜ਼ਿਲ੍ਹਾ ਫ਼ਰੀਦਕੋਟ ਦੇ ਜਾਲ੍ਹੀ ਦਸਤਖ਼ਤ ਕਰਕੇ ਉਸ ਦੀ ਬਾਈ ਕਨਾਲਾਂ ਜ਼ਮੀਨ ਦਾ ਰਿਕਾਰਡ ਜਾਲ੍ਹੀ ਤਿਆਰ ਕਰਨਾ ਬਿਆਨ ਹੋਇਆ ਹੈ, ਜਿਸ 'ਤੇ ਇਕਰਾਰਨਾਮਾ ਤੇ ਗੁਰਪ੍ਰਤਾਪ ਸਿੰਘ ਦੇ ਦਸਤਖ਼ਤ ਦਾ ਐਕਸਪਰਟ ਮਿਲਾਨ ਕਰਾਉਣ 'ਤੇ ਗੁਰਪ੍ਰਤਾਪ ਸਿੰਘ ਦੇ ਦਸਤਖ਼ਤ ਜਾਲ੍ਹੀ ਕਰਨੇ ਸਾਬਿਤ ਹੋਏ ਹਨ।ਏ.ਐੱਸ.ਆਈ. ਖੁਸ਼ੀਆ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਜਾਂਚ ਪੜਤਾਲ ਕਰਨ ਬਾਅਦ ਦਵਿੰਦਰ ਸਿੰਘ ਪੁੱਤਰ ਗਮਦੂਰ ਸਿੰਘ, ਚਰਨਜੀਤ ਸਿੰਘ ਪੁੱਤਰ ਸੁਰਜੀਤ ਸਿੰਘ, ਅਮਰਜੀਤ ਸਿੰਘ ਪੁੱਤਰ ਹਰਨੇਕ ਸਿੰਘ ਵਾਸੀਆਨ ਪਿੰਡ ਸੰਗਤਪੁਰਾ ਥਾਣਾ ਸਾਦਿਕ ਜ਼ਿਲ੍ਹਾ ਫ਼ਰੀਦਕੋਟ, ਹਰਮੇਸ਼ ਸਿੰਘ ਪੁੱਤਰ ਨਛੱਤਰ ਸਿੰਘ ਵਾਸੀ ਪਿੰਡ ਰਾਣਾ ਪੰਜ ਗਰਾਈਂ ਥਾਣਾ ਗੁਰੂ ਹਰਸਹਾਏ ਖ਼ਿਲਾਫ਼ ਧੋਖਾਧੜੀ ਦਾ ਮੁਕੱਦਮਾ ਦਰਜ ਕੀਤਾ ਹੈ।ਮੁਦਈ ਧਿਰ ਦੇ ਉਕਤ ਗੁਰਪ੍ਰਤਾਪ ਸਿੰਘ ਤੇ ਸਾਥੀ ਵਿਅਕਤੀਆਂ ਨੇ ਕਿਹਾ ਕਿ ਜਾਲਸਾਜ਼ੀ ਕਰਨ ਵਾਲਿਆਂ ਨੂੰ ਜਲਦ ਗ੍ਰਿਫਤਾਰ ਕੀਤਾ ਜਾਵੇ ਤੇ ਹਰਮੇਸ਼ ਸਿੰਘ, ਜੋ ਪਿੰਡ ਰਾਣਾ ਪੰਜਗਰਾਈਂ ਦਾ ਹੈ, ਇਸ ਦਾ ਕਾਰੋਬਾਰ ਗੁਰੂ ਹਰਸਹਾਏ ਵਿਖੇ ਹੈ, ਇਸ ਦੀ ਮਾਮਲੇ ਵਿੱਚ ਵੱਡੀ ਮਿਲੀਭੁਗਤ ਹੈ ਤੇ ਇਹ ਜਾਲ੍ਹੀ ਕਾਗਜ਼ ਤਿਆਰ ਕਰਨ ਦਾ ਕਾਰੋਬਾਰ ਕਰਦਾ ਹੈ।ਇਸ ਦੀ ਸਖ਼ਤੀ ਨਾਲ ਪੁੱਛ ਪੜਤਾਲ ਕਰਕੇ ਦੁਕਾਨ ਦੇ ਕੰਪਿਊਟਰ ਵਿਚਲਾ ਡਾਟਾ ਖੰਗਾਲਿਆ ਜਾਵੇ ਤਾਂ ਹੋਰ ਜਾਲ੍ਹੀ ਕਾਗਜ਼ ਬਰਾਮਦ ਹੋ ਸਕਦੇ ਹਨ।

## ਰੇਲ ਗੱਡੀਆਂ ਦੀ ਸੇਵਾ 'ਚ ਬਦਲਾਅ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਵਿਭਾਗ ਨੇ ਯਾਤਰੀਆਂ ਦੀ ਸਹੂਲਤ ਲਈ ਅਹਿਮ ਜਾਣਕਾਰੀ ਜਾਰੀ ਕੀਤੀ ਹੈ। ਇਸ ਅਨੁਸਾਰ ਕੁਝ ਰੇਲ ਗੱਡੀਆਂ ਨੂੰ ਰੱਦ ਕਰ ਦਿੱਤਾ ਗਿਆ ਹੈ, ਜਦੋਂਕਿ ਕੁਝ ਨੂੰ ਬਹਾਲ ਕੀਤਾ ਗਿਆ ਹੈ ਤੇ ਕੁਝ ਦਾ ਰਸਤਾ ਛੋਟਾ ਕੀਤਾ ਗਿਆ ਹੈ। ਦਿੱਤੀ ਗਈ ਸੂਚੀ ਵਿਚ ਰੇਲ ਗੱਡੀਆਂ ਦੀ ਮੌਜੂਦਾ ਸਥਿਤੀ ਬਾਰੇ ਪੂਰੀ ਜਾਣਕਾਰੀ ਦਿੱਤੀ ਗਈ ਹੈ।


YES BANK Registered & Corporate Office : Yes Bank House, Off Western Express Highway, Santacruz East, Mumbai–400055 CIN: L65190MH2003PLC143249, Email: communications@yesbank.in website: www.yesbank.in

ਅਚੱਲ ਜਾਇਦਾਦ ਦੀ ਵਿੱਕਰੀ ਲਈ ਵਿੱਕਰੀ ਨੋਟਿਸ

ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਂਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੇਠਾਂ ਦਰਸਾਈ ਅਚੱਲ ਜਾਇਦਾਦ, ਜਿਸ ਦਾ ਯੈੱਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ, ਜੋ ਕਿ ਸਕਿਉਰਡ ਕ੍ਰੈਡਿਟਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ, ਦੀ ਹੇਠਾਂ ਦਰਸਾਏ ਕਰਜ਼ਦਾਰਾਂ, ਸਹਿ-ਕਰਜ਼ਦਾਰਾਂ, ਗਰੰਟਰਾਂ ਅਤੇ ਰਹਿਣਕਾਰਾਂ ਕੋਲੋਂ ਸਕਿਉਰਡ ਕ੍ਰੈਡਿਟਰ ਦੇ ਹੇਠਾਂ ਦਰਸਾਏ ਬਕਾਏ ਤੇ ਇਕਰਾਰਨਾਮੇ ਦੀ ਦਰ 'ਤੇ ਭਵਿੱਖੀ ਵਿਆਜ ਅਤੇ ਚਾਰਜਿਜ਼ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ" "ਜਿਵੇਂ ਹੈ ਜੋ ਹੈ" ਅਤੇ "ਉਥੇ ਜੋ ਵੀ ਹੈ " ਦੇ ਅਧਾਰ 'ਤੇ ਵਿਕਰੀ 24 ਸਤੰਬਰ 2025 ਨੂੰ ਕੀਤੀ ਜਾਵੇਗੀ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ | ਡਿਮਾਂਡ ਨੋਟਿਸ 'ਚ ਰਕਮ | ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ | ਈ ਐੱਮ ਡੀ (ਰੁਪਏ 'ਚ) |
|---|---|---|---|---|---|
| 1. | (1.) ਮੈਸਰਜ਼ ਸ਼ਿਵਮ ਸਟੇਸ਼ਨਰਜ਼ ਪ੍ਰਾਈਵੇਟ ਲਿਮਟਿਡ ਰਾਹੀਂ ਇਸ ਦੇ ਡਾਇਰੈਕਟਰ ਰਿਪੂ ਧਵਨ (ਕਰਜ਼ਦਾਰ) (2.) ਰਿਪੂ ਧਵਨ (ਸਹਿ-ਕਰਜ਼ਦਾਰ/ਰਹਿਣਕਾਰ) (3.) ਸ੍ਰੀਮਤੀ ਰਾਜੇਸ਼ ਧਵਨ (ਸਹਿ-ਕਰਜ਼ਦਾਰ/ਰਹਿਣਕਾਰ) (4.) ਸ੍ਰੀਮਤੀ ਸਿਆ ਧਵਨ (ਸਹਿ-ਕਰਜ਼ਦਾਰ/ਰਹਿਣਕਾਰ) (5.) ਸ਼੍ਰੀ ਰਾਕੇਸ਼ ਕੁਮਾਰ ਧਵਨ (ਸਹਿ-ਕਰਜ਼ਦਾਰ) | 14 ਸਤੰਬਰ 2023 ਨੂੰ ਬਕਾਇਆ ਰੁਪਏ 3,24,47,586.20/- (ਤਿੰਨ ਕਰੋੜ ਚੌਵੀ ਲੱਖ ਸੰਤਾਲੀ ਹਜ਼ਾਰ ਪੰਜ ਸੌ ਛਿਆਸੀ ਰੁਪਏ ਵੀਹ ਪੈਸੇ ਕੇਵਲ) ਅਤੇ ਰੁਪਏ 28,58,760.17/- (ਅਠਾਈ ਲੱਖ ਅਠਵੰਜਾ ਹਜ਼ਾਰ ਸੱਤ ਸੌ ਸੱਠ ਰੁਪਏ ਸਤਾਰਾਂ ਪੈਸੇ ਕੇਵਲ) | ਜਾਇਦਾਦ ਮਕਾਨ 49-I ਬਲਾਕ ਦਾ ਹਿੱਸਾ, ਬਿਨਾਂ ਉਪਰ ਵਾਲੀ ਤੇ ਹੇਠਲੀ ਮੰਜ਼ਲ ਨੂੰ ਛੱਡ ਕੇ ਧਰਾਤਲ ਮੰਜ਼ਲ ਜਾਇਦਾਦ ਹਿੱਸਾ ਨੰ. ਬੀ-35-49-I, ਜਾਇਦਾਦ ਰਕਬਾ 100 ਵਰਗ ਗਜ਼, ਖਸਰਾ ਨੰ. 60//23, ਖੱਤਾ ਨੰ. 1643/1788 (ਸਫਾ ਨੰ. 1285) ਜਮ੍ਹਾਂਬੰਦੀ ਸਾਲ 2006-2007 ਪਿੰਡ ਸੁਨੇਤ, ਹੱਦਬਸਤ ਨੰ. 159, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਪੂਰਬ : ਸੜਕ, ਪੱਛਮ : ਮਕਾਨ ਨੰ. 54-I, ਉੱਤਰ : ਮਾਲਕ ਦਾ ਮਕਾਨ ਨੰ. 48-I, ਦੱਖਣ : ਮਕਾਨ ਨੰ. 50-I ਜਾਇਦਾਦ ਮਕਾਨ ਨੰ. 50-I ਦਾ ਹਿੱਸਾ, ਜਾਇਦਾਦ ਨੰ. ਬੀ-35-50-I, ਜਾਇਦਾਦ ਰਕਬਾ 125 ਵਰਗ ਗਜ਼, ਖਸਰਾ ਨੰ. 60//23, ਖੱਤਾ ਨੰ. 1485/163, ਜਮ੍ਹਾਂਬੰਦੀ ਸਾਲ 1996-97 (ਖੱਤਾ ਨੰ. 1643/1788) (ਸਫਾ ਨੰ. 1285) ਜਮ੍ਹਾਂਬੰਦੀ ਸਾਲ 2006-2007, ਪਿੰਡ ਸੁਨੇਤ, ਹਦਬਸਤ 159, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ। ਪੂਰਬ : ਸੜਕ, ਪੱਛਮ : ਮਕਾਨ ਨੰ. 53-I, ਉੱਤਰ : ਪਲਾਟ ਨੰ. 49, ਦੱਖਣ : ਮਕਾਨ ਨੰ. 51-I | Rs. 1,10,58,227/- | Rs 11,05,823/- |
| 2. | (1.) ਮੈਸਰਜ਼ ਬੀਕਾਨੇਰ ਅਲੌਇਜ਼ ਰਾਹੀਂ ਇਸ ਦੇ ਭਾਈਵਾਲ (2.) ਪੰਕਜ ਸ਼ਰਮਾ (3.) ਰਾਮ ਦੇਵ ਸ਼ਰਮਾ, (4.) ਰਾਜੀਵ ਤਲਵਾੜ | 31 ਮਈ 2024 ਨੂੰ ਬਕਾਇਆ ਰੁਪਏ 6,71,00,184.7/- (ਛੇ ਕਰੋੜ ਇਕੱਤਰ ਲੱਖ ਇੱਕ ਸੌ ਚੌਰਾਸੀ ਰੁਪਏ ਸੱਤ ਪੈਸੇ ਕੇਵਲ) | ਗੈਰ-ਖੇਤੀਬਾੜੀ ਜਾਇਦਾਦ, ਜੋ ਕਿ ਜ਼ਮੀਨ ਰਕਬਾ 5 ਕਨਾਲ 10-1/3 ਮਰਲਾ, ਖਸਰਾ ਨੰ. 31//8 (8-0), 31//10 (8-0), 31//6/2 (1-8), 6/3 (2-8), 15/2 (2-6) ਖੇਵਟ ਨੰ. 246/242, 247/243, 291/290, ਖਤੌਨੀ ਨੰ. 290, 291, 355, ਜਮ੍ਹਾਂਬੰਦੀ ਸਾਲ 2012-13, ਪਿੰਡ ਅਲੌਰ, ਹਦਬਸਤ ਨੰ. 221, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਬੈਨਾਮਾ ਨੰ. 563 ਮਿਤੀ 17-05-2017 | Rs 1,66,07,700/- | Rs 16,60,770 /- |
| 3. | (1.) ਨੇਨਾ ਦੇਵੀ, (2.) ਕ੍ਰਿਤੀ ਕਪੂਰ, | 31 ਅਗਸਤ 2023 ਨੂੰ ਬਕਾਇਆ ਰੁਪਏ 35,60,709.80/- (ਪੈਂਤੀ ਲੱਖ ਸੱਠ ਹਜ਼ਾਰ ਸੱਤ ਸੌ ਨੌਂ ਰੁਪਏ ਅੱਸੀ ਪੈਸੇ ਕੇਵਲ) | ਗੈਰ-ਖੇਤੀਬਾੜੀ ਜਾਇਦਾਦ 146-2/3 ਵਰਗ ਗਜ਼ (ਜਾਇਦਾਦ ਨੰ. ਬੀ-31-1703/8/12673) ਜਮਾਲ ਅਵਾਣਾ, ਲੁਧਿਆਣਾ ਅਤੇ ਖੱਤਾ ਨੰ. 692/746-693/747 ਖਸਰਾ ਨੰ. 37//17, 37//24/2, ਜਮ੍ਹਾਂਬੰਦੀ ਸਾਲ 2011-12, ਪਿੰਡ ਜਮਾਲਪੁਰ ਅਵਾਣਾ, ਹੱਦਬਸਤ ਨੰ. 177, ਅਬਾਦੀ ਗੁਰਮੇਲ ਪਾਰਕ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। | Rs 24,43,950 /- | Rs 2,44,395 /- |
| 4. | (1.) ਮੈਸਰਜ਼ ਬੀਕਾਨੇਰ ਅਲੌਇਜ਼ ਰਾਹੀਂ ਇਸ ਦੇ ਭਾਈਵਾਲ (2.) ਪੰਕਜ ਸ਼ਰਮਾ, (3.) ਰਾਮ ਦੇਵ ਸ਼ਰਮਾ, (4.) ਰਾਜੀਵ ਤਲਵਾੜ | 31 ਮਈ 2024 ਨੂੰ ਬਕਾਇਆ ਰੁਪਏ 6,71,00,184.7/- (ਛੇ ਕਰੋੜ ਇਕੱਤਰ ਲੱਖ ਇੱਕ ਸੌ ਚੌਰਾਸੀ ਰੁਪਏ ਸੱਤ ਪੈਸੇ ਕੇਵਲ) | ਗੈਰ-ਖੇਤੀਬਾੜੀ ਜਾਇਦਾਦ, ਜੋ ਕਿ ਜ਼ਮੀਨ ਰਕਬਾ 5 ਕਨਾਲ 10-1/3 ਮਰਲਾ, ਖਸਰਾ ਨੰ. 31//8 (8-0), 31//10 (8-0), 31//6/2 (1-8), 6/3 (2-8), 15/2 (2-6), ਖੇਵਟ ਨੰ. 246/242, 247/243, 291/290, ਖਤੌਨੀ ਨੰ. 290, 291, 335, ਜਮ੍ਹਾਂਬੰਦੀ ਸਾਲ 2012-13, ਪਿੰਡ ਅਲੌਰ, ਹਦਬਸਤ ਨੰ. 221, ਤਹਿਸੀਲ ਖੰਨਾ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਬੈਨਾਮਾ ਨੰ. 563 ਮਿਤੀ 17-05-2017 | Rs 1,66,07,700/- | Rs 16,60,770 /- |
| 4. | (1.) ਸ੍ਰੀਮਤੀ ਜਸਵਿੰਦਰ ਕੌਰ (2.) ਸ੍ਰੀ. ਜਸਕਰਨ | 28 ਅਗਸਤ 2023 ਨੂੰ ਬਕਾਇਆ ਰੁਪਏ 39,05,006.58/- (ਉਨਤਾਲੀ ਲੱਖ ਪੰਜ ਹਜ਼ਾਰ ਛੇ ਰੁਪਏ ਅਠਵੰਜਾ ਪੈਸੇ ਕੇਵਲ) | ਰਿਹਾਇਸ਼ੀ ਜਾਇਦਾਦ ਰਕਬਾ 10 ਮਰਲੇ , ਖਸਰਾ ਨੰ. 248/1-18, 249/7-1, 251/7-13, 411/5-0, 412/4-6, 413/5-2, 416/4-11, 417/4-9, 418/4-9, 425/0-15 ਸਤਨਾਮਪੁਰਾ ਵਿਖੇ ਸਥਿਤ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਨਾਲ ਸੰਬੰਧਤ ਸਭ ਕੁਝ। | Rs 46,80,000/- | Rs 4,68,000/- |
| 5. | (1.) ਏ.ਕੇ. ਫੈਸ਼ਨ ਰਾਹੀਂ ਇਸ ਦੇ ਪ੍ਰੋਪ. ਰਾਮ ਗਾਂਧੀ ਮੰਡਲ, (2.) ਸ੍ਰੀ ਰਾਮ ਗਾਂਧੀ ਮੰਡਲ (3) ਸ਼੍ਰੀਮਤੀ ਸੁਨੀਤਾ ਮੰਡਲ | 27 ਅਕਤੂਬਰ 2023 ਨੂੰ ਬਕਾਇਆ ਰੁਪਏ 42,23,930/- (ਬਤਾਲੀ ਲੱਖ ਤੇਈ ਹਜ਼ਾਰ ਨੌਂ ਸੌ ਤੀਹ ਰੁਪਏ ਕੇਵਲ) | ਰਿਹਾਇਸ਼ੀ ਜਾਇਦਾਦ ਐੱਮ ਸੀ ਨੰ. ਬੀ-32-1469/60 ਰਕਬਾ 297 ਵਰਗ ਗਜ਼, ਖਸਰਾ ਨੰ. 17//1/2, ਖੱਤਾ ਨੰ. 48/48, ਜਮ੍ਹਾਂਬੰਦੀ ਸਾਲ 2005-06, ਪਿੰਡ ਕੱਕੋਵਾਲ ਵਿਖੇ ਸਥਿਤ, ਹੱਦਬਸਤ ਨੰ. 80 ਅਬਾਦੀ ਵਿਸ਼ਾਲ ਨਗਰ, ਨੇੜੇ ਨਿਊ ਨੰਦਾ ਕਾਲੋਨੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਬੈਨਾਮਾ ਵਸੀਕਾ ਨੰ. 7051 ਮਿਤੀ 20.07.2021 | Rs 54,67,500/- | Rs 5,46,750/- |

ਈ-ਨਿਲਾਮੀ ਦੀ ਮਿਤੀ ਤੇ ਸਮਾਂ : 24 ਸਤੰਬਰ 2025 ਸਵੇਰੇ 11.00 ਵਜੇ ਤੋਂ 2.00 ਵਜੇ ਬਾਅਦ ਦੁਪਹਿਰ 5 ਮਿੰਟਾਂ ਦੇ ਹਰੇਕ ਵਾਧੇ ਨਾਲ
ਬੋਲੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : 23 ਸਤੰਬਰ 2025 ਸ਼ਾਮ ਦੇ 3.00 ਵਜੇ ਤੱਕ।
ਜਾਇਦਾਦ ਦੇ ਨਿਰੀਖਣ ਦੀ ਮਿਤੀ ਤੇ ਸਮਾਂ : 19 ਸਤੰਬਰ 2025, ਸਵੇਰੇ 11.00 ਵਜੇ ਤੋਂ ਸ਼ਾਮ 2 ਵਜੇ ਤੱਕ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਬਾਰੇ ਕ੍ਰਿਪਾ ਕਰਕੇ http://10.0.49.5/about-us/media/auction-property ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ ਅਰਥਾਤ www.yesbank.in ਜਾਂ https://sarfaesi.auctiontiger.net 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।
ਟੈਂਡਰ ਦਸਤਾਵੇਜ਼/ਈ-ਬੋਲੀ ਕੈਟਾਲਾਗ ਜਾਂ ਅਚੱਲ ਜਾਇਦਾਦਾਂ/ਸਕਿਉਰਡ ਐੱਸਟਸ ਹਾਸਲ ਕਰਨ 'ਚ ਕਿਸੇ ਮੁਸ਼ਕਲ ਅਤੇ ਪੁੱਛਗਿੱਛ ਲਈ ਕ੍ਰਿਪਾ ਕਰਕੇ ਯੈੱਸ ਬੈਂਕ ਲਿਮਟਿਡ ਦੇ ਸੰਬੰਧਤ ਅਧਿਕਾਰੀਆਂ : ਸ੍ਰੀ ਅਦਿੱਤਿਆ ਆਰੀਆ ਨੂੰ 7696000755 ਜਾਂ ਈ-ਮੇਲ Aditya.arya@yesbank.in/ ਸ੍ਰੀ ਅਮਿੱਤ ਸ਼ਰਮਾ ਨੂੰ 9996467419 ਜਾਂ ਈ-ਮੇਲ : Amit.Sharma62@yesbank.in ਅਤੇ ਮੈਸ. ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮਟਿਡ (ਆਕਸ਼ਨ ਟਾਈਗਰ) ਅਹਿਮਦਾਬਾਦ ਦੇ ਅਧਿਕਾਰੀਆਂ, ਵੈੱਬ ਪੋਰਟਲ ਪਤਾ https://sarfaesi.auctiontiger.net ਬੋਲੀਕਰਤਾ ਦੇ ਸਹਾਇਕ ਨੰਬਰਾਂ +91 9265562821/18 ਅਤੇ 9978591888, 079-68136880/68136837, ਈ-ਮੇਲ : support@auctiontiger.net ਅਤੇ ram-prasad@auctiontiger.net ਨਾਲ ਸੰਪਰਕ ਕੀਤਾ ਜਾਵੇ, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ-9978591888

ਕਰਜ਼ਦਾਰਾਂ/ਗਰੰਟਰਾਂ ਲਈ ਵਿਕਰੀ ਨੋਟਿਸ

ਉਪਰੋਕਤ, ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਨਾਲ ਪੜ੍ਹੇ ਜਾਂਦੇ ਰੂਲ 9 (1) ਤਹਿਤ, ਜ਼ਿੰਮੇਵਾਰਾਂ ਲਈ ਪ੍ਰਕਾਸ਼ਨਾ ਮਿਤੀ ਤੋਂ 15 ਦਿਨਾਂ ਅੰਦਰ ਅਦਾਇਗੀ ਦਾ ਨੋਟਿਸ ਸਮਝਿਆ ਜਾਵੇ।

ਮਿਤੀ : 08 ਸਤੰਬਰ 2025, ਸਥਾਨ : ਲੁਧਿਆਣਾ ਸਹੀ/- ਅਧਿਕਾਰਤ ਅਫਸਰ


# ਗੱਟੀ ਰਾਜੋ ਕੇ ਨਜ਼ਦੀਕ ਇਲਾਕਿਆਂ 'ਚ ਰਾਹਤ ਸਮੱਗਰੀ ਪਹੁੰਚਾਈ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸਏਐੱਸ ਨਗਰ (ਮੁਹਾਲੀ) ਦੇ ਕਾਰਜਕਾਰੀ ਚੇਅਰਮੈਨ ਜਸਟਿਸ ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਸੁਮੀਤ ਮਲਹੋਤਰਾ ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਦੇ ਚੀਫ਼ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਅਨੁਰਾਧਾ ਵੱਲੋਂ ਗੱਟੀ ਰਾਜੋ ਕੇ ਨਜ਼ਦੀਕ ਵੱਖ-ਵੱਖ ਹੜ੍ਹ ਪ੍ਰਭਾਵਤ ਪਿੰਡਾਂ ਦਾ ਦੌਰਾ ਕੀਤਾ ਗਿਆ ਤੇ ਉਥੇ ਮੌਜੂਦ ਹੜ੍ਹ ਪੀੜਤ ਪਰਵਾਰਾਂ ਨੂੰ ਰਾਹਤ ਸਮੱਗਰੀ ਮੁਹੱਈਆ ਕਰਵਾਈ ਗਈ। ਇਸ ਦੇ ਨਾਲ ਹੀ ਹੜ੍ਹ ਪ੍ਰਭਾਵਤ ਇਲਾਕਿਆਂ ਵਿਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਿਰੋਜ਼ਪੁਰ ਨਾਲ ਮਦਦ ਲੈਣ ਲਈ ਟੋਲ ਫ੍ਰੀ ਨੰਬਰ 15100 ਅਤੇ ਲੈਂਡਲਾਈਨ ਨੰਬਰ 01632–235034 ਦੀ ਜਾਣਕਾਰੀ ਦਿੱਤੀ ਗਈ ਤਾਂ ਜੁ ਲੋੜ ਸਮੇਂ ਸੰਪਰਕ ਕਰ ਸਕਣ।

# ਐਨ ਬੀ ਐੱਫ਼ ਭਾਰਤ ਵੱਲੋਂ ਪੀ ਜੀ ਆਈ 'ਚ ਖ਼ੂਨਦਾਨ ਕੈਂਪ



**ਸਮਰਾਲਾ (ਸੁਰਜੀਤ ਸਿੰਘ)**-ਨਵਿਆ ਭਾਰਤ ਫਾਊਂਡੇਸ਼ਨ ਵੱਲੋਂ ਵਿਸ਼ਵ ਫਿਜ਼ੀਓਥੈਰੇਪੀ ਦਿਵਸ ਨੂੰ ਸਮਰਪਿਤ ਪੀਜੀਆਈ 'ਚ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਸਟੂਡੈਂਟ ਐਸੋਸੀਏਸ਼ਨ ਆਫ ਫਿਜ਼ੀਕਲ ਥੈਰੇਪੀ, ਖੇਲ ਭਾਰਤੀ ਚੰਡੀਗੜ੍ਹ, ਟਰਾਂਸਫਿਊਜ਼ਨ ਮੈਡੀਸਨ ਪੀਜੀਆਈ ਵੱਲੋਂ ਸਹਿਯੋਗ ਦਿੱਤਾ ਗਿਆ। ਇਸ ਮੌਕੇ ਦਿਨੇਸ਼ ਉਨਿਆਲ, ਪੁਲਿਸ ਮਹਾਨਿਰਦੇਸ਼ਕ ਉੱਤਰੀ-ਪੱਛਮੀ ਸੈਕਟਰ, ਕੇਂਦਰੀ ਰਿਜ਼ਰਵ ਪੁਲਿਸ ਬਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਖ਼ੂਨਦਾਨੀਆਂ ਨੂੰ ਸਨਮਾਨਤ ਕਰਦਿਆਂ ਕਿਹਾ ਕਿ ਨਵਿਆ ਭਾਰਤ ਫਾਊਂਡੇਸ਼ਨ ਭਾਰਤ ਵੱਲੋਂ ਇਹ ਸ਼ਲਾਘਾਯੋਗ ਕਾਰਜ ਕੀਤਾ ਗਿਆ ਹੈ।ਪ੍ਰੋਗਰਾਮ ਦੀ ਪ੍ਰਧਾਨਗੀ ਪ੍ਰੋ. ਵਿਪਿਨ ਕੌਸ਼ਲ ਮੈਡੀਕਲ ਸੁਪਰਡੈਂਟ ਪੀਜੀਆਈ ਚੰਡੀਗੜ੍ਹ ਨੇ ਕੀਤੀ ਤੇ ਉਨ੍ਹਾਂ ਨੇ ਟੀਮ ਐਨਬੀਐਫ ਅਤੇ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਪੀਜੀਆਈ ਦੇ ਫਿਜ਼ੀਓਥੈਰੇਪਿਸਟ, ਨਵਿਆ ਭਾਰਤ ਫਾਊਂਡੇਸ਼ਨ ਤੇ ਐਸਪੀਟੀ ਇੰਡੀਆ ਦੇ ਸੰਸਥਾਪਕ ਅਤੇ ਕੌਮੀ ਪ੍ਰਧਾਨ ਡਾ. ਅਨਿਰੁੱਧ ਉਨਿਆਲ ਨੇ ਦੱਸਿਆ ਕਿ ਹੌਸਲਾ ਅਫ਼ਜ਼ਾਈ ਅਤੇ ਐਸਪੀਟੀ ਹੈਲਥ ਦੇ ਕੰਮਾਂ ਵਿਚ ਮੋਹਰੀ ਭੂਮਿਕਾ ਅਦਾ ਕਰਦੇ ਹਨ ਅਤੇ ਰਾਸ਼ਟਰ ਸੇਵਾ ਹੀ ਉਨ੍ਹਾਂ ਦਾ ਮੂਲ ਮੰਤਰ ਹੈ।


ਟਰੂਕੈਪ ਫਾਈਨਾਂਸ ਲਿਮਟਿਡ
ਰਜਿਸਟਰਡ ਦਫ਼ਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457
ਜਨਤਕ ਨੋਟਿਸ
ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 25 ਸਤੰਬਰ 2025 ਨੂੰ ਪਠਾਨਕੋਟ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬ੍ਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਸਟੇਟ ਬੈਂਕ ਆਫ ਇੰਡੀਆ ਦੇ ਉੱਪਰ, ਸੈਲੀ ਰੋਡ, ਪਠਾਨਕੋਟ, ਪੰਜਾਬ-145001
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾਰ ਕਿਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬ੍ਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
ਪਠਾਨਕੋਟ ਬ੍ਰਾਂਚ : GL0000000334058, GL0000000337875.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ
ਸੰਪਰਕ ਵਿਅਕਤੀ : ਸਤੀਸ਼ ਕੁਮਾਰ
ਸੰਪਰਕ ਨੰਬਰ : 9560735444
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ

ਟਰੂਕੈਪ ਫਾਈਨਾਂਸ ਲਿਮਟਿਡ
ਰਜਿਸਟਰਡ ਦਫ਼ਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457
ਜਨਤਕ ਨੋਟਿਸ
ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 25 ਸਤੰਬਰ 2025 ਨੂੰ ਫ਼ਿਰੋਜ਼ਪੁਰ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬ੍ਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਮਾਰਕਿਟ ਮਲਕੋਤ ਸਿੰਘ ਰੋਡ, ਨੇੜੇ ਕਲਾਕ ਟਾਵਰ ਚੌਕ, ਜ਼ਿਲ੍ਹਾ ਫ਼ਿਰੋਜ਼ਪੁਰ ਪਿੰਨ ਨੰਬਰ-142047
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾਰ ਕਿਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬ੍ਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
ਫਰੀਦਕੋਟ : GL0000000286649, GL0000000287871, GL0000000297520, GL0000000336796.
ਜ਼ੀਰਾ ਬ੍ਰਾਂਚ : GL0000000172305, GL0000000280158, GL0000000281298, GL0000000282593, GL0000000283424, GL0000000284785, GL0000000288780, GL0000000298551, GL0000000301280, GL0000000331315, GL0000000333285.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ
ਸੰਪਰਕ ਵਿਅਕਤੀ : ਸਤੀਸ਼ ਕੁਮਾਰ
ਸੰਪਰਕ ਨੰਬਰ : 9560735444
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ

ਟਰੂਕੈਪ ਫਾਈਨਾਂਸ ਲਿਮਟਿਡ
ਰਜਿਸਟਰਡ ਦਫ਼ਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457
ਜਨਤਕ ਨੋਟਿਸ
ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 25 ਸਤੰਬਰ 2025 ਨੂੰ ਲੁਧਿਆਣਾ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬ੍ਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਆਰ ਕੇ ਟਾਵਰ, ਹੈਬੋਵਾਲ ਰੋਡ ਵਿਖੇ ਸਥਿਤ ਬੀ-1461/1 ਰਾਮ ਸ਼ਰਨਮ ਚੌਕ, ਹੈਬੋਵਾਲ ਰੋਡ ਲੁਧਿਆਣਾ-141001
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾਰ ਕਿਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬ੍ਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
ਜਲੰਧਰ ਬ੍ਰਾਂਚ : GL0000000280323, GL0000000283726, GL0000000288337, GL0000000288623, GL0000000288731, GL0000000305223, GL0000000319807.
ਸਰਹਿੰਦ ਬ੍ਰਾਂਚ : GL0000000285144, GL0000000298170, GL0000000298457, GL0000000331654, GL0000000331808, GL0000000334841.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ
ਸੰਪਰਕ ਵਿਅਕਤੀ : ਸਤੀਸ਼ ਕੁਮਾਰ
ਸੰਪਰਕ ਨੰਬਰ : 9560735444
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ

ਟਰੂਕੈਪ ਫਾਈਨਾਂਸ ਲਿਮਟਿਡ
ਰਜਿਸਟਰਡ ਦਫ਼ਤਰ : ਰਜਿਸਟਰਡ ਦਫਤਰ, ਚੌਥੀ ਮੰਜ਼ਲ, ਏ-ਵਿੰਗ, ਡੀ.ਜੇ. ਹਾਊਸ, ਪੁਰਾਣੀ ਨਗਰਦਾਸ ਰੋਡ, ਅੰਧੇਰੀ (ਪੂਰਬ), ਮੁੰਬਈ-400069, ਮਹਾਰਾਸ਼ਟਰ
ਜੀ ਐੱਸ ਟੀ ਨੰਬਰ : 27AAACD9887D1ZC
ਕਾਰਪੋਰੇਟ ਪਛਾਣ ਨੰਬਰ : L64920MH1994PLC334457
ਜਨਤਕ ਨੋਟਿਸ
ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਹਿਣ ਕੀਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ ਟਰੂਕੈਪ ਫਾਇਨਾਂਸ ਲਿਮਟਿਡ ਵੱਲੋਂ 25 ਸਤੰਬਰ 2025 ਨੂੰ ਅਬੋਹਰ ਵਿਖੇ ਸਵੇਰੇ 11.00 ਵਜੇ ਕੀਤੀ ਜਾਵੇਗੀ।
ਬ੍ਰਾਂਚ ਦਾ ਪਤਾ : ਟਰੂਕੈਪ ਫਾਇਨਾਂਸ ਲਿਮਟਿਡ, ਪਹਿਲੀ ਮੰਜ਼ਲ ਮੇਰਾ ਮਾਰਕਿਟ ਕੰਪਲੈਕਸ ਸਰਕੂਲਰ ਰੋਡ, ਗਲੀ ਨੰ. 3 ਅਬੋਹਰ ਪੰਜਾਬ-152116
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜੋ ਆਪਣੇ ਬਕਾਏ ਅਦਾ ਕਰਨ 'ਚ ਅਸਫਲ ਰਹੇ ਹਨ। ਸਾਡੇ ਨਿਲਾਮੀ ਦੇ ਨੋਟਿਸ ਬਕਾਇਦਾਰ ਕਿਨ੍ਹਾਂ ਕਰਜ਼ਦਾਰਾਂ ਨੂੰ ਜਾਰੀ ਕੀਤੇ ਜਾ ਚੁੱਕੇ ਹਨ।
ਨਿਲਾਮੀ ਕੀਤੇ ਜਾ ਰਹੇ ਸੋਨੇ ਦੇ ਗਹਿਣੇ ਸਾਡੇ ਬਹੁਤ ਸਾਰੇ ਗਾਹਕਾਂ ਦੇ ਬਕਾਇਆ ਕਰਜ਼ਾ ਖਾਤਿਆਂ ਨਾਲ ਸੰਬੰਧਤ ਹਨ, ਜਿਨ੍ਹਾਂ ਦਾ ਵੇਰਵਾ ਸਮੇਤ ਬ੍ਰਾਂਚ ਦੇ ਨਾਂਅ ਨਾਲ ਹੇਠਾਂ ਦਰਸਾਇਆ ਗਿਆ ਹੈ।
ਅਬੋਹਰ ਬ੍ਰਾਂਚ : GL0000000293150, GL0000000295429, GL0000000301521, GL0000000330677, GL0000000330683, GL0000000333015, GL0000000333885.
ਬਠਿੰਡਾ ਬ੍ਰਾਂਚ : GL0000000283328, GL0000000288309, GL0000000295617, GL0000000296153.
ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਟਰੂਕੈਪ ਫਾਇਨਾਂਸ ਲਿਮਟਿਡ ਨਾਲ ਸੰਪਰਕ ਕੀਤਾ ਜਾਵੇ
ਸੰਪਰਕ ਵਿਅਕਤੀ : ਸਤੀਸ਼ ਕੁਮਾਰ
ਸੰਪਰਕ ਨੰਬਰ : 9560735444
ਟਰੂਕੈਪ ਫਾਇਨਾਂਸ ਲਿਮਟਿਡ ਨੂੰ ਬਿਨਾਂ ਕਿਸੇ ਅਗਾਊਂ ਨੋਟਿਸ ਨਿਲਾਮੀ ਕੀਤੇ ਜਾ ਰਹੇ ਖਾਤਿਆਂ ਦੇ ਨੰਬਰ ਤਬਦੀਲ ਕਰਨ ਅਤੇ ਨਿਲਾਮੀ ਮੁਲਤਵੀ/ਰੱਦ ਕਰਨ ਦਾ ਅਧਿਕਾਰ ਹੈ।
ਟਰੂਕੈਪ ਫਾਇਨਾਂਸ ਲਿਮਟਿਡ

# ਨਸ਼ੇ ਦੀ ਤਸਕਰੀ 'ਚ ਸ਼ਾਮਲ ਪਤੀ-ਪਤਨੀ ਨੂੰ ਕੀਤਾ ਸੀਖਾਂ ਪਿੱਛੇ

## 272 ਗ੍ਰਾਮ ਹੈਰੋਇਨ ਕੀਤੀ ਬਰਾਮਦ



ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) ਡਾ. ਪ੍ਰਗਿਆ ਜੈਨ ਐਸ.ਐਸ.ਪੀ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਖਿਲਾਫ਼ ਲਗਾਤਾਰ ਸਖਤ ਕਾਰਵਾਈ ਅਮਲ 'ਚ ਲਿਆਂਦੀ ਜਾ ਰਹੀ ਹੈ।ਇਸ ਦੇ ਤਹਿਤ ਸ਼੍ਰੀ ਸੰਦੀਪ ਕੁਮਾਰ ਐਸ.ਪੀ (ਇਨਵੈਸਟੀਗੇਸ਼ਨ) ਦੀ ਰਹਿਨੁਮਾਈ ਤੇ ਸ਼੍ਰੀ ਅਰੁਣ ਮੁੰਡਨ ਡੀ.ਐਸ.ਪੀ (ਇਨਵੈਸਟੀਗੇਸ਼ਨ) ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਇੱਕ ਹੋਰ ਕਾਰਵਾਈ ਕਰਦੇ ਹੋਏ ਸੀ.ਆਈ.ਏ ਫ਼ਰੀਦਕੋਟ ਵੱਲੋਂ ਨਸ਼ੇ ਦੀ ਤਸਕਰੀ ਵਿੱਚ ਸ਼ਾਮਲ ਪਤੀ-ਪਤਨੀ ਨੂੰ 272 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ। ਗ੍ਰਿਫਤਾਰ ਕੀਤੇ ਦੋਸ਼ੀਆਂ ਦੀ ਪਛਾਣ ਬਲਵਿੰਦਰ ਸਿੰਘ ਉਰਫ਼ ਬਿੰਦਰ ਤੇ ਉਸਦੀ ਪਤਨੀ ਸਰਬਜੀਤ ਕੌਰ ਵਜੋਂ ਹੋਈ ਹੈ, ਜੋ ਹਰਿਆਣਾ ਦੇ ਜੀਦ ਜ਼ਿਲ੍ਹੇ ਦੇ ਰੋਹੜ ਨਾਲ ਸਬੰਧਤ ਹਨ।ਇੰਸਪੈਕਟਰ ਅਮਰਿੰਦਰ ਸਿੰਘ ਇੰਚਾਰਜ ਸੀ.ਆਈ.ਏ ਸਟਾਫ਼ ਦੀ ਨਿਗਰਾਨੀ ਹੇਠ ਸਹਾਇਕ ਥਾਣੇਦਾਰ ਹਾਕਮ ਸਿੰਘ ਪੁਸਿ ਪਾਰਟੀ ਸਮੇਤ ਗਸ਼ਤ ਦੌਰਾਨ ਨੈਸ਼ਨਲ ਹਾਈਵੇਅ-54 ਤੋ ਲਿੰਕ ਰੋਡ 'ਤੇ ਪਿੰਡ ਸੰਧਵਾਂ ਨੂੰ ਜਾ ਰਹੇ ਸੀ। ਜਦ ਪੁਲਸ ਪਾਰਟੀ ਸੂਏ ਦੇ ਪੁਲ਼ 'ਤੇ ਪੁੱਜੀ ਤਾਂ ਬਲਵਿੰਦਰ ਸਿੰਘ ਅਤੇ ਉਸਦੀ ਪਤਨੀ ਪੁਲਸ ਪਾਰਟੀ ਦੀ ਗੱਡੀ ਦੇਖ ਕੇ ਸੂਏ ਦੀ ਪਟੜੀ ਪਰ ਚੱਲ ਪਏ, ਜਿਸ 'ਤੇ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਹ 'ਤੇ ਦੋਹਾਂ ਨੂੰ ਰੋਕਿਆ ਗਿਆ, ਜਿਨ੍ਹਾਂ ਦੀ ਚੈਕਿੰਗ ਲਈ ਸ਼੍ਰੀ ਅਰੁਣ ਮੁੰਡਨ ਡੀ.ਐਸ.ਪੀ (ਇਨਵੈਸਟੀਗੇਸ਼ਨ) ਮੌਕੇ 'ਤੇ ਪੁੱਜੇ, ਜਿਸ ਉਪਰੰਤ ਡੀ.ਐਸ.ਪੀ (ਇਨਵੈਸਟੀਗੇਸ਼ਨ) ਦੀਆਂ ਹਦਾਇਤਾਂ ਮੁਤਾਬਕ ਜਦ ਇਨ੍ਹਾਂ ਦੀ ਤਲਾਸ਼ੀ ਕੀਤੀ ਤਾਂ ਬਲਵਿੰਦਰ ਸਿੰਘ ਤੇ ਸਰਬਜੀਤ ਕੌਰ ਦੇ ਕਬਜ਼ੇ 'ਚੋਂ 272 ਗ੍ਰਾਮ ਹੈਰੋਇਨ ਬਰਾਮਦ ਹੋਈ।ਇਸ ਸਬੰਧੀ ਥਾਣਾ ਸਦਰ ਕੋਟਕਪੂਰਾ 'ਚ ਮੁਕੱਦਮਾ ਨੰਬਰ 164 ਮਿਤੀ 06.09.2025 ਅ/ਧ 21(ਸੀ)/61/85 ਐਨ.ਡੀ.ਪੀ.ਐਸ ਐਕਟ ਦਰਜ ਕਰਕੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਦੋਸ਼ੀਆਂ ਤੋਂ ਬਰਾਮਦ ਕੀਤੀ ਗਈ ਹੈਰੋਇਨ ਉਨ੍ਹਾਂ ਨੂੰ ਸਰਹੱਦੀ ਇਲਾਕੇ ਫਿਰੋਜ਼ਪੁਰ ਨਾਲ ਸਬੰਧਤ ਇਕ ਵਿਅਕਤੀ ਵੱਲੋਂ ਸਪਲਾਈ ਕੀਤੀ ਗਈ ਸੀ।ਦੋਸ਼ੀਆਂ ਦਾ ਮਨਸੂਬਾ ਇਸ ਨੂੰ ਰੇਲ ਰਾਹੀਂ ਹਰਿਆਣਾ ਪੁਚਾ ਕੇ ਅੱਗੇ ਸਪਲਾਈ ਕਰਨ ਦਾ ਸੀ।ਪੁਲਸ ਪਾਰਟੀ ਵੱਲੋਂ ਸਬੰਧਤ ਵਿਅਕਤੀਆਂ ਨੂੰ ਵੀ ਮੁਕੱਦਮੇ ਵਿੱਚ ਨਾਮਜ਼ਦ ਕਰ ਦਿੱਤਾ ਹੈ, ਜਿਨ੍ਹਾਂ ਨੂੰ ਵੀ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਫ਼ਰੀਦਕੋਟ ਪੁਲਸ ਵੱਲੋਂ ਦੋਹਾਂ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਗਿਆ ਹੈ ਤੇ ਦੋਸ਼ੀਆਂ ਦੇ ਬੈਕਵਰਡ ਅਤੇ ਫਾਰਵਰਡ ਲਿੰਕਾਂ ਦੀ ਬਾਰੀਕੀ ਨਾਲ ਜਾਂਚ ਕਰਨ ਲਈ ਪੁੱਛਗਿੱਛ ਕੀਤੀ ਜਾ ਰਹੀ ਹੈ।

# ਸੁਖਬੀਰ ਐਗਰੋ ਐਨਰਜੀ ਲਿਮ: ਨੇ 10 ਵਿਦਿਆਰਥੀਆਂ ਦੀ ਕੀਤੀ ਚੋਣ



ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਸੁਖਬੀਰ ਐਗਰੋ ਐਨਰਜੀ ਲਿਮ: (ਸੇਲ) ਨਵਿਆਉਣਯੋਗ ਊਰਜਾ ਦੇ ਖੇਤਰ 'ਚ ਆਪਣੀ ਭੂਮਿਕਾ ਨਿਭਾਅ ਰਹੀ ਹੈ, ਵੱਲੋਂ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਦੇ ਬੀ.ਐੱਸਸੀ ਖੇਤੀਬਾੜੀ ਵਿਦਿਆਰਥੀਆਂ (2023, 2024 ਤੇ 2025 ਪਾਸ ਆਊਟ) ਲਈ ਪਲੇਸਮੈਂਟ ਡਰਾਈਵ ਕਰਾਈ ਗਈ। ਇਸ ਪਲੇਸਮੈਂਟ ਡਰਾਈਵ ਦੌਰਾਨ ਪ੍ਰੀ-ਪਲੇਸਮੈਂਟ ਲਿਖਤੀ ਪ੍ਰੀਖਿਆ ਅਤੇ ਇੰਟਰਵਿਊ ਰਾਊਂਡ ਹੋਏ, ਜਿਸ ਤੋਂ ਬਾਅਦ ਕੰਪਨੀ ਨੇ 10 ਵਿਦਿਆਰਥੀਆਂ ਦੀ ਚੋਣ ਕੀਤੀ। ਚੁਣੇ ਗਏ ਵਿਦਿਆਰਥੀਆਂ 'ਚ ਇੰਦਰਜੀਤ ਠਾਕੁਰ, ਵਿਕਰਮਜੀਤ ਸਿੰਘ, ਸੁਜਾਨ ਕੌਰ, ਕੋਮਲ ਸਿੰਘ, ਲਵਪ੍ਰੀਤ ਸ਼ਰਮਾ ਤੇ ਹੋਰ ਪੰਜ ਹੋਣਹਾਰ ਵਿਦਿਆਰਥੀ ਸ਼ਾਮਲ ਹਨ। ਪ੍ਰੋ. ਡਾ. ਸੁਸ਼ੀਲ ਮਿੱਤਲ ਵਾਈਸ-ਚਾਂਸਲਰ ਐੱਸਬੀਐੱਸਐੱਸਯੂ ਫ਼ਿਰੋਜ਼ਪੁਰ ਨੇ ਸੀਡੀਸੀ ਟੀਮ ਤੇ ਚੁਣੇ ਗਏ ਵਿਦਿਆਰਥੀਆਂ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕੰਪਨੀ ਵੱਲੋਂ ਕੀਤੀ ਗਈ ਚੋਣ ਪ੍ਰਕਿਰਿਆ ਕਾਫ਼ੀ ਸਖ਼ਤ ਸੀ ਤੇ ਇਸ ਚੋਣ ਪ੍ਰਕਿਰਿਆ ਨੂੰ ਵਿਦਿਆਰਥੀਆਂ ਨੇ ਬਖ਼ੂਬੀ ਪਾਸ ਕੀਤਾ ਜੋ ਕਿ ਵਿਦਿਆਰਥੀਆਂ ਦੀ ਯੋਗਤਾ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਪਿਛਲੇ ਕੁਝ ਸਾਲਾਂ ਵਿਚ ਯੂਨੀਵਰਸਿਟੀ ਵੱਲੋਂ ਕਈ ਪ੍ਰਮੁੱਖ ਕੰਪਨੀਆਂ ਨੂੰ ਪਲੇਸਮੈਂਟ ਲਈ ਸੱਦਾ ਦਿੱਤਾ ਗਿਆ ਹੈ ਤੇ ਇਸ ਤਰ੍ਹਾਂ ਦੇ ਵਿਸ਼ੇਸ਼ ਉਪਰਾਲੇ ਇਲਾਕੇ ਦੇ ਨੌਜਵਾਨਾਂ ਨੂੰ ਵਧੀਆ ਰੁਜ਼ਗਾਰ ਮੌਕੇ ਪ੍ਰਦਾਨ ਕਰਕੇ ਤਕਨੀਕੀ ਅਤੇ ਉੱਚ ਸਿੱਖਿਆ ਦੇ ਵਿਕਾਸ ਵੱਲ ਯਤਨ ਜਾਰੀ ਰਹਿਣਗੇ। ਯੂਨੀਵਰਸਿਟੀ ਪੀ ਆਰ ਓ ਯਸ਼ਪਾਲ ਨੇ ਦੱਸਿਆ ਕਿ ਪ੍ਰੋ. ਗਜ਼ਲਪ੍ਰੀਤ ਅਰਨੇਜਾ ਕੈਂਪਸ ਰਜਿਸਟਰਾਰ ਨੇ ਕਰੀਅਰ ਐਂਡ ਡਿਵੈਲਪਮੈਂਟ ਸੈੱਲ ਦੇ ਕੋਆਰਡੀਨੇਟਰ ਡਾ. ਤੇਜੀਤ ਸਿੰਘ, ਕੋ-ਕੋਆਰਡੀਨੇਟਰ ਇੰਜੀ. ਇੰਦਰਜੀਤ ਸਿੰਘ ਗਿੱਲ ਅਤੇ ਇੰਜੀ. ਰਿਤੇਸ਼ ਉੱਪਲ ਦੀ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ।

## ਕੋਰਟ ਨੋਟਿਸ



ਜ਼ਿਲ੍ਹਾ ਸੰਗਰੂਰ ਅਦਾਲਤ ਜਲੰਧਰ V/S ਆਮ ਜਨਤਾ

[illegible] VPO JANDU SINGHA JALANDHAR, Tehsil - Jalandhar-1/ District Jalandhar, Punjab [illegible] VPO JANDU SINGHA JALANDHAR, Jalandhar-1, Jalandhar, Punjab [illegible] RUA NORTE VV STO ANTONINHO PT 4 CAMARATE 2680–156 [illegible] 2680-156 [illegible] :42-(16/10/1982) [illegible] 08.08.2025 [illegible]

78/ਜੰਗ/ਰੌਡ ਮਿਤੀ: 08/09/2025 ਜ਼ਿਲ੍ਹਾ ਸੰਗਰੂਰ ਅਦਾਲਤ, ਜਲੰਧਰ। ਪੰਜਾਬ, ਭਾਰਤ

## ਕੁਟੇਸ਼ਨਾਂ ਦੀ ਮੰਗ

ਮਾਰਕਿਟ ਕਮੇਟੀ ਬੋਹਾ ਵੱਲੋਂ ਖ੍ਰੀਦ ਕੇਂਦਰਾਂ ਵਿਖੇ ਲੱਗੇ ਟਾਵਰਾਂ ਲਈ ਵਿਪਰੋ /ਕਰੰਪਟਨ/ਬਜਾਜ ਕੰਪਨੀ ਦੀਆਂ 100 ਵਾਟ ਦੀਆਂ ਐੱਲ.ਈ.ਡੀ. ਲਾਈਟਾਂ (ਪੰਜਾਬ ਮੰਡੀ ਬੋਰਡ ਦੀਆਂ ਸਪੈਸੀਫਿਕੇਸ਼ਨਾਂ ਅਨੁਸਾਰ) ਖ੍ਰੀਦ ਕੀਤੀਆਂ ਜਾਣੀਆਂ ਹਨ । ਇਸ ਲਈ ਚਾਹਵਾਨ ਵਿਅਕਤੀ/ਫਰਮਾਂ ਆਪਣੀਆਂ ਕੁਟੇਸ਼ਨਾਂ ਬੰਦ ਲਿਫਾਫਿਆਂ ਵਿੱਚ ਮਿਤੀ 22-09-2025 ਤੱਕ ਦਿਨ ਦੇ 11:00 ਵਜੇ ਤੱਕ ਦਫਤਰ ਮਾਰਕਿਟ ਕਮੇਟੀ, ਬੋਹਾ ਵਿਖੇ ਦੇ ਸਕਦੇ ਹਨ, ਜੋ ਕਿ ਉਸੇ ਹੀ ਦਿਨ ਚੇਅਰਮੈਨ, ਮਾਰਕਿਟ ਕਮੇਟੀ, ਬੋਹਾ ਵੱਲੋਂ ਦੁਪਹਿਰ 02:00 ਵਜੇ ਹਾਜ਼ਰ ਵਿਅਕਤੀਆਂ ਦੇ ਸਾਹਮਣੇ ਖੋਲ੍ਹੀਆਂ ਜਾਣਗੀਆਂ । ਸਪੈਸੀਫਿਕੇਸ਼ਨਾਂ ਅਤੇ ਸ਼ਰਤਾਂ ਸੰਬੰਧੀ ਜਾਣਕਾਰੀ ਕਿਸੇ ਵੀ ਦਫਤਰੀ ਕੰਮਕਾਜ ਵਾਲੇ ਦਿਨ ਦਫਤਰ ਮਾਰਕਿਟ ਕਮੇਟੀ ਵਿਖੇ ਪਹੁੰਚ ਕੇ ਦਫਤਰੀ ਸਮੇਂ ਦੌਰਾਨ ਲਈ ਜਾ ਸਕਦੀ ਹੈ । ਜੇ ਕਿਸੇ ਕਾਰਨ ਇਸ ਮਿਤੀ ਨੂੰ ਕੋਈ ਅਚਨਚੇਤੀ ਛੁੱਟੀ ਹੋ ਜਾਂਦੀ ਹੈ ਤਾਂ ਇਹ ਕੁਟੇਸ਼ਨਾਂ ਅਗਲੇ ਦਿਨ ਉਕਤ ਸਮੇਂ ਅਨੁਸਾਰ ਲਈਆਂ ਅਤੇ ਖੋਲ੍ਹੀਆਂ ਜਾਣਗੀਆਂ।

ਸਹੀ/- ਸਕੱਤਰ, ਮਾਰਕਿਟ ਕਮੇਟੀ, ਬੋਹਾ — ਸਹੀ/- ਚੇਅਰਮੈਨ, ਮਾਰਕਿਟ ਕਮੇਟੀ, ਬੋਹਾ ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ -ਕਮ- ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ

ਵਿਸ਼ਾ :ਤਕਸੀਮ ਕੇਸ ਵੱਲੋਂ ਜਸਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਪੁੱਤਰ ਗੁਰਦੀਪ ਸਿੰਘ, ਵਾਸੀ ਖੋਟਾ ਵਾਲਾ, ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ।

ਖੇਵਟ ਨੰਬਰ 262, 316, 260,185, 241,782 ਖਤੌਨੀ ਨੰਬਰ 242,507-508,424, 290, 391, 1183 ਵਾਕਿਆ ਰਕਬਾ ਖੋਟਾ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 24-9-2025 ਮੁਕੱਰਰ ਹੈ । ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਾਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਨ੍ਹਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ ਦੀ ਕਾਰਵਾਈ ਆਰੰਭੀ ਜਾਂ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ ।

1) ਇਕੱਤਰ ਸਿੰਘ ਪੁੱਤਰ ਗੁਰਦੀਪ ਸਿੰਘ ਪੁੱਤਰ ਜੁਗਿੰਦਰ ਸਿੰਘ (2) ਕਰਤਾਰ ਕੌਰ ਉਰਫ ਤਾਰੋ ਪੁੱਤਰੀ ਬਚਨ ਸਿੰਘ ਪੁੱਤਰ ਠਾਕਰ ਸਿੰਘ (3) ਰਣਜੀਤ ਕੌਰ ਵਿਧਵਾ (4) ਭੋਲੀ (5) ਛਿੰਦੋ ਪੁੱਤਰੀਆਂ ਸੁਖਦੇਵ ਸਿੰਘ ਪੁੱਤਰ ਬਚਨ ਸਿੰਘ (6) ਮਲਕੀਤ ਸਿੰਘ ਪੁੱਤਰ ਅਜੈਬ ਸਿੰਘ ਪੁੱਤਰ ਈਸ਼ਰ ਸਿੰਘ (7) ਮਹਿੰਦਰ ਸਿੰਘ (8) ਜੁਗਿੰਦਰ ਸਿੰਘ (9) ਦਮਨ ਸਿੰਘ (10) ਬਲਵਿੰਦਰ ਸਿੰਘ ਪੁੱਤਰਾਨ (11) ਹਰਜੀਤ ਕੌਰ ਪੁੱਤਰੀ ਨੰਦ ਸਿੰਘ ਪੁੱਤਰ ਸੇਵਾ ਸਿੰਘ (12) ਨੈਬ ਸਿੰਘ (13) ਮਨਜੀਤ ਸਿੰਘ ਪੁੱਤਰਾਨ ਨਾਹਰ ਸਿੰਘ ਪੁੱਤਰ ਬਹਾਦਰ ਸਿੰਘ (14) ਰਾਜਵਿੰਦਰ ਸਿੰਘ ਪੁੱਤਰ ਸੁਖਦੇਵ ਸਿੰਘ ਪੁੱਤਰ ਬਹਾਦਰ ਸਿੰਘ (15) ਸੁਰਜੀਤ ਸਿੰਘ (16) ਅਜੀਤ ਸਿੰਘ ਪੁੱਤਰਾਨ ਮੱਘਰ ਸਿੰਘ ਪੁੱਤਰ ਪੂਰਨ ਸਿੰਘ (17) ਹਰਜਿੰਦਰ ਕੌਰ ਵਿਧਵਾ (18) ਤਰਨਵੀਰ ਕੌਰ ਪੁੱਤਰੀ (19) ਫਤਿਹ ਸਿੰਘ (20) ਬਲਵੰਤ ਸਿੰਘ ਪੁੱਤਰ ਜਗਦੀਸ਼ ਸਿੰਘ ਪੁੱਤਰ ਮੱਘਰ ਸਿੰਘ (21) ਹਰਜਿੰਦਰ ਕੌਰ ਪਤਨੀ ਜਰਨੈਲ ਸਿੰਘ ਪੁੱਤਰ ਜੁਗਿੰਦਰ ਸਿੰਘ (22) ਸ਼ਿੰਦਰਪਾਲ ਕੌਰ ਪਤਨੀ ਮੁਖਤਿਆਰ ਸਿੰਘ ਪੁੱਤਰ ਗੁਰਦੇਵ ਸਿੰਘ (23) ਜਰਨੈਲ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਉਜਾਗਰ ਸਿੰਘ, ਸਾਰੇ ਵਾਸੀਆਨ ਪਿੰਡ ਖੋਟਾ, ਤਹਿ. ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ (24) ਮੈਨੇਜਰ ਓਰੀਐਂਟਲ ਬੈਂਕ ਆਫ ਕਾਮਰਸ ਬਰਾਂਚ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਨਿਹਾਲ ਸਿੰਘ ਵਾਲਾ (ਮੋਗਾ)।

# ਲਾਇਨਜ਼ ਕਲੱਬ (ਯੂਥ) ਨੇ ਫ਼ਿਜ਼ੀਓਥਰੈਪੀ ਕੈਂਪ ਲਾਇਆ



ਜਗਰਾਉਂ (ਅਮਿਤ ਖੰਨਾ) ਫ਼ਿਜ਼ੀਓਥੈਰੇਪੀ ਡੇਅ ਮੌਕੇ ਲਾਇਨਜ਼ ਕਲੱਬ (ਯੂਥ) ਵੱਲੋਂ ਅੱਡਾ ਮਲਟੀਸਪੈਸ਼ਲਿਟੀ ਫ਼ਿਜ਼ੀਓਥੈਰੇਪੀ ਸੈਂਟਰ ਵਿਖੇ ਕੈਂਪ ਲਾਇਆ ਗਿਆ।ਕੈਂਪ ਦੌਰਾਨ ਲਗਭਗ 70 ਦੇ ਕਰੀਬ ਮਰੀਜ਼ਾਂ ਨੇ ਆਪਣਾ ਚੈੱਕਅਪ ਕਰਵਾਇਆ। ਰਿਮਸ਼ ਅੱਡਾ ਨੇ ਕੈਂਪ ਵਿੱਚ ਪਹੁੰਚੇ ਮਰੀਜ਼ਾਂ ਦਾ ਚੈੱਕਅਪ ਕੀਤਾ।ਲਾਇਨਜ਼ ਕਲੱਬ ਦੀ ਪੂਰੀ ਟੀਮ ਇਸ ਮੌਕੇ ਪਹੁੰਚੀ ਹੋਈ ਸੀ।ਡਾਕਟਰ ਪਰਮਿੰਦਰ ਸਿੰਘ (ਡਾਇਰੈਕਟਰ ਆਫ ਜੇਤ ਨਰਸਿੰਗ ਇਨਸਟੀਚਿਊਟ) ਨੇ ਰਿਬਨ ਕੱਟ ਕੇ ਕੈਂਪ ਦੀ ਸ਼ੁਰੂਆਤ ਕੀਤੀ।ਇਸ ਮੌਕੇ ਚਰਨਜੀਤ ਸਿੰਘ ਭੰਡਾਰੀ ਤੇ ਰਜਿੰਦਰ ਜੈਨ ਕਾਕਾ ਨੇ ਕਿਹਾ ਕਿ ਸਾਨੂੰ ਅਜਿਹੇ ਕੈਂਪ ਲਗਾਉਂਦੇ ਰਹਿਣੇ ਚਾਹੀਦੇ ਹਨ।ਉਨ੍ਹਾਂ ਕਿਹਾ ਕਿ ਅਜਿਹੀਆਂ ਬਿਮਾਰੀਆਂ ਹੁੰਦੀਆਂ ਹਨ, ਜੋ ਦਵਾਈ ਨਾਲ ਨਹੀਂ ਸਗੋਂ ਫ਼ਿਜ਼ੀਓਥੈਰੇਪੀ ਦੀ ਕਸਰਤ ਨਾਲ ਠੀਕ ਹੋ ਜਾਂਦੀਆਂ ਹਨ।

# ਐਸ ਓ ਐਫ਼ ਉਲੰਪੀਆਡ ਪ੍ਰੀਖਿਆਵਾਂ 'ਚ ਸ਼ਾਨਦਾਰ ਸਫ਼ਲਤਾ



ਰਾਮਪੁਰਾ ਫੂਲ (ਦਰਸ਼ਨ ਜਿੰਦਲ) ਸੀਬੀਐਸਈ ਤੋਂ ਮਾਨਤਾ ਪ੍ਰਾਪਤ ਸਰਾਫ਼ ਐਜੂਕੇਸ਼ਨਲ ਗਲੋਬਲ ਡਿਸਕਵਰੀ ਸਕੂਲ ਦੇ ਵਿਦਿਆਰਥੀਆਂ ਨੇ ਐਸ.ਓ.ਐਫ. ਓਲੰਪੀਆਡ ਪ੍ਰੀਖਿਆਵਾਂ 'ਚ ਉਤਸ਼ਾਹ ਨਾਲ ਹਿੱਸਾ ਲਿਆ ਤੇ ਸ਼ਾਨਦਾਰ ਸਫ਼ਲਤਾ ਪ੍ਰਾਪਤ ਕੀਤੀ। ਚੌਥੀ ਜਮਾਤ ਦੇ ਵਿਦਿਆਰਥਣ ਚੈਰਿਕਾ ਤੇ ਛੇਵੀਂ ਜਮਾਤ ਦੇ ਵਿਦਿਆਰਥੀ ਅਰਮਾਨ ਗਰਗ ਨੂੰ ਓਲੰਪੀਆਡ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਐਸ.ਓ.ਐਫ. ਵੱਲੋਂ ਖੇਤਰੀ ਉੱਤਮਤਾ ਸਰਟੀਫਿਕੇਟ ਨਾਲ ਸਨਮਾਨਤ ਕੀਤਾ ਗਿਆ। ਸਕੂਲ ਦੇ ਸੱਤ ਪ੍ਰਤਿਭਾਸ਼ਾਲੀ ਵਿਦਿਆਰਥੀ ਤਵਿਸ਼ ਬਾਂਸਲ, ਵਿਨਾਇਕ ਜਿੰਦਲ, ਰਿਸ਼ਿਕਾ, ਕਵਿਸ਼ ਗੋਇਲ, ਨਿਤਿਨ ਬਾਂਸਲ, ਐਸ.ਕੇ. ਨਾਸਿਰ ਹੁਸੈਨ ਤੇ ਮਯੰਕ ਗਰਗ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਲਈ ਉੱਤਮਤਾ ਦੇ ਸਰਟੀਫਿਕੇਟ ਦਿੱਤੇ ਗਏ। ਇਨ੍ਹਾਂ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਲਈ ਸਕੂਲ ਨੇ ਭਾਈਚਾਰੇ ਅਤੇ ਮਾਪਿਆਂ ਨੂੰ ਬਹੁਤ ਮਾਣ ਮਹਿਸੂਸ ਕਰਾਇਆ। ? ਸਕੂਲ ਦੇ ਵਾਇਸ-ਚੇਅਰਮੈਨ ਸ੍ਰੀ ਅਮਿਤ ਸਰਾਫ਼ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਬੱਚਿਆਂ ਦੀ ਵੱਖ-ਵੱਖ ਵਿਸ਼ਿਆਂ 'ਤੇ ਮਜ਼ਬੂਤ ਪਕੜ ਉਨ੍ਹਾਂ ਦੇ ਉੱਜਵਲ ਭਵਿੱਖ ਨੂੰ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗੀ।

## CIVIL COURTS, LUDHIANA

In the Court of
Ms. Dazy Bangarh
Civil Judge (Senior Division) Ludhiana
CNR No: PBLD02-010927-2024
Peshi: 08.10.2025
Publication Notice Under Order 5 Rule 20 Cpc

Manju Jain
Vs
M/S UR Optician & Others

Notice To:
3. MR. Ramesh Kumar S/o Sh. Kalu Ram Proprietor/ Parners/ Directors/ Authorized Signatory of M/S UR Optician Situated at New Deep Nagar, Civil Lines, Near Chotti Pulli Opposite Silver Spoon, Ludhiana.

In the above titled petition it has been proved to the satisfaction of the Court that the defendant(s)/respondent(s) above named cannot be served in the ordinary way of service. Hence, this proclamation under order 5 Rule 20 CPC is hereby issued against him/them and should appear personally or through their counsel on 08.10.2025 at 9.30 am.

Take notice that, in default of his/their appearance on the day before mentioned, the above said case will be heard and determined in his/their absence.

Given under my hand and the seal of the Court, this 03-9-2025

For Details logon to https://highcourtchd.gov.in/trs=district_notice&district=ludhiana

Civil Judge (Senior Division) Ludhiana

## CIVIL COURTS, LUDHIANA

In the Court of Ms Dazy Bangarh
Civil Judge (Senior Division)
Ludhiana
CNR NO PBLD02-009464-2025
Peshi: 01.10.2025

MUSKAN THUKRAL & OTHERS
Vs
General Public

Petition U/S 8 Of The Hindu Minority & Guardianship Act

Publication Issued to:
General Public

Whereas the above named petitioner MUSKAN THUKRAL & OTHERS has filed petition for permission to sell the share of property for minor Gaurav Thukral aged about 15 years on the basis of oral and documentary evidence. This notice is hereby issued to the general public regarding the institution of this petition. If any person has any objection to the grant of permission to the petitioner for appointment as the legal guardian of the said child, then he/she should appear in the court on 01.10.2025 at 10.00 am, either in person or through an authorized agent or lawyer for filing objections failing which the petition shall be decided in accordance with law.

Given under my hand and the seal of the Court, this 03-9-2025

For details logon to https://highcourtchd.gov.in/?trs-district_notice&district=ludhiana

Civil Judge (Senior Division) Ludhianal

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਪਵਨਦੀਪ ਸਿੰਘ ਤਹਿਸੀਲਦਾਰ ਕਮ ਸਹਾਇਕ ਕੁਲੈਕਟਰ ਦਰਜਾ ਪਹਿਲਾ, ਚੋਹਲਾ ਸਾਹਿਬ, ਜ਼ਿਲ੍ਹਾ ਤਰਨ ਤਾਰਨ

ਹਰਵਿੰਦਰ ਸਿੰਘ ਪੁੱਤਰ ਹਰਭਜਨ ਸਿੰਘ ਪੁੱਤਰ ਹਰਨਾਮ ਸਿੰਘ, ਵਾਸੀ ਚੋਹਲਾ ਸਾਹਿਬ, ਪੱਤੀ ਬਾਦੇਕੀ, ਸਬ-ਤਹਿਸੀਲ ਚੋਹਲਾ ਸਾਹਿਬ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ । (ਸਾਇਲ ਧਿਰ)

ਬਨਾਮ

1) ਰਣਜੀਤ ਕੌਰ ਵਿਧਵਾ ਅੰਗ੍ਰੇਜ਼ ਸਿੰਘ ਪੁੱਤਰ ਕਸ਼ਮੀਰ ਸਿੰਘ 2) ਤਰਸੇਮ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਸੁਰਜਨ ਸਿੰਘ 3) ਕਰਨੈਲ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਗੁਰਦਿੱਤ ਸਿੰਘ 4) ਹਰਜਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਪੁੱਤਰ ਮਹਿੰਦਰ ਸਿੰਘ 5) ਨਿਰਮਲ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਲਾਲ ਸਿੰਘ 6) ਸੁਰਜੀਤ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਲਾਲ ਸਿੰਘ 7) ਅੱਛਰੋ ਪੁੱਤਰੀ ਲਾਲ ਸਿੰਘ ਪੁੱਤਰ ਜਿਉਣ ਸਿੰਘ 8) ਸੰਤਾ ਸਿੰਘ ਪੁੱਤਰ ਲਾਲ ਸਿੰਘ ਪੁੱਤਰ ਜਿਉਣ ਸਿੰਘ 9) ਸਲਿੰਦਰਜੀਤ ਸਿੰਘ ਪੁੱਤਰ ਅੰਗ੍ਰੇਜ਼ ਸਿੰਘ ਪੁੱਤਰ ਕਸ਼ਮੀਰ ਸਿੰਘ 10) ਵਰਿੰਦਰਜੀਤ ਸਿੰਘ ਪੁੱਤਰ ਅੰਗ੍ਰੇਜ਼ ਸਿੰਘ ਪੁੱਤਰ ਕਸ਼ਮੀਰ ਸਿੰਘ 11) ਨਿਰਮਲ ਕੌਰ ਪਤਨੀ ਜੁਗਰਾਜ ਸਿੰਘ ਪੁੱਤਰ ਗੱਜਣ ਸਿੰਘ 12) ਅਮਰਜੀਤ ਸਿੰਘ ਪੁੱਤਰ ਚੰਨਣ ਸਿੰਘ ਪੁੱਤਰ ਲਾਭ ਸਿੰਘ 13) ਪਰਵਿੰਦਰ ਕੌਰ ਪਤਨੀ ਸੁਖਚੈਨ ਸਿੰਘ ਪੁੱਤਰ ਕਰਨੈਲ ਸਿੰਘ 14) ਪਰਕਾਸ਼ ਕੌਰ ਪਤਨੀ ਗੁਰਮੇਜ ਸਿੰਘ ਪੁੱਤਰ ਸਵਰਨ ਸਿੰਘ 15) ਹਰਜਿੰਦਰ ਸਿੰਘ ਪੁੱਤਰ ਸਰਦੂਲ ਸਿੰਘ ਪੁੱਤਰ ਸੰਤਾ ਸਿੰਘ 16) ਪਲਵਿੰਦਰ ਸਿੰਘ ਪੁੱਤਰ ਸਰਦੂਲ ਸਿੰਘ ਪੁੱਤਰ ਸੰਤਾ ਸਿੰਘ 17) ਸੁਖਚੈਨ ਸਿੰਘ ਪੁੱਤਰ ਕਰਨੈਲ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਪਿੰਡ ਚੋਹਲਾ ਸਾਹਿਬ। ਉੱਤਰਵਾਦੀ ਧਿਰ)

ਬ੍ਰਾਏ ਕਰਾਉਣੇ ਤਕਸੀਮ, ਜ਼ੇਰੇ ਧਾਰਾ 111 ਆਫ ਦਾ ਪੰਜਾਬ ਐਂਡ ਰੈਵੇਨਿਊ ਐਕਟ 1887 ਤਕਸੀਮ ਭੂਮੀ 84 ਕਨਾਲ 1 ਮਰਲਾ, ਭੂਮੀ ਖਾਤਾ ਨੰਬਰ 189/1889 ਖਤੌਨੀ ਨੰਬਰ 531 ਤੋਂ 536 ਤੱਕ ਵਾਕਿਆ ਰਕਬਾ ਪਿੰਡ ਚੋਹਲਾ ਸਾਹਿਬ, ਜਮ੍ਹਾਂਬੰਦੀ ਸਾਲ 2020-21 ਹਦਬਸਤ 304

ਉਕਤ ਅਨੁਵਾਨ ਤਕਸੀਮ ਕੇਸ ਵਿੱਚ ਅਦਾਲਤ ਨੂੰ ਇਸ ਗੱਲ ਦਾ ਯਕੀਨ ਹੋ ਚੁੱਕਾ ਹੈ ਕਿ ਉੱਤਰਵਾਦੀ ਧਿਰਾਂ ਦੀ ਇਤਲਾਹ ਸਾਧਾਰਨ ਤਰੀਕੇ ਨਾਲ ਨਹੀਂ ਹੋ ਸਕਦੀ।ਇਸ ਲਈ ਉਕਤ ਸਾਰੇ ਉੱਤਰਵਾਦੀ ਧਿਰਾਂ ਨੂੰ ਇਸ ਨੋਟਿਸ ਪ੍ਰਕਾਸ਼ਨ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਮਿਤੀ 26.09.2025 ਨੂੰ ਤੱਕ ਕੇਸ ਦੀ ਪੈਰਵਾਈ ਲਈ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ, ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਉਹਨਾਂ ਦੇ ਖਿਲਾਫ ਇਕਤਰਫਾ ਕਾਰਵਾਈ ਕੀਤੀ ਜਾਵੇਗੀ।

ਇਹ ਇਸ਼ਤਿਹਾਰ ਅੱਜ ਮਿਤੀ 5.9.2025 ਨੂੰ ਹਸਤਾਖਰ ਅਤੇ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ।

ਸਹੀ/-ਸਹਾਇਕ ਕੁਲੈਕਟਰ ਦਰਜਾ-1 ਚੋਹਲਾ ਸਾਹਿਬ, ਤਰਨ ਤਾਰਨ।

ਨੰਬਰ 372 ਮਿਤੀ : 5/9/2025

## COURT NOTICE

(U/O 5 Rule 20 Cpc)
In The Court of Dr. Seema Agnihotri
**ਚੰਡੀਗੜ੍ਹ (ਗੁਰਜੀਤ ਬਿੱਲਾ)** ਪੁਲਸ ਨੇ ਗੈਂਗਸਟਰ ਗੋਲਡੀ ਬਰਾੜ ਦੇ ਇੱਕ ਸਾਥੀ ਨੂੰ ਪੰਜ .32 ਬੋਰ ਪਿਸਤੌਲਾਂ ਸਮੇਤ 10 ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਐਤਵਾਰ ਨੂੰ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਬਲਜਿੰਦਰ ਸਿੰਘ ਉਰਫ਼ ਰੈਂਚ ਵਜੋਂ ਹੋਈ ਹੈ, ਜੋ ਕਿ ਬਠਿੰਡਾ ਦੇ ਮਾਹੀ ਨੰਗਲ ਦਾ ਰਹਿਣ ਵਾਲਾ ਹੈ।ਮੁਲਜ਼ਮ, ਦਾ ਅਪਰਾਧਿਕ ਪਿਛੋਕੜ ਹੈ ਅਤੇ ਉਸ ਵਿਰੁੱਧ ਐਨ ਡੀ ਪੀ ਐਸ ਐਕਟ ਤਹਿਤ ਕੇਸ ਦਰਜ ਹੈ।ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਗ੍ਰਿਫ਼ਤਾਰ ਕੀਤਾ ਗਿਆ ਵਿਅਕਤੀ ਸਰਹੱਦੀ ਸੂਬੇ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਲਈ ਗੋਲਡੀ ਬਰਾੜ ਗੈਂਗ ਨੂੰ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਕਰਦਾ ਸੀ।ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਹਥਿਆਰ, ਗੋਲਡੀ ਬਰਾੜ ਦੇ ਨਿਰਦੇਸ਼ਾਂ 'ਤੇ, ਉਸਦੇ ਮੁੱਖ ਸਾਥੀ ਮਲਕੀਤ ਸਿੰਘ ਉਰਫ਼ ਕਿੱਟਾ ਭਾਨੀ, ਜੋ ਇਸ ਸਮੇਂ ਕਪੂਰਥਲਾ ਜੇਲ੍ਹ ਵਿੱਚ ਬੰਦ ਹੈ, ਰਾਹੀਂ ਖ਼ਰੀਦੇ ਗਏ ਸਨ।ਡੀ ਜੀ ਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

## 150 ਪਰਵਾਰਾਂ ਨੂੰ ਤਰਪਾਲਾਂ ਵੰਡੀਆਂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੂਰੇ ਪੰਜਾਬ ਸੂਬੇ ਵਿੱਚ ਪਿਛਲੇ 15 ਦਿਨ ਤੋਂ ਲਗਾਤਾਰ ਮੀਂਹ ਪੈਣ ਨਾਲ ਜੋ ਹਾਲਾਤ ਬਣੇ ਹੋਏ ਹਨ ਉਸ ਨਾਲ ਬਾਲਿਆਂ ਵਾਲੀਆਂ ਛੱਤਾਂ ਤਾਂ ਛੱਡੋ ਲੈਂਟਰ ਵੀ ਚੋਣ ਲੱਗ ਗਏ ਹਨ। ਬੀਤੇ ਦਿਨੀਂ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਪਾਲ ਸਿੰਘ, ਸਾਰੇ ਹੀ ਪੰਚ ਸਾਹਿਬਾਨ, ਗਿਆਨੀ ਅਮਰਜੀਤ ਸਿੰਘ ਦੀ ਮਦਦ ਨਾਲ ਪਿੰਡ ਵਿੱਚ ਦੂਸਰੇ ਦਿਨ ਲਗਭਗ 150 ਪਰਵਾਰਾਂ ਨੂੰ ਤਰਪਾਲਾਂ ਵੰਡੀਆਂ ਗਈਆਂ। ਇਸ ਮੌਕੇ ਪੰਚ ਵਿਕਰਮਜੀਤ ਸਿੰਘ, ਪੰਚ ਮਨੋਹਰ ਲਾਲ ਕਾਲਾ, ਪੰਚ ਕਾਕਾ, ਪੰਚ ਵਿਸ਼ਾਲ, ਪੰਚ ਕਮਲਜੀਤ ਕੌਰ, ਤਜਿੰਦਰ ਸਿੰਘ ਕਾਲਾ, ਗੁਰਪ੍ਰੀਤ ਸਿੰਘ ਕੰਪਿਊਟਰ ਵਰਲਡ, ਪ੍ਰੇਮਲ ਦੱਦਰ, ਪਵਨੀ ਭਾਜੀ, ਅਮਰਜੀਤ ਸਿੰਘ, ਜਥੇਦਾਰ ਲਖਬੀਰ ਸਿੰਘ, ਮਾਸਟਰ ਜਸਬੀਰ ਸਿੰਘ ਸੰਧੂ, ਮਨੀਸ਼ ਸ਼ਰਮਾ, ਪਾਲਾ ਜਿਮ ਵਾਲਾ, ਸੁਨੀਲ ਦਦਰ, ਬਾਲੀ ਭਾਜੀ, ਸੁਮੀਤ ਦਦਰ, ਸਾਬੀ ਸਹਿਜਪਾਲ, ਪਵਨ ਦਦਰ, ਮਨਵੀਰ ਸਿੰਘ, ਕਰਨ ਦਦਰ, ਹਰਪ੍ਰੀਤ ਸਿੰਘ, ਆਰੀਅਨ, ਸੁੱਖਾ ਸ਼ੇਰਗਿੱਲ ਨੇ ਸੇਵਾ ਨਿਭਾਈ।



## ਯੰਗਸਟ ਡਾਕਟਰ ਫਾਰ ਸੁਸਾਇਟੀ ਵੱਲੋਂ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਵੰਡੀਆਂ ਮੈਡੀਕਲ ਕਿੱਟਾਂ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਯੰਗਸਟ ਡਾਕਟਰ ਐਸੋਸੀਏਸ਼ਨ ਦੇ ਪ੍ਰਧਾਨ ਡਾਕਟਰ ਸੁਰਿੰਦਰ ਕੌਰ ਸੀਨੀਅਰ ਮੈਡੀਕਲ ਅਫਸਰ ਸਰਕਾਰੀ ਹਸਪਤਾਲ ਨੰਗਲ ਅਤੇ ਵਾਈਸ ਪ੍ਰਧਾਨ ਡਾਕਟਰ ਰਾਜੇਸ਼ ਬੈਂਸ ਮੈਡੀਕਲ ਅਫਸਰ ਭਾਈ ਜੈਤਾ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦੀ ਅਗਵਾਈ ਵਿੱਚ ਮਾਨਵਤਾ ਦੀ ਸੇਵਾ ਲਈ ਜਿੱਥੇ ਕੰਮ ਕਰ ਰਹੇ ਹਨ ਉਥੇ ਹੀ ਸਕੂਲਾਂ ਕਾਲਜਾਂ ਵਿੱਚ ਨੌਜਵਾਨ ਵਿਦਿਆਰਥੀਆਂ ਨੂੰ ਮੈਡੀਕਲ ਸੰਬੰਧਿਤ ਜਾਗਰੂਕ ਕੈਂਪ ਲਗਾਏ ਜਾ ਰਹੇ ਹਨ।ਪਿਛਲੇ ਹਫਤਿਆਂ ਦੌਰਾਨ ਕੁਦਰਤ ਦਾ ਕਹਿਰ ਪੰਜਾਬ ਦੀ ਧਰਤੀ 'ਤੇ ਹੜ੍ਹਾਂ ਦੇ ਰੂਪ ਵਿੱਚ ਵਾਪਰਿਆ ਹੈ ਜਿਸ ਲਈ ਅਲੱਗ ਅਲੱਗ ਜਥੇਬੰਦੀਆਂ ਮਾਨਵਤਾ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾ ਰਹੀਆਂ ਹਨ।ਇਹ ਜਥੇਬੰਦੀਆਂ ਜਿੱਥੇ ਮਨੁੱਖਤਾ ਨੂੰ ਬਚਾਉਣ ਲਈ ਆਪਣਾ ਫਰਜ਼ ਨਿਭਾ ਰਹੀਆਂ ਹਨ ਉਥੇ ਹੀ ਯੰਗਸਟ ਡਾਕਟਰ ਐਸੋਸੀਏਸ਼ਨ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੇ ਆਸ ਪਾਸ ਹੜ੍ਹਾਂ ਪ੍ਰਭਾਵਿਤ ਪਿੰਡਾਂ ਵਿੱਚ ਮੈਡੀਕਲ ਕਿੱਟਾਂ ਵੰਡੀਆਂ ਜਾ ਰਹੀਆਂ ਹਨ।ਹੜ੍ਹਾਂ ਦੇ ਪ੍ਰਭਾਵ ਤੋਂ ਬਾਅਦ ਬਿਮਾਰੀਆਂ ਦਾ ਪ੍ਰਕੋਪ ਬੜੀ ਤੇਜ਼ੀ ਨਾਲ ਵੱਧਦਾ ਹੈ ਉਹਨੂੰ ਰੋਕਣ ਲਈ ਪਿੰਡ ਬੁਰਜ, ਚੰਦਪੁਰ ਬੇਲਾ, ਗੱਜਪੁਰ ਵਿਖੇ ਯੰਗਸਟ ਡਾਕਟਰ ਐਸੋਸੀਏਸ਼ਨ ਵੱਲੋਂ ਹਰ ਵਿਅਕਤੀ ਨੂੰ ਬਿਮਾਰੀਆਂ ਪ੍ਰਤੀ ਜਾਗਰੂਕ ਕਰਨ ਦੇ ਨਾਲ ਨਾਲ ਮੈਡੀਕਲ ਕਿੱਟਾਂ ਸੈਨੇਟਰੀ ਪੈਡ ਦਿੱਤੇ ਜਾ ਰਹੇ ਹਨ।

## ਪ੍ਰਗਟ ਸਿੰਘ ਨੇ ਬਾਬਾ ਸੋਡਲ ਦੇ ਦਰਬਾਰ 'ਚ ਮੱਥਾ ਟੇਕਿਆ

**ਜਲੰਧਰ (ਸ਼ੈਲੀ ਐਲਬਰਟ)** ਆਲ ਇੰਡੀਆ ਕਾਂਗਰਸ ਕਮੇਟੀ ਦੇ ਸਕੱਤਰ ਅਤੇ ਵਿਧਾਇਕ ਪਦਮਸ਼੍ਰੀ ਪਰਗਟ ਸਿੰਘ ਨੇ ਸਿੱਧ ਬਾਬਾ ਸੋਢਲ ਦੇ ਮੇਲੇ 'ਤੇ ਮੱਥਾ ਟੇਕਿਆ ਅਤੇ ਆਸ਼ੀਰਵਾਦ ਲਿਆ।ਇਸ ਮੌਕੇ ਉਨ੍ਹਾਂ ਨੇ ਪੰਜਾਬ ਵਿੱਚ ਆਏ ਹੜ੍ਹਾਂ ਅਤੇ ਹੜ੍ਹਾਂ ਵਿੱਚ ਫਸੇ ਲੋਕਾਂ ਲਈ ਪ੍ਰਾਰਥਨਾ ਕੀਤੀ।ਪਰਗਟ ਸਿੰਘ ਨੇ ਕਿਹਾ ਕਿ ਸਿੱਧ ਬਾਬਾ ਸੋਢਲ ਜੀ ਮਹਾਰਾਜ ਆਪਣੇ ਦਰਬਾਰ ਵਿੱਚ ਆਉਣ ਵਾਲੇ ਸਾਰੇ ਲੋਕਾਂ ਦੀਆਂ ਇੱਛਾਵਾਂ ਅਤੇ ਕਾਮਨਾਵਾਂ ਪੂਰੀਆਂ ਕਰਦੇ ਹਨ। ਉਨ੍ਹਾਂ ਕਿਹਾ ਕਿ ਹਰ ਸਾਲ ਲੱਖਾਂ ਸ਼ਰਧਾਲੂ ਬਾਬਾ ਦੇ ਮੇਲੇ ਵਿੱਚ ਆਪਣੀਆਂ ਇੱਛਾਵਾਂ ਪੂਰੀਆਂ ਕਰਨ ਲਈ ਪਹੁੰਚਦੇ ਹਨ।ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਨਾਲ ਲੋਕਾਂ ਦੀ ਆਸਥਾ ਮਜ਼ਬੂਤ ਹੁੰਦੀ ਹੈ।ਇਸ ਦੌਰਾਨ ਵਿਧਾਇਕ ਪਰਗਟ ਸਿੰਘ ਨੂੰ ਮੰਦਰ ਕਮੇਟੀ ਵੱਲੋਂ ਚੁੰਨੀ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।



## ਪੈਨਸ਼ਨਰ ਐਸੋਸੀਏਸ਼ਨ ਫ਼ਗਵਾੜਾ ਵੱਲੋਂ ਹੜ੍ਹ ਪ੍ਰਭਾਵਿਤ ਇਲਾਕੇ 'ਚ ਆਰਜ਼ੀ ਬੰਨ੍ਹ ਦੀ ਚੱਲ ਰਹੀ ਸੇਵਾ 'ਚ ਪਾਇਆ ਯੋਗਦਾਨ

**ਫ਼ਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਪੰਜਾਬ ਵਿੱਚ ਪਿਛਲੇ ਦਿਨਾਂ ਤੋਂ ਪੈ ਰਹੇ ਮੀਂਹਾਂ ਅਤੇ ਵੱਖ-ਵੱਖ ਡੈਮਾਂ ਤੋਂ ਛੱਡੇ ਗਏ ਪਾਣੀ ਦੇ ਤੇਜ਼ ਵਹਾਅ ਨਾਲ ਪੰਜਾਬ ਦੇ ਬਹੁ ਗਿਣਤੀ ਜ਼ਿਲ੍ਹਿਆਂ ਵਿੱਚ ਹੜ੍ਹਾਂ ਦੇ ਹਾਲਾਤ ਬਣੇ ਹੋਏ ਹਨ।ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੀ ਮਦਦ ਕਰਨ ਲਈ ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਫ਼ਗਵਾੜਾ ਵੱਲੋਂ ਐਸੋਸੀਏਸ਼ਨ ਦੇ ਮੈਂਬਰਾਂ ਨੂੰ ਕੀਤੀ ਬੇਨਤੀ ਪ੍ਰਵਾਨ ਕਰਦੇ ਹੋਏ ਹੜ੍ਹ ਪ੍ਰਭਾਵਿਤ ਲੋਕਾਂ ਲਈ ਇਕੱਠੀ ਹੋਈ ਰਕਮ 42200/- ਰੁਪਏ ਅਤੇ ਐਸੋਸੀਏਸ਼ਨ ਦੇ ਜਮ੍ਹਾਂ ਫੰਡ ਵਿੱਚੋਂ 11000/- ਰੁਪਏ ਮਿਲਾ ਕੇ ਕੁੱਲ 53200/- ਰੁਪਏ ਸੁਲਤਾਨਪੁਰ ਲੋਧੀ ਸੌਂਪੇ ਗਏ। ਐਸੋਸੀਏਸ਼ਨ ਫ਼ਗਵਾੜਾ ਦੇ ਆਗੂਆਂ ਨੇ ਰਾਹਤ ਫੰਡ ਸੌਂਪਦੇ ਹੋਏ ਸਮੂਹ ਪੈਨਸ਼ਨਰਾਂ ਅਤੇ ਸਮਾਜ ਦੇ ਹੋਰ ਵਰਗਾਂ ਨੂੰ ਵੀ ਅਪੀਲ ਕੀਤੀ ਕਿ ਹੜ੍ਹਾਂ ਨਾਲ ਪ੍ਰਭਾਵਿਤ ਲੋਕਾਂ ਦੀ ਮਦਦ ਕਰਨ ਲਈ ਆਪਣੇ ਯਤਨ ਤੇਜ਼ ਕਰਨ ਅਤੇ ਹੜ੍ਹਾਂ ਨਾਲ ਪ੍ਰਭਾਵਿਤ ਸਮਾਜ ਦੇ ਹਰ ਵਰਗ ਦੇ ਲੋਕਾਂ ਦੀ ਬਿਨਾ ਕਿਸੇ ਭਿੰਨ ਭੇਦ ਦੇ ਵੱਧ ਤੋਂ ਵੱਧ ਮਦਦ ਕਰਨ ਲਈ ਉਪਰਾਲੇ ਕਰਨ।





## ਨੈਸ਼ਨਲ ਐਵਾਰਡੀ ਅਧਿਆਪਕਾਂ ਨੇ ਅਧਿਆਪਕ ਦਿਵਸ ਮੌਕੇ ਹੜ੍ਹ ਰਾਹਤ ਕਾਰਜਾਂ ਲਈ ਦਿੱਤੇ 1.25 ਲੱਖ ਰੁਪਏ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਲਈ ਇਸ ਔਖੀ ਘੜੀ 'ਚ ਇੱਕਜੁਟਤਾ ਦੀ ਮਿਸਾਲ ਪੇਸ਼ ਕਰਦਿਆਂ ਨੈਸ਼ਨਲ ਐਵਾਰਡੀ ਟੀਚਰਜ਼ ਐਸੋਸੀਏਸ਼ਨ (ਨਾਟਾ) ਪੰਜਾਬ ਨੇ ਰਾਜ ਸਰਕਾਰ ਦੇ ਹੜ੍ਹ ਰਾਹਤ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਉਣ ਲਈ ਅਧਿਆਪਕ ਦਿਵਸ ਮੌਕੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ 1.25 ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਨਾਟਾ ਦੇ ਪ੍ਰਧਾਨ ਡਾ. ਬਲਰਾਮ ਸ਼ਰਮਾ ਦੀ ਅਗਵਾਈ ਹੇਠਲੇ ਨੈਸ਼ਨਲ ਐਵਾਰਡੀ ਅਧਿਆਪਕਾਂ ਦੇ ਇੱਕ ਵਫ਼ਦ ਨੇ ਪੰਜਾਬ ਮੁੱਖ ਮੰਤਰੀ ਹੜ੍ਹ ਰਾਹਤ ਫੰਡ ਵਿੱਚ ਯੋਗਦਾਨ ਪਾਉਣ ਲਈ ਹਰਜੋਤ ਸਿੰਘ ਬੈਂਸ ਨਾਲ ਮੁਲਾਕਾਤ ਕੀਤੀ ਅਤੇ ਸੂਬੇ ਨੂੰ ਦਰਪੇਸ਼ ਇਸ ਚੁਣੌਤੀਪੂਰਨ ਸਥਿਤੀ 'ਚ ਰਾਜ ਸਰਕਾਰ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਹਰਜੋਤ ਸਿੰਘ ਬੈਂਸ ਨੇ ਨੈਸ਼ਨਲ ਐਵਾਰਡੀ ਅਧਿਆਪਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਸਿੱਖਿਆ ਵਿਭਾਗ ਦਾ ਮਾਣ ਹਨ।ਉਨ੍ਹਾਂ ਨੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਸਹਾਇਤਾ ਦੇਣ ਲਈ ਅਧਿਆਪਕਾਂ ਦੀ ਪਹਿਲਕਦਮੀ ਅਤੇ ਭਾਈਚਾਰਕ ਸਾਂਝ ਨੂੰ ਹੋਰ ਪਕੇਰਾ ਕਰਨ ਲਈ ਉਨ੍ਹਾਂ ਦੀ ਇਸ ਸੁਹਿਰਦ ਭਾਵਨਾ ਦੀ ਸ਼ਲਾਘਾ ਕੀਤੀ।

## ਮੰਗੇ ਨੂੰ ਐੱਨ ਆਰ ਆਈਜ਼ ਵੱਲੋਂ ਇੱਕ ਲੱਖ ਦੀ ਸਹਾਇਤਾ ਭੇਟ

**ਕਾਲਾ ਸੰਘਿਆਂ (ਮਨਜੀਤ ਮਾਨ)** ਪਿੰਡ ਕਾਲਾ ਸੰਘਿਆਂ ਦੇ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਸਤਨਾਮ ਸੰਘਾ ਤੇ ਮੁਲਾਜ਼ਮ ਆਗੂ ਸਮਾਜ ਸੇਵਕ ਸੰਜੀਵ ਕੌਂਡਲ ਨੇ ਦੱਸਿਆ ਕਿ ਪਿੰਡ ਦੇ ਨੌਜਵਾਨ ਮੰਗਾਂ ਜਿਸ ਦੀਆਂ ਪਿਛਲੇ ਦਿਨੀਂ ਬਿਜਲੀ ਦਾ ਕਰੰਟ ਲੱਗਣ ਨਾਲ ਦੋਨੋਂ ਬਾਹਾਂ ਕੱਟਣੀਆਂ ਪੈ ਗਈਆਂ ਸਨ। ਇਹ ਨੌਜਵਾਨ ਪਿੰਡ ਵਿੱਚ ਰੰਗ ਰੋਗਨ ਦਾ ਕੰਮ ਕਰਦਾ ਸੀ ਤੇ ਰੰਗ ਦਾ ਕੰਮ ਕਰਦੇ ਕਰਦੇ ਸਮੇਂ ਇਹ ਘਟਨਾ ਵਾਪਰੀ ਇਸ ਪੀੜ੍ਹਤ ਨੌਜਵਾਨ ਦੀ ਸਹਾਇਤਾ ਐਨ ਆਰ ਆਈਜ਼ ਵੀਰਾਂ ਵੱਲੋਂ ਕੀਤੀ ਗਈ, ਜਿਸ ਵਿੱਚ ਪਿੰਡ ਦੇ ਹੀ ਅੰਤਰਰਾਸ਼ਟਰੀ ਕੱਬਡੀ ਖਿਡਾਰੀ ਮੋਹਣਾ ਭਾਅ ਦੇ ਯਤਨਾਂ ਸਦਕਾ ਇਸ ਪਰਵਾਰ ਦੀ ਇਕ ਲੱਖ ਰੁਪਏ ਦੀ ਸਹਾਇਤਾ ਕੀਤੀ ਗਈ। ਜਿਸ ਵਿੱਚ 100 ਪੌਂਡ ਪਿਆਰਾ ਸਿੰਘ ਗੁਮਟਾਲਾ, 100 ਪੌਂਡ ਬੋਲਾ ਪੱਤੜ, 100 ਪੌਂਡ ਪਾਲੀ ਚੱਠਾ, 100 ਪੌਂਡ ਅਕਾਲ ਚੰਨ 100 ਪੌਂਡ ਦੀਪਾ ਕੁਮੈਂਟਰੀ ਵਾਲੇ 50 ਕਾਕਾ ਸ਼ੰਕਰ, 50 ਬਹਾਦਰ ਸ਼ੇਰਗਿੱਲ, 50 ਗਿਆਨੀ ਭੋਗਲ ਅਤੇ 50 ਪੌਂਡ ਰੂਪ ਭਾਅਅਤੇ ਬਾਕੀ ਦੀ ਸੇਵਾ ਮੋਹਣਾ ਭਾਅ ਜੀ ਕਾਲਾ ਸੰਘਿਆਂ ਵੱਲੋਂ ਕੀਤੀ ਗਈ। ਇਸ ਮੌਕੇ ਕੌਂਡਲ ਤੇ ਸੰਘਾ ਨੇ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਇਸ ਪੀੜਤ ਪਰਿਵਾਰ ਦਾ ਮੁਖੀ ਹੁਣ ਸਾਰੀ ਜ਼ਿੰਦਗੀ ਲਈ ਅਪਾਹਿਜ ਹੋ ਗਿਆ ਹੈ ਤੇ ਹੁਣ ਘਰ ਦਾ ਗੁਜ਼ਾਰਾ ਚਲਾਉਣਾ ਬਹੁਤ ਮੁਸ਼ਕਲ ਹੋ ਗਿਆ ਉਕਤ ਆਗੂਆਂ ਨੇ ਮੌਜੂਦਾ ਆਪ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਪੀੜ੍ਹਤ ਮੰਗਾਂ ਦੀ ਪਤਨੀ ਨੂੰ ਸਰਕਾਰੀ ਨੌਕਰੀ ਯੋਗਤਾ ਮੁਤਾਬਿਕ ਦਿੱਤੀ ਜਾਵੇ ਅਤੇ ਜਿਨ੍ਹਾਂ ਚਿਰ ਨੌਕਰੀ ਨਹੀਂ ਮਿਲਦੀ ਉਨ੍ਹਾਂ ਸਮਾਂ ਪਰਵਾਰ ਨੂੰ ਘਰ ਦਾ ਗੁਜਾਰਾ ਚਲਾਉਣ ਲਈ ਘਟੋ ਘੱਟ 10 ਹਾਜ਼ਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ।



## ਡਾ. ਪਰਵਿੰਦਰ ਸੂਦ ਹੜ੍ਹ ਪੀੜਤਾਂ ਲਈ ਮੁਫਤ ਮੈਡੀਕਲ ਕੈਂਪ ਲਗਾਇਆ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਰੂਪੋਵਾਲ ਵਿਖੇ ਡਾਕਟਰ ਪਰਵਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ ਵੱਲੋਂ ਹੜ੍ਹ ਪੀੜਤਾਂ ਲਈ ਮੁਫਤ ਮੈਡੀਕਲ ਕੈਂਪ ਲਗਾਇਆ ਗਿਆ।ਇਸ ਮੌਕੇ ਡਾਕਟਰ ਪਰਮਿੰਦਰ ਸੂਦ ਐਸ ਜੀ ਆਰ ਹਸਪਤਾਲ ਦੀ ਸਮੁੱਚੀ ਟੀਮ ਵੱਲੋਂ ਲੋੜਵੰਦ ਮਰੀਜ਼ਾਂ ਦਾ ਚੈੱਕ ਕਰਕੇ ਮੁਫਤ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਡਾਕਟਰ ਪਰਮਿੰਦਰ ਸੂਦ ਐਸੀ ਆਰ ਹਸਪਤਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਐਸ ਜੀ ਆਰ ਹਸਪਤਾਲ ਕੋਟ ਫਤੂਹੀ ਵੱਲੋਂ ਵੱਖ-ਵੱਖ ਪਿੰਡਾਂ ਵਿਚ ਜਾ ਕੇ ਹੜ੍ਹ ਪੀੜਤ ਪਰਿਵਾਰਾਂ ਨਾਲ ਪਿੰਡ ਪਿੰਡ ਵਿੱਚ ਜਾ ਕੇ ਮਰੀਜ਼ਾਂ ਦਾ ਚੈੱਕਅੱਪ ਕਰਕੇ ਮੁਫਤ ਦਵਾਈਆਂ ਦਿੱਤੀਆਂ ਜਾ ਰਹੀਆਂ ਹਨ।ਇਸ ਮੌਕੇ ਰਾਮ ਪ੍ਰਕਾਸ਼ ਸੂਦ ਰੀਹਲਾ ਨੇ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ ਵੱਲੋਂ ਹੜ੍ਹ ਪੀੜਤਾਂ ਦੀ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਲੋੜਵੰਦਾਂ ਸੇਵਾ ਦੀ ਸ਼ਲਾਘਾ ਕੀਤੀ।ਇਸ ਮੌਕੇ ਸ਼੍ਰੀ ਰਾਮ ਪ੍ਰਕਾਸ਼ ਸੂਦ ਰੀਹਲਾ, ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਡਾਕਟਰ ਭੁਪਿੰਦਰ ਕੁਮਾਰ ਕੋਟ ਫਤੂਹੀ, ਡਾਕਟਰ ਐਮ ਐਸ ਕੋਲ ਨੰਗਲ ਕਲਾਂ, ਡਾਕਟਰ ਪ੍ਰਦੀਪ ਕੁਮਾਰ ਕੋਟ ਫਤੂਹੀ, ਰੀਤੂ, ਭੀਮਾ, ਬਲਜਿੰਦਰ ਸਿੰਘ ਸਰਹਾਲਾ ਕਲਾਂ, ਅਕਾਸ਼, ਮਨਜੀਤ ਸਿੰਘ ਲਾਲਪੁਰ, ਵੰਸ਼, ਬਲਵੀਰ ਕੌਰ, ਮਿੰਟੂ, ਚੰਨਾ, ਸੰਤੋਸ਼ ਕੁਮਾਰੀ, ਸੰਜੈ ਆਦਿ ਹਾਜ਼ਰ ਸਨ।

## ਬਜਵਾੜਾ ਕਲਾਂ ਤੋਂ ਅਜਨਾਲਾ ਦੇ ਪਿੰਡਾਂ 'ਚ ਜਾ ਕੇ ਜਥੇਬੰਦੀ ਵੱਲੋਂ ਰਾਹਤ ਸਮੱਗਰੀ ਵੰਡੀ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬਜਵਾੜਾ ਕਲਾਂ ਊਨਾ ਰੋਡ ਹੁਸ਼ਿਆਰਪੁਰ ਤੋਂ ਗੁਰਦੁਆਰਾ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ ਅਤੇ ਇਲਾਕੇ ਦੇ ਸਮੂਹ ਸੰਗਤਾਂ ਵੱਲੋਂ ਹੜ੍ਹ ਪੀੜਤਾਂ ਲਈ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਮੁੱਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਹੁਸ਼ਿਆਰਪੁਰ ਦੀ ਅਗਵਾਈ ਰਾਹਤ ਸਮੱਗਰੀ ਵੰਡੀ ਗਈ। ਇਸ ਮੌਕੇ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਨੇ ਪੱਤਰਕਾਰਾਂ ਨਾਲ ਦੱਸਿਆ ਕਿ ਹੜ੍ਹ ਪੀੜਤ ਪ੍ਰਭਾਵਿਤ ਇਲਾਕਿਆਂ ਵਿਚ ਲੋਕਾਂ ਦੇ ਘਰ ਅਤੇ ਫ਼ਸਲਾਂ ਬੁਰੀ ਤਰ੍ਹਾਂ ਤਬਾਹ ਹੋ ਗਈਆ ਹਨ।ਇਸ ਮੌਕੇ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਨੇ ਕਿਹਾ ਕਿ ਕੁਦਰਤੀ ਆਫ਼ਤ ਵਿਚ ਸਾਨੂੰ ਰੱਲ ਮਿਲ ਕੇ ਲੋੜਵੰਦ ਪਰਵਾਰਾਂ ਦੀ ਸਹਾਇਤਾ ਕਰਨ ਲਈ ਸਾਰੀਆਂ ਸੁਸਾਇਟੀਆ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ ਨੂੰ ਅੱਗੇ ਆ ਕੇ ਮਦਦ ਕਰਨੀ ਚਾਹੀਦੀ ਹੈ।



## ਸੈਣੀ ਨੇ ਪੰਜਾਬ ਤੇ ਹਿਮਾਚਲ ਲਈ ਸਹਾਇਤਾ ਸਮੱਗਰੀ ਦੇ 25 ਟਰੱਕਾਂ ਨੂੰ ਝੰਡੀ ਦਿਖਾ ਕੇ ਕੀਤਾ ਰਵਾਨਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਭਾਜਪਾ ਸੂਬ ਦਫਤਰ (ਪੰਚਕਮਲ) ਤੋਂ ਹੜ੍ਹ ਪ੍ਰਭਾਵਿਤ ਪੰਜਾਬ ਤੇ ਹਿਮਾਚਲ ਪ੍ਰਦੇਸ਼ ਲਈ ਸਹਾਇਤਾ ਸਮੱਗਰੀ ਦੇ 25 ਟਰੱਕਾਂ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ।ਇਨ੍ਹਾਂ ਵਿੱਚ 15 ਟਰੱਕ ਪੰਜਾਬ ਲਈ ਅਤੇ 10 ਟਰੱਕ ਹਰਿਆਣਾ ਸੂਬੇ ਲਈ ਸ਼ਾਮਿਲ ਹਨ।ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਮਾਤਾ ਮਨਸਾ ਦੇਵੀ ਮੰਦਰ ਵਿੱਚ ਪੂਜਾ ਅਰਚਨਾ ਕੀਤੀ ਅਤੇ ਮਹਾਮਾਈ ਦਾ ਆਸ਼ੀਰਵਾਦ ਲਿਆ।ਪੰਚਕਮਲ ਵਿੱਚ ਪੱਤਰਕਾਰਾਂ ਨਾਲ ਗਲਬਾਤ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਟਰੱਕਾਂ ਰਾਹੀਂ ਪੰਜਾਬ ਤੇ ਹਿਮਾਚਲ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਰੋਜਾਨਾ ਜ਼ਿੰਦਗੀ ਦੀ ਜਰੂਰੀ ਚੀਜ਼ਾਂ ਪਹੁੰਚਾਈ ਜਾ ਰਹੀਆਂ ਹਨ ਤਾਂ ਜੋ ਆਪਦਾ ਦੇ ਇਸ ਸਮੇਂ ਵਿੱਚ ਉਨ੍ਹਾਂ ਨੂੰ ਕਿਸੇ ਤਰ੍ਹਾ ਦੀ ਮੁਸ਼ਕਲ ਨਾ ਹੋਵੇ।

## ਭੇਲਾਂ ਨੇ ਹੜ੍ਹ ਪੀੜਤਾਂ ਨੂੰ ਰਾਹਤ ਸਮੱਗਰੀ ਵੰਡੀ



**ਆਦਮਪੁਰ (ਪਰਮਜੀਤ ਸਿੰਘ)**- ਇਸ ਵਰ੍ਹੇ ਹੋਈਆਂ ਅਣਕਿਆਸੀਆਂ ਬਾਰਿਸ਼ਾਂ ਕਾਰਨ ਆਫ਼ਰੇ ਸਤਲੁਜ, ਬਿਆਸ ਤੇ ਰਾਵੀ ਨੇ ਪੰਜਾਬ ਵਿੱਚ ਭਾਰੀ ਤਬਾਹੀ ਮਚਾਈ ਹੈ।ਤੇਰਾਂ ਸੌ ਤੋਂ ਵੱਧ ਪਿੰਡ ਪਾਣੀ ਵਿੱਚ ਡੁੱਬ ਗਏ ਹਨ ਅਤੇ ਹਜ਼ਾਰਾਂ ਹੈਕਟੇਅਰ ਫਸਲ ਬਰਬਾਦ ਹੋ ਗਈ ਹੈ। ਤੀਹ ਦੇ ਕਰੀਬ ਮਨੁੱਖੀ ਜਾਨਾਂ ਅਤੇ ਵੱਡੀ ਗਿਣਤੀ ਵਿੱਚ ਪਸ਼ੂ ਧਨ ਦਾ ਨੁਕਸਾਨ ਹੋਇਆ ਹੈ।ਕਈ ਪਿੰਡਾਂ ਦਾ ਸੰਪਰਕ ਟੁੱਟ ਜਾਣ ਦੀਆਂ ਸੂਚਨਾਵਾਂ ਹੋਣ ਪਿੰਡ ਭੇਲਾਂ (ਜਲੰਧਰ) ਦੇ ਵਾਸੀਆਂ ਹੜ੍ਹ ਪੀੜ੍ਹਤਾਂ ਲਈ ਰਾਹਤ ਸਮੱਗਰੀ ਭੇਜਣ ਦਾ ਫੈਸਲਾ ਲਿਆ। ਪਿੰਡ ਦੇ ਨੌਜਵਾਨਾਂ ਸੂਬੇਦਾਰ ਪਰਮਾਨੰਦ, ਡਾ. ਜਮਨਾਦਾਸ ਦੀ ਅਗਵਾਈ ਵਿਚ ਹੜ੍ਹ ਪੀੜ੍ਹਤਾਂ ਲਈ ਸਹਿਯੋਗ ਮੰਗਿਆ ਜਿਸ ਵਾਸਤੇ ਲੋਕਾਂ ਖੁੱਲ ਦਿਲੀ ਨਾਲ ਸਹਿਯੋਗ ਦਿੱਤਾ।ਪਿੰਡ ਦੀ ਮਹਿਲਾ ਸਰਪੰਚ ਜਗੀਰ ਕੌਰ ਨੇ ਰਾਹਤ ਸਮੱਗਰੀ ਦਾ ਟਰੱਕ ਡੇਰਾ ਬਾਬਾ ਨਾਨਕ ਸੈਕਟਰ ਲਈ ਰਵਾਨਾ ਕੀਤਾ। ਇਸ ਸਮੱਗਰੀ ਨੂੰ ਵੰਡਣ ਲਈ ਸੀਤਲ ਸਿੰਘ, ਸੂਬੇਦਾਰ ਪਰਮਾਨੰਦ, ਡਾ ਜਮਨਾਦਾਸ, ਡਾ ਬਲਵਿੰਦਰ ਸਰੋਆ, ਬਾਬੂ ਲਸ਼ਕਰ ਰਾਮ ਏਜੀਐਮ, ਮੈਨੇਜਰ ਗੁਰਨਾਮ ਸਿੰਘ, ਰੂਪ ਲਾਲ ਰੂਪ ਸਾਬਕਾ ਡੀਈਓ, ਜੁਗਿੰਦਰ ਰਾਮ, ਮਹਿੰਦਰ ਸਿੰਘ, ਰਾਕੇਸ਼ ਕੁਮਾਰ, ਹਰਪਾਲ ਸਿੰਘ, ਗੁਰਦੇਵ ਦਾਲੋ, ਆਸ਼ੂ, ਗੁਰਕਰਨ, ਨਵੀ, ਬਲਜੋਤ, ਬੱਬਨ, ਰੋਹਿਤ, ਪਵੀ ਆਦਿ ਨੇ ਪਿੰਡਾਂ ਦੀਆਂ ਗਲੀਓ ਗਲੀ ਜਾ ਕੇ ਵੱਡਾ ਯੋਗਦਾਨ ਪਾਇਆ ਅਤੇ ਲੋਕਾਂ ਨਾਲ ਦੁੱਖ ਸੁੱਖ ਸਾਂਝਾ ਕੀਤਾ।

## ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਨੇ ਸਾਬਕਾ ਪ੍ਰਿੰਸੀਪਲ ਡਾ. ਡੀ ਕੇ ਜੋਸ਼ੀ ਦੇ ਦੇਹਾਂਤ 'ਤੇ ਦੁੱਖ ਪ੍ਰਗਟਾਇਆ

**ਜਲੰਧਰ (ਸ਼ੈਲੀ ਐਲਬਰਟ)** ਇਨੋਸੈਂਟ ਹਾਰਟਸ ਕਾਲਜ ਆਫ਼ ਐਜੂਕੇਸ਼ਨ ਨੇ ਆਪਣੇ ਪਿਆਰੇ ਸਾਬਕਾ ਪ੍ਰਿੰਸੀਪਲ ਡਾ. ਦੇਵੇਂਦਰ ਕੁਮਾਰ ਜੋਸ਼ੀ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਉਨ੍ਹਾਂ ਨੇ 2007 ਵਿੱਚ ਕਾਲਜ ਦੀ ਸਥਾਪਨਾ ਕੀਤੀ ਅਤੇ 10 ਸਾਲ ਕਾਲਜ ਦੀ ਸੇਵਾ ਕੀਤੀ।ਉਨ੍ਹਾਂ ਦੀ ਅਗਵਾਈ ਹੇਠ, ਕਾਲਜ ਦੇ ਵਿਦਿਆਰਥੀਆਂ ਨੇ ਪਹਿਲੇ ਹੀ ਸਾਲ ਵਿੱਚ ਜੀ ਐਨ ਡੀ ਯੂ ਬੀ ਐੱਡ ਦੇ ਅਕਾਦਮਿਕ ਨਤੀਜਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਅਤੇ ਸੋਨੇ ਦੇ ਤਗਮੇ ਜਿੱਤ ਕੇ, ਨਾਲ ਹੀ ਮੈਰਿਟ ਸੂਚੀ ਵਿੱਚ ਜਗ੍ਹਾ ਬਣਾ ਕੇ ਇੱਕ ਮਿਸਾਲ ਕਾਇਮ ਕੀਤੀ। ਉਨ੍ਹਾਂ ਦੇ ਸ਼ਾਨਦਾਰ ਲੀਡਰਸ਼ਿਪ ਹੁਨਰ, ਕਦਰਾਂ-ਕੀਮਤਾਂ ਅਤੇ ਸਮਰਪਣ ਨੇ ਕਾਲਜ ਭਾਈਚਾਰੇ ਅਤੇ ਮੈਨੇਜਮੈਂਟ ਟਰੱਸਟ 'ਤੇ ਸਥਾਈ ਛਾਪ ਛੱਡੀ। ਇਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ ਡਾ. ਅਨੂਪ ਬੌਰੀ, ਸਿਹਤ ਸੇਵਾਵਾਂ ਦੇ ਮੈਨੇਜਿੰਗ ਡਾਇਰੈਕਟਰ ਡਾ. ਚੰਦਰ ਬੌਰੀ, ਸਕੂਲਜ਼ ਦੇ ਕਾਰਜਕਾਰੀ ਨਿਰਦੇਸ਼ਕ ਸ਼ੈਲੀ ਬੌਰੀ, ਕਾਲਜਾਂ ਦੇ ਕਾਰਜਕਾਰੀ ਨਿਰਦੇਸ਼ਕ ਅਰਾਧਨਾ ਬੌਰੀ ਅਤੇ ਕਾਲਜ ਆਫ਼ ਐਜੂਕੇਸ਼ਨ ਦੇ ਪ੍ਰਿੰਸੀਪਲ ਡਾ. ਅਰਜਿੰਦਰ ਸਿੰਘ ਨੇ ਮਹਾਨ ਸਿੱਖਿਆ ਸ਼ਾਸਤਰੀ ਡਾ. ਡੀ.ਕੇ. ਜੋਸ਼ੀ ਦੇ ਦੇਹਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ।



## ਗਿਲਜੀਆਂ ਦੀ ਟੀਮ ਵੱਲੋਂ ਹੜ੍ਹ ਪੀੜਤਾਂ ਨੂੰ ਮਦਦ ਸਮਗਰੀ ਭੇਟ



**ਅੱਡਾ ਸਰਾ/ ਟਾਂਡਾ ਉੜਮੁੜ ( ਜਸਵੀਰ ਕਾਜਲ, ਉਂਕਾਰ ਸਿੰਘ)**- ਇੰਡੀਆਂ ਅਲਾਇੰਸ ਦੇ ਮੈਂਬਰ ਨੈਸ਼ਨਲਿਸ ਕਾਂਗਰਸ ਪਾਰਟੀ (ਸ਼ਰਦ ਚੰਦਰਾ ਪਵਾਰ) ਦੇ ਸਹਿਯੋਗ ਨਾਲ ਕਾਂਗਰਸ ਪਾਰਟੀ ਦੇ ਵਰਕਰਾਂ ਨੇ ਹੜ੍ਹ ਪ੍ਰਭਾਵਤ ਪਿੰਡ ਫੱਤਾ ਕੁੱਲਾ ਇਲਾਕੇ ਵਿਚ ਜਾ ਕੇ ਮਦਦ ਸਮੱਗਰੀ ਭੇਟ ਕੀਤੀ ਹੈ। ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਸੀਨੀਅਰ ਆਗੂ ਜੋਗਿੰਦਰ ਸਿੰਘ ਗਿਲਜੀਆਂ, ਕਾਂਗਰਸ ਦੇ ਕੌਮੀ ਬੁਲਾਰੇ ਗੌਤਮ ਸੇਠ, ਪ੍ਰਧਾਨ ਅਵਤਾਰ ਸਿੰਘ ਖੋਖਰ ਅਤੇ ਪ੍ਰਧਾਨ ਨਗਰ ਕੌਂਸਲ ਗੁਰਸੇਵਕ ਮਾਰਸ਼ਲ ਦੀ ਦੇਖ ਰੇਖ ਵਿਚ ਪਿੰਡ ਵਿਚ ਘਰ ਘਰ ਜਾ ਕੇ ਰਾਸ਼ਨ ਅਤੇ ਹੋਰ ਮਦਦ ਸਮੱਗਰੀ ਭੇਟ ਕੀਤੀ। ਇਸ ਮੌਕੇ ਜੋਗਿੰਦਰ ਸਿੰਘ ਗਿਲਜੀਆਂ ਨੇ ਆਖਿਆ ਕਿ ਜਲਦ ਹੀ ਇਲਾਕੇ ਦੇ ਹੜ੍ਹ ਪਿੰਡਾਂ ਦੇ ਵਾਸੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਲੋੜਾਂ ਮੁਤਾਬਿਕ ਮਦਦ ਦੇ ਮਿਸ਼ਨ ਨੂੰ ਆਉਣ ਵਾਲੇ ਦਿਨਾਂ ਵਿੱਚ ਚਲਾਉਣ ਲਈ ਪ੍ਰੋਗਰਾਮ ਉਲੀਕਿਆ ਜਾਵੇਗਾ। ਇਸ ਮੌਕੇ ਸਿਮਰਨ ਸਿੰਘ ਸੈਣੀ, ਸੁਖਵਿੰਦਰਜੀਤ ਸਿੰਘ ਬੀਰਾ, ਪਰਵਿੰਦਰ ਸਹਿਬਾਜ਼ਪੁਰ, ਮਣੀ ਸਹਿਬਾਜ਼ਪੁਰ, ਸੁੰਦਰੀ ਟਾਂਡਾ, ਰਵਿੰਦਰਪਾਲ ਸਿੰਘ ਗੋਰਾ, ਸੁੱਖਾਂ ਰੜਾ, ਲੱਬਾ ਜਹੂਰਾ, ਪੰਕਜ ਸਚਦੇਵਾ, ਬਾਬੂ ਰੂਪ ਲਾਲ, ਸੁਖਰਾਜ ਸਿੱਧੂ, ਹੀਰਾ ਲਾਲ ਭੱਟੀ, ਜਸਵਿੰਦਰ ਕਾਕਾ, ਡਾ.ਬਲਦੇਵ ਰਾਜ, ਬਲਜੀਤ ਸਿੰਘ, ਰੇਸ਼ਮ ਸਿੰਘ, ਲਛਮਣ ਸਿੰਘ ਆਦਿ ਮੌਜੂਦ ਸਨ।

## ਘਰਾਂ ਦੇ ਮਕਾਨਾਂ ਦੀਆਂ ਛੱਤਾਂ ਡਿੱਗੀਆਂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਭਾਰੀ ਬਾਰਸ਼ ਅਤੇ ਹੜ੍ਹ ਕਾਰਨ ਪੰਜਾਬ ਦੇ ਲੋਕਾਂ ਦਾ ਕਾਫ਼ੀ ਨੁਕਸਾਨ ਹੋ ਰਿਹਾ ਹੈ।ਨੂਰਮਹਿਲ ਦੇ ਪਿੰਡ ਡੱਲਾ ਦੇ ਦੋ ਗਰੀਬ ਘਰਾਂ ਦੇ ਮਕਾਨਾਂ ਦੀਆਂ ਛੱਤਾਂ ਮੀਂਹ ਕਾਰਨ ਡਿੱਗਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਪੱਤਰਕਾਰਾਂ ਨੇ ਮੌਕੇ 'ਤੇ ਜਾ ਕੇ ਵੇਖਿਆ ਕਿ ਰਾਣੋ ਪਤਨੀ ਸਵਰਗਵਾਸੀ ਜੀਤ ਰਾਮ ਦੇ ਘਰ ਦੇ ਦੋ ਕਮਰਿਆਂ ਦੀਆਂ ਛੱਤਾਂ ਅਤੇ ਰੇਸ਼ਮ ਲਾਲ ਪੁੱਤਰ ਨਸੀਬ ਚੰਦ ਦੇ ਘਰ ਦੇ ਇਕ ਮਕਾਨ ਦੀ ਛੱਤ ਡਿੱਗ ਪਈ ਅਤੇ ਦੂਸਰੇ ਕਮਰੇ ਦੀ ਛੱਤ ਦਾ ਵੀ ਬੁਰਾ ਹਾਲ ਹੈ।ਪ੍ਰੰਤੂ ਇਹਨਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ।ਦੋਹਾਂ ਹੀ ਪਰਵਾਰਾਂ ਨੂੰ ਕਿਸੇ ਹੋਰ ਦੇ ਘਰੇ ਰਹਿਣਾ ਪੈ ਰਿਹਾ ਹੈ।ਘਰ ਵਿੱਚ ਬੈਠਣ ਲਈ ਵੀ ਕੋਈ ਜਗ੍ਹਾ ਨਹੀਂ ਬਚੀ।ਪਿੰਡ ਦੇ ਵਸਨੀਕ ਜੀਤ ਰਾਮ, ਜੋਧ ਸਿੰਘ ਅਤੇ ਹੋਰਨਾਂ ਨੇ ਸਰਕਾਰ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਹਨਾਂ ਪਰਿਵਾਰਾਂ ਦੀ ਆਰਥਿਕ ਮਦਦ ਕੀਤੀ ਜਾਵੇ।ਦੋਹਾਂ ਹੀ ਪ੍ਰੀਵਾਰਾਂ ਵਿੱਚ ਕੋਈ ਲੜਕਾ ਨਹੀਂ ਹੈ ਅਤੇ ਇਹਨਾਂ ਪਰਿਵਾਰਾਂ ਦੀ ਹਾਲਤ ਬੜੀ ਤਰਸਯੋਗ ਹੈ।ਇਹਨਾਂ ਪਰਿਵਾਰਾਂ ਨੂੰ ਆਰਥਿਕ ਮਦਦ ਦੀ ਲੋੜ ਹੈ।



## ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਹੜ੍ਹ ਪੀੜਤਾਂ ਦੇ ਵਸੇਬੇ ਲਈ 31.20 ਲੱਖ ਰੁਪਏ ਦੀ ਰਾਸ਼ੀ ਕੀਤੀ ਇਕੱਠੀ

**ਤਲਵਾੜਾ (ਬਲਵੀਰ ਸਿੰਘ ਸੈਣੀ)** ਡੈਮਾਂ ਤੋਂ ਛੱਡੇ ਪਾਣੀ ਨੇ ਪੰਜਾਬ 'ਚ ਭਾਰੀ ਤਬਾਹੀ ਮਚਾਈ ਹੈ।ਸੂਬੇ ਦੇ ਜ਼ਿਆਦਾਤਰ ਜ਼ਿਲ੍ਹੇ ਹੜ੍ਹਾਂ ਦੀ ਮਾਰ ਹੇਠ ਹਨ।ਪੰਜਾਬੀਆਂ ਦੀ ਇਸ ਮੁਸ਼ਕਲ ਘੜ੍ਹੀ 'ਚ ਧਾਰਮਿਕ ਤੇ ਸਮਾਜਿਕ ਸੰਗਠਨਾਂ ਵੱਲੋਂ ਹਰ ਤਰ੍ਹਾਂ ਦੀ ਸਹਾਇਤਾ ਕੀਤੀ ਜਾ ਰਹੀ ਹੈ।ਇਸੇ ਕੜੀ 'ਚ ਗੌਰਮਿੰਟ ਟੀਚਰਜ਼ ਯੂਨੀਅਨ (ਜੀਟੀਯੂ),ਪੰਜਾਬ ਨੇ ਹੜ੍ਹ ਪੀੜ੍ਹਤਾਂ ਨਾਲ ਖੜਨ ਅਤੇ ਉਨ੍ਹਾਂ ਦੇ ਮੁੜ ਵਸੇਬੇ ਲਈ ਯਤਨ ਆਰੰਭੇ ਹਨ।ਜੀ ਟੀ ਯੂ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨ ਸਕੱਤਰ ਗੁਰਵਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਅਮਨਦੀਪ ਸ਼ਰਮਾ ਅਤੇ ਪ੍ਰੈਸ ਸਕੱਤਰ ਕਰਨੈਲ ਸਿੰਘ ਫਿਲੌਰ ਨੇ ਦੱਸਿਆ ਕਿ ਜੀਟੀਯੂ ਨੇ ਹੜ੍ਹ ਪੀੜ੍ਹਤਾਂ ਦੀ ਮਦਦ ਲਈ 31. 20 ਲੱਖ ਰੁਪਏ ਦੀ ਰਾਸ਼ੀ ਇਕੱਠੀ ਕੀਤੀ ਹੈ। ਜਥੇਬੰਦੀ ਵੱਲੋਂ ਜ਼ਿਲ੍ਹਾ ਪੱਧਰ 'ਤੇ ਕਮੇਟੀਆਂ ਬਣਾ ਕੇ ਇਸ ਮੁਹਿੰਮ ਨੂੰ ਸ਼ੁਰੂ ਕੀਤੀ ਗਈ। ਅਧਿਆਪਕ ਵਰਗ ਵੱਲੋਂ ਜੀਟੀਯੂ ਦੀ ਪਹਿਲਕਦਮੀਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਜੀਟੀਯੂ, ਪਸਸਫ਼ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਇਕਾਈ ਮੁਕੇਰੀਆਂ ਨੇ ਲੋੜਵੰਦ ਦੋ ਪਰਵਾਰਾਂ ਨੂੰ 50-50 ਹਜ਼ਾਰ ਦੇ ਚੈੱਕ ਸੌਂਪੇ।ਇਸ ਸਬੰਧੀ ਜਾਣਕਾਰੀ ਦਿੰਦੇ ਹੋਇਆਂ ਜੀਟੀਯੂ ਇਕਾਈ ਮੁਕੇਰੀਆਂ ਪ੍ਰਧਾਨ ਰਜਨ ਮਹਾਜਨ ਨੇ ਦੱਸਿਆ ਕਿ ਬਲਾਕ ਮੁਕੇਰੀਆਂ ਦੇ ਪਿੰਡ ਭੰਗਾਲਾ ਅਤੇ ਕੌਲੀਆਂ 418 ਵਿੱਚ ਲੋੜਵੰਦ ਪਰਵਾਰਾਂ ਦੀਆਂ ਬਾਲਿਆਂ ਵਾਲੀਆਂ ਛੱਤਾਂ ਡਿੱਗ ਗਈਆਂ ਸਨ।ਜਿਸ ਦੀ ਨਿਸ਼ਾਨਦੇਹੀ ਟੀਮ ਨੇ ਕੀਤੀ, ਉਪਰੰਤ ਪੀੜ੍ਹਤ ਪਰਵਾਰਾਂ ਨੂੰ 50-50 ਹਜ਼ਾਰ ਰੁਪਏ ਦੇ ਚੈੱਕ ਦਿੱਤੇ ਗਏ ਹਨ।






## ਜੇਕਰ ਦੁੱਧ ਉਤਪਾਦਨ 'ਚ ਸੁਧਾਰ ਹੁੰਦਾ ਤਾਂ ਇਹ ਬਹੁਤ ਸਾਰੇ ਲੋਕਾਂ ਦੇ ਪੇਟ ਭਰ ਸਕਦਾ : ਨੀਤੀ ਤਲਵਾੜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਖੇਤੀਬਾੜੀ ਪ੍ਰਧਾਨ ਰਾਜ ਪੰਜਾਬ ਵਿੱਚ ਮੀਂਹ ਕਾਰਨ ਅਨਾਜ ਦੇ ਨਾਲ-ਨਾਲ ਪਸ਼ੂਆਂ ਦੇ ਚਾਰੇ ਦੀ ਵੀ ਘਾਟ ਹੈ, ਜਿਸ ਕਾਰਨ ਦੁੱਧ ਉਤਪਾਦਨ ਵਿੱਚ ਕਮੀ ਆਈ ਹੈ।ਉਪਰੋਕਤ ਸ਼ਬਦ ਸੰਗਠਨ ਦੀ ਮਹਿਲਾ ਸੂਬਾ ਪ੍ਰਧਾਨ ਭਾਰਤ ਗੌਰਵ ਅਤੇ ਸਾਬਕਾ ਕੌਂਸਲਰ ਨੀਤੀ ਤਲਵਾੜ ਨੇ ਦੁੱਧ ਦੇਣ ਵਾਲੇ ਪਸ਼ੂਆਂ ਲਈ ਚਾਰਾ ਵੰਡਦੇ ਹੋਏ ਕਹੇ।ਨੀਤੀ ਤਲਵਾੜ ਨੇ ਕਿਹਾ ਕਿ ਭਾਰਤ ਗੌਰਵ ਦੇ ਸੰਸਥਾਪਕ ਵਿਜੇ ਸਾਂਪਲਾ ਨੇ ਫੈਸਲਾ ਕੀਤਾ ਹੈ ਕਿ ਅਨਾਜ ਖਰਾਬ ਹੋਣ ਕਾਰਨ ਇਸ ਘਾਟ ਨੂੰ ਪੂਰਾ ਕਰਨ ਵਿੱਚ ਸਮਾਂ ਲੱਗੇਗਾ, ਪਰ ਜੇਕਰ ਦੁੱਧ ਉਤਪਾਦਨ ਵਿੱਚ ਸੁਧਾਰ ਹੁੰਦਾ ਹੈ, ਤਾਂ ਇਹ ਬਹੁਤ ਸਾਰੇ ਲੋਕਾਂ ਦੇ ਪੇਟ ਭਰ ਸਕਦਾ ਹੈ, ਇਸ ਲਈ ਸ਼੍ਰੀ ਸਾਂਪਲਾ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਦੁੱਧ ਦੇਣ ਵਾਲੇ ਪਸ਼ੂਆਂ ਲਈ ਪੌਸ਼ਟਿਕ ਭੋਜਨ ਭੇਜਿਆ ਜਾ ਰਿਹਾ ਹੈ। ਨੀਤੀ ਤਲਵਾੜ ਨੇ ਕਿਹਾ ਕਿ ਸਬਰ ਨਾਲ ਅਸੀਂ ਜਲਦੀ ਹੀ ਇਸ ਮੁਸ਼ਕਲ ਸਮੇਂ ਵਿੱਚੋਂ ਬਾਹਰ ਆਵਾਂਗੇ। ਇਸ ਮੌਕੇ ਸੋਨੀ ਸੰਘਾ, ਭੁਪਿੰਦਰ ਸਿੰਘ, ਸੁਖਦੇਵ ਸਿੰਘ, ਜਸਵਿੰਦਰ ਸਿੰਘ, ਸੰਜੀਵ ਥਾਪਰ, ਵਰੁਣ ਸੈਣੀ, ਕ੍ਰਿਸ਼ਨ ਥਾਪਰ, ਪ੍ਰਿਆ ਅਸ਼ੀਸ਼ ਕੁਮਾਰ, ਮਨਵੀਰ ਤਲਵਾੜ ਆਦਿ ਹਾਜ਼ਰ ਸਨ।

## ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਨੂੰ ਆਫ਼ਤ ਵਾਲਾ ਸੂਬਾ ਘੋਸ਼ਿਤ ਕਰੇ : ਜੇ ਡੀ

**ਬਲਾਚੋਰ (ਜਸਵਿੰਦਰ ਬੈਂਸ)**- ਪੰਜਾਬ ਬਹੁਤ ਵੱਡੀ ਆਫ਼ਤ ਦਾ ਸਾਹਮਣਾ ਕਰ ਰਿਹਾ ਹੈ, ਅੱਧੇ ਤੋਂ ਵੱਧ ਜ਼ਿਲ੍ਹੇ ਹੜ੍ਹ ਦੀ ਮਾਰ ਹੇਠ ਆਏ ਹੋਏ ਹਨ।ਲੋਕਾਂ ਦੀ ਜਾਨ ਤੇ ਮਾਲ ਦਾ ਵੱਡੀ ਪੱਧਰ 'ਤੇ ਨੁਕਸਾਨ ਹੋ ਚੁੱਕਾ ਹੈ।ਇਹ ਸ਼ਬਦ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਮੀਡੀਆ ਇੰਚਾਰਜ ਚੰਦਰ ਮੋਹਣ ਜੇਡੀ ਨੇ ਕਹੇ।ਉਨ੍ਹਾਂ ਕਿਹਾ ਕਿ ਦੇਸ਼ ਨੂੰ ਅੰਗਰੇਜ਼ਾਂ ਤੋਂ ਮੁਕਤ ਕਰਾਉਣ ਲਈ ਪੰਜਾਬੀਆਂ ਨੇ ਲਹੂ ਵੀਟਵੀ ਲੜਾਈ ਲੜੀ ਅਤੇ ਲਾ ਮਿਸਾਲ ਅਣਗਿਣਤ ਕੁਰਬਾਨੀਆਂ ਕੀਤੀਆਂ, ਦੇਸ਼ ਨੂੰ ਆਜ਼ਾਦ ਕਰਵਾਇਆ।ਪੰਜਾਬ ਦੇ ਸਿਰੜੀ, ਮਿਹਨਤੀ ਲੋਕਾਂ ਨੇ ਸਖ਼ਤ ਮਿਹਨਤ ਕਰਕੇ ਕੇਂਦਰੀ ਪੂਲ ਦਾ 60 ਫ਼ੀਸਦੀ ਹਿੱਸਾ ਅਨਾਜ ਨਾਲ ਭਰਿਆ ਹੈ।ਅੱਜ ਔਖੀ ਘੜੀ ਵਿਚ ਕੇਂਦਰ ਦੀ ਸਰਕਾਰ ਪੰਜਾਬ ਨੂੰ ਅਣਗੌਲਿਆਂ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਤੁਰੰਤ ਕੇਂਦਰ ਸਰਕਾਰ ਨੂੰ ਪੰਜਾਬ ਨੂੰ ਆਫ਼ਤ ਵਾਲਾ ਸੂਬਾ ਘੋਸ਼ਿਤ ਕਰਨਾ ਚਾਹੀਦਾ ਹੈ, ਕਿਉਂਕਿ ਪੰਜਾਬ ਦੀਆਂ ਮੌਜੂਦਾ ਹਾਲਾਤਾਂ ਅਤੇ ਚੁਣੌਤੀਆਂ ਨੂੰ ਦੇਖਦਿਆਂ ਹੋਇਆ ਇਹ ਐਲਾਨ ਜ਼ਰੂਰੀ ਹੋ ਗਿਆ ਹੈ ਤਾਂ ਜੋ ਸੂਬੇ ਨੂੰ ਵਿਸ਼ੇਸ਼ ਸਹਾਇਤਾ ਅਤੇ ਸਰੋਤ ਪ੍ਰਾਪਤ ਹੋ ਸਕਣ। ਪੰਜਾਬ ਦੇ ਲੋਕਾਂ ਦੀ ਭਲਾਈ ਅਤੇ ਸੂਬੇ ਦੇ ਵਿਕਾਸ ਲਈ ਕੇਂਦਰ ਸਰਕਾਰ ਨੂੰ ਤੁਰੰਤ ਇਸ ਦਿਸ਼ਾ ਵਿਚ ਕਦਮ ਚੁੱਕਣੇ ਚਾਹੀਦੇ ਹਨ।



## ਡਿਪਟੀ ਕਮਿਸ਼ਨਰ ਨੇ ਨੁਕਸਾਨ ਦੇ ਮੁਲਾਂਕਣ ਦੀ ਪ੍ਰਕਿਰਿਆ ਤੇਜ਼ ਕਰਨ ਦੇ ਦਿੱਤੇ ਨਿਰਦੇਸ਼

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਡੇਰਾ ਬੱਸੀ (ਵਿਨੈ ਕੁਮਾਰ ਜੈਨ, ਗੁਰਜੀਤ ਬਿੱਲਾ)** ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਨਗਰ ਕੌਂਸਲਾਂ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਖੜ੍ਹੇ ਪਾਣੀ ਦੀ ਨਿਕਾਸੀ ਲਈ ਯਤਨ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਲੋਕਾਂ ਨੂੰ ਤੁਰੰਤ ਰਾਹਤ ਮਿਲ ਸਕੇ।ਉਨ੍ਹਾਂ ਅੱਗੇ ਕਿਹਾ ਕਿ ਡੇਰਾਬੱਸੀ ਵਿੱਚ ਘੱਗਰ ਨਦੀ 'ਤੇ ਮੁਬਾਰਕਪੁਰ ਕਾਜ਼ਵੇਅ - ਜੋ ਕਿ ਜ਼ੀਰਕਪੁਰ ਨਾਲ ਜੁੜਨ ਵਾਲਾ ਇੱਕ ਪ੍ਰਮੁੱਖ ਲਿੰਕ ਵੀ ਹੈ-ਦੀ ਸਫਾਈ ਪੂਰੇ ਜ਼ੋਰਾਂ 'ਤੇ ਹੈ।ਸਥਾਨਕ ਨਗਰ ਕੌਂਸਲ ਦੀਆਂ ਟੀਮਾਂ ਸਫਾਈ ਕਾਰਜਾਂ ਦੇ ਨਾਲ-ਨਾਲ ਕਾਜ਼ਵੇਅ ਦੀਆਂ ਪਹੁੰਚ ਸੜਕਾਂ ਦੀ ਮੁਰੰਮਤ ਵਿੱਚ ਸਰਗਰਮੀ ਨਾਲ ਰੁੱਝੀਆਂ ਹੋਈਆਂ ਹਨ ਤਾਂ ਜੋ ਸੁਚਾਰੂ ਸੰਪਰਕ ਨੂੰ ਯਕੀਨੀ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ, ਭਗਤ ਮਾਜਰਾ ਅਤੇ ਪਲਹੇੜੀ ਵਿਚਕਾਰ ਇਕੱਠੇ ਹੋਏ ਪਾਣੀ ਦੀ ਨਿਕਾਸੀ ਲਈ ਯਤਨ ਜਾਰੀ ਹਨ।ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਭਰ ਵਿੱਚ ਸੜਕੀ ਸੰਪਰਕ ਦੀ ਸਮੇਂ ਸਿਰ ਬਹਾਲੀ 'ਤੇ ਵੀ ਜ਼ੋਰ ਦਿੱਤਾ।



## ਮਾਈ ਭਾਰਤ ਜਲੰਧਰ ਦੁਆਰਾ ਰਾਹਤ ਕਾਰਜ ਸ਼ੁਰੂ




**ਕਰਤਾਰਪੁਰ (ਹਰਮੇਸ਼ ਦੱਤ)**- ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਅਧੀਨ ਮਾਈ ਭਾਰਤ ਜਲੰਧਰ ਨੇ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਇੱਕ ਵਿਸ਼ੇਸ਼ ਰਾਹਤ ਕਾਰਜ ਸ਼ੁਰੂ ਕੀਤਾ। ਇਸ ਮੁਹਿੰਮ ਤਹਿਤ ਜਲੰਧਰ ਜ਼ਿਲ੍ਹੇ ਦੇ ਸ਼ਾਹਕੋਟ ਬਲਾਕ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਥੰਮੂਵਾਲ, ਸਿੱਧਪੁਰ, ਰਾਮਪੁਰ, ਪਿਪਲੀ ਵਿੱਚ ਹੜ੍ਹ ਪ੍ਰਭਾਵਿਤ ਪਰਵਾਰਾਂ ਨੂੰ ਰਾਹਤ ਸਮੱਗਰੀ ਵੰਡੀ ਗਈ। ਇਸ ਮੁਹਿੰਮ ਵਿੱਚ ਜਲੰਧਰ ਦੇ ਮਸ਼ਹੂਰ ਗਾਇਕ ਦਲਵਿੰਦਰ ਦਿਆਲਪੁਰੀ ਅਤੇ ਹਮਫਤਾਰ ਯੂਥ ਕਲੱਬ ਦੇ ਪ੍ਰਧਾਨ ਰੋਹਿਤ ਭਾਟੀਆ ਨੇ ਮਹੱਤਵਪੂਰਨ ਭੂਮਿਕਾ ਨਿਭਾਈ ਅਤੇ ਮਾਈ ਭਾਰਤ ਜਲੰਧਰ ਟੀਮ ਦੇ ਲੇਖਾਕਾਰ ਗੌਰਵ, ਕੁਲਵਿੰਦਰ ਕੁਮਾਰ, ਗੁੜੀਆ ਵਰਮਾ ਅਤੇ ਹੋਰ ਵਲੰਟੀਅਰ ਮੌਜੂਦ ਸਨ।ਮਾਈ ਭਾਰਤ ਜਲੰਧਰ ਨੇ ਵੀ ਭਰੋਸਾ ਦਿੱਤਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਸਾਡੀ ਟੀਮ ਵੱਲੋਂ ਇਹ ਸੇਵਾ ਜਾਰੀ ਰੱਖੀ ਜਾਵੇਗੀ।

## ਬਾਦਲ ਨੇ ਮੌਕੇ 'ਤੇ ਹੀ ਪਿੰਡ ਵਾਸੀਆਂ ਨੂੰ 2 ਲੱਖ ਰੁਪਏ ਤੇ 3000 ਲੀਟਰ ਡੀਜ਼ਲ ਦਿੱਤਾ

**ਫਿਲੌਰ (ਨਿਰਮਲ)**- ਸਤਲੁਜ ਦੇ ਵਧੇ ਜਲਸਤਰ ਕਾਰਨ ਦਰਿਆ ਨੇੜਲੇ ਪਿੰਡਾਂ ਵਿੱਚ ਸਹਿਮ ਦਾ ਮਹੌਲ ਹੈ। ਲੋਕ ਪਿਛਲੇ ਕਈ ਦਿਨਾਂ ਤੋਂ ਬੰਨ੍ਹਾਂ ਤੇ ਡਟੇ ਹੋਏ ਹਨ। ਪੰਜਾਬ ਦਰਦੀ ਲੋਕ ਮਿਲ਼ ਕੇ ਇਹਨਾਂ ਬੰਨ੍ਹਾਂ ਨੂੰ ਬਚਾਉਣ ਲਈ ਜੂਝ ਰਹੇ ਹਨ। ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਖ ਵੱਖ ਥਾਵਾਂ 'ਤੇ ਪਹੁੰਚਕੇ ਜਿੱਥੇ ਹੜ੍ਹ ਪ੍ਰਭਾਵਿਤ ਲੋਕਾਂ ਦਾ ਹਾਲ ਜਾਣ ਰਹੇ ਹਨ ਉੱਥੇ ਹੀ ਰਾਹਤ ਕਾਰਜਾਂ ਵਿੱਚ ਜੁਟੇ ਪੰਜਾਬ ਪ੍ਰਸਤ ਲੋਕਾਂ ਖਾਸਕਰ ਨੌਜਵਾਨਾਂ ਦਾ ਹੌਸਲਾ ਵਧਾ ਰਹੇ ਹਨ। ਇਸੇ ਲੜੀ ਤਹਿਤ ਅੱਜ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਫਿਲੌਰ ਦੇ ਦਰਿਆ ਨੇੜਲੇ ਪਿੰਡਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਹਨਾਂ ਰਾਹਤ ਕਾਰਜਾਂ ਵਿੱਚ ਜੁਟੇ ਨੌਜਵਾਨਾਂ ਨੂੰ ਪਿੰਡ ਮਿਆਂਵਾਲ ਦੇ ਦੌਰੇ ਵੇਲੇ ਮੌਕੇ 'ਤੇ ਹੀ ਨਗਦ 2 ਲੱਖ ਰੁਪਏ ਅਤੇ 3000 ਲੀਟਰ ਡੀਜ਼ਲ ਮੌਕੇ 'ਤੇ ਹੀ ਦੇ ਦਿੱਤਾ ਅਤੇ ਆਪਣੇ ਵੱਲੋਂ ਅਤੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ। ਜਿਵੇਂ ਇਸ ਔਖੀ ਘੜੀ ਵਿੱਚ ਵੀ ਪੰਜਾਬ ਦੇ ਬਹੁਤੇ ਆਗੂ ਰਾਜਨੀਤਿਕ ਤਿਕੜਮਬਾਜ਼ੀਆਂ ਵਿੱਚ ਲੱਗੇ ਹੋਏ ਹਨ ਉੱਥੇ ਹੀ ਬਾਦਲ ਸਾਰਾ ਕੁੱਝ ਛੱਡ ਕੇ ਹੜ੍ਹ ਪ੍ਰਭਾਵਿਤ ਲੋਕਾਂ ਵਿੱਚ ਵਿਚਰ ਰਹੇ ਹਨ। ਉਹਨਾਂ ਦੀਆਂ ਫੇਰੀਆਂ ਸੇਵਾ ਵਿਚ ਜੁਟੇ ਲੋਕਾਂ ਵਿੱਚ ਜੋਸ਼ ਭਰ ਰਹੀਆਂ ਹਨ।



## ਦੋਸਾਂਝ ਕਲਾਂ ਵਿਖੇ ਸਲਾਨਾ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਦਰਬਾਰ ਮੌਲਾ ਅਲੀ ਸ਼ੇਰੇ ਖੁਦਾ ਸ਼ਾਹ ਅਲੀ ਸਰਕਾਰ (ਨੌਸ਼ਾਹੀ ਚਿਸ਼ਤੀ ਸਾਬਰੀ ਕਾਦਰੀ) ਦੋਸਾਂਝ ਕਲਾਂ ਵਿਖੇ ਸਲਾਨਾ ਅੱਠਵਾਂ ਮੇਲਾ ਗੱਦੀਨਸ਼ੀਨ ਸਾਈਂ ਚਰਨਜੀਤ ਸ਼ਾਹ ਜੀ ਕਾਦਰੀ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਬਾਬਾ ਮਨਜੀਤ ਸਾਬਰੀ ਦਰਬਾਰ ਲਿੱਧੜਾਂ ਚੇਅਰਮੈਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ, ਸਾਈਂ ਅਵਿਨਾਸ਼ ਸ਼ਾਹ ਕਾਦਰੀ ਦਰਬਾਰ ਪੀਰ ਬਾਬਾ ਲੱਖ ਦਾਤਾ ਕੋਟ ਫਤੂਹੀ, ਸਾਈਂ ਬਿੰਦਰ ਸ਼ਾਹ ਸਰਹਾਲੀ, ਸਾਈਂ ਬਲਦੇਵ ਸ਼ਾਹ ਇੰਦਣਾਂ, ਸਾਈਂ ਬਿੱਟੂ ਸ਼ਾਹ, ਸਾਈਂ ਬਿੱਲੇ ਸ਼ਾਹ, ਬਾਬਾ ਕੁਲਰਾਜ ਮੁਹੰਮਦ, ਬਾਬਾ ਸੱਤਪਾਲ ਪਾਲੀ, ਬਾਬਾ ਗਿਆਨ ਮੁਕੰਦਪੁਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਤਿੰਨ ਦਿਨਾਂ ਮੇਲੇ ਦੌਰਾਨ ਪਹਿਲੇ ਦਿਨ ਮਹਿੰਦੀ ਦੀ ਰਸਮ, ਦੂਸਰੇ ਦਿਨ ਝੰਡੇ ਅਤੇ ਚਾਦਰ ਦੀ ਰਸਮ ਅਤੇ ਤੀਸਰੇ ਦਿਨ ਬੇੜੇ ਤਾਰਨ ਦੀ ਰਸਮ ਅਦਾ ਕੀਤੀ ਗਈ। ਪੰਜਾਬ ਦੀਆਂ ਮਸ਼ਹੂਰ ਕਵਾਲ ਪਾਰਟੀਆਂ ਬੰਟੀ ਕਵਾਲ, ਕੁਲਦੀਪ ਰੁਹਾਨੀ ਕਵਾਲ, ਰਾਂਝਣ ਅਲੀ ਕਵਾਲ ਤੋਂ ਇਲਾਵਾ ਸੋਨੂੰ-ਮੋਨੂੰ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਦਰਬਾਰ ਤੇ ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਗੱਦੀਨਸ਼ੀਨ ਸਾਈਂ ਚਰਨਜੀਤ ਸ਼ਾਹ ਕਾਦਰੀ ਨੇ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ।



## ਹਨੇਰੇ ਜੀਵਨ 'ਚ ਨਵੀਂ ਰੌਸ਼ਨੀ ਲਿਆਉਂਦਾ ਹੈ ਨੇਤਰਦਾਨ : ਡਾ. ਰਵਜੋਤ

**ਹੁਸ਼ਿਆਰਪੁਰ (ਓ ਪੀ ਰਾਣਾ)** ਆਈ ਡੋਨੇਸ਼ਨ ਐਸੋਸੀਏਸ਼ਨ, ਹੁਸ਼ਿਆਰਪੁਰ ਵੱਲੋਂ ਮਾਡਲ ਟਾਊਨ ਕਲੱਬ ਵਿਖੇ 40ਵਾਂ ਰਾਸ਼ਟਰੀ ਨੇਤਰਦਾਨ ਪੰਦਰਵਾੜਾ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਅੱਖਾਂ ਦਾਨ ਕਰਨ ਵਾਲੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਮਾਜ ਨੂੰ ਇਕ ਪ੍ਰੇਰਨਾਦਾਇਕ ਸੰਦੇਸ਼ ਦਿੱਤਾ ਗਿਆ।ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਆਪਣੇ ਸੰਬੋਧਨ ਵਿਚ ਉਨ੍ਹਾਂ ਕਿਹਾ ਕਿ ਨੇਤਰਦਾਨ ਸਭ ਤੋਂ ਵੱਡਾ ਦਾਨ ਹੈ ਕਿਉਂਕਿ ਇਹ ਲੋੜਵੰਦ ਵਿਅਕਤੀ ਦੇ ਹਨੇਰੇ ਜੀਵਨ ਨੂੰ ਰੋਸ਼ਨੀ ਵਿਚ ਬਦਲ ਦਿੰਦਾ ਹੈ। ਉਨ੍ਹਾਂ ਕਿਹਾ ਕਿ ਮਨੁੱਖ ਆਪਣੇ ਜੀਵਨ ਕਾਲ ਵਿੱਚ ਬਹੁਤ ਸਾਰੇ ਚੰਗੇ ਕੰਮ ਕਰਦਾ ਹੈ, ਪਰ ਮੌਤ ਤੋਂ ਬਾਅਦ ਵੀ ਅੱਖਾਂ ਦਾਨ ਕਰਕੇ ਸਮਾਜ ਦੀ ਸੇਵਾ ਕੀਤੀ ਜਾ ਸਕਦੀ ਹੈ।ਡਾ. ਰਵਜੋਤ ਨੇ ਲੋਕਾਂ ਨੂੰ ਇਸ ਮੁਹਿੰਮ ਵਿਚ ਸ਼ਾਮਲ ਹੋਣ ਅਤੇ ਇਸ ਨੂੰ ਹਰ ਘਰ ਤੱਕ ਫੈਲਾਉਣ ਵਿਚ ਮਦਦ ਕਰਨ ਦੀ ਅਪੀਲ ਕੀਤੀ।ਇਸ ਮੌਕੇ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਅੱਖਾਂ ਦਾਨ ਸਿਰਫ਼ ਇਕ ਸੇਵਾ ਹੀ ਨਹੀਂ ਹੈ ਸਗੋਂ ਇਹ ਜੀਵਨ ਤੋਂ ਬਾਅਦ ਵੀ ਸਮਾਜ ਨਾਲ ਜੁੜੇ ਰਹਿਣ ਦਾ ਸਾਧਨ ਹੈ। ਜਿੰਪਾ ਨੇ ਆਈ ਡੋਨੇਸ਼ਨ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਸਮਾਜ ਲਈ ਪ੍ਰੇਰਨਾ ਸਰੋਤ ਦੱਸਿਆ।ਵਿਸ਼ੇਸ਼ ਮਹਿਮਾਨ ਡਾ. ਸੀਮਾ ਗਰਗ ਕਾਰਜਕਾਰੀ ਸਿਵਲ ਸਰਜਨ, ਹੁਸ਼ਿਆਰਪੁਰ ਨੇ ਕਿਹਾ ਕਿ ਅੱਖਾਂ ਦਾਨ ਦੀ ਮਹੱਤਤਾ ਨੂੰ ਸਮਝਣਾ ਸਮੇਂ ਦੀ ਲੋੜ ਹੈ ਅਤੇ ਹਰ ਵਰਗ ਨੂੰ ਇਸ ਤੋਂ ਜਾਣੂ ਹੋਣਾ ਚਾਹੀਦਾ ਹੈ।




## ਪੰਜਾਬ ਸਰਕਾਰ ਹੜ੍ਹ ਪ੍ਰਭਾਵਿਤ ਲੋਕਾਂ ਦੇ ਨਾਲ ਖੜ੍ਹੀ : ਸੰਤੋਸ਼ ਕਟਾਰੀਆ

**ਬਲਾਚੌਰ (ਜਸਵਿੰਦਰ ਬੈਂਸ)**- ਵਿਧਾਨ ਸਭਾ ਹਲਕਾ ਬਲਾਚੌਰ ਦੇ ਵਿਧਾਇਕ ਸੰਤੋਸ਼ ਕਟਾਰੀਆ ਵੱਲੋਂ ਆਪਣੇ ਹਲਕੇ ਦੇ ਪਿੰਡ ਬੇਲਾ ਤਾਜੋਵਾਲ, ਖੋਜਾ ਬੇਟ, ਔਲੀਆਪੁਰ ਅਤੇ ਹੈਡੋ ਬੇਟ ਬੰਨ ਦਾ ਜਾਇਜ਼ਾ ਲਿਆ ਗਿਆ।ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪਹਿਲਾਂ ਹੀ ਇਹ ਆਦੇਸ਼ ਦਿੱਤੇ ਜਾ ਚੁੱਕੇ ਹਨ ਹੜ੍ਹਾਂ ਕਾਰਨ ਫ਼ਸਲਾਂ ਸਮੇਤ ਹੋਏ ਸਾਰੇ ਨੁਕਸਾਨ ਦਾ ਅਨੁਮਾਨ ਲਗਾਇਆ ਜਾਵੇ।ਉਨ੍ਹਾਂ ਕਿਹਾ ਕਿ ਪਾਣੀ ਘਟਣ ਤੋਂ ਬਾਅਦ ਫ਼ਸਲਾਂ ਦੇ ਨੁਕਸਾਨ ਦਾ ਪਤਾ ਲਗਾਉਣ ਲਈ ਵਿਸ਼ੇਸ਼ ਗਿਰਦਾਵਰੀ ਵੀ ਕਰਵਾਈ ਜਾਵੇਗੀ ਅਤੇ ਕਿਸਾਨਾਂ ਦੀ ਫ਼ਸਲ ਦੇ ਹੋਏ ਨੁਕਸਾਨ ਦੀ ਭਰਪਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਹੜ੍ਹ ਦੇ ਹੋਏ ਨੁਕਸਾਨ ਦੀ ਭਰਪਾਈ ਲਈ ਕੇਂਦਰ ਸਰਕਾਰ ਕੋਲੋਂ ਵੀ ਵਿਸ਼ੇਸ਼ ਪੈਕੇਜ ਦੀ ਮੰਗ ਕੀਤੀ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਕੇਂਦਰ ਸਰਕਾਰ ਪੰਜਾਬ ਦੇ ਕਿਸਾਨਾਂ ਨੂੰ ਨਿਰਾਸ਼ ਨਹੀਂ ਕਰੇਗੀ।ਵਿਧਾਇਕਾ ਨੇ ਕਿਹਾ ਕਿ ਉਹ ਹੜ੍ਹ ਪ੍ਰਭਾਵਿਤ ਲੋਕਾਂ ਦੇ ਨਾਲ ਹਨ ਅਤੇ ਉਨ੍ਹਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ।



9-SEP-PAGE-10.qxd 9/8/2025 10:49 PM Page 1



## ਗੁੰਮਿਆ ਪਰਸ ਮੋੜ ਕੇ ਦਿਖਾਈ ਈਮਾਨਦਾਰੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਹਾਇਕ ਥਾਣੇਦਾਰ ਬਲਦੇਵ ਰਾਜ ਨੇ ਇੱਕ ਵਿਅਕਤੀ ਦਾ ਗੁੰਮਿਆ ਪਰਸ ਮੋੜ ਕੇ ਈਮਾਨਦਾਰੀ ਦੀ ਮਿਸਾਲ ਦਿਖਾਈ। ਸਹਾਇਕ ਥਾਣੇਦਾਰ ਬਲਦੇਵ ਰਾਜ ਨੇ ਦੱਸਿਆ ਕਿ ਉਸ ਨੂੰ ਇੱਕ ਪਰਸ ਡਿੱਗਿਆ ਮਿਲਿਆ ਸੀ, ਜਿਸ ਵਿੱਚ ਕੁਝ ਨਕਦੀ, ਅਧਾਰ ਕਾਰਡ ਤੇ ਦਸਤਾਵੇਜ਼ ਸਨ। ਉਨ੍ਹਾਂ ਵੱਲੋਂ ਅਧਾਰ ਕਾਰਡ ਰਾਹੀਂ ਵਿਅਕਤੀ ਤੱਕ ਪਹੁੰਚ ਕੀਤੀ ਜੋ ਕਿ ਮਨਜੀਤ ਸਿੰਘ ਵਾਸੀ ਸਮਰਾਲਾ ਦਾ ਰਹਿਣ ਵਾਲਾ ਸੀ। ਇਸ ਵਿਅਕਤੀ ਨੂੰ ਗੁੰਮਿਆ ਹੋਇਆ ਉਸ ਦਾ ਪਰਸ, ਨਕਦੀ ਤੇ ਜੋ ਦਸਤਾਵੇਜ਼ ਸਨ, ਸੌਂਪ ਦਿੱਤੇ ਗਏ। ਪਰਸ ਮਿਲਣ 'ਤੇ ਮਨਜੀਤ ਸਿੰਘ ਨੇ ਸਹਾਇਕ ਥਾਣੇਦਾਰ ਬਲਦੇਵ ਰਾਜ ਦਾ ਧੰਨਵਾਦ ਪ੍ਰਗਟਾਇਆ।

## ਵਰਲਡ ਯੂਨੀਵਰਸਿਟੀ ਵਿਖੇ ਰਹਿੰਦ-ਖੂੰਹਦ ਨਿਪਟਾਰੇ ਬਾਰੇ ਜਾਗਰੂਕਤਾ ਸਮਾਗਮ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਖੇਤੀਬਾੜੀ ਵਿਭਾਗ ਨੇ ਕ੍ਰਿਸ਼ੀ ਵਿਗਿਆਨ ਕੇਂਦਰ (ਪੀਏਯੂ) ਫਤਿਹਗੜ੍ਹ ਸਾਹਿਬ ਦੇ ਸਹਿਯੋਗ ਨਾਲ ਵਿਦਿਆਰਥੀਆਂ ਤੇ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਟਿਕਾਊ ਵਿਕਲਪਾਂ ਬਾਰੇ ਸੰਵੇਦਨਸ਼ੀਲ ਬਣਾਉਣ ਲਈ 'ਇਨ-ਸੀਟੂ ਫਸਲ ਰਹਿੰਦ-ਖੂੰਹਦ ਪ੍ਰਬੰਧਨ' 'ਤੇ ਇੱਕ ਵਿਸ਼ੇਸ਼ ਜਾਗਰੂਕਤਾ ਸਮਾਗਮ ਕੀਤਾ।ਪ੍ਰੋਗਰਾਮ ਦਾ ਉਦਘਾਟਨ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਤੇ ਡੀਨ, ਖੇਤੀਬਾੜੀ ਫੈਕਲਟੀ ਦੁਆਰਾ ਕੀਤਾ ਗਿਆ।ਉਨ੍ਹਾਂ ਅਜਿਹੇ ਜਾਗਰੂਕਤਾ ਪ੍ਰੋਗਰਾਮਾਂ ਦੇ ਆਯੋਜਨ ਵਿੱਚ ਖੇਤੀਬਾੜੀ ਵਿਭਾਗ ਤੇ ਕੇਵੀਕੇ ਦੀ ਟੀਮ ਦੇ ਸਹਿਯੋਗੀ ਯਤਨਾਂ ਦੀ ਸ਼ਲਾਘਾ ਕੀਤੀ। ਕੇਵੀਕੇ ਫੈਕਲਟੀ ਮੈਂਬਰ ਡਾ. ਗੀਤ ਵਰਮਾ ਤੇ ਡਾ. ਮਨੀਸ਼ਾ ਭਾਟੀਆ ਨੇ ਇਸ ਮੌਕੇ ਸ਼ਿਰਕਤ ਕੀਤੀ ਤੇ ਕੀਮਤੀ ਸੂਝਾਂ ਸਾਂਝੀਆਂ ਕੀਤੀਆਂ।ਵਿਦਿਆਰਥੀਆਂ ਨੇ ਨਵੀਨਤਾਕਾਰੀ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸਾਂ ਤੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਿਹਤਰ ਬਣਾਉਣ ਤੇ ਵਾਤਾਵਰਣ ਦੀ ਰੱਖਿਆ ਵਿੱਚ ਉਨ੍ਹਾਂ ਦੀ ਭੂਮਿਕਾ 'ਤੇ ਪਾਵਰਪੁਆਇੰਟ ਪੇਸ਼ਕਾਰੀ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਮਾਹਰਾਂ ਨੇ ਇਨ-ਸੀਟੂ ਪ੍ਰਬੰਧਨ ਤਕਨੀਕਾਂ ਦੀ ਮਹੱਤਤਾ 'ਤੇ ਚਾਨਣਾ ਪਾਇਆ।ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਜਸਪ੍ਰੀਤ ਕੌਰ ਨੇ ਦਿੱਲੋਂ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਕੇ.ਵੀ.ਕੇ. ਫਤਿਹਗੜ੍ਹ ਸਾਹਿਬ ਟੀਮ, ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਫੈਕਲਟੀ ਮੈਂਬਰਾਂ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

## ਅਫਵਾਹਾਂ ਤੋਂ ਸਾਵਧਾਨ ਰਹਿਣ ਦੀ ਲੋੜ : ਥਾਣਾ ਮੁਖੀ



**ਬਰੇਟਾ (ਰੀਤਵਾਲ)**-ਚਾਂਦਪੁਰਾ ਬੰਨ੍ਹ 'ਤੇ ਪਾਣੀ ਦਾ ਪੱਧਰ ਵਧਣ ਨੂੰ ਲੈ ਕੇ ਪੁਲਸ ਪ੍ਰਸ਼ਾਸਨ ਅਧਿਕਾਰੀਆਂ ਵੱਲੋਂ ਪਹੁੰਚ ਕੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ।ਮੌਕੇ 'ਤੇ ਪੁੱਜੇ ਥਾਣਾ ਮੁਖੀ ਬਲਦੇਵ ਸਿੰਘ ਬਰੇਟਾ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ, ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ।ਪਾਣੀ ਦਾ ਪੱਧਰ ਜ਼ਰੂਰ ਵਧਿਆ ਹੈ, ਪਰ ਸਾਰੇ ਪ੍ਰਬੰਧ ਮੁਕੰਮਲ ਹਨ, ਇਸਲਈ ਘਬਰਾਉਣ ਦੀ ਕੋਈ ਲੋੜ ਨਹੀਂ ਤੇ ਅਫਵਾਹਾਂ ਤੋਂ ਸਾਵਧਾਨ ਰਹੋ।ਉਨ੍ਹਾਂ ਨੇ ਬੰਨ੍ਹ 'ਤੇ ਕੰਮ ਕਰ ਰਹੀਆਂ ਪੰਚਾਇਤਾਂ, ਸਮਾਜ ਸੇਵੀ ਸੰਸਥਾਵਾਂ, ਖਾਸ ਕਰ ਨੌਜਵਾਨਾਂ ਦਾ ਬਹੁਤ-ਬਹੁਤ ਧੰਨਵਾਦ ਕਰਦਿਆਂ ਕਿਹਾ ਕਿ ਤੁਸੀਂ ਬਹੁਤ ਵਧੀਆ ਕੰਮ ਕਰ ਰਹੇ ਹੋ।ਬਸ ਕੁਝ ਦਿਨ ਹੋਰ ਇਸ ਤਰ੍ਹਾਂ ਡਟੇ ਰਹੋ ਆਪਣੀ ਸਭ ਦੀ ਮਿਹਨਤ ਜ਼ਰੂਰ ਰੰਗ ਲਿਆਵੇਗੀ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਬੰਨ੍ਹ ਦੇ ਨਾਲ ਲੱਗਦੇ ਪਿੰਡ ਵਾਸੀਆਂ ਨੂੰ ਪਾਣੀ ਨਾਲ ਸਬੰਧਤ ਕਿਸੇ ਪ੍ਰਕਾਰ ਦੀ ਐਮਰਜੈਂਸੀ ਸਮੱਸਿਆ ਆਉਂਦੀ ਹੈ ਤਾਂ ਸਾਡੀ ਪੁਲਸ ਟੀਮ ਨਾਲ ਤੁਰੰਤ ਸੰਪਰਕ ਕਰ ਸਕਦੇ ਹੋ।

## ਸਮਾਜ ਸੇਵੀ ਨੌਜਵਾਨਾਂ ਨੇ ਸੜਕ 'ਤੇ ਪਏ ਟੋਇਆਂ 'ਚ ਲਗਾਈਆਂ ਟਾਇਲਾਂ



**ਧੂਰੀ (ਮਨੋਹਰ ਸਿੰਘ ਸੱਗੂ)**-ਇਲਾਕੇ 'ਚ ਪਈ ਭਾਰੀ ਬਰਸਾਤ ਕਾਰਨ ਸ਼ਹਿਰ ਦੀਆਂ ਬਹੁਤੀਆਂ ਸੜਕਾਂ ਦੀ ਹੋਈ ਟੁੱਟ ਭੱਜ ਅਤੇ ਟੋਏ ਪੈਣ ਨਾਲ ਲੰਘਣ ਵਾਲਿਆਂ ਨੂੰ ਦਰਪੇਸ਼ ਦਿੱਕਤਾਂ ਨੂੰ ਦੇਖਦਿਆਂ ਕਈ ਥਾਈਂ ਲੋਕਾਂ ਨੂੰ ਆਪਣੇ ਤੌਰ 'ਤੇ ਟੋਏ ਭਰਨ ਲਈ ਮਜਬੂਰ ਹੋਣਾ ਪਿਆ। ਦੱਸਣਯੋਗ ਹੈ ਕਿ ਪਿਛਲੇ ਦਿਨਾਂ 'ਚ ਲਗਾਤਾਰ ਪਈ ਭਾਰੀ ਬਰਸਾਤ ਕਾਰਨ ਜਿੱਥੇ ਸ਼ਹਿਰ ਦੀਆਂ ਗਲੀਆਂ ਤੇ ਮੁਹੱਲਿਆਂ 'ਚ ਬਰਸਾਤੀ ਪਾਣੀ ਭਰਨ ਦੀ ਸਮੱਸਿਆ ਕਾਰਨ ਲੋਕਾਂ ਨੂੰ ਮੁਸ਼ਕਲਾਂ ਝੱਲਣ ਲਈ ਮਜਬੂਰ ਹੋਣਾ ਪਿਆ, ਉਥੇ ਸੜਕਾਂ 'ਤੇ ਭਾਰੀ ਮਾਤਰਾ ਵਿੱਚ ਬਰਸਾਤੀ ਪਾਣੀ ਖੜਨ ਕਾਰਨ ਸ਼ਹਿਰ ਦੀਆਂ ਬਹੁਤੀਆਂ ਸੜਕਾਂ ਦੀ ਹਾਲਤ ਖਸਤਾ ਹੋ ਗਈ ਹੈ ਤੇ ਬਰਸਾਤੀ ਪਾਣੀ ਦੀ ਮਾਰ ਨਾਲ ਸੜਕਾਂ 'ਤੇ ਪਈ ਲੁੱਕ ਨਿਕਲਣ ਕਾਰਨ ਬੱਜਰੀ ਨਿੱਕਲ ਕੇ ਸੜਕਾਂ ਗਲੀਆਂ ਦਾ ਰੂਪ ਧਾਰਨ ਕਰ ਚੁੱਕੀਆਂ ਹਨ ਤੇ ਸੜਕਾਂ 'ਤੇ ਟੋਏ ਪੈ ਗਏ ਹਨ, ਜਿਸ ਕਾਰਨ ਜਿੱਥੇ ਲੰਘਣ ਵਾਲਿਆਂ ਨੂੰ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਉਥੇ ਸੜਕ 'ਤੇ ਪਏ ਟੋਇਆਂ ਕਾਰਨ ਹਾਦਸੇ ਵਾਪਰਨ ਦਾ ਖਦਸ਼ਾ ਵੀ ਬਣਿਆ ਹੋਇਆ ਸੀ। ਅਜਿਹੀ ਸਥਿਤੀ ਨੂੰ ਦੇਖਦਿਆਂ ਸੰਗਰੂਰ-ਲੁਧਿਆਣਾ ਸੜਕ 'ਤੇ ਸ਼ਹਿਰ ਅੰਦਰ ਗੁਰਦੁਆਰਾ ਨਾਨਕਸਰ ਕੋਲ ਓਵਰ ਬਰਿੱਜ ਦੀ ਚੜ੍ਹਾਈ ਨੇੜਿਓਂ ਬਰਸਾਤੀ ਪਾਣੀ ਕਾਰਨ ਸੜਕ 'ਤੇ ਪਏ ਟੋਇਆਂ ਨੂੰ ਸਮਾਜ ਸੇਵੀ ਸੁਖਵੀਰ ਸਿੰਘ ਸੋਢੀ ਨੇ ਆਪਣੇ ਸਾਥੀਆਂ ਦੀ ਮਦਦ ਨਾਲ ਆਪ ਟਾਈਲਾਂ ਲਗਾ ਕੇ ਭਰਨ ਦੀ ਮੁਹਿੰਮ ਵਿੱਢ ਕਰਨ ਲਈ ਮਜਬੂਰ ਹੋਣਾ ਪਿਆ ਜਦ ਇਸ ਨੌਜਵਾਨ ਦੇ ਸਮਾਜ ਸੇਵੀ ਉੱਦਮ ਦੀ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ।

## ਵਜੀਦਕੇ ਕਲਾਂ 'ਚ ਤਿੰਨ ਥਾਵਾਂ 'ਤੇ ਡਿੱਗੀ ਅਸਮਾਨੀ ਬਿਜਲੀ, ਨੁਕਸਾਨ ਤੋਂ ਬਚਾਅ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰੀ ਬਰਸਾਤ ਦੌਰਾਨ ਪਿੰਡ ਵਜੀਦਕੇ ਕਲਾਂ (ਬਰਨਾਲਾ) 'ਚ ਸ਼ਾਮ ਚਾਰ ਵਜੇ ਦੇ ਕਰੀਬ ਭਾਰੀ ਮੀਂਹ ਦੌਰਾਨ ਗਰਜ ਕੇ ਅਸਮਾਨੀ ਬਿਜਲੀ ਤਿੰਨ ਥਾਵਾਂ 'ਤੇ ਡਿੱਗਣ ਕਾਰਨ ਲੋਕਾਂ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਜਾਣਕਾਰੀ ਅਨੁਸਾਰ ਖੁਸ਼ਕਿਸਮਤੀ ਨਾਲ ਕਿਸੇ ਜਾਨੀ, ਮਾਲੀ ਨੁਕਸਾਨ ਤੋਂ ਬਚਾਅ ਹੋ ਗਿਆ।ਗੁਰਚਰਨ ਸਿੰਘ ਪੁੱਤਰ ਮੇਹਰ ਸਿੰਘ ਦੇ ਘਰ ਬਿਜਲੀ ਡਿੱਗਣ ਨਾਲ ਘਰ 'ਚ ਲੱਗਿਆ ਐਲੋ ਦਾ ਦਰੱਖਤ ਵਿਚਕਾਰੋਂ ਪਾਟ ਗਿਆ, ਜਦ ਕਿ ਪਿਆਰਾ ਸਿੰਘ ਪੁੱਤਰ ਪ੍ਰਕਾਸ਼ ਸਿੰਘ ਦੇ ਘਰ ਲੱਗਾ ਨਿੰਮ ਦਾ ਡਾਹਣਾ ਟੁੱਟ ਕੇ ਡਿੱਗ ਗਿਆ।ਇਸ ਤੋਂ ਇਲਾਵਾ ਸਾਬਕਾ ਸਰਪੰਚ ਦੇ ਘਰ ਦੇ ਨੇੜੇ ਬਿਜਲੀ ਸਪਲਾਈ ਦੇ ਟਰਾਂਸਫਾਰਮਰ 'ਤੇ ਬਿਜਲੀ ਡਿੱਗਣ ਨਾਲ ਜ਼ੋਰਦਾਰ ਧਮਾਕਾ ਹੋਇਆ, ਨਾਲ ਹੀ ਸਾਰੇ ਪਿੰਡ ਦੀ ਬਿਜਲੀ ਸਪਲਾਈ ਠੱਪ ਹੋ ਗਈ।ਪੀੜਤਾਂ ਨੇ ਦੱਸਿਆ ਕਿ ਸ਼ਾਮ ਚਾਰ ਵਜੇ ਦੇ ਕਰੀਬ ਤੇਜ਼ ਬਾਰਸ਼ ਦੌਰਾਨ ਅਚਾਨਕ ਬਿਜਲੀ ਡਿੱਗਣ ਨਾਲ ਭਾਰੀ ਖੜਕਾ ਹੋਇਆ ਕਿ ਘਰ ਦੇ ਬੂਹੇ ਤੇ ਖਿੜਕੀਆਂ ਹਿੱਲ ਗਈਆਂ।ਸਾਬਕਾ ਸਰਪੰਚ ਦੇ ਘਰ ਨੇੜੇ ਟਰਾਂਸਫਾਰਮਰ 'ਤੇ ਬਿਜਲੀ ਡਿੱਗਣ ਵੇਲੇ ਇੱਕ ਚਿੱਟੇ ਰੰਗ ਦੀ ਲਕੀਰ ਵਰਗੀ ਤਾਰ ਆਈ, ਜੋ ਸਿੱਧਾ ਟਰਾਂਸਫਾਰਮਰ ਨਾਲ ਟਕਰਾ ਗਈ।ਉਨ੍ਹਾਂ ਕਿਹਾ ਕਿ ਕੁਦਰਤੀ ਲੋਕ ਉਸ ਵੇਲੇ ਘਰਾਂ ਅੰਦਰ ਸਨ, ਨਹੀਂ ਤਾਂ ਕੋਈ ਵੱਡਾ ਜਾਨੀ ਨੁਕਸਾਨ ਵੀ ਹੋ ਸਕਦਾ ਸੀ।

## ਭਾਰਤੀਯ ਅੰਬੇਡਕਰ ਮਿਸ਼ਨ ਕਰੇਗੀ ਲੋੜਵੰਦ ਲੜਕੀਆਂ ਦੇ ਵਿਆਹ, ਪਰਵਾਰ 25 ਸਤੰਬਰ ਤੱਕ ਕਰਨ ਸੰਪਰਕ : ਕਾਂਗੜਾ



**ਸੰਗਰੂਰ (ਪ੍ਰਵੀਨ ਸਿੰਘ)**-ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਭਗਵਾਨ ਵਾਲਮੀਕਿ ਪ੍ਰਗਟ ਦਿਵਸ ਮੌਕੇ 7 ਅਕਤੂਬਰ 2025 ਨੂੰ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਕਰਵਾਉਣ ਦਾ ਫੈਸਲਾ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮਿਸ਼ਨ ਦੇ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਨੇ ਕਿਹਾ ਕਿ ਮਿਸ਼ਨ ਵੱਲੋਂ ਪਿਛਲੇ 27 ਸਾਲਾਂ ਤੋਂ ਪੰਜਾਬ ਸਣੇ ਦੇਸ਼ ਦੇ ਹੋਰ ਵੱਖ ਵੱਖ ਸੂਬਿਆਂ ਅੰਦਰ ਹਰ ਪੱਧਰ ਤੋਂ ਉੱਪਰ ਉੱਠ ਕੇ ਸਮਾਜ ਸੇਵਾ ਦੇ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਿਸ਼ਨ ਵੱਲੋਂ ਇਸ ਤੋਂ ਪਹਿਲਾਂ ਵੀ 17 ਲੋੜਵੰਦ ਲੜਕੀਆਂ ਦੇ ਵਿਆਹ ਮੌਕੇ ਹਰ ਤਰ੍ਹਾਂ ਨਾਲ ਮਦਦ ਕੀਤੀ ਗਈ ਹੈ।ਉਸੇ ਲੜੀ ਤਹਿਤ ਹੀ ਆਉਂਣ ਵਾਲੀ 7 ਅਕਤੂਬਰ 2025 ਨੂੰ ਭਗਵਾਨ ਵਾਲਮੀਕਿ ਪ੍ਰਗਟ ਦਿਵਸ ਮੌਕੇ ਲੋੜਵੰਦ ਲੜਕੀਆਂ ਦੇ ਵਿਆਹ ਕੀਤੇ ਜਾਣਗੇ।ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਲੜਕੀ ਕਿਸੇ ਵੀ ਵਰਗ ਨਾਲ ਸਬੰਧਤ ਹੋ ਸਕਦੀ ਹੈ, ਕੋਈ ਜਾਤੀ ਬੰਧਨ ਨਹੀਂ ਹੈ।ਕੌਮੀ ਪ੍ਰਧਾਨ ਨੇ ਇਹ ਵੀ ਕਿਹਾ ਕਿ ਲੜਕੀ ਦੇ ਪਰਵਾਰ ਵੱਲੋਂ ਲੜਕੀ ਦਾ ਰਿਸ਼ਤਾ ਖੁਦ ਹੀ ਤਹਿ ਕੀਤਾ ਜਾਵੇਗਾ, ਮਿਸ਼ਨ ਵੱਲੋਂ ਸਿਰਫ਼ ਵਿਆਹ 'ਤੇ ਆਉਣ ਵਾਲਾ ਖ਼ਰਚਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋੜਵੰਦ ਪਰਵਾਰ ਲੜਕੀਆਂ ਦੇ ਵਿਆਹ ਲਈ 25 ਸਤੰਬਰ 2025 ਤੱਕ ਅਤੇ ਇਸ ਨੇਕ ਕਾਰਜ ਵਿੱਚ ਹਰ ਪੱਖੋਂ ਆਪਣਾ ਯੋਗਦਾਨ ਪਾਉਣ ਲਈ ਦਾਨੀ ਸੱਜਣ ਵੀ ਮਿਸ਼ਨ ਦੇ ਕਿਸੇ ਵੀ ਸਾਥੀ ਨਾਲ ਜਾਂ ਮੋਬਾਇਲ ਨੰਬਰ 94784-86000,91154-60789,92168-00926 ਅਤੇ 73476-48952 'ਤੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ 25 ਸਤੰਬਰ ਤੋਂ ਬਾਅਦ ਕਿਸੇ ਵੀ ਪਰਵਾਰ ਦੀ ਲੜਕੀ ਦਾ ਨਾਮ ਇਸ ਵਿਆਹ ਸਮਾਗਮ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ। ਇਸ ਮੌਕੇ ਸ੍ਰੀ ਦਰਸ਼ਨ ਕਾਂਗੜਾ ਨਾਲ ਹੋਰ ਵੀ ਆਗੂ ਹਾਜ਼ਰ ਸਨ।

# ਘੱਗਰ ਸੰਬੰਧੀ ਸੰਭਾਵੀ ਹੜ੍ਹਾਂ ਦੇ ਟਾਕਰੇ ਲਈ ਪੰਜਾਬ ਸਰਕਾਰ ਨੇ ਦਿਨ-ਰਾਤ ਇੱਕ ਕੀਤਾ : ਬਰਿੰਦਰ ਗੋਇਲ

### ਮਕਰੌੜ ਸਾਹਿਬ ਪੁਲ ਤੇ ਮੂਨਕ ਵਿਖੇ ਟੋਹਾਣਾ ਪੁਲ 'ਤੇ ਵੱਖ-ਵੱਖ ਪਿੰਡਾਂ ਦੇ ਲੋਕਾਂ ਨਾਲ ਕੀਤੀ ਮੁਲਾਕਾਤ



**ਮੂਨਕ (ਰਾਜਪਾਲ ਸਿੰਗਲਾ)**-ਕੈਬਨਿਟ ਮੰਤਬੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਐਤਵਾਰ ਮਕਰੌੜ ਸਾਹਿਬ ਪੁਲ ਤੇ ਮੂਨਕ ਵਿਖੇ ਟੋਹਾਣਾ ਪੁਲ 'ਤੇ ਘੱਗਰ ਦਰਿਆ ਦੇ ਖੇਤਰ ਵਾਲੇ ਪਿੰਡਾਂ ਚਾਂਦੂ, ਕੁੰਦਨੀ, ਸੁਰਜਨ ਭੈਣੀ, ਰਾਮਪੁਰ ਗੁਜਰਾਂ, ਫੂਲਦ, ਰਾਜਰ ਹੇੜੀ, ਡੂਡੀਆਂ ਸਮੇਤ ਵੱਖ-ਵੱਖ ਪਿੰਡਾਂ ਦੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਮੌਜੂਦਾ ਹਾਲਾਤ ਦੌਰਾਨ ਪਿੰਡਾਂ ਦੇ ਲੋਕਾਂ ਵੱਲੋਂ ਘੱਗਰ ਦਰਿਆ ਦੇ ਕੰਢਿਆਂ ਦੀ ਮਜ਼ਬੂਤੀ ਲਈ ਦਿੱਤੇ ਜਾ ਰਹੇ ਸਹਿਯੋਗ ਲਈ ਧੰਨਵਾਦ ਕੀਤਾ।ਸ੍ਰੀ ਗੋਇਲ ਨੇ ਕਿਸੇ ਵੀ ਕਿਸਮ ਦੇ ਹਾਲਾਤ ਦੇ ਟਾਕਰੇ ਲਈ ਹਰ ਲੋੜੀਂਦੀ ਚੀਜ਼ ਮੁਹੱਈਆ ਕੀਤੇ ਜਾਣ ਦਾ ਭਰੋਸਾ ਦਿੱਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਘੱਗਰ ਸਬੰਧੀ ਸੰਭਾਵੀ ਹੜ੍ਹਾਂ ਦੇ ਹਾਲਾਤ ਦੇ ਟਾਕਰੇ ਲਈ ਦਿਨ-ਰਾਤ ਕੰਮ ਕੀਤਾ ਜਾ ਰਿਹਾ ਹੈ ਤੇ ਕਿਸੇ ਵੀ ਕਿਸਮ ਦੀ ਕਸਰ ਨਹੀਂ ਛੱਡੀ ਜਾ ਰਹੀ।ਕੱਲ੍ਹ ਰਾਤ ਵੀ ਉਹ ਖੁਦ ਘੱਗਰ ਦਰਿਆ ਦੇ ਕੰਢਿਆਂ ਦਾ ਵੱਖ-ਵੱਖ ਥਾਂਵਾਂ 'ਤੇ ਜਾਇਜ਼ਾ ਲੈਂਦੇ ਰਹੇ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਮਿੱਟੀ ਤੇ ਰੇਤੇ ਦੀਆਂ ਬੋਰੀਆਂ ਭਰਨ ਤੇ ਜੰਬੋ ਬੈਗ ਤਿਆਰ ਕਰਨ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ ਤੇ ਲੋੜ ਮੁਤਾਬਕ ਬੋਰੀਆਂ ਦੀ ਵਰਤੋਂ ਕੀਤੀ ਜਾ ਰਹੀ ਹੈ।ਲੋੜੀਂਦੇ ਜਾਲ ਵੀ ਮੌਜੂਦ ਹਨ।ਇਸ ਦੇ ਨਾਲ-ਨਾਲ ਜੇ.ਸੀ.ਬੀ. ਮਸ਼ੀਨਾਂ ਸਮੇਤ ਸਾਰੀਆਂ ਲੋੜੀਂਦੀਆਂ ਮਸ਼ੀਨਾਂ ਤਿਆਰ ਰੱਖੀਆਂ ਹੋਈਆਂ ਹਨ।ਕਿਸੇ ਵੀ ਕਿਸਮ ਦੇ ਹਾਲਾਤ ਦੇ ਟਾਕਰੇ ਹਿੱਤ ਵੱਖ-ਵੱਖ ਰਾਹਤ ਕੈਂਪ ਤਿਆਰ ਕੀਤੇ ਗਏ ਹਨ ਅਤੇ ਪਸ਼ੂਆਂ ਲਈ ਇਵੈਕੁਏਸ਼ਨ ਸੈਂਟਰ ਤੈਅ ਕੀਤੇ ਗਏ ਹਨ।ਸੰਭਾਵੀ ਤੌਰ ਉੱਤੇ ਪ੍ਰਭਾਵਿਤ ਹੋ ਸਕਣ ਵਾਲੇ ਪਿੰਡਾਂ ਦੇ ਲੋਕਾਂ ਲਈ ਰਾਸ਼ਨ ਤੇ ਮੈਡੀਕਲ ਸਹੂਲਤਾਂ ਦਾ ਢੁੱਕਵਾਂ ਪ੍ਰਬੰਧ ਕੀਤਾ ਗਿਆ ਹੈ।ਇਸ ਦੇ ਨਾਲ ਨਾਲ ਪਸ਼ੂਆਂ ਲਈ ਹਰੇ ਚਾਰੇ ਤੇ ਦਵਾਈਆਂ ਦਾ ਵੀ ਢੁੱਕਵਾਂ ਪ੍ਰਬੰਧ ਹੈ। ਲੋੜੀਂਦੀਆਂ ਕਿਸ਼ਤੀਆਂ ਤੇ ਗੋਤਾਖੋਰ ਵੀ ਤਿਆਰ ਬਰ ਤਿਆਰ ਹਨ।ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ 24 ਘੰਟੇ ਮੂਨਕ ਖੇਤਰ ਵਿੱਚ ਮੌਜੂਦ ਹਨ ਤੇ ਸਾਰੀਆਂ ਸਬੰਧਤ ਧਿਰਾਂ ਵੱਲੋਂ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਈ ਜਾ ਰਹੀ ਹੈ।

ਸ੍ਰੀ ਗੋਇਲ ਨੇ ਕਿਹਾ ਕਿ ਇਸ ਕੁਦਰਤੀ ਸੰਕਟ ਦੀ ਘੜੀ ਨੂੰ ਇੱਕ ਦੂਜੇ ਦੇ ਸਹਿਯੋਗ ਸਦਕਾ ਹੀ ਮਜ਼ਬੂਤੀ ਨਾਲ ਲੰਘਾਇਆ ਜਾ ਸਕਦਾ ਹੈ।ਇਸ ਲਈ ਹਰ ਇਨਸਾਨ ਨੂੰ ਇਸ ਔਖੀ ਘੜੀ ਵਿੱਚ ਇੱਕ ਦੂਜੇ ਦੀ ਬਾਂਹ ਫੜਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਤਰ੍ਹਾਂ ਦੇ ਹਾਲਾਤ ਦੇ ਟਾਕਰੇ ਹਿੱਤ ਪੂਰੇ ਪ੍ਰਬੰਧ ਕੀਤੇ ਗਏ ਹਨ ਅਤੇ ਕਿਸੇ ਵੀ ਹਾਲਾਤ ਵਿੱਚ ਲੋਕਾਂ ਨੂੰ ਹਰ ਸੰਭਵ ਸਹਾਇਤਾ ਮੁਹੱਈਆ ਕਰਵਾਉਣ ਅਤੇ ਕਿਸੇ ਵੀ ਕਿਸਮ ਦੀ ਦਿੱਕਤ ਨਾ ਆਉਣ ਦੇਣ ਲਈ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ।ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਖੋ-ਵੱਖ ਪਿੰਡਾਂ ਦੇ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਬਾਰਸ਼ ਨਾਲ ਹੋਏ ਨੁਕਸਾਨ ਦੀ ਤਾਜ਼ਾ ਰਿਪੋਰਟ ਰਾਜਾ ਵੜਿੰਗ ਨੂੰ ਸੌਂਪੀ ਜਾਵੇਗੀ : ਮੌੜ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਹਲਕਾ ਮਹਿਲ ਕਲਾਂ ਦੇ ਵੱਖ ਵੱਖ ਪਿੰਡਾਂ 'ਚ ਲਗਾਤਾਰ ਬਾਰਸ਼ ਨਾਲ ਹੋਏ ਭਾਰੀ ਨੁਕਸਾਨ ਦੀ ਤਾਜ਼ਾ ਰਿਪੋਰਟ ਤਿਆਰ ਕਰਕੇ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਮੈਂਬਰ ਪਾਰਲੀਮੈਂਟ ਨੂੰ ਸੌਂਪੀ ਜਾਵੇਗੀ, ਤਾਂ ਜੋ ਕੇਂਦਰ ਤੇ ਰਾਜ ਸਰਕਾਰ ਤੋਂ ਪੀੜਤ ਕਿਸਾਨਾਂ ਤੇ ਮਜ਼ਦੂਰਾਂ ਨੂੰ ਬਣਦਾ ਮੁਆਵਜ਼ਾ ਦਿਵਾਇਆ ਜਾ ਸਕੇ।ਇਹ ਜਾਣਕਾਰੀ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਮੌੜ ਨੇ ਪਿੰਡ ਰਾਏਸਰ ਪੰਜਾਬ (ਬਰਨਾਲਾ) ਵਿਖੇ ਮੀਂਹ ਨਾਲ ਢਹਿ ਗਏ ਘਰਾਂ ਤੇ ਪ੍ਰਭਾਵਿਤ ਪਰਵਾਰਾਂ ਨੂੰ ਮਿਲਣ ਤੋਂ ਬਾਅਦ ਗੱਲਬਾਤ ਦੌਰਾਨ ਦਿੱਤੀ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਚਾਹੀਦਾ ਸੀ ਕਿ ਹੜ੍ਹਾਂ ਨਾਲ ਘਿਰੇ ਲੋਕਾਂ ਦੀ ਤੁਰੰਤ ਸਾਰ ਲਈ ਜਾਵੇ, ਪਰ ਹਕੀਕਤ ਵਿੱਚ ਰਾਜ ਤੇ ਕੇਂਦਰ ਸਰਕਾਰ ਸਿਰਫ਼ ਬਿਆਨਬਾਜ਼ੀ ਤੱਕ ਹੀ ਸੀਮਤ ਹਨ।ਉਨ੍ਹਾਂ ਦੱਸਿਆ ਕਿ ਫਸਲਾਂ ਡੁੱਬ ਗਈਆਂ ਹਨ, ਕਿਸਾਨਾਂ, ਮਜ਼ਦੂਰਾਂ ਦੇ ਘਰ ਢਹਿ ਗਏ ਤੇ ਕੀਮਤੀ ਪਸ਼ੂ ਮੌਤ ਦੇ ਮੂੰਹ ਚਲੇ ਗਏ ਹਨ।ਹੁਣ ਗੰਭੀਰ ਬੀਮਾਰੀਆਂ ਫੈਲਣ ਦਾ ਖਤਰਾ ਬਣ ਗਿਆ ਹੈ।ਮੌੜ ਨੇ ਦਾਅਵਾ ਕੀਤਾ ਕਿ ਕਾਂਗਰਸ ਪਾਰਟੀ ਵੱਲੋਂ ਪੰਜਾਬ ਭਰ ਵਿੱਚ ਟੀਮਾਂ ਬਣਾ ਕੇ ਕਿਸਾਨਾਂ ਤੇ ਮਜ਼ਦੂਰਾਂ ਦੇ ਨੁਕਸਾਨ ਦਾ ਅੰਦਾਜ਼ਾ ਲਗਾਇਆ ਜਾ ਰਿਹਾ ਹੈ।ਇਹ ਬਿਪਤਾ ਦੀ ਘੜੀ ਸਮੇਂ ਪੰਜਾਬ ਦੇ ਹੜ੍ਹ ਪੀੜਤ ਪਰਵਾਰਾਂ ਦੇ ਨਾਲ ਖੜ੍ਹ ਕੇ ਯੋਗ ਆਰਥਿਕ ਮਦਦ ਦੁਆਉਣੀ ਸਾਡੀ ਜ਼ਿੰਮੇਵਾਰੀ ਹੈ।ਇਸ ਮੌਕੇ ਆਗੂ ਮੌੜ ਨੇ ਡਿਪਟੀ ਕਮਿਸ਼ਨਰ ਬਰਨਾਲਾ ਪਾਸੋਂ ਮੰਗ ਕੀਤੀ ਕਿ ਪ੍ਰਭਾਵਿਤ ਪਰਵਾਰਾਂ ਦੀ ਤੁਰੰਤ ਸਾਰ ਲੈ ਕੇ ਯੋਗ ਆਰਥਿਕ ਮਦਦ ਦਿੱਤੀ ਜਾਵੇ, ਤਾਂ ਜੋ ਕੁਝ ਰਾਹਤ ਮਿਲ ਸਕੇ।ਇਸ ਮੌਕੇ ਜਗਰੂਪ ਸਿੰਘ ਰਾਏਸਰ, ਜੋਸ਼ੀ ਸਿੰਘ, ਕਰਮ ਸਿੰਘ, ਜਸਵਿੰਦਰ ਸਿੰਘ, ਸੇਵਕ ਸਿੰਘ, ਭੋਲਾ ਸਿੰਘ, ਬਲਜਿੰਦਰ ਸਿੰਘ, ਬਲਜੀਤ ਸਿੰਘ, ਮਨਜੀਤ ਸਿੰਘ, ਲਾਭ ਕੌਰ, ਬਲਜੀਤ ਕੌਰ ਹਾਜ਼ਰ ਸਨ।

## 4 ਕਿੱਲੋ 400 ਗ੍ਰਾਮ ਅਫ਼ੀਮ ਸਮੇਤ ਦੋ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-4 ਕਿੱਲੋ 400 ਗ੍ਰਾਮ ਅਫ਼ੀਮ ਸਮੇਤ ਦੋ ਵਿਅਕਤੀਆਂ ਨੂੰ ਸੀ.ਆਈ.ਏ. ਸਰਹਿੰਦ ਵੱਲੋਂ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਮੁਖਬਰੀ ਮਿਲੀ ਸੀ ਕਿ ਮੰਡੀ ਗੋਬਿੰਦਗੜ੍ਹ ਦੇ ਸ਼ਾਂਤੀ ਨਗਰ ਇਲਾਕੇ 'ਚ ਕੁਲਵਿੰਦਰ ਪਾਲ ਉਰਫ ਵਿੱਕੀ ਨਾਮਕ ਵਿਅਕਤੀ ਅਫ਼ੀਮ ਵੇਚਣ ਦਾ ਧੰਦਾ ਕਰ ਰਿਹਾ ਹੈ।ਮਿਲੀ ਸੂਚਨਾ ਦੇ ਅਧਾਰ 'ਤੇ ਕਾਰਵਾਈ ਕਰਦੇ ਹੋਏ ਸਬ-ਇੰਸਪੈਕਟਰ ਸਤਵਿੰਦਰ ਸਿੰਘ ਦੀ ਅਗਵਾਈ ਵਾਲੀ ਸੀ.ਆਈ.ਏ. ਦੀ ਟੀਮ ਵੱਲੋਂ ਕੁਲਵਿੰਦਰ ਪਾਲ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ 'ਚੋਂ 2 ਕਿੱਲੋ ਅਫ਼ੀਮ ਬਰਾਮਦ ਕੀਤੀ।ਇਸ ਸਬੰਧੀ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਅ/ਧ 18 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਕੁਲਵਿੰਦਰ ਪਾਲ ਉਰਫ ਵਿੱਕੀ ਨੂੰ ਗ੍ਰਿਫ਼ਤਾਰ ਕਰਕੇ ਕੀਤੀ ਗਈ ਪੁੱਛਗਿੱਛ ਦੌਰਾਨ ਮਿਲੀ ਇਨਪੁਟ ਦੇ ਅਧਾਰ 'ਤੇ ਮੁਕੱਦਮੇ 'ਚ ਨਾਮਜ਼ਦ ਕੀਤੇ ਗਏ ਵਿਕਰਮਜੀਤ ਸਿੰਘ ਵਾਸੀ ਪਿੰਡ ਜ਼ਾਫਰਾਬਾਦ (ਮਲੇਰਕੋਟਲਾ) ਨੂੰ ਪੁਲਸ ਨੇ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ, ਜਿਸ ਦੇ ਕਬਜ਼ੇ 'ਚੋਂ 2 ਕਿੱਲੋ 400 ਗ੍ਰਾਮ ਅਫ਼ੀਮ ਬਰਾਮਦ ਹੋਣ ਦੀ ਸੂਚਨਾ ਹੈ।ਮਾਮਲੇ ਦੀ ਤਫਤੀਸ਼ ਜਾਰੀ ਹੈ।

## ਕਿਸਾਨ ਆਗੂ ਮਨਜੀਤ ਸਿੰਘ ਨਿਆਲ ਦੇ ਪਿਤਾ ਨਮਿਤ ਸ਼ਰਧਾਂਜਲੀ ਸਮਾਰੋਹ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੂਬਾਈ ਆਗੂ ਮਨਜੀਤ ਸਿੰਘ ਨਿਆਲ ਦੇ ਪਿਤਾ ਦਰਸ਼ਨ ਸਿੰਘ ਰੇਡੂ ਨਮਿੱਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ ਸਥਾਨਕ ਸ਼ਿਵ ਮੰਦਿਰ ਦੇ ਸਿਓਵੰਤੀ ਹਾਲ ਹਾਲ ਵਿਖੇ ਹੋਇਆ।ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਉਨ੍ਹਾਂ ਦੇ ਗ੍ਰਹਿ ਪਿੰਡ ਨਿਆਲ ਵਿਖੇ ਪਾਇਆ ਗਿਆ।ਸ਼ਰਧਾਂਜਲੀ ਸਮਾਰੋਹ ਦੌਰਾਨ ਰਾਗੀ ਜਥੇ ਨੇ ਹਾਜ਼ਰ ਸੰਗਤਾਂ ਨੂੰ ਵੈਰਾਗਮਈ ਕੀਰਤਨ ਰਾਹੀਂ ਗੁਰਬਾਣੀ ਨਾਲ ਜੋੜਿਆ। ਸ਼ਰਧਾਂਜਲੀ ਸਮਾਧ ਦੌਰਾਨ ਵੱਖ ਵੱਖ ਰਾਜਨੀਤਕ, ਧਾਰਮਿਕ ਤੇ ਸਮਾਜਿਕ ਸ਼ਖਸੀਅਤਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਸ਼ਮੂਲੀਅਤ ਕਰਕੇ ਪਰਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ।ਸ਼ਰਧਾਂਜਲੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਕਿਸਾਨ ਮਜ਼ਦੂਰ ਸੰਘਰਸ਼ ਮੋਰਚਾ ਦੇ ਆਗੂ ਸਰਵਨ ਸਿੰਘ ਪੰਧੇਰ ਨੇ ਕਿਹਾ ਕਿ ਬਾਪੂ ਜੀ ਦੇ ਜੀਵਨ ਤੋਂ ਸਾਨੂੰ ਸਾਰਿਆਂ ਨੂੰ ਸੇਧ ਲੈ ਕੇ ਆਪਣੇ ਬੱਚਿਆਂ ਨੂੰ ਸੰਘਰਸ਼ਾਂ ਦੇ ਪਿੜਾਂ ਵਿੱਚ ਆਉਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਬਾਪੂ ਦਰਸ਼ਨ ਸਿੰਘ ਨੇ ਕਿਰਤੀ ਪਰਵਾਰ ਵਿੱਚ ਜਨਮ ਲਿਆ ਤੇ ਜਿਸ ਕਿਰਤ ਨੂੰ ਬਾਬਾ ਗੁਰੂ ਨਾਨਕ ਦੇਵ ਜੀ ਨੇ ਸਭ ਤੋਂ ਉੱਤਮ ਦੱਸਿਆ, ਸਾਰੀ ਜ਼ਿੰਦਗੀ ਉਸ ਕਿੱਤੇ ਨੂੰ ਅਪਣਾਉਂਦੇ ਹੋਏ ਜਿੱਥੇ ਆਪਣੇ ਪਰਵਾਰ ਦਾ ਪਾਲਣ ਪੋਸ਼ਣ ਕੀਤਾ, ਉਥੇ ਪੂਰੇ ਮੁਲਕ ਦਾ ਅਨਾਜ ਪੱਖੋਂ ਢਿੱਡ ਭਰਨ ਵਿੱਚ ਵੀ ਰੋਲ ਅਦਾ ਕੀਤਾ। ਬੀਕੇਯੂ ਏਕਤਾ ਆਜ਼ਾਦ ਦੇ ਸੂਬਾਈ ਆਗੂ ਜਸਵਿੰਦਰ ਸਿੰਘ ਲੌਂਗੋਵਾਲ ਨੇ ਕਿਹਾ ਕਿ ਸਿੱਖੀ ਸਿਧਾਂਤਾਂ ਅਨੁਸਾਰ ਚਲਦਿਆਂ ਉਨ੍ਹਾਂ ਆਪਣੇ ਪਰਵਾਰ ਨੂੰ ਲੋਕ ਹਿੱਤਾਂ ਵਾਸਤੇ ਚੱਲ ਰਹੇ ਕਿਸਾਨੀ ਸੰਘਰਸ਼ਾਂ ਵਿੱਚ ਤੋਰਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਹਰਭਜਨ ਸਿੰਘ ਬੁੱਟਰ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ, ਅਕਾਲੀ ਦਲ ਦੇ ਹਲਕਾ ਇੰਚਾਰਜ ਕਬੀਰ ਦਾਸ, ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਮੈਨ ਮਹਿੰਦਰ ਸਿੰਘ ਲਾਲਵਾ, ਪ੍ਰਵਾਸੀ ਪੰਜਾਬੀ ਸਮਾਜ ਸੇਵੀ ਸੁਖਦੇਵ ਸਿੰਘ ਬੈਲਜੀਅਮ, ਹਰਪ੍ਰੀਤ ਸਿੰਘ ਹਰੀਕਾ, ਪਰਮਜੀਤ ਸਿੰਘ ਪੰਨੂ, ਸੂਬਾ ਆਗੂ ਦਿਲਬਾਗ ਸਿੰਘ ਹਰੀਗੜ੍ਹ, ਕਰਨੈਲ ਸਿੰਘ ਲੰਘ, ਗੁਰਦੇਵ ਸਿੰਘ ਕੱਦੂ ਗੱਜੂ ਮਾਜਰਾ, ਸ਼ਹੀਦ ਭਗਤ ਸਿੰਘ ਕਿਸਾਨ ਯੂਨੀਅਨ ਦੇ ਅਮਰਜੀਤ ਸਿੰਘ ਮੋੜੀ, ਬਲਾਕ ਪ੍ਰਧਾਨ ਮਨਦੀਪ ਸਿੰਘ ਭੂਤਗੜ੍ਹ ਤੇ ਅਮਰਿੰਦਰ ਸਿੰਘ ਘੱਗਾ ਆਦਿ ਹਾਜ਼ਰ ਸਨ।

## ਗਣੇਸ਼ ਮਹਾਂਉਤਸਵ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

### ਸ਼ੋਭਾ ਯਾਤਰਾ 'ਚ ਅਕਾਲੀ ਤੇ ਭਾਜਪਾ ਆਗੂਆਂ ਵੱਲੋਂ ਸ਼ਿਰਕਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ੍ਰੀ ਦੁਰਗਾ ਸ਼ਕਤੀ ਮੰਦਰ ਹਾਲ ਵਿੱਚ ਗਣਪਤੀ ਸੇਵਾ ਸੰਮਤੀ ਮਾਛੀਵਾੜਾ ਵੱਲੋਂ 13ਵਾਂ ਗਣੇਸ਼ ਮਹਾਂਉਤਸਵ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਲਗਾਤਾਰ 10 ਦਿਨ ਮੰਦਰ ਹਾਲ ਵਿੱਚ ਸ੍ਰੀ ਗਣੇਸ਼ ਜੀ ਦੀ ਪੂਜਾ ਅਰਚਨਾ ਕੀਤੀ ਗਈ ਤੇ ਇੱਕ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਗਈ। ਸ਼ੋਭਾ ਯਾਤਰਾ ਵਿੱਚ ਗਣੇਸ਼ ਜੀ ਦੀ ਪਵਿੱਤਰ ਮੂਰਤੀ ਨੂੰ ਸੁੰਦਰ ਪਾਲਕੀ ਵਿੱਚ ਸਜ਼ਾ ਕੇ ਸਰਹਿੰਦ ਨਹਿਰ ਕਿਨਾਰੇ ਲਿਜਾਇਆ ਗਿਆ, ਜਿੱਥੇ ਵਿਸਰਜਨ ਕਰ ਦਿੱਤਾ ਗਿਆ। ਸ਼ੋਭਾ ਯਾਤਰਾ ਵਿੱਚ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਤੇ ਭਾਜਪਾ ਤੋਂ ਨੌਜਵਾਨ ਆਗੂ ਨਿਸ਼ੂ ਸ਼ਰਮਾ ਨੇ ਸ਼ਮੂਲੀਅਤ ਕੀਤੀ। ਉਕਤ ਆਗੂਆਂ ਨੇ ਭਗਵਾਨ ਸ੍ਰੀ ਗਣੇਸ਼ ਜੀ ਦਾ ਆਸ਼ੀਰਵਾਦ ਲਿਆ ਤੇ ਪਵਿੱਤਰ ਦਿਹਾੜੇ ਦੀ ਲੋਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਗਣਪਤੀ ਸੇਵਾ ਸੰਮਤੀ ਵੱਲੋਂ ਹਰੇਕ ਸਾਲ ਇਹ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ, ਜਿਸ ਕਾਰਨ ਸਾਰਾ ਇਲਾਕਾ ਧਾਰਮਿਕ ਰੰਗ ਵਿੱਚ ਰੰਗਿਆ ਜਾਂਦਾ ਹੈ। ਇਸ ਮੌਕੇ ਗਣਪਤੀ ਸੇਵਾ ਸੰਮਤੀ ਦੇ ਅਹੁਦੇਦਾਰ ਵਿਕਾਸ ਮਿੱਤਲ, ਐਡਵੋਕੇਟ ਰੋਬਿਨ ਲੂਥਰਾ, ਐਡਵੋਕੇਟ ਨਿਤਿਸ਼ ਕੁੰਦਰਾ, ਸੰਨੀ ਗਰੋਵਰ, ਟੋਨੀ ਗਰੋਵਰ, ਜਤਿਨ ਸ਼ਰਮਾ, ਅੰਕੁਸ਼ ਗਰਗ, ਜੋਏ ਭੂਗੜਾ, ਅਮਿਤ ਨਰੂਲਾ, ਹਰਸ਼ ਵਾਸਨ, ਸੁਮਿਤ ਨਰੂਲਾ, ਰਮਨ ਟਕਿਆਰ, ਰੌਬੀ ਮਲਹੋਤਰਾ, ਭਿੰਦਰ ਜਾਂਗੜਾ, ਕਾਲਾ ਪਾਹਵਾ, ਗੌਰਵ ਪਾਹਵਾ, ਮਹਿੰਦਰਪਾਲ ਗਰਗ, ਰਿੰਕੂ ਜਾਂਗੜਾ ਮੌਜੂਦ ਸਨ।

## ਹੜ੍ਹਾਂ ਦੇ ਦਿਨਾਂ 'ਚ ਚੋਣ ਕਮਿਸ਼ਨ ਨੂੰ ਯਾਦ ਆਏ ਆਪਣੇ ਕੰਮ !

**ਸੰਗਰੂਰ (ਪ੍ਰਵੀਨ ਸਿੰਘ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ, ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਸੁਖਵਿੰਦਰ ਗਿਰ ਤੇ ਜਨਰਲ ਸਕੱਤਰ ਅਮਨ ਵਸ਼ਿਸ਼ਟ ਨੇ ਪੰਜਾਬ ਦੇ ਜ਼ਿਲ੍ਹਾ ਚੋਣਕਾਰ ਅਫ਼ਸਰਾਂ ਵੱਲੋਂ ਸਮੂਹ ਬੀ ਐੱਲ ਓ ਨੂੰ ਇੱਕ ਦਿਨ ਵਿੱਚ ਡਾਟਾ ਇਕੱਤਰ ਕਰਕੇ ਦੇਣ ਦੇ ਹੁਕਮਾਂ ਦੀ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਇਸ ਕੰਮ ਲਈ ਵੱਧ ਤੋਂ ਵੱਧ ਸਮਾਂ ਦਿੱਤਾ ਜਾਵੇ।ਉਨ੍ਹਾਂ ਕਿਹਾ ਕਿ ਜਦੋਂ ਪੰਜਾਬ ਦੇ ਅਨੇਕਾਂ ਖੇਤਰਾਂ ਵਿੱਚ ਭਿਆਨਕ ਹੜ੍ਹ ਆਏ ਹੋਏ ਹਨ, ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੂਰੇ ਪੰਜਾਬ ਵਿੱਚ ਡਿਪਟੀ ਕਮਿਸ਼ਨਰਾਂ-ਕਮ-ਜ਼ਿਲ੍ਹਾ ਚੋਣਕਾਰ ਅਫ਼ਸਰਾਂ ਦੇ ਆਦੇਸ਼ਾਂ ਸਪੈਸ਼ਲ ਇੰਟੈਨਸਿਵ ਰਵੀਜ਼ਨ ਤਹਿਤ ਅਹਿਮ ਸੂਚਨਾਵਾਂ ਇਕੱਠੀਆਂ ਕਰਕੇ 8 ਸਤੰਬਰ ਤੱਕ ਜਮ੍ਹਾਂ ਕਰਾਉਣ ਦੇ ਹੁਕਮ ਚਾੜ੍ਹੇ ਜਾ ਰਹੇ ਹਨ।ਇਹ ਸੂਚਨਾਵਾਂ 2003 ਦੀਆਂ ਵੋਟਰ ਸੂਚੀਆਂ ਦਾ 2025 ਦੀਆਂ ਸੂਚੀਆਂ ਨਾਲ ਮਿਲਾਣ ਕਰਕੇ ਬੀ ਐੱਲ ਓ ਰਾਹੀਂ ਇਕੱਤਰ ਕੀਤੀ ਜਾਣੀ ਹੈ।ਇਸ ਕੰਮ ਸਬੰਧੀ 10 ਸਤੰਬਰ ਨੂੰ ਭਾਰਤ ਚੋਣ ਕਮਿਸ਼ਨ ਵੱਲੋਂ ਕਾਨਫਰੰਸ ਰੱਖੀ ਹੋਈ ਹੈ।ਇਸ ਲਈ ਜ਼ਿਲ੍ਹਾ ਚੋਣਕਾਰ ਅਫ਼ਸਰਾਂ ਵੱਲੋਂ ਬੀ ਐੱਲ ਓ 'ਤੇ ਦਬਾਅ ਬਣਾਇਆ ਜਾ ਰਿਹਾ ਹੈ ਕਿ ਉਹ 8 ਸਤੰਬਰ ਤੋਂ ਪਹਿਲਾਂ ਪਹਿਲਾਂ ਲੋੜੀਂਦੀਆਂ ਜਾਣਕਾਰੀਆਂ ਉਪਲਬਧ ਕਰਾਉਣ, ਪਰ ਐਨੇ ਥੋੜ੍ਹੇ ਸਮੇਂ ਵਿੱਚ ਇਹ ਜਾਣਕਾਰੀ ਉਪਲਬਧ ਕਰਾਉਣਾ ਔਖਾ ਕੰਮ ਹੈ।ਇਸ ਲਈ ਡੀ ਟੀ ਐੱਫ ਦੇ ਆਗੂਆਂ ਨੇ ਮੰਗ ਕੀਤੀ ਕਿ ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਚੋਣ ਸੂਚੀਆਂ ਦੇ ਮਿਲਾਣ ਦਾ ਕੰਮ ਕੁਝ ਸਮੇਂ ਲਈ ਪੋਸਟਪੋਨ ਕੀਤਾ ਜਾਣਾ ਚਾਹੀਦਾ ਸੀ ਜਾਂ ਘੱਟੋ ਘੱਟ ਇੱਕ ਹਫ਼ਤੇ ਦਾ ਸਮਾਂ ਦਿੱਤਾ ਜਾਵੇ।

## ਅਧਿਆਪਕ ਦਿਵਸ ਨੂੰ ਸਮਰਪਤ ਸੱਤਵੇਂ ਸਨਮਾਨ ਸਮਾਰੋਹ ਦਾ ਆਯੋਜਨ

### ਸਿੱਖਿਆ ਦੇ ਖੇਤਰ 'ਚ ਪ੍ਰਾਪਤੀਆਂ ਕਰਨ ਵਾਲੇ 40 ਅਧਿਆਪਕਾਂ ਦਾ ਸਨਮਾਨ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**

ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਪਟਿਆਲਾ ਵੱਲੋਂ ਬੰਗ ਮੀਡੀਆ ਹਾਲ ਪਟਿਆਲਾ ਵਿਖੇ ਅਧਿਆਪਕ ਦਿਵਸ ਨੂੰ ਸਮਰਪਤ ਸੱਤਵਾਂ ਸਨਮਾਨ ਸਮਾਰੋਹ ਕਰਵਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਆਫ਼ ਐਮੀਨੈਂਸ ਫ਼ੀਲਖ਼ਾਨਾ ਪਟਿਆਲਾ ਦੇ ਸੰਗੀਤ ਅਧਿਆਪਕ ਪਰਗਟ ਸਿੰਘ ਦੀ ਅਗਵਾਈ ਵਿੱਚ ਵਿਦਿਆਰਥੀ ਹਰਮਨ ਸਿੰਘ ਨੇ ਸ਼ਬਦ ਗਾਇਨ ਕਰ ਕੇ ਕੀਤੀ।ਇਸ ਮੌਕੇ ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਧਿਆਪਕ ਦਿਵਸ ਦਾ ਮੁੱਖ ਮਕਸਦ ਦੇਸ਼ ਦੇ ਮਹਾਨ ਅਧਿਆਪਕ ਤੇ ਪਹਿਲੇ ਉਪ-ਰਾਸ਼ਟਰਪਤੀ ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਦੀਆਂ ਸਿੱਖਿਆਵਾਂ ਨੂੰ ਯਾਦ ਕਰਨਾ ਹੈ ਅਤੇ ਸਮਾਜ ਵਿੱਚ ਅਧਿਆਪਕਾਂ ਪ੍ਰਤੀ ਸਤਿਕਾਰ ਤੇ ਪਿਆਰ ਦੀ ਭਾਵਨਾ ਉਜਾਗਰ ਕਰਨ ਲਈ ਜਾਗਰੂਕਤਾ ਪੈਦਾ ਕਰਨਾ ਹੈ।ਟਰੱਸਟ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਟਰੱਸਟ ਵੱਲੋਂ ਕੀਤੇ ਜਾਂਦੇ ਸਮਾਜ ਸੇਵਾ ਦੇ ਕਾਰਜਾਂ 'ਤੇ ਚਾਨਣਾ ਪਾਇਆ। ਇਸ ਮੌਕੇ ਮੁੱਖ ਮਹਿਮਾਨ ਸ੍. ਚਰਨ ਸਿੰਘ, ਮੈਨੇਜਿੰਗ ਡਾਇਰੈਕਟਰ ਮਲਕੀਤ ਐਗਰੋ ਇੰਡਸਟਰੀਜ਼ ਤੇ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਪਟਿਆਲਾ ਮੈਡਮ ਸੁਰਿੰਦਰ ਕੌਰ ਵਰਮਾ ਨੇ ਸਾਂਝੇ ਤੌਰ 'ਤੇ ਸੰਬੋਧਨ ਕਰਦਿਆਂ ਕਿਹਾ ਕਿ ਅਧਿਆਪਕ ਦਾ ਕਰਮ ਮਹਿਜ਼ ਅੱਖਰ ਗਿਆਨ ਦੇਣਾ ਹੀ ਨਹੀਂ, ਸਗੋਂ ਉਹ ਵਿਦਿਆਰਥੀ ਦੇ ਜੀਵਨ ਦਾ ਸੱਚਾ ਸਾਥੀ, ਮਾਰਗ ਦਰਸ਼ਕ ਤੇ ਪ੍ਰੇਰਕ ਹੁੰਦਾ ਹੈ।ਇਸ ਮੌਕੇ ਮੁੱਖ ਮਹਿਮਾਨ ਪ੍ਰਸਿੱਧ ਸਮਾਜ ਸੇਵਕ ਭਗਵਾਨ ਦਾਸ ਗੁਪਤਾ, ਯੁਵਕ ਭਲਾਈ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਡਾਇਰੈਕਟਰ ਡਾ. ਭੀਮ ਇੰਦਰ ਸਿੰਘ ਤੇ ਯੂਨੀਵਰਸਿਟੀ ਆਫ਼ ਕੈਲੀਫੋਰਨੀਆ ਨਾਰਥ ਅਮਰੀਕਾ ਦੇ ਪੰਜਾਬੀ ਵਿਸ਼ੇ ਦੇ ਪ੍ਰੋਫੈਸਰ ਡਾ. ਕੁਲਦੀਪ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਧਿਆਪਕ ਦਿਵਸ ਸਾਡੇ ਅਧਿਆਪਕਾਂ ਦੀ ਮਹਾਨਤਾ, ਉਨ੍ਹਾਂ ਦੀ ਸਮਰਪਣ ਭਾਵਨਾ ਤੇ ਸਮਾਜ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਨੂੰ ਵਡਿਆਉਣ ਦਾ ਦਿਨ ਹੈ।ਇਸ ਮੌਕੇ ਮੁੱਖ ਮਹਿਮਾਨ ਈ.ਐੱਨ.ਟੀ. ਮਾਹਰ ਡਾ. ਬਰਜਿੰਦਰ ਸਿੰਘ ਸੋਹਲ ਤੇ ਰੋਟੇਰੀਅਨ ਪ੍ਰਮੋਦ ਗੁਪਤਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਧਿਆਪਕ ਇੱਕ ਅਜਿਹੀ ਮਸ਼ਾਲ ਹੈ, ਜੋ ਸਮਾਜ ਨੂੰ ਅੰਧਕਾਰ ਤੋਂ ਉਜਾਲੇ ਵੱਲ ਲੈ ਕੇ ਜਾਂਦੀ ਹੈ।ਇੱਕ ਚੰਗਾ ਅਧਿਆਪਕ ਹਮੇਸ਼ਾ ਆਪਣੇ ਵਿਦਿਆਰਥੀਆਂ ਲਈ ਪ੍ਰੇਰਨਾਦਾਇਕ ਸਿਰਜਣਹਾਰਾ ਬਣਿਆ ਰਹਿੰਦਾ ਹੈ। ਇਸ ਮੌਕੇ ਸਰਕਾਰੀ ਮਾਡਲ ਟਾਊਨ ਸਕੂਲ ਦੇ ਪ੍ਰਿੰਸੀਪਲ ਨਰੇਸ਼ ਕੁਮਾਰੀ ਜੈਨ, ਸਾਬਕਾ ਪ੍ਰਿੰਸੀਪਲ ਅਜੀਤ ਸਿੰਘ ਭੱਟੀ ਤੇ ਅਰਬਨ ਅਸਟੇਟ ਫੇਜ਼ ਦੋ ਦੇ ਪ੍ਰਧਾਨ ਰਣਜੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਧਿਆਪਕ ਵਧੇਰੇ ਚੇਤੰਨ, ਸੰਵੇਦਨਸ਼ੀਲ ਤੇ ਰੌਸ਼ਨ ਦਿਮਾਗ ਹੁੰਦੇ ਹਨ।

ਸਾਰੇ ਮਹਿਮਾਨਾਂ ਨੇ ਟਰੱਸਟ ਵੱਲੋਂ ਅਧਿਆਪਕਾਂ ਦੇ ਸਨਮਾਨ ਵਿੱਚ ਰੱਖੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ।ਇਸ ਮੌਕੇ ਟਰੱਸਟ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਪ੍ਰਾਪਤੀਆਂ ਕਰਨ ਵਾਲੇ 40 ਅਧਿਆਪਕਾਂ ਦਾ ਸਨਮਾਨ ਕੀਤਾ ਗਿਆ। ਟਰੱਸਟ ਵੱਲੋਂ ਸਮੂਹ ਮੁੱਖ ਮਹਿਮਾਨਾਂ ਦਾ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨ ਕੀਤਾ ਗਿਆ।ਸਟੇਜ ਸਕੱਤਰ ਦੀ ਜ਼ਿੰਮੇਵਾਰੀ ਟਰੱਸਟ ਦੇ ਖਜ਼ਾਨਚੀ ਨਰਿੰਦਰਪਾਲ ਸਿੰਘ ਤੇ ਮੈਂਬਰ ਮੈਡਮ ਗੁਰਪ੍ਰੀਤ ਕੌਰ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਟਰੱਸਟ ਮੈਂਬਰਜ਼ ਮੈਡਮ ਰਿੰਕੂ ਮੋਦਗਿੱਲ, ਮੈਡਮ ਕਿਰਨ ਸ਼ਰਮਾ, ਦੀਪਕ ਭਾਰਦਵਾਜ, ਕੁਲਵਿੰਦਰ ਸਿੰਘ, ਅਮਰਿੰਦਰ ਸਿੰਘ, ਮੈਡਮ ਪ੍ਰਿਯੰਕਾ ਸ਼ਰਮਾ, ਮੈਡਮ ਹਰਵਿੰਦਰ ਕੌਰ, ਮੈਡਮ ਪਰਮਜੀਤ ਕੌਰ ਤੇ ਮੈਡਮ ਸੁਮਨ ਗੋਇਲ ਤੇ ਸਨਮਾਨਯੋਗ ਸ਼ਖਸੀਅਤਾਂ ਦੇ ਪਰਿਵਾਰਕ ਮੈਂਬਰ ਹਾਜ਼ਰ ਸਨ।ਅੰਤ ਵਿੱਚ ਟਰੱਸਟ ਵੱਲੋਂ ਸਾਰਿਆਂ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ।

## ਡੇਢ ਮਹੀਨੇ ਗੁੰਮ ਨੌਜਵਾਨ ਦੀ ਅਜੇ ਤੱਕ ਨਹੀਂ ਮਿਲੀ ਕੋਈ ਉੱਘ-ਸੁੱਘ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕਸਬਾ ਮਹਿਲ ਕਲਾਂ (ਬਰਨਾਲਾ) ਨਾਲ ਸਬੰਧਤ ਇਕ ਨੌਜਵਾਨ ਭੇਦਭਰੀ ਹਾਲਤ 'ਚ ਗੁੰਮ ਹੋਣ ਤੋਂ ਬਾਅਦ ਕਰੀਬ ਡੇਢ ਮਹੀਨਾ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਕੋਈ ਵੀ ਸੁਰਾਗ ਨਹੀਂ ਮਿਲਿਆ।ਨੌਜਵਾਨ ਦੇ ਪਿਤਾ ਅਵਤਾਰ ਸਿੰਘ ਮਹਿਲ ਕਲਾਂ ਨੇ ਦੱਸਿਆ ਕਿ ਉਸ ਦਾ 22 ਸਾਲਾ ਨੌਜਵਾਨ ਲੜਕਾ ਸੁਖਵਿੰਦਰ ਸਿੰਘ ਲੰਘੀ 30 ਜੁਲਾਈ ਨੂੰ ਅਚਾਨਕ ਲਾਪਤਾ ਹੋ ਗਿਆ।ਇਸ ਸਬੰਧੀ ਉਨ੍ਹਾਂ ਵੱਖ-ਵੱਖ ਧਾਰਮਿਕ ਅਸਥਾਨਾਂ ਤੇ ਰਿਸ਼ਤੇਦਾਰਾਂ ਕੋਲ ਭਾਲ ਕੀਤੀ, ਪਰ ਅੱਜ ਤੱਕ ਕੋਈ ਥਹੁ-ਪਤਾ ਨਹੀਂ ਲੱਗਿਆ।ਉਨ੍ਹਾਂ ਦਾ ਪਰਵਾਰ ਇਸ ਸਮੇਂ ਗੰਭੀਰ ਮਾਨਸਿਕ ਪ੍ਰੇਸ਼ਾਨੀ 'ਚੋਂ ਲੰਘ ਰਿਹਾ ਹੈ।ਇਸ ਸਬੰਧੀ ਪੀੜਤ ਪਰਵਾਰ ਵੱਲੋਂ 2 ਅਗਸਤ ਨੂੰ ਪੁਲਸ ਥਾਣਾ ਮਹਿਲ ਕਲਾਂ ਵਿਖੇ ਇਤਲਾਹ ਦਿੱਤੀ ਗਈ ਸੀ, ਪਰ ਪੁਲਸ ਵੀ ਉਨ੍ਹਾਂ ਦੇ ਨੌਜਵਾਨ ਪੁੱਤਰ ਨੂੰ ਲੱਭਣ 'ਚ ਅਸਫ਼ਲ ਰਹੀ ਹੈ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਮੇਰੇ ਲੜਕੇ ਸੁਖਵਿੰਦਰ ਸਿੰਘ ਦੀ ਭਾਲ ਕਰਨ 'ਚ ਉਨ੍ਹਾਂ ਦੀ ਮਦਦ ਕੀਤੀ ਜਾਵੇ।ਇਸ ਸੰਬੰਧੀ ਐੱਸ.ਐੱਚ.ਓ. ਮਹਿਲ ਕਲਾਂ ਸ਼ੇਰਵਿੰਦਰ ਸਿੰਘ ਔਲਖ ਨੇ ਕਿਹਾ ਕਿ ਉਹ ਉਕਤ ਨੌਜਵਾਨ ਦੇ ਮੋਬਾਇਲ ਦੀ ਲੋਕੇਸ਼ਨ ਤੇ ਸੀ.ਡੀ.ਆਰ. ਰਿਪੋਰਟ ਮੰਗਵਾ ਕੇ ਜਾਂਚ ਕਰ ਚੁੱਕੇ ਹਨ, ਪਰ ਕੋਈ ਸੁਰਾਗ ਨਹੀਂ ਮਿਲਿਆ।ਇਸ ਤੋਂ ਇਲਾਵਾ ਵੱਖ-ਵੱਖ ਥਾਵਾਂ 'ਤੇ ਲੱਗੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਵੀ ਦੇਖੀ ਜਾ ਚੁੱਕੀ ਹੈ।ਇਸ ਮਾਮਲੇ 'ਚ ਪੁਲਸ ਆਪਣਾ ਕੰਮ ਪੂਰੀ ਮੁਸਤੈਦੀ ਨਾਲ ਕਰ ਰਹੀ ਹੈ, ਛੇਤੀ ਹੀ ਕਿਸੇ ਸਿੱਟੇ 'ਤੇ ਪਹੁੰਚ ਜਾਵੇਗੀ।

## ਸ੍ਰੀ ਸ਼ਿਵ ਧਰਮਸ਼ਾਲਾ ਸਾਲਾਸਰ ਧਾਮ ਦਾ ਨਿਰਮਾਣ ਜਲਦ : ਗਰਗ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ੍ਰੀ ਸ਼ਿਵ ਧਰਮਸ਼ਾਲਾ ਸਾਲਾਸਰ ਧਾਮ ਵਿਖੇ ਯਾਤਰੀਆਂ ਦੀ ਸਹੂਲਤ ਲਈ ਦਾਨੀਆਂ ਦੇ ਸਹਿਯੋਗ ਨਾਲ ਧਰਮਸ਼ਾਲਾ ਬਣਾਈ ਜਾਵੇਗੀ, ਜਿਸ ਲਈ 50 ਫੁੱਟ ਚੌੜੀ 120 ਫੁੱਟ ਲੰਬਾਈ ਵਾਲੀ ਜਗ੍ਹਾ ਖਰੀਦ ਕਰ ਲਈ ਹੈ, ਜਿਸ 'ਤੇ ਬਾਬਾ ਜੀ ਦਾ ਝੰਡਾ ਵੀ ਲਗਾਇਆ ਗਿਆ ਹੈ, ਜਿਸ ਦਾ ਜਲਦੀ ਹੀ ਨਿਰਮਾਣ ਕੀਤਾ ਜਾਵੇਗਾ।ਸ੍ਰੀ ਸ਼ਿਵ ਮੰਦਰ ਪ੍ਰਬੰਧਕ ਕਮੇਟੀ ਬਾਘਾ ਪੁਰਾਣਾ ਦੇ ਪ੍ਰਧਾਨ ਬਲਵਿੰਦਰ ਗਰਗ, ਵਾਇਸ ਪ੍ਰਧਾਨ ਸੰਦੀਪ ਗੋਇਲ, ਅਸ਼ਵਨੀ ਸ਼ਰਮਾ ਡਾਇਰੈਕਟਰ, ਤੀਰਥ ਬਾਂਸਲ, ਰਾਕੇਸ਼ ਜਿੰਦਲ ਤੋਤਾ, ਗੌਰਵ ਖੁਰਾਣਾ ਡੀਵਾਈਨ ਦਸਤਾਰ ਵਾਲੇ, ਰੋਸ਼ਨ ਲਾਲ ਰੋਸ਼ੀ ਸਟੇਜ ਸੈਕਟਰੀ ਨੇ ਦੱਸਿਆ ਕਿ ਦਾਨੀਆਂ ਦੇ ਸਹਿਯੋਗ ਨਾਲ ਧਰਮਸ਼ਾਲਾ ਵਿੱਚ ਕਮਰੇ, ਹਾਲ, ਪਾਰਕਿੰਗ ਤੇ ਕੰਟੀਨ ਦਾ ਸ਼ਾਨਦਾਰ ਪ੍ਰਬੰਧ ਕੀਤਾ ਜਾਵੇਗਾ ਤੇ ਯਾਤਰੀਆਂ ਲਈ ਵਧੇਰੇ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਬਾਬਾ ਜੀ ਦੇ ਅਸ਼ੀਰਵਾਦ ਨਾਲ ਦਾਨੀਆਂ ਵੱਲੋਂ ਦਿੱਤਾ ਗਿਆ ਇੱਕ ਇੱਕ ਪੈਸਾ ਯਾਤਰੀਆਂ ਦੀ ਸਹੂਲਤ ਲਈ ਖਰਚ ਕੀਤਾ ਜਾ ਰਿਹਾ ਹੈ।ਦਾਨੀ ਸੱਜਣਾਂ ਨੂੰ ਵੱਧ ਤੋਂ ਵੱਧ ਅਪਣੀ ਨੇਕ ਕਮਾਈ ਵਿੱਚੋਂ ਦਾਨ ਰਾਸ਼ੀ ਨਿਰਮਾਣ ਵਾਸਤੇ ਦਾਨ ਕਰਨੀ ਚਾਹੀਦੀ ਹੈ ਤਾਂ ਕਿ ਵੱਧ ਤੋਂ ਵੱਧ ਸਹੂਲਤਾਂ ਦਿੱਤੀਆਂ ਜਾ ਸਕਣ।ਉਨ੍ਹਾਂ ਦੱਸਿਆ ਕਿ ਸ੍ਰੀ ਸਾਲਾਸਰ ਵਿਖੇ ਯਾਤਰੀਆਂ ਲਈ ਧਰਮਸ਼ਾਲਾ ਬਣਾਉਣ ਦੀ ਇੱਛਾ ਸੀ, ਜਿਸ ਨੂੰ ਬਾਬਾ ਜੀ ਦੇ ਅਸ਼ੀਰਵਾਦ ਨਾਲ ਪੂਰਾ ਕੀਤਾ।ਧਰਮਸ਼ਾਲਾ ਬਣਨ 'ਤੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਪ੍ਰਧਾਨ ਪਵਨ ਗੁਪਤਾ, ਵਿਜੇ ਸ਼ਰਮਾ, ਸ੍ਰੀ ਰਾਮਲੀਲ੍ਹਾ ਉਤਸਵ ਕਮੇਟੀ ਦੇ ਪ੍ਰਧਾਨ ਦੀਪਕ ਬੌਬੀ, ਸ੍ਰੀ ਸਾਲਾਸਰ ਸੇਵਾ ਮੰਡਲ ਦੇ ਪ੍ਰਧਾਨ ਵਿਜੇ ਗੁਪਤਾ, ਸ੍ਰੀ ਗਣਪਤੀ ਸੇਵਾ ਮੰਡਲ ਦੇ ਪ੍ਰਧਾਨ ਸੁਖਜੀਵਨ ਭਗਤੂ, ਟੀਟੂ ਗਰਗ, ਕਿਸ਼ਨ ਗਰਗ, ਸੋਨੀ ਗਰਗ ਲੋਹੇ ਵਾਲੇ, ਅਰੁਣ ਬਾਂਸਲ, ਬਿਮਲ ਗੋਇਲ, ਮੋਹਿਤ ਸਿੰਗਲਾ ਪ੍ਰਧਾਨ, ਅਸ਼ੋਕ ਗੋਇਲ, ਕੇਵਲ ਗੋਇਲ, ਵਿਜੇ ਬੰਟੀ ਜਿੰਦਲ, ਨਰੇਸ਼ ਜੈਦਕਾ, ਮਨੋਜ ਗੋਇਲ ਸੈਕਟਰੀ, ਬਿਮਲ ਗੋਇਲ, ਰਜਿੰਦਰ ਗੋਇਲ, ਸੰਨੀ ਜਿੰਦਲ ਤੇ ਸ਼ਹਿਰ ਨਿਵਾਸੀਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਧਾਈ ਦਿੱਤੀ।

## ਪੈਟਰੋਲੀਅਮ ਐਸੋਸੀਏਸ਼ਨ ਵੱਲੋਂ 1.50 ਲੱਖ ਦੀ ਸਹਾਇਤਾ ਰਾਸ਼ੀ ਮੁੱਖ ਮੰਤਰੀ ਰਾਹਤ ਫੰਡ 'ਚ ਦਾਨ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜ਼ਾ)**-ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਸਮਾਜਿਕ ਜ਼ਿੰਮੇਵਾਰੀ ਨਿਭਾਉਂਦਿਆਂ ਪੈਟਰੋਲੀਅਮ ਐਸੋਸੀਏਸ਼ਨ ਫ਼ਰੀਦਕੋਟ ਨੇ 1.50 ਲੱਖ ਰੁਪਏ ਦੀ ਰਕਮ ਮੁੱਖ ਮੰਤਰੀ ਰਾਹਤ ਫੰਡ ਲਈ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੂੰ ਸੌਂਪੀ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਐਸੋਸੀਏਸ਼ਨ ਦੇ ਮੈਂਬਰਾਂ ਦੀ ਇਸ ਸਮਾਜ-ਸੇਵਾ ਤੇ ਮਨੁੱਖਤਾ-ਪ੍ਰੇਰਿਤ ਉਪਰਾਲੇ ਦੀ ਸਰਾਹਨਾ ਕੀਤੀ।ਉਨ੍ਹਾਂ ਕਿਹਾ ਕਿ ਹੜ੍ਹ ਵਰਗੀਆਂ ਕੁਦਰਤੀ ਆਫ਼ਤਾਂ ਦੇ ਸਮੇਂ ਸਮਾਜ ਦੇ ਵੱਖ-ਵੱਖ ਵਰਗਾਂ ਵੱਲੋਂ ਦਿੱਤਾ ਗਿਆ ਯੋਗਦਾਨ ਬੇਹੱਦ ਕੀਮਤੀ ਹੁੰਦਾ ਹੈ।ਇਹ ਰਕਮ ਸਿਰਫ਼ ਇਕ ਦਾਨ ਨਹੀਂ, ਸਗੋਂ ਉਨ੍ਹਾਂ ਪਰਵਾਰਾਂ ਲਈ ਨਵੀਂ ਉਮੀਦ ਦੀ ਕਿਰਨ ਹੈ, ਜਿਹੜੇ ਹੜ੍ਹ ਕਾਰਨ ਘਰ-ਬਾਰ, ਰੋਜ਼ਗਾਰ ਤੇ ਰੁਜ਼ਗਾਰ, ਖੇਤੀਬਾੜੀ ਆਦਿ ਦਾ ਵੱਡੀ ਪੱਧਰ 'ਤੇ ਨੁਕਸਾਨ ਹੋਇਆ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਰਕਮ ਰਾਹੀਂ ਪ੍ਰਸ਼ਾਸਨ ਨੂੰ ਹੜ੍ਹ ਪੀੜਤ ਪਰਵਾਰਾਂ ਤੱਕ ਜ਼ਰੂਰੀ ਸਹਾਇਤਾ, ਖਾਦ-ਸਪਲਾਈ, ਕੱਪੜੇ, ਦਵਾਈਆਂ ਤੇ ਅਸਥਾਈ ਰਿਹਾਇਸ਼ ਮੁਹੱਈਆ ਕਰਵਾਉਣ ਆਦਿ ਦੇ ਯਤਨਾਂ ਨੂੰ ਹੋਰ ਮਜ਼ਬੂਤੀ ਮਿਲੇਗੀ।ਉਨ੍ਹਾਂ ਸਾਰੀਆਂ ਸਮਾਜਿਕ ਸੰਸਥਾਵਾਂ, ਉਦਯੋਗਪਤੀਆਂ ਤੇ ਵਪਾਰੀ ਵਰਗ ਨੂੰ ਵੀ ਅਪੀਲ ਕੀਤੀ ਕਿ ਇਸ ਮੁਸ਼ਕਲ ਦੀ ਘੜੀ ਵਿੱਚ ਅੱਗੇ ਆ ਕੇ ਮਨੁੱਖਤਾ ਦੀ ਮੱਦਦ ਕਰਨ।ਪੈਟਰੋਲੀਅਮ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਭਰੋਸਾ ਦਿਵਾਇਆ ਕਿ ਜੇਕਰ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਲੋੜ ਪਈ ਤਾਂ ਉਹ ਹਮੇਸ਼ਾ ਜ਼ਿਲ੍ਹਾ ਪ੍ਰਸ਼ਾਸਨ ਤੇ ਪ੍ਰਭਾਵਿਤ ਲੋਕਾਂ ਦੀ ਸਹਾਇਤਾ ਲਈ ਤਿਆਰ ਰਹਿਣਗੇ।ਉਨ੍ਹਾਂ ਕਿਹਾ ਕਿ ਇਹ ਉਨ੍ਹਾਂ ਦੀ ਨੈਤਿਕ ਜ਼ਿੰਮੇਵਾਰੀ ਹੈ ਕਿ ਹੜ੍ਹ ਵਰਗੀ ਕੁਦਰਤੀ ਆਫ਼ਤ ਦੇ ਸਮੇਂ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਹਰ ਸੰਭਵ ਮਦਦ ਦਿੱਤੀ ਜਾਵੇ।ਇਸ ਮੌਕੇ ਜ਼ਿਲ੍ਹਾ ਖੁਰਾਕ ਤੇ ਸਪਲਾਈ ਅਧਿਕਾਰੀ ਗੁਰਜੀਤ ਸਿੰਘ ਸਮੇਤ ਹੋਰ ਅਧਿਕਾਰੀ ਮੌਜੂਦ ਸਨ।

## ਹਾਰਵਰਡ ਕਾਨਵੈਂਟ ਸਕੂਲ ਨੇ ਹੜ੍ਹ ਪੀੜਤਾਂ ਲਈ ਭੇਜੀ ਰਾਸ਼ਨ ਸਮੱਗਰੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ, ਜੋ ਪੜ੍ਹਾਈ ਦੇ ਨਾਲ-ਨਾਲ ਸਮਾਜ ਸੇਵੀ ਕੰਮਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲੈਂਦਾ ਹੈ, ਇਸੇ ਲੜੀ ਤਹਿਤ ਅੱਜ ਸਕੂਲ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਰਾਸ਼ਨ ਸਮੱਗਰੀ ਭੇਜੀ ਗਈ।ਇੱਥੇ ਵਰਣਨਯੋਗ ਹੈ ਕਿ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ, ਡਾਇਰੈਕਟਰ ਇੰਜੀਨੀਅਰ ਜਗਦੀਪ ਸਿੰਘ ਬਰਾੜ ਤੇ ਸਮੂਹ ਸਕੂਲ ਸਟਾਫ ਵੱਲੋਂ ਹੜ੍ਹ ਪੀੜਤਾਂ ਲਈ ਰਾਸ਼ਨ ਸਮੱਗਰੀ ਭੇਜੀ ਗਈ, ਜਿਸ ਵਿੱਚ ਦਾਲਾਂ, ਆਟਾ, ਸਬਜ਼ੀਆਂ ਤੇ ਹੋਰ ਘਰੇਲੂ ਸਾਮਾਨ ਸ਼ਾਮਲ ਸੀ।ਇਸ ਦੀ ਜਾਣਕਾਰੀ ਦਿੰਦੇ ਹੋਏ ਸਕੂਲ ਚੇਅਰਮੈਨ ਨਵਦੀਪ ਸਿੰਘ ਬਰਾੜ ਨੇ ਦੱਸਿਆ ਕਿ ਅੱਜ ਪੰਜਾਬ ਹੜ੍ਹਾਂ ਦੀ ਮਾਰ ਝੱਲ ਰਿਹਾ ਹੈ।ਇਸ ਕਰ ਕੇ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਪੀੜਤ ਭੈਣ-ਭਰਾਵਾਂ ਦੀ ਸਹਾਇਤਾ ਕਰੀਏ, ਤਾਂ ਜੋ ਉਹ ਇਸ ਮਾਰ ਤੋਂ ਉੱਪਰ ਉੱਠ ਸਕਣ।ਉਨ੍ਹਾਂ ਕਿਹਾ ਕਿ ਦਰਿਆਵਾਂ ਦੇ ਇਲਾਕਿਆਂ ਦੇ ਹਾਲਾਤ ਬਹੁਤ ਮਾੜੇ ਬਣੇ ਹੋਏ ਹਨ।ਇਸ ਕਰਕੇ ਸਾਡੇ ਤੋਂ ਜਿੰਨਾ ਹੋ ਸਕਦਾ ਹੋਵੇ, ਵੱਧ ਤੋਂ ਵੱਧ ਉਨ੍ਹਾਂ ਲੋਕਾਂ ਦੀ ਮਦਦ ਕੀਤੀ ਜਾਵੇ ਅਤੇ ਅਸੀਂ ਸਾਰੇ ਰਲ ਕੇ ਪ੍ਰਮਾਤਮਾ ਅੱਗੇ ਅਰਦਾਸ ਕਰੀਏ ਕਿ ਜਲਦੀ ਹੀ ਪੰਜਾਬ ਨੂੰ ਇਸ ਮਾਰ ਤੋਂ ਬਚਾਇਆ ਜਾਵੇ ਅਤੇ ਹਮੇਸ਼ਾ ਪੰਜਾਬ ਦਿਨ ਦੁੱਗਣੀ ਰਾਤ ਚੌਗਣੀ ਤਰੱਕੀ ਕਰੇ।

## ਗੁਰੂ ਅਮਰਦਾਸ ਜੀ ਦੀ ਯਾਦ 'ਚ ਧਾਰਮਿਕ ਸਮਾਗਮ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਦਿਵਸ ਨੂੰ ਸਮਰਪਤ ਵਿਸ਼ਾਲ ਧਾਰਮਿਕ ਸਮਾਗਮ ਸ੍ਰ: ਹਰਦਿਆਲ ਸਿੰਘ ਅਮਰੀਕਾ, ਭਾਈ ਰਜਿੰਦਰ ਸਿੰਘ ਗੋਗੀ, ਜਥੇ: ਪ੍ਰਿਤਪਾਲ ਸਿੰਘ ਛੀਨੀਵਾਲ ਦੇ ਉੱਦਮ ਸਦਕਾ ਧਾਰਮਿਕ ਸ਼ਖਸੀਅਤ ਮੈਂਬਰ ਸ਼੍ਰੋਮਣੀ ਕਮੇਟੀ ਸਵ: ਮੈਂਬਰ ਸੰਤ ਦਲਬਾਰ ਸਿੰਘ ਛੀਨੀਵਾਲ ਕਲਾਂ ਦੇ ਗ੍ਰਹਿ ਵਿਖੇ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ।ਇਸ ਮੌਕੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਰਾਗੀ ਭਾਈ ਪ੍ਰਗਟ ਸਿੰਘ ਛੀਨੀਵਾਲ ਨੇ ਕਥਾ ਕੀਰਤਨ ਦਰਬਾਰ ਰਾਹੀਂ ਸੰਗਤਾਂ ਨੂੰ ਗੁਰਇਤਿਹਾਸ ਨਾਲ ਜੋੜਿਆ।ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਸੰਤ ਬਲਵੀਰ ਸਿੰਘ ਘੁੰਨਸ ਸਾਬਕਾ ਸੰਸਦੀ ਸਕੱਤਰ, ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ, ਲੇਖਕ ਗੁਰਜੰਟ ਸਿੰਘ ਸਿੱਧੂ ਨੇ ਸਮੂਹ ਸੰਗਤਾਂ ਨੂੰ ਜੀ ਆਇਆ ਆਖਦਿਆਂ ਕਿਹਾ ਕਿ ਧਾਰਮਿਕ ਸ਼ਖਸੀਅਤ ਸਵ: ਸੰਤ ਦਲਬਾਰ ਸਿੰਘ ਛੀਨੀਵਾਲ ਵੱਲੋਂ ਸ਼ੁਰੂ ਕੀਤੀ ਧਾਰਮਿਕ ਸਮਾਗਮ ਦੀ ਇਸ ਪਿਰਤ ਨੂੰ ਅੱਗੇ ਤੋਰਦਿਆਂ ਸ੍ਰ: ਹਰਦਿਆਲ ਸਿੰਘ ਯੂ ਐੱਸ ਏ, ਸ੍ਰ: ਰਜਿੰਦਰ ਸਿੰਘ ਛੀਨੀਵਾਲ ਤੇ ਜਥੇ: ਪ੍ਰਿਤਪਾਲ ਸਿੰਘ ਛੀਨੀਵਾਲ ਵੱਲੋਂ ਹਰ ਸਾਲ ਸਾਲਾਨਾ ਸਮਾਗਮ ਕਰਵਾਉਣਾ ਪਰਿਵਾਰ ਦੀ ਪੰਥਕ ਸੋਚ ਤੇ ਗੁਰੂਸਹਿਬਾਨ ਪ੍ਰਤੀ ਸ਼ਰਧਾ ਸਤਿਕਾਰ ਨੂੰ ਦਰਸਾਉਂਦਾ ਹੈ।ਉਨ੍ਹਾਂ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਹੈ, ਜੋ ਸਾਨੂੰ ਸਮਾਜ 'ਚ ਵਹਿਮ ਭਰਮ, ਉਚ ਨੀਚ, ਜਾਤਪਾਤ ਨੂੰ ਦੂਰ ਕਰਨ ਲਈ ਪ੍ਰੇਰਿਤ ਕਰਦੀ ਹੈ।ਇਸ ਮੌਕੇ ਅਵਤਾਰ ਸਿੰਘ ਅਣਖੀ, ਜਥੇਦਾਰ ਗੁਰਮੇਲ ਸਿੰਘ ਛੀਨੀਵਾਲ, ਅਜੀਤ ਸਿੰਘ ਕੁਤਬਾ, ਰੂਬਲ ਗਿੱਲ ਕੈਨੇਡਾ, ਮਹਿੰਦਰ ਸਿੰਘ ਦੁੱਲਟ, ਸਰਪੰਚ ਨਿਰਭੈ ਸਿੰਘ, ਮਹਿੰਦਰ ਸਿੰਘ ਚੁਹਾਣਕੇ, ਪੰਚ ਗੁਰਪ੍ਰੀਤ ਸਿੰਘ, ਯਾਦਵਿੰਦਰ ਸਿੰਘ ਲਾਡੀ, ਬਲਵੰਤ ਸਿੰਘ ਢਿੱਲੋਂ, ਜਗਰਾਜ ਸਿੰਘ ਬਖੜਗੜ੍ਹ, ਸੁਖਵਿੰਦਰ ਸਿੰਘ ਸੁੱਖਾ, ਬਰਜਿੰਦਰ ਸਿੰਘ ਬਿੱਟੂ ਧਨੇਰ, ਬਲਦੀਪ ਸਿੰਘ ਮਹਿਲ ਖੁਰਦ, ਪਾਲ ਸਿੰਘ ਸੁਖੀਏ ਕੇ, ਗੁਰਦੀਪ ਸਿੰਘ ਟਿਵਾਣਾ, ਪ੍ਰਮਿੰਦਰ ਸਿੰਘ ਢੀਂਡਸਾ, ਹਾਕਮ ਸਿੰਘ ਛੀਨੀਵਾਲ ਆਦਿ ਹਾਜ਼ਰ ਸਨ।

## ਪੰਜਾਬ ਦੇ ਹੜ੍ਹ ਪੀੜਤਾਂ ਪ੍ਰਤੀ ਕੇਂਦਰ ਸਰਕਾਰ ਦੀ ਬੇਰੁਖੀ ਕਾਰਨ ਸਰਪੰਚਾਂ ਤੇ ਪੰਚਾਂ 'ਚ ਭਾਰੀ ਰੋਸ

ਮਜੀਠਾ (ਸੋਇਮ ਆਨੰਦ)-ਭਾਰਤ ਆਜ਼ਾਦ ਹੋਣ ਤੋਂ ਲੈ ਕੇ ਪੰਜਾਬ ਜੰਗਾਂ ਅਤੇ ਕੁਦਰਤੀ ਆਫ਼ਤਾਂ ਦਾ ਸੰਤਾਪ ਝੱਲਦਾ ਆ ਰਿਹਾ ਹੈ।ਹੁਣ ਮੌਜੂਦਾ ਸਮੇਂ ਵਿੱਚ ਵੀ ਹੜ੍ਹਾਂ ਦੀ ਮਾਰ ਨੇ ਪੰਜਾਬ ਨੂੰ ਜਾਨੀ-ਮਾਲੀ ਨੁਕਸਾਨ ਸਹਿਣ ਲਈ ਮਜਬੂਰ ਕਰ ਦਿੱਤਾ ਹੈ, ਪਰ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਦੇ ਹੜ੍ਹ ਪੀੜਤਾਂ ਦੀ ਸਾਰ ਲੈਣ ਦੀ ਬਜਾਏ ਅਫ਼ਗਾਨਿਸਤਾਨ ਵਿੱਚ ਭੁਚਾਲ ਵਰਗੀਆਂ ਘਟਨਾਵਾਂ ਬਾਰੇ ਜ਼ਿਆਦਾ ਚਿੰਤਤ ਹਨ, ਜੋ ਪੰਜਾਬ ਪ੍ਰਤੀ ਵੱਡਾ ਵਿਤਕਰਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਰਪੰਚ ਰਾਜਵਿੰਦਰ ਸਿੰਘ ਕੋਟਲਾ ਤਰਖਾਣਾ ਤੇ ਸਰਪੰਚ ਰਾਜ ਕੁਮਾਰ ਲੁੱਧੜ ਨੇ ਸਰਪੰਚਾਂ, ਪੰਚਾਂ ਦੀ ਇੱਕ ਇਕੱਤਰਤਾ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਏ ਹੜ੍ਹਾਂ ਦੇ ਪਾਣੀ ਨਨੇ ਅਜਨਾਲਾ, ਰਮਦਾਸ ਦੇ ਬਾਰਡਰ ਏਰੀਏ ਸਮੇਤ ਹੋਰ ਵੀ ਬਹੁਤ ਸਾਰੇ ਇਲਾਕਿਆਂ ਵਿੱਚ ਕਿਸਾਨਾਂ ਦੀਆਂ ਫਸਲਾਂ, ਪਸ਼ੂ ਅਤੇ ਘਰ ਤਬਾਹ ਕਰ ਦਿੱਤੇ ਹਨ। ਕਿਸਾਨਾਂ ਦੀਆਂ ਪੁੱਤਾਂ ਵਾਂਗ ਪਾਲੀਆਂ ਫਸਲਾਂ ਪਾਣੀ ਵਿੱਚ ਡੁੱਬ ਗਈਆਂ ਹਨ ਤੇ ਲੋਕਾਂ ਦੇ ਮਕਾਨ ਢਹਿ ਢੇਰੀ ਹੋ ਗਏ ਹਨ, ਇਥੋਂ ਤੱਕ ਕਿ ਲੋਕਾਂ ਕੋਲ ਰਹਿਣ ਲਈ ਕੋਈ ਘਰ, ਛੱਤ ਨਹੀ ਰਿਹਾ ਤੇ ਨਾ ਹੀ ਉਨ੍ਹਾਂ ਕੋਲ ਕੁੱਝ ਖਾਣ ਲਈ ਰਿਹਾ ਹੈ। ਪ੍ਰੰਤੂ ਕੇਂਦਰ ਸਰਕਾਰ ਵੱਲੋਂ ਅਜੇ ਤੱਕ ਪੰਜਾਬ ਲਈ ਕੋਈ ਵੀ ਵਿਸ਼ੇਸ਼ ਪੈਕੇਜ ਦਾ ਐਲਾਨ ਨਹੀਂ ਕੀਤਾ ਗਿਆ, ਭਾਵ ਇਸ ਮੁਸ਼ਕਿਲ ਦੀ ਘੜੀ ਵਿੱਚ ਕੇਂਦਰ ਨੇ ਪੰਜਾਬ ਦੇ ਲੋਕਾਂ ਦੀ ਬਾਂਹ ਨਹੀ ਫੜੀ।ਉਕਤ ਸਰਪੰਚਾਂ ਨੇ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੂੰ ਹੜ੍ਹ ਪੀੜਤਾਂ



ਲਈ ਵਿੱਤੀ ਸਹਾਇਤਾ, ਮੁੜ ਵਸੇਬੇ ਅਤੇ ਫਸਲਾਂ ਦੇ ਨੁਕਸਾਨ ਦੀ ਭਰਪਾਈ ਲਈ ਤੁਰੰਤ ਕਦਮ ਚੁੱਕਣੇ ਚਾਹੀਦੇ।ਇਸ ਮੌਕੇ ਉਕਤ ਤੋਂ ਇਲਾਵਾ ਸਰਪੰਚ ਚਨਪ੍ਰੀਤ ਸਿੰਘ ਅਜੈਬਵਾਲੀ, ਸਰਪੰਚ ਸੁਬੇਗ ਸਿੰਘ ਅਬਦਾਲ, ਸਾਬਕਾ ਸਰਪੰਚ ਬਲਦੇਵ ਸਿੰਘ ਕੱਥੂਨੰਗਲ, ਸਾਬਕਾ ਸਰਪੰਚ ਰਵਿੰਦਰ ਸਿੰਘ ਚਾਟੀਵਿੰਡ ਲੇਹਲ, ਹਰਦੀਸ਼ ਸਿੰਘ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਰਾਜੇਵਾਲ, ਹਿੰਮਤ ਸਿੰਘ, ਰਣਜੋਤ ਸਿੰਘ ਅਜੈਬਵਾਲੀ, ਮਨਪ੍ਰੀਤ ਸਿੰਘ ਰੰਧਾਵਾ ਵਰਿਆਮ ਨੰਗਲ, ਗੋਰਾ ਭੋਆ, ਦੀਪਇੰਦਰ ਅਜੈਬਵਾਲੀ, ਗੁਰਪ੍ਰੀਤ ਸਿੰਘ ਗੋਲ੍ਹਾ ਲੁੱਧੜ, ਆਦਿ ਹਾਜ਼ਰ ਸਨ।

## ਸੀ ਪੀ ਆਈ ਦੀ ਕਾਨਫਰੰਸ ਨੂੰ ਲੈ ਕੇ ਲੋਕਾਂ 'ਚ ਭਾਰੀ ਉਤਸ਼ਾਹ : ਧੂੰਦਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਖਡੂਰ ਸਾਹਿਬ ਦੇ ਸਾਲਾਨਾ ਜੋੜ ਮੇਲੇ 'ਤੇ 12 ਸਤੰਬਰ ਸ਼ੁੱਕਰਵਾਰ ਨੂੰ ਵਿਸ਼ਾਲ ਕਾਨਫਰੰਸ ਵੀ. ਆਈ. ਪੀ. ਬੈਂਕੁਇਟ ਹਾਲ ਨੇੜੇ ਨਿਰਮਲ ਆਸ਼ਰਮ ਖਡੂਰ ਸਾਹਿਬ ਵਿਖੇ ਕੀਤੀ ਜਾ ਰਹੀ ਹੈ ਜਿਸ ਨੂੰ ਸੰਬੋਧਨ ਕਰਨ ਲਈ ਪਾਰਟੀ ਦੇ ਕੌਮੀ ਤੇ ਸੂਬਾਈ



ਆਗੂ ਪੁੱਜ ਰਹੇ ਹਨ। ਕਾਨਫਰੰਸ ਦੀਆਂ ਤਿਆਰੀਆਂ ਲਈ ਵੱਖੋ-ਵੱਖ ਪਿੰਡਾਂ ਫਤਿਆਬਾਦ, ਧੂੰਦਾ, ਪਿੰਡੀਆ, ਬਿਹਾਰੀਪੁਰ,ਦਾਰਾਪੁਰ, ਭਲਾਈਪੁਰ, ਜਲਾਲਾਬਾਦ, ਮੁਗਲਾਣੀ, ਵੇਈਂਪੂਈਂ ਆਦਿ ਦਾ ਦੌਰਾ ਕਰਦਿਆਂ ਕਮਿਊਨਿਸਟ ਪਾਰਟੀ ਜ਼ਿਲ੍ਹਾ ਕਾਰਜਕਾਰੀ ਸਕੱਤਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਤੇ ਬਲਾਕ ਕਮੇਟੀ ਖਡੂਰ ਸਾਹਿਬ ਦੇ ਮੀਤ ਸਕੱਤਰ ਬਲਦੇਵ ਸਿੰਘ ਧੂੰਦਾ ਨੇ ਸਾਥੀਆਂ ਸਮੇਤ ਪ੍ਰਿੰਸ ਨਾਲ ਗੱਲਬਾਤ ਦੌਰਾਨ ਦੱਸਿਆ ਕਿ 12 ਸਤੰਬਰ ਦੀ ਕਾਨਫਰੰਸ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

ਇਸ ਕਾਨਫਰੰਸ ਵਿਚ ਹੜ੍ਹਾਂ ਨਾਲ ਹੋਈ ਤਬਾਹੀ 'ਚ ਪੰਜਾਬ ਅਤੇ ਕੇਂਦਰ ਸਰਕਾਰ ਵੱਲੋਂ ਕੀਤੀ ਅਣਦੇਖੀ ਦੀ ਨਿੰਦਾ ਕਰਦਿਆਂ ਕਿਹਾ ਕਿ ਹੜ੍ਹ ਮਾਰੇ ਖੇਤਰਾਂ ਦੀ ਸਪੈਸ਼ਲ ਗਰਦਾਵਰੀ ਕਰਕੇ ਪੰਜਾਹ ਹਜ਼ਾਰ ਪ੍ਰਤੀ ਏਕੜ ਦੇ ਹਿਸਾਬ ਮੁਆਵਜ਼ਾ ਦਿੱਤਾ ਜਾਵੇ।

ਉਨ੍ਹਾਂ ਤੋਂ ਇਲਾਵਾ ਸੀਨੀਅਰ ਕਮਿਊਨਿਸਟ ਆਗੂ ਬਲਜੀਤ ਸਿੰਘ ਫਤਿਆਬਾਦ, ਜਗੀਰ ਸਿੰਘ ਭਰੋਵਾਲ, ਜਸਵੰਤ ਸਿੰਘ ਖਡੂਰ ਸਾਹਿਬ, ਜਗਤਾਰ ਸਿੰਘ ਖਡੂਰ ਸਾਹਿਬ ਹਾਜ਼ਰ ਸਨ।

## ਹੜ੍ਹ ਪ੍ਰਭਾਵਿਤ ਲੋਕਾਂ ਨੂੰ ਮੁਆਵਜ਼ਾ ਦੇਣ ਲਈ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ : ਡਿਪਟੀ ਕਮਿਸ਼ਨਰ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ, ਕਮਲੇਸ਼)-ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪਾਣੀ ਦਾ ਪੱਧਰ ਕਾਫੀ ਘੱਟ ਗਿਆ ਹੈ ਅਤੇ ਹੜ੍ਹਾਂ ਦੌਰਾਨ ਪ੍ਰਭਾਵਿਤ ਹੋਏ ਲੋਕਾਂ ਨੂੰ ਮੁਆਵਜ਼ਾ ਦੇਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਉਨ੍ਹਾਂ ਦੀ ਬਾਂਹ ਫੜੀ ਜਾ ਸਕੇ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਅਜਨਾਲਾ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਅਧਿਕਾਰੀ ਤੇ ਕਰਮਚਾਰੀ ਹਰ ਪੀੜਤ ਪਰਿਵਾਰਾਂ ਦੇ ਘਰ ਘਰ ਤੱਕ ਪਹੁੰਚਣ ਅਤੇ ਉਨ੍ਹਾਂ ਨੂੰ ਰਾਹਤ ਸਮਗਰੀ ਦੇਣੀ ਯਕੀਨੀ ਬਣਾਈ ਜਾ ਸਕੇ।ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਦੇ ਘਰ ਅਤੇ ਕਾਰੋਬਾਰ ਹੜ੍ਹਾਂ ਦੌਰਾਨ ਪੂਰੀ ਤਰ੍ਹਾਂ ਤਬਾਹ ਹੋ ਗਏ ਹਨ ਉਨ੍ਹਾਂ ਦਾ ਵਿਸ਼ੇਸ਼ ਡਾਟਾ ਇਕੱਠਾ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੇ ਮੁੜ ਵਸੇਬੇ ਦੀ ਕਾਰਵਾਈ ਸ਼ੁਰੂ ਹੋ ਸਕੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਇਸ ਉਨ੍ਹਾਂ ਦੀ ਭੂਮਿਕਾ ਇਕ ਸਿਪਾਹੀ ਵਾਂਗ ਹੋਣੀ ਚਾਹੀਦੀ ਹੈ ਜੋ ਹੜ੍ਹਾਂ ਦੌਰਾਨ ਪ੍ਰਭਾਵਿਤ ਹੋਏ ਲੋਕਾਂ ਦੀ ਢੁੱਕਵੀਂ ਮਦਦ ਕਰ ਸਕਣ।ਉਨ੍ਹਾਂ ਕਿਹਾ ਕਿ ਪ੍ਰਭਾਵਿਤ ਲੋਕਾਂ ਦੀ ਮਦਦ ਹਰ ਢੁਕਵਾਂ ਉਪਰਾਲਾ ਕੀਤਾ ਜਾਵੇ ਅਤੇ ਗਿਰਦਾਵਰੀ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਕਰਕੇ ਮੁਆਵਜ਼ਾ ਦਿੱਤਾ ਜਾ ਸਕੇ। ਉਨ੍ਹਾਂ ਕਿਹਾ ਕਿ



ਜਿਨ੍ਹਾਂ ਲੋਕਾਂ ਦੇ ਦਸਤਾਵੇਜ਼ ਪਾਣੀ ਦੀ ਭੇਟ ਚੜ੍ਹ ਗਏ ਹਨ ਉਨ੍ਹਾਂ ਦੇ ਡਿਜੀਟਲ ਸਬੂਤ ਜਿਵੇਂ ਕਿ ਆਧਾਰ ਕਾਰਡ ਆਦਿ ਦੀ ਵਰਤੋਂ ਕਰੋ ਜਾਂ ਉਨ੍ਹਾਂ ਦੇ ਮੋਬਾਈਲ ਨੰਬਰ ਨਾਲ ਆਧਾਰ ਕਾਰਡ ਅਟੈਚ ਕਰਨ ਦਾ ਕੰਮ ਸ਼ੁਰੂ ਕਰੋ ਤਾਂ ਜੋ ਮੁਆਵਜ਼ਾ ਰਾਸ਼ੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪਾਈ ਜਾ ਸਕੇ।ਉਨ੍ਹਾਂ ਦੱਸਿਆ ਕਿ ਹੜ੍ਹਾਂ ਦੌਰਾਨ 7 ਮਨੁੱਖੀ ਜਾਨਾਂ ਚਲੀਆਂ ਗਈਆਂ ਹਨ ਅਤੇ 54 ਪਸ਼ੂ ਪਾਣੀ ਦੀ ਭੇਟ ਚੜ੍ਹ ਗਏ ਹਨ।ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਪਾਣੀ ਦਾ ਪੱਧਰ ਘਟਣ ਨਾਲ ਹੁਣ ਕਈ ਤਰ੍ਹਾਂ ਦੀਆਂ ਬਿਮਾਰੀਆਂ ਫੈਲਣ ਦਾ ਖਦਸ਼ਾ ਹੈ।ਬੱਚਿਆਂ ਦੀ ਡਾਕਟਰੀ ਜਾਂਚ ਕੀਤੀ ਜਾਵੇ ਅਤੇ ਅੱਖਾਂ ਅਤੇ ਚਮੜੀ ਦੀ ਇਨਫੈਕਸ਼ਨ ਦੀਆਂ ਦਵਾਈਆਂ ਦਾ ਵੀ ਪ੍ਰਬੰਧ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ ਰਾਹੀਂ ਘਰ ਘਰ ਵਿੱਚ ਮੱਛਰ ਮਾਰਨ ਵਾਲੀਆਂ ਦਵਾਈਆਂ, ਸੈਨੇਟਰੀ ਨੈਪਕਿਨ ਦੀ ਵੰਡ ਵੀ ਯਕੀਨੀ ਬਣਾਈ ਜਾਵੇ।ਪਸ਼ੂ ਪਾਲਣ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਮਰ ਚੁੱਕੇ ਪਸ਼ੂਆਂ ਦਾ ਸਹੀ ਡਿਸਪੋਜ਼ਲ ਕੀਤਾ ਜਾਵੇ। ਮੀਟਿੰਗ ਵਿੱਚ ਏਡੀਸੀ ਰੋਹਿਤ ਗੁਪਤਾ, ਏਡੀਸੀ ਸ਼ਹਿਰੀ ਵਿਕਾਸ ਅਮਨਦੀਪ ਕੌਰ, ਐੱਸਡੀਐੱਮ ਅਜਨਾਲਾ ਰਵਿੰਦਰ ਸਿੰਘ, ਸਹਾਇਕ ਕਮਿਸ਼ਨਰ ਖੁਸ਼ਬੀਰ ਸਿੰਘ, ਸਹਾਇਕ ਸਿਵਲ ਸਰਜਨ ਡਾ: ਰਜਿੰਦਰਪਾਲ ਕੌਰ, ਸਕੱਤਰ ਰੈੱਡ ਕਰਾਸ ਸੈਮਸਨ ਮਸੀਹ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਵਿਸ਼ਵ ਮਾਨਵ ਰੂਹਾਨੀ ਕੇਂਦਰ ਨਵਾਂ ਨਗਰ ਦੇ ਸੇਵਾਦਾਰ ਪਹੁੰਚੇ ਹੜ੍ਹ ਪ੍ਰਭਾਵਿਤ ਪਿੰਡਾਂ 'ਚ

ਮਜੀਠਾ (ਸੋਇਮ ਆਨੰਦ)-ਕੁਦਰਤੀ ਕਰੋਪੀ ਦਾ ਸਾਹਮਣਾ ਕਰ ਰਹੇ ਹੜ੍ਹਾਂ ਦੀ ਲਪੇਟ ਵਿਚ ਆ ਚੁੱਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਅਨੇਕਾਂ ਪਿੰਡਾਂ ਦੇ ਲੋਕ ਜਿਨ੍ਹਾਂ ਵਿਚ ਹਜ਼ਾਰਾਂ ਪਰਿਵਾਰ ਬੇਘਰ ਹੋ ਚੁੱਕੇ ਹਨ। ਘਰ ਵਹਿ ਗਏ ਹਨ, ਖਾਣ ਪੀਣ ਵਾਲਾ ਸਾਰਾ ਸਾਮਾਨ ਹੜ੍ਹਾਂ ਦੇ ਪਾਣੀ ਵਿਚ ਵਹਿ ਚੁੱਕਾ ਹੈ।ਇਸ ਪਾਣੀ ਦੀ ਮਾਰ ਨਾਲ ਇਹ ਲੋਕ ਅਨੇਕਾਂ ਬਿਮਾਰੀਆਂ ਨਾਲ ਜੂਝ ਰਹੇ ਹਨ।ਇਸ ਕੁਦਰਤੀ ਕਰੋਪੀ ਨਾਲ ਪ੍ਰਭਾਵਿਤ ਅਜਿਹੇ ਇਲਾਕਿਆਂ ਜਿਨ੍ਹਾਂ ਵਿਚ ਪਾਣੀ ਆਉਣ ਕਾਰਣ ਪਹੁੰਚਣਾ ਮੁਸ਼ਕਲ ਹੋ ਰਿਹਾ ਹੈ।ਉਨ੍ਹਾਂ ਇਲਾਕਿਆਂ ਵਿਚ ਵਿਸ਼ਵ ਮਾਨਵ ਰੂਹਾਨੀ ਕੇਂਦਰ ਨਵਾਂ ਨਗਰ ਦੇ ਸੇਵਾਦਾਰ ਕੇਂਦਰ ਦੇ ਸੰਚਾਲਕ ਸੰਤ ਬਲਜੀਤ ਸਿੰਘ ਦੀ ਰਹਿਨੁਮਾਈ ਹੇਠ ਸੇਵਾ ਟੀਮਾਂ ਪਹੁੰਚ ਕਰਕੇ ਪ੍ਰਭਾਵਿਤ ਲੋਕਾਂ ਤੱਕ ਰਾਹਤ ਸਮੱਗਰੀ, ਦਵਾਈਆਂ, ਸਵੱਛਤਾ ਕਿੱਟਾਂ, ਅਤੇ ਮੈਡੀਕਲ ਕੈਂਪ ਲਗਾ ਕੇ ਇਨ੍ਹਾਂ ਲੋਕਾਂ ਦੀ ਸੇਵਾ ਕਰ ਰਹੀਆਂ ਹਨ ਜਿਸ ਤਹਿਤ ਅੰਮ੍ਰਿਤਸਰ, ਗੁਰਦਾਸਪੁਰ, ਕਪੂਰਥਲਾ ਜ਼ਿਲ੍ਹਿਆਂ ਦੇ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਇਹ ਮੈਡੀਕਲ ਕੈਂਪ ਅਤੇ ਲੰਗਰ ਲਗਾਏ ਗਏ ਹਨ। ਪਿੰਡ ਰਮਦਾਸ, ਅਜਨਾਲਾ ਦੇ ਲਾਗਲੇ ਪਿੰਡਾਂ ਵਿਚ ਜਾ ਕੇ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ।ਸੇਵਾ ਕਰ ਰਹੇ ਸੇਵਾਦਾਰਾਂ ਵੱਲੋਂ ਮਿਲੀ ਜਾਣਕਾਰੀ ਅਨੁਸਾਰ ਅਜਨਾਲਾ ਦੇ ਐੱਸਡੀਐੱਮ



ਨੇ ਵਿਸ਼ਵ ਮਾਨਵ ਰੂਹਾਨੀ ਕੇਂਦਰ ਦੀ ਟੀਮ ਨੂੰ ਗੁਰਦੁਆਰਾ ਸਮਾਧ ਬਾਬਾ ਬੁੱਢਾ ਸਾਹਿਬ ਜੀ ਰਮਦਾਸ ਦੇ ਬਾਹਰ ਮੈਡੀਕਲ ਕੈਂਪ ਲਗਾਉਣ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ ਜਿਸ ਨੂੰ ਤੁਰੰਤ ਪ੍ਰਭਾਵ ਨਾਲ ਚਾਲੂ ਕਰ ਦਿੱਤਾ ਗਿਆ ਹੈ ਅਤੇ ਇਸ ਦੇ ਨਾਲ ਹੀ ਰਾਵੀ ਦਰਿਆ ਦੇ ਕੰਢੇ ਤੇ ਵੱਸੇ ਲੋਕਾਂ ਤੱਕ ਵਿਸ਼ਵ ਮਾਨਵ ਰੂਹਾਨੀ ਕੇਂਦਰ ਦੀਆਂ ਐਂਬੂਲੈਂਸਾਂ ਅਤੇ ਮੋਟਰ ਬੋਟਾਂ ਰਾਹੀਂ ਡਾਕਟਰਾਂ ਦੁਆਰਾ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ।

## ਪ੍ਰਧਾਨ ਮੰਤਰੀ ਦੀ ਫੇਰੀ ਦੇ ਮੱਦੇਨਜ਼ਰ ਜ਼ਿਲ੍ਹਾ ਗੁਰਦਾਸਪੁਰ 'ਚ ਡਰੋਨ ਉਡਾਉਣ 'ਤੇ ਪਾਬੰਦੀ

ਗੁਰਦਾਸਪੁਰ (ਜਨਕ ਮਹਾਜਨ)- ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕੇ ਦਾ ਜਾਇਜ਼ਾ ਲੈਣ ਲਈ 9 ਸਤੰਬਰ ਨੂੰ ਆ ਰਹੇ ਹਨ। ਡਾ. ਹਰਜਿੰਦਰ ਸਿੰਘ ਬੇਦੀ ਆਈਏਐੱਸ, ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਾਣਯੋਗ ਪ੍ਰਧਾਨ ਮੰਤਰੀ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅੰਦਰ ਹਰ ਤਰ੍ਹਾਂ ਦੇ ਡਰੋਨ ਨੂੰ ਉਡਾਉਣ 'ਤੇ 9 ਸਤੰਬਰ ਤੱਕ ਪੂਰਨ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ।

ਮਾਮਲੇ ਦੀ ਗੰਭੀਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫ਼ਾ ਪਾਸ ਕਰਕੇ ਸਮੂਹ ਜਨਤਾ ਨੂੰ ਸੰਬੋਧਿਤ ਕੀਤਾ ਗਿਆ ਹੈ।

## ਆਮ ਆਦਮੀ ਪਾਰਟੀ ਹੜ੍ਹਾਂ ਤੋਂ ਪੀੜਤ ਲੋਕਾਂ ਦੇ ਹਰ ਦੁੱਖ-ਸੁੱਖ 'ਚ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ: ਗਿੱਲ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੰਜਾਬ ਵਿੱਚ ਆਈ ਹੜ੍ਹਾਂ ਦੀ ਕੁਦਰਤੀ ਆਫਤ ਨਾਲ ਨਜਿੱਠਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜਿੱਥੇ ਪਿਛਲੇ ਕਰੀਬ 10-12 ਦਿਨਾਂ ਤੋਂ ਹੜ੍ਹ ਪੀੜਤਾਂ ਲਈ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ, ਉੱਥੇ ਪਾਣੀ ਉਤਰਣ ਤੋਂ ਬਾਅਦ ਵੀ ਪੰਜਾਬ ਦੇ ਸਮੁੱਚੇ ਹੜ੍ਹ ਪ੍ਰਭਾਵਿਤ ਇਲਾਕੇ ਵਿੱਚ ਸਰਕਾਰ ਵੱਲੋਂ ਹਰ ਤਰ੍ਹਾਂ ਦੀਆਂ ਲੋੜੀਂਦੀਆਂ ਸਹੂਲਤ ਪਹਿਲ ਦੇ ਅਧਾਰ ਤੇ ਮੁਹੱਈਆ ਕਰਵਾਈਆਂ ਜਾਣਗੀਆਂ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਰਾਜਾਸਾਂਸੀ ਤੋਂ ਆਮ ਆਦਮੀ ਪਾਰਟੀ ਦੇ ਫਾਉਂਡਰ ਮੈਂਬਰ ਉਹ ਗੁਰਜੰਟ ਸਿੰਘ ਗਿੱਲ ਨੇ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਈ ਹੜ੍ਹਾਂ ਦੀ ਇਸ ਸੁਨਾਮੀ ਨੇ ਜਿੱਥੇ ਪੰਜਾਬ ਦਾ ਆਰਥਿਕ ਤੌਰ ਤੇ ਬਹੁਤ ਵੱਡਾ ਨੁਕਸਾਨ ਕੀਤਾ ਹੈ, ਉੱਥੇ ਫਸਲਾਂ ਪਸ਼ੂਆਂ, ਘਰਾਂ ਤੇ ਮਸ਼ੀਨਰੀ ਦੇ ਹੋਏ ਨੁਕਸਾਨ ਨੇ ਆਮ ਲੋਕਾਂ ਨੂੰ ਪੂਰੀ ਤਰ੍ਹਾਂ ਝੰਜੋੜ ਕੇ ਰੱਖ ਦਿੱਤਾ, ਪਰ ਇਸ ਕੁਦਰਤੀ ਆਫਤ ਨਾਲ ਨਜਿੱਠਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਮੇਤ ਸਮੁੱਚੀ ਲੀਡਰਸ਼ਿਪ ਗਰਾਊਂਡ ਲੈਵਲ ਤੇ ਹੜ੍ਹ ਪ੍ਰਭਾਵਿਤ ਇਲਾਕੇ ਵਿੱਚ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਰਹੀ ਹੈ ਤੇ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੀ! ਉਹਨਾਂ ਕਿ ਆਮ ਆਦਮੀ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਪੰਜਾਬ ਦੇ



ਸਾਰੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਗਰਾਊਂਡ ਲੈਵਲ 'ਤੇ ਪਹੁੰਚ ਕੇ ਹਰ ਤਰ੍ਹਾਂ ਪ੍ਰਭਾਵਿਤ ਇਲਾਕੇ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਤੇ ਜੋ ਆਮ ਲੋਕਾਂ ਦਾ ਹੋਏ ਨੁਕਸਾਨ ਦਾ ਬਣਦਾ ਮੁਆਵਜ਼ਾ ਦਿੱਤਾ ਜਾ ਸਕੇ ਅਤੇ ਸਰਕਾਰ ਵੱਲੋਂ ਸਾਰੇ ਹੜ੍ਹ ਪ੍ਰਭਾਵਿਤ ਜ਼ਿਲਿਆਂ ਦੇ ਪ੍ਰਸ਼ਾਸਨ ਨੂੰ ਲੋਕਾਂ ਦੇ ਹੋਏ ਨੁਕਸਾਨ ਦੀ ਗਿਰਦਾਵਰੀ ਕਰਨ ਦੇ ਹੁਕਮ ਦੇ ਦਿੱਤੇ ਹਨ, ਜਿਸ ਨਾਲ ਬਹੁਤ ਜਲਦ ਹੜ੍ਹ ਦੀ ਮਾਰ ਹੇਠ ਆਏ ਲੋਕਾਂ ਨੂੰ ਸਰਕਾਰ ਵੱਲੋਂ ਮਨ ਦਾ ਮੁਆਵਜ਼ਾ ਦਿੱਤਾ ਜਾਵੇਗਾ!

ਇਸ ਮੌਕੇ ਗੁਰਸ਼ਰਨਪ੍ਰੀਤ ਸਿੰਘ ਸੰਧੂ, ਬਲਾਕ ਪ੍ਰਧਾਨ ਸ਼ਿਵ ਕੁਮਾਰ ਚੋਗਾਵਾਂ, ਸਾਬਕਾ ਸਰਪੰਚ ਬਲਦੇਵ ਸਿੰਘ, ਟਕਸਾਲੀ ਆਗੂ ਗੁਰਪ੍ਰੀਤ ਸਿੰਘ ਨਿੱਕਾ, ਗੁਰਦਿੱਤ ਸਿੰਘ ਸੈਦਪੁਰ, ਤਰਸੇਮ ਸਿੰਘ ਅਤੇ ਜਸ਼ਨਪ੍ਰੀਤ ਸਿੰਘ ਆਦਿ ਹਾਜ਼ਰ ਸਨ!

## ਗੁਰਦਾਸਪੁਰ ਦੇ ਹੜ੍ਹ ਪੀੜਤਾਂ ਦੀ ਮਦਦ 'ਚ ਜੁਟੇ ਡੇਰਾ ਸੱਚਾ ਸੌਦਾ ਦੇ ਸ਼ਰਧਾਲੂ

**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**-ਹੜ੍ਹਾਂ ਦੀ ਮਾਰ ਝੱਲ ਰਹੇ ਜ਼ਿਲ੍ਹਾ ਗੁਰਦਾਸਪੁਰ ਦੇ ਲੋਕਾਂ ਦੀ ਮੱਦਦ ਲਈ ਡੇਰਾ ਸੱਚਾ ਸੌਦਾ ਦੇ ਸ਼ਾਹ ਸਤਿਨਾਮ ਗ੍ਰੀਨ ਐੱਸ ਵੈਲਫੇਅਰ ਕਮੇਟੀ ਦੇ ਸੇਵਾਦਾਰ ਪੁੱਜ ਗਏ ਹਨ।ਇਨ੍ਹਾਂ ਸੇਵਾਦਾਰਾਂ ਵੱਲੋਂ ਲੋੜਵੰਦਾਂ ਦੇ ਘਰਾਂ ਤੱਕ ਪੁੱਜ ਕੇ ਰਾਹਤ ਸਮੱਗਰੀ ਵੰਡੀ ਜਾ ਰਹੀ ਹੈ ਤਾਂ ਜੋ ਹੜ੍ਹ ਪੀੜ੍ਹਤਾਂ ਦਾ ਦਰਦ ਵੰਡਾਇਆ ਜਾਵੇ। ਉਨ੍ਹਾਂ ਨੂੰ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਮੁਹੱਈਆ ਕਰਵਾਈਆਂ ਜਾ



ਸਕਣ।ਰਾਹਤ ਸਮੱਗਰੀ ਵਾਲੇ ਵਾਹਨਾਂ ਨੂੰ ਆਰਟੀਓ ਗੁਰਦਾਸਪੁਰ ਨਵਜੀਤ ਸ਼ਰਮਾ ਵੱਲੋਂ ਪੰਚਾਇਤ ਘਰ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਜ਼ਿਲ੍ਹਾ ਗੁਰਦਾਸਪੁਰ 'ਚ ਰਾਹਤ ਟੀਮਾਂ ਦੀ ਅਗਵਾਈ ਕਰ ਰਹੇ ਸੱਚੇ ਨਿਮਰ ਸੇਵਾਦਾਰ ਪਰਮਜੀਤ ਸਿੰਘ ਇੰਸਾਂ, ਬਿੰਦਰ ਸਿੰਘ ਇੰਸਾਂ, ਅਵਤਾਰ ਸਿੰਘ ਇੰਸਾਂ ਅਤੇ ਚਰਨਜੀਤ ਸਿੰਘ ਇੰਸਾਂ ਨੇ ਦੱਸਿਆ ਕਿ ਉਹ ਡੇਰਾ ਸੱਚਾ ਸੌਦਾ ਦੀ ਤਰਫੋਂ ਘਰੇਲੂ ਰਸੋਈ ਦੀ ਵਰਤੋਂ ਦਾ ਸਾਮਾਨ ਜਿਵੇਂ ਚਾਹ, ਖੰਡ, ਆਟਾ, ਦਵਾਈਆਂ ਆਦਮੀਆਂ ਤੇ ਪਸ਼ੂਆਂ ਲਈ, ਤਰਪਾਲਾਂ, ਮੱਛਰਦਾਨੀਆਂ, ਮੱਛਰ ਤੋਂ ਬਚਾਅ ਲਈ ਦਵਾਈਆਂ, ਅਤੇ ਪਸ਼ੂਆਂ ਲਈ ਮੱਕੀ ਦਾ ਆਚਾਰ ਹੈ, ਜਿਸ ਨੂੰ ਲੋੜਵੰਦਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਰਾਹਤ ਸਮੱਗਰੀ ਲੈ ਕੇ ਪੁੱਜਣ 'ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਰਟੀਓ ਨਵਜੀਤ ਸ਼ਰਮਾ ਨੇ ਧੰਨਵਾਦ ਕਰਦਿਆਂ ਕਿਹਾ ਕਿ ਡੇਰਾ ਸੱਚਾ ਸੌਦਾ ਦਾ ਉਪਰਾਲਾ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਰਾਹਤ ਸਮੱਗਰੀ ਵੰਡਣ 'ਚ ਪ੍ਰਸ਼ਾਸਨ ਦੀ ਤਰਫ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਲੋੜਵੰਦਾਂ ਤੱਕ ਰਾਹਤ ਪੁੱਜਦੀ ਹੋ ਸਕੇ। ਦੱਸਣਯੋਗ ਹੈ ਕਿ ਡੇਰਾ ਸੱਚਾ ਸੌਦਾ ਵੱਲੋਂ ਹੁਸ਼ਿਆਰਪੁਰ, ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਪਠਾਨਕੋਟ, ਫਾਜ਼ਿਲਕਾ ਅਤੇ ਫਿਰੋਜ਼ਪੁਰ ਜ਼ਿਲ੍ਹਿਆਂ ਦੇ ਹੜ੍ਹ ਪੀੜ੍ਹਤਾਂ ਨੂੰ ਰਾਹਤ ਸਮੱਗਰੀ ਪਹੁੰਚਾਈ ਗਈ ਹੈ

## ਪਾਵਰਕਾਮ ਤੇ ਟਰਾਂਸਕੋ ਦੇ ਪੈਨਸ਼ਨਰਾਂ ਦੀ ਮੀਟਿੰਗ ਭਲਕੇ: ਸੁਰਿੰਦਰ ਪੱਪੂ

ਗੁਰਦਾਸਪੁਰ (ਜਨਕ ਮਹਾਜਨ)-ਪਾਵਰਕਾਮ ਤੇ ਟਰਾਂਸਕੋ ਦੇ ਮੰਡਲ ਗੁਰਦਾਸਪੁਰ ਦੇ ਸਹਾਇਕ ਸਕੱਤਰ ਤੇ ਸਰਕਲ ਗੁਰਦਾਸਪੁਰ ਦੇ ਸਕੱਤਰ ਸੁਰਿੰਦਰ ਪੱਪੂ ਨੇ ਲਿਖਤੀ ਰੂਪ ਵਿੱਚ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਮੰਡਲ ਗੁਰਦਾਸਪੁਰ ਨਾਲ ਸੰਬੰਧਿਤ ਲਟਕ ਰਹੀਆਂ ਮੰਗਾਂ 'ਤੇ ਵਿਚਾਰ ਕਰਨ ਅਤੇ ਉਨ੍ਹਾਂ ਮੰਗਾਂ ਦਾ ਨਿਪਟਾਰਾ ਵਧੀਕ ਨਿਗਰਾਨ ਇੰਜੀਨੀਅਰ ਮੰਡਲ ਗੁਰਦਾਸਪੁਰ ਤੋਂ ਕਰਵਾਉਣ ਅਤੇ 18 ਸਤੰਬਰ ਸਰਕਲ ਗੁਰਦਾਸਪੁਰ ਸਾਹਮਣੇ ਪਾਵਰਕਾਮ ਦੀ ਮੈਨੇਜਮੈਂਟ ਖਿਲਾਫ ਦਿੱਤੇ ਜਾ ਰਹੇ ਧਰਨੇ ਨੂੰ ਸਫਲ ਬਣਾਉਣ ਲਈ ਪੈਨਸ਼ਨਰਾਂ ਦੀਆਂ ਡਿਊਟੀਆਂ ਲਗਾਈਆਂ ਜਾਣਗੀਆਂ। ਸ਼੍ਰੀ ਪੱਪੂ ਨੇ ਦੱਸਿਆ ਕਿ ਪੈਨਸ਼ਨਰਾਂ ਦੇ ਏਰੀਅਰ ਅਤੇ ਲੀਵ ਇਨ ਕੈਸ਼ਮੈਂਟ ਵਿੱਚ ਕੀਤੀ ਜਾ ਰਹੀ ਦੇਰੀ ਅਤੇ ਉਸ ਦਾ ਜਲਦ ਹੱਲ ਕਰਵਾਉਣ ਲਈ ਮੰਡਲ ਕਮੇਟੀ ਨੂੰ ਅਪੀਲ ਕੀਤੀ ਜਾਵੇਗੀ ਕਿ ਮੰਡਲ ਨਾਲ ਸੰਬੰਧਿਤ ਮੰਗਾਂ ਦਾ ਨਿਪਟਾਰਾ ਵਧੀਕ ਨਿਗਰਾਨ ਇੰਜੀਨੀਅਰ ਗੁਰਦਾਸਪੁਰ ਨੂੰ ਮਿਲ ਕੇ ਸਮਾਂ ਤੈਅ ਕਰਕੇ ਜਲਦੀ ਹੱਲ ਕਰਵਾਇਆ ਜਾਵੇ ਤਾਂ ਜੋ ਪੈਨਸ਼ਨਰਾਂ ਵਿਚ ਪਾਇਆ ਜਾ ਰਿਹਾ ਰੋਸ ਦੂਰ ਹੋ ਸਕੇ। ਉਨ੍ਹਾਂ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ 10 ਸਤੰਬਰ ਨੂੰ 10:30 ਵਜੇ 66 ਕੇ.ਵੀ. ਬਿਜਲੀ ਘਰ ਪੁਰਾਣਾ ਸ਼ਾਲਾ ਵਿਖੇ ਵਧ ਚੜ੍ਹ ਕੇ ਪਹੁੰਚਣ ਤਾਂ ਜੋ ਤਿਆਰ ਕੀਤਾ ਮੰਗ ਪੱਤਰ ਵਧੀਕ ਨਿਗਰਾਨ ਇੰਜੀਨੀਅਰ ਨੂੰ ਦਿੱਤਾ ਜਾਵੇ।

## ਆਉਣ ਵਾਲੇ ਦਿਨਾਂ 'ਚ ਹੜ੍ਹ ਪੀੜਤਾਂ ਲਈ ਵੱਡੇ ਪੱਧਰ 'ਤੇ ਮਦਦ ਦੀ ਲੋੜ ਪਵੇਗੀ: ਗੁਰਤੇਜ ਸਿੰਘ ਮਾਨ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਪੰਜਾਬ ਦੇ ਮਾਝੇ ਏਰੀਏ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਰਮਦਾਸ ਅਜਨਾਲਾ ਤੇ ਡੇਰਾ ਬਾਬਾ ਨਾਨਕ ਕਸਬਿਆਂ ਤੇ ਆਸ ਪਾਸ ਦੇ ਪਿੰਡਾਂ ਦੀ ਹੜ੍ਹਾਂ ਤੋਂ ਬਾਅਦ ਦੀ ਸਥਿਤੀ ਬੜੀ ਗੰਭੀਰ ਬਣੀ ਹੋਈ ਹੈ।ਪਿੰਡ ਮਾਨ ਸੈਂਡਵਾਲ ਦੇ ਪਿਛੋਕੜ ਵਾਲੇ ਗੁਰਤੇਜ ਸਿੰਘ ਮਾਨ ਜੋ ਅੱਜਕੱਲ੍ਹ ਜਰਮਨ ਰਹਿ ਰਹੇ ਹਨ, ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕੇ ਪੰਜਾਬ ਵਿੱਚ ਜੋ ਹੜ੍ਹਾਂ ਨਾਲ ਹਾਲਾਤ ਪੈਦਾ ਹੋਏ ਨੇ ਇਹ ਬੇਹੱਦ



ਚਿੰਤਾਜਨਕ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਹੜ੍ਹਾਂ ਦੀ ਮਾਰ ਹੇਠ ਆਏ ਲੋਕਾਂ ਨੂੰ ਵੱਡੀ ਪੱਧਰ ਤੇ ਮਦਦ ਦੀ ਲੋੜ ਪਵੇਗੀ।ਇਸ ਲਈ ਹੜ੍ਹ ਪ੍ਰਭਾਵਿਤ ਖੇਤਰ ਵਾਲੇ ਲੋਕਾਂ ਨੂੰ ਮੁੜ ਪੈਰਾਂ ਸਿਰ ਕਰਨ ਲਈ ਵੱਡੇ ਪੱਧਰ ਤੇ ਰਾਹਤ ਕਾਰਜ ਕੀਤੇ ਜਾਣ ਦੀ ਲੋੜ ਹੈ।ਉਨ੍ਹਾਂ ਕਿਹਾ ਕੇ ਪੰਜਾਬੀ ਹਮੇਸ਼ਾ ਆਪਣੇ ਭੈਣ ਭਰਾਵਾਂ ਦੀ ਖੁੱਲ੍ਹੇ ਦਿਲ ਨਾਲ ਮਦਦ ਕਰਦੇ ਆਏ ਹਨ।ਇਸ ਲਈ ਅਸੀਂ ਸਭ ਰਲ਼ਮਿਲ ਕੇ ਹੜ੍ਹਾਂ ਦੀ ਮਾਰ ਹੇਠ ਆਏ ਇਲਾਕੇ ਦੇ ਲੋਕਾਂ ਲਈ ਪੈਸੇ ਭੇਜਾਂਗੇ।ਜਿਉਂ ਜਿਉਂ ਪਾਣੀ ਉਤਰ ਰਿਹਾ ਕਿਸਾਨ ਭਰਾਵਾਂ ਨੂੰ ਆਪਣੀ ਜ਼ਮੀਨ ਪੱਧਰੀ ਤੇ ਵਾਹੀਯੋਗ ਬਣਾਉਣ ਲਈ ਵੱਡੇ ਤੇ ਵਿਸ਼ੇਸ਼ ਉਪਰਾਲੇ ਕਰਨੇ ਪੈਣਗੇ ਤੇ ਇਹ ਸਭ ਕੰਮ ਐਨਆਰਆਈ ਭਰਾਵਾਂ ਦੇ ਸਹਿਯੋਗ ਨਾਲ ਸੌਖਿਆਂ ਨੇਪਰੇ ਚੜ੍ਹ ਸਕਦੇ ਹਨ।

## ਗਾਇਕ ਮਨਕੀਰਤ ਔਲਖ ਦਸ ਟਰੈਕਟਰ ਲੈ ਕੇ ਡੇਰਾ ਬਾਬਾ ਨਾਨਕ ਪੁੱਜੇ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਪੰਜਾਬ ਦੇ ਮਸ਼ਹੂਰ ਗਾਇਕ ਤੇ ਫਿਲਮੀ ਅਦਾਕਾਰ ਮਨਕੀਰਤ ਔਲਖ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਅੱਗੇ ਆਏ ਹਨ ਜੋ ਡੇਰਾ ਬਾਬਾ ਨਾਨਕ ਇਲਾਕੇ ਦੇ ਹੜ੍ਹ ਪੀੜਤ ਕਿਸਾਨਾਂ ਦੀ ਸਹਾਇਤਾ ਲਈ ਪ੍ਰੀਤ ਕੰਪਨੀ ਦੇ ਨਵੇਂ 10 ਟਰੈਕਟਰ ਲੈ ਕੇ ਡੇਰਾ ਬਾਬਾ ਨਾਨਕ ਪੁੱਜੇ।ਇਹ ਨਵੇਂ ਟਰੈਕਟਰ ਗਲੋਬਲ ਸਿੱਖ ਸੰਸਥਾ ਨੂੰ ਸੌਂਪਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ



ਕਰਦਿਆਂ ਹੋਇਆਂ ਮਨਕੀਰਤ ਔਲਖ ਨੇ ਕਿਹਾ ਕਿ ਮੈਂ ਪੰਜਾਬ ਦਾ ਬੱਚਾ ਹਾਂ ਤੇ ਇਨ੍ਹਾਂ ਪੰਜਾਬੀਆਂ ਲਈ ਡਟ ਕੇ ਖੜ੍ਹਾ ਹਾਂ।ਉਨ੍ਹਾਂ ਕਿਹਾ ਕਿ ਮੈਂ ਅੱਜ ਜੋ ਕੁਝ ਵੀ ਹਾਂ ਇਨ੍ਹਾਂ ਲੋਕਾਂ ਦੀ ਬਦੌਲਤ ਹਾਂ ਤੇ ਇਨ੍ਹਾਂ ਲੋਕਾਂ ਲਈ ਮੇਰੀ ਜਾਨ ਵੀ ਹਾਜ਼ਰ ਹੈ।

ਉਨ੍ਹਾਂ ਕਿਹਾ ਕਿ ਦਸ ਦਿਨਾਂ ਬਾਅਦ ਦੂਸਰੇ 10 ਟਰੈਕਟਰ ਕਾਰ ਸੇਵਾ ਵਾਲੇ ਮਹਾਂਪੁਰਸ਼ ਸੰਤ ਭੂਰੀ ਵਾਲਿਆਂ ਨੂੰ ਸੌਂਪੇ ਜਾਣਗੇ।ਮਨਕੀਰਤ ਔਲਖ ਨੇ ਕਿਹਾ ਕਿ ਇਸ ਤੋਂ ਇਲਾਵਾ ਮੇਰੇ ਵੱਲੋਂ 5 ਕਰੋੜ ਰੁਪਏ ਇਨ੍ਹਾਂ ਹੜ੍ਹ ਪ੍ਰਭਾਵਿਤ ਲੋਕਾਂ ਵਾਸਤੇ ਰੱਖੇ ਗਏ ਹਨ ਤੇ ਮੇਰੇ ਵੱਲੋਂ ਆਪਣੇ ਗਾਇਕ ਤੇ ਫਿਲਮੀ ਐਕਟਰ ਭਰਾਵਾਂ ਦੇ ਸਹਿਯੋਗ ਸਦਕਾ ਹੜ੍ਹ ਪੀੜਤ ਪਰਿਵਾਰਾਂ ਦੀ ਵੱਧ ਤੋਂ ਵੱਧ ਮਾਲੀ ਮਦਦ ਵੀ ਕੀਤੀ ਜਾਵੇਗੀ।ਇਸ ਮੌਕੇ ਗਲੋਬਲ ਸਿੱਖ ਸੰਸਥਾ ਦੇ ਆਗੂ ਅਮਰਪ੍ਰੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ 10 ਟਰੈਕਟਰਾਂ ਨਾਲ ਹੜ੍ਹ ਪ੍ਰਭਾਵਿਤ ਨੀਵੇਂ ਇਲਾਕੇ ਵਿੱਚੋਂ ਟਿਊਬਲਾਂ ਨਾਲ ਪਾਣੀ ਕੱਢਿਆ ਜਾਵੇਗਾ ਤੇ ਪਿੰਡਾਂ ਵਿੱਚ ਮੱਛਰ ਮਾਰਨ ਲਈ ਮਸ਼ੀਨਾਂ ਲਗਾ ਕੇ ਇਨ੍ਹਾਂ ਟਰੈਕਟਰਾਂ ਨਾਲ ਸਪਰੇ ਕਰਵਾਈ ਜਾਵੇਗੀ।ਉਨ੍ਹਾਂ ਕਿਹਾ ਕਿ ਸਾਡੀ ਸੰਸਥਾ ਵੱਲੋਂ ਆਪਣੇ ਕੋਲੋਂ ਤੇਲ ਪਾ ਕੇ ਜਿਨ੍ਹਾਂ ਕਿਸਾਨਾਂ ਦੀ ਜ਼ਮੀਨ ਖਰਾਬ ਹੋਈ ਹੈ ਉਨ੍ਹਾਂ ਦੀ ਜ਼ਮੀਨ ਤੋਂ ਰੇਤਾ ਚੁੱਕਣ ਦਾ ਕੰਮ ਵੀ ਕੀਤਾ ਜਾਵੇਗਾ।ਉਨ੍ਹਾਂ ਵੱਲੋਂ ਮਨਕੀਰਤ ਔਲਖ ਤੇ ਉਨ੍ਹਾਂ ਦੀ ਸਮੁੱਚੀ ਟੀਮ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

## ਬੇਘਰ ਹੋਏ ਪਰਿਵਾਰਾਂ ਦੇ ਮੁੜ ਵਸੇਬੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਂਝਾ ਉਪਰਾਲਾ ਸ਼ੁਰੂ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਹੜ੍ਹ ਪ੍ਰਭਾਵਿਤ ਲੋਕਾਂ ਦੇ ਰਾਹਤ ਲਈ ਕੰਮ ਕਰ ਰਹੇ ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਦੇ ਅਧਿਕਾਰੀਆਂ ਨੇ ਪ੍ਰਭਾਵਿਤ ਇਲਾਕੇ ਦੇ ਲੋੜਵੰਦ ਪਰਿਵਾਰ, ਜਿਨ੍ਹਾਂ ਨੂੰ ਪੈਰਾਂ ਸਿਰ ਕਰਨ ਲਈ ਸਹਾਇਤਾ ਦੀ ਲੋੜ ਪਵੇਗੀ, ਲਈ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੀ ਅਗਵਾਈ ਹੇਠ ਛੇ ਮਹੀਨੇ ਤੱਕ ਚੱਲਣ ਵਾਲੀ ਯੋਜਨਾਬੰਦੀ ਕੀਤੀ ਗਈ ਹੈ।ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਇਸ ਕੰਮ ਲਈ ਅਸੀਂ ਪੰਜਾਬ ਸਰਕਾਰ ਦੇ ਨਾਲ ਨਾਲ ਸਮਾਜ ਸੇਵੀ ਸੰਸਥਾਵਾਂ, ਜਥੇਬੰਦੀਆਂ ਅਤੇ ਹੋਰ ਦਾਨੀ ਪੁਰਸ਼ਾਂ ਦਾ ਸਾਥ ਲਵਾਂਗੇ।ਉਨ੍ਹਾਂ ਦੱਸਿਆ ਕਿ ਹੁਣ ਤੱਕ ਚੱਲ ਰਹੇ ਰਾਹਤ ਦੇ ਕੰਮਾਂ ਵਿੱਚੋਂ ਜੋ ਰਿਪੋਰਟਾਂ ਪ੍ਰਾਪਤ ਹੋਈਆਂ ਹਨ, ਉਸ ਅਨੁਸਾਰ ਕੁਝ ਅਜਿਹੇ ਪਰਿਵਾਰ ਹੜ੍ਹਾਂ ਨਾਲ ਪ੍ਰਭਾਵਿਤ ਹੋਏ ਹਨ, ਜਿਨ੍ਹਾਂ ਦੇ ਘਰ ਪੂਰੀ ਤਰ੍ਹਾਂ ਨੁਕਸਾਨੇ ਗਏ ਹਨ, ਘਰਾਂ ਵਿੱਚ ਪਿਆ ਸਾਮਾਨ ਵੀ ਤਬਾਹ ਹੋ ਗਿਆ ਹੈ।ਉਨ੍ਹਾਂ ਦੇ ਛੋਟੇ ਕਾਰੋਬਾਰ ਵੀ ਲਗਭਗ ਤਬਾਹ ਹੋ ਗਏ ਹਨ।ਇਸ ਲਈ ਅਸੀਂ ਅਜਿਹੇ ਪਰਿਵਾਰਾਂ ਦੀ ਮਦਦ ਕਰਨ ਵਾਸਤੇ 'ਸਾਂਝਾ ਉਪਰਾਲਾ' ਸ਼ੁਰੂ ਕਰਨ ਜਾ ਰਹੇ ਹਾਂ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਨੇਕ ਕੰਮ ਦੀ ਜ਼ਿੰਮੇਵਾਰੀ ਲਈ ਨੋਡਲ ਅਧਿਕਾਰੀ ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ ਨੂੰ ਬਣਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਅਜਿਹੇ ਪਰਿਵਾਰਾਂ ਨੂੰ ਘਰ ਬਣਾ ਕੇ ਦੇਣ ਅਤੇ ਉਨ੍ਹਾਂ ਦੇ ਕਾਰੋਬਾਰ ਫਿਰ ਸਥਾਪਿਤ ਕਰਨ ਲਈ ਸਾਨੂੰ ਤਿੰਨ ਤੋਂ ਛੇ ਮਹੀਨੇ ਦਾ ਸਮਾਂ ਲੱਗੇਗਾ।ਇਸ ਲਈ ਅਸੀਂ ਹੜ੍ਹ ਦਾ ਪਾਣੀ ਉਤਰਨ ਉਪਰੰਤ ਇਸ ਦਾ ਵਿਸ਼ੇਸ਼ ਸਰਵੇ ਕਰਕੇ ਵਿਸਥਾਰਤ ਰਿਪੋਰਟ ਤਿਆਰ ਕਰਾਂਗੇ ਕਿ ਕਿਸ ਪਿੰਡ ਵਿੱਚ, ਕਿਸ ਵਿਅਕਤੀ ਨੂੰ ਕੀ ਲੋੜ ਹੈ।ਉਨ੍ਹਾਂ ਦੱਸਿਆ ਕਿ ਇਸ ਅਨੁਸਾਰ ਅਸੀਂ ਪੰਜਾਬ ਸਰਕਾਰ ਦੇ ਨਾਲ ਨਾਲ ਹੋਰ ਸੰਸਥਾਵਾਂ ਦਾ ਸਾਥ ਲੈ ਕੇ ਇਨ੍ਹਾਂ ਪੀੜਤ ਪਰਿਵਾਰਾਂ ਨੂੰ ਮੁੜ ਪੈਰਾਂ ਸਿਰ ਕਰਾਂਗੇ।

## ਗਰੀਬ ਦੇ ਘਰ ਦੀ ਛੱਤ ਡਿੱਗੀ



ਬੁਤਾਲਾ (ਨਿਰਮਲ ਸਿੰਘ ਸੰਘਾ)-ਤਹਿਸੀਲ ਬਾਬਾ ਬਕਾਲਾ ਸਾਹਿਬ ਦੇ ਪਿੰਡ ਸੱਤੋਵਾਲ ਵਿਖੇ ਪਿਛਲੇ ਦਿਨੀਂ ਭਾਰੀ ਮੀਂਹ ਕਾਰਨ ਇੱਕ ਗਰੀਬ ਪਰਿਵਾਰ ਦੇ ਮਕਾਨ ਦੀਆਂ ਛੱਤਾਂ ਡਿੱਗ ਗਈਆਂ।

ਮਿਲੀ ਜਾਣਕਾਰੀ ਅਨੁਸਾਰ ਭਾਰੀ ਮੀਂਹ ਪੈਣ ਕਾਰਣ ਵਿਧਵਾ ਪ੍ਰਮਜੀਤ ਕੌਰ ਪਤਨੀ ਸੁਲੱਖਣ ਸਿੰਘ ਵਾਸੀ ਸੱਤੋਵਾਲ ਤਹਿਸੀਲ ਬਾਬਾ ਬਕਾਲਾ ਸਾਹਿਬ ਦੇ ਤਿੰਨ ਬਾਲਿਆਂ ਵਾਲੀਆਂ ਛੱਤਾਂ ਡਿੱਗ ਗਈਆਂ ਜਿਸ ਨਾਲ ਘਰੇਲੂ ਸਾਮਾਨ ਤਹਿਸ ਨਹਿਸ ਹੋ ਗਿਆ ਅਤੇ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ। ਸਾਬਕਾ ਕਾਨੂੰਗੋ ਜਰਨੈਲ ਸਿੰਘ ਅਤੇ ਪਿੰਡ ਵਾਸੀਆਂ ਨੇ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਇਸ ਗਰੀਬ ਪਰਿਵਾਰ ਦੀ ਵੱਧ ਤੋਂ ਵੱਧ ਮੱਦਦ ਕੀਤੀ ਜਾਵੇ।

## ਸਵ. ਮਹਿੰਦਰ ਪਾਲ ਦਾ ਪਰਿਵਾਰ ਹੜ੍ਹ ਮਾਰੇ ਲੋਕਾਂ ਦੀ ਜੀਅ-ਜਾਨ ਨਾਲ ਕਰ ਰਿਹੈ ਸੇਵਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਵ. ਮਹਿੰਦਰ ਪਾਲ ਦੇ ਪਰਿਵਾਰ ਵੱਲੋਂ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਲੋਕਾਂ ਦੀ ਸਹਾਇਤਾ ਲਈ ਰਾਹਤ ਕਾਰਜ ਲਗਾਤਾਰ ਜਾਰੀ ਹਨ।ਇਸ ਪਰਿਵਾਰ ਵੱਲੋਂ ਹੜ੍ਹ ਪ੍ਰਭਾਵਿਤ ਵੱਖ-ਵੱਖ ਪਿੰਡਾਂ ਦੇ ਪ੍ਰਭਾਵਿਤ ਲੋਕਾਂ ਨੂੰ ਰਾਹਤ ਸਮਗਰੀ, ਖਾਣ-ਪੀਣ ਦੀਆਂ ਵਸਤਾਂ ਅਤੇ ਪੀਣ ਵਾਲਾ ਸਾਫ਼ ਪਾਣੀ ਪਹੁੰਚਾਇਆ ਜਾ ਰਿਹਾ ਹੈ।ਇਸ ਮੌਕੇ ਹੜ੍ਹ ਨਾਲ



ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੇ ਸਵ. ਮਹਿੰਦਰ ਪਾਲ ਦੇ ਸਪੁੱਤਰ ਪਟਵਾਰੀ ਹਰਪ੍ਰੀਤ ਸਿੰਘ ਲਾਲੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹੜ੍ਹਾਂ ਦੌਰਾਨ ਇਸ ਪਰਿਵਾਰ ਨੇ ਇਲਾਕੇ ਦੇ ਲੋੜਵੰਦ ਪਰਿਵਾਰਾਂ ਦੀ ਬਹੁਤ ਸੇਵਾ ਕੀਤੀ ਹੈ, ਇਸ ਪਰਿਵਾਰ ਨੇ ਹੜ੍ਹਾਂ ਦੌਰਾਨ ਡੂੰਘੇ ਪਾਣੀ ਵਿੱਚ ਬੇੜੀਆਂ ਅਤੇ ਟਰੈਕਟਰ ਟਰਾਲੀਆਂ ਰਾਹੀ ਵੱਖ ਵੱਖ-ਵੱਖ ਪਿੰਡਾਂ ਵਿੱਚ ਪਹੁੰਚ ਕਰਕੇ ਲੋਕਾਂ ਨੂੰ ਰਾਹਤ ਸਮੱਗਰੀ ਪਹੁੰਚਾਈ ਜੋ ਕਿ ਇੱਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ ਹੁਣ ਤੱਕ ਇਸ ਪਰਿਵਾਰ ਵੱਲੋਂ 300 ਫੋਲਡਿੰਗ ਬੈੱਡ, 600 ਗੱਦੇ, 700 ਮੱਛਰਦਾਨੀਆਂ, 60 ਪੇਟੀਆਂ ਰਸ , 48 ਪੇਟੀਆਂ ਬਿਸਕੁਟ ਅਤੇ 700 ਦੇ ਕਰੀਬ ਲੋੜਵੰਦ ਪਰਿਵਾਰਾਂ ਨੂੰ ਸੁੱਕੇ ਰਾਸ਼ਨ ਦੀਆਂ ਕਿੱਟਾਂ ਵੰਡੀਆਂ।

ਇਸ ਮੌਕੇ ਬੀਬੀ ਰਾਜ ਰਾਣੀ, ਬਲਵਿੰਦਰ ਕੁਮਾਰ, ਸਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਤਨਸ਼ਪ੍ਰੀਤ ਸਿੰਘ, ਬੀਬੀ ਸੁਖਵਿੰਦਰ ਕੌਰ ਆਦਿ ਪਰਿਵਾਰਕ ਮੈਂਬਰ ਹਾਜ਼ਰ ਸਨ ।

## ਗੌਰਵਵੀਰ ਸੋਹਲ ਦਾ ਅੰਮ੍ਰਿਤਸਰ ਪੁੱਜਣ 'ਤੇ ਨਿੱਘਾ ਸਵਾਗਤ

ਛੇਹਰਟਾ, (ਮਨੋਜ ਕੁਮਾਰ)-ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੀਆਂ ਕੈਂਪਸ ਸਟੂਡੈਂਟਸ ਕੌਂਸਲ ਚੋਣਾਂ ਦੌਰਾਨ ਪ੍ਰਧਾਨਗੀ ਦੇ ਅਹੁਦੇ 'ਤੇ ਜਿੱਤ ਪ੍ਰਾਪਤ ਕਰਨ ਵਾਲੇ ਗੌਰਵਵੀਰ ਸੋਹਲ ਦਾ ਅੰਮ੍ਰਿਤਸਰ ਪੁੱਜਣ 'ਤੇ ਭਾਜਪਾ ਤੇ ਅਖਿਲ ਭਾਰਤੀਆ ਵਿਦਿਆਰਥੀ ਪ੍ਰੀਸ਼ਦ



(ਏਬੀਵੀਪੀ) ਦੇ ਆਗੂਆਂ ਨੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਗੌਰਵਵੀਰ ਸੋਹਲ ਨੂੰ ਵਧਾਈ ਦਿੰਦਿਆਂ ਭਾਜਪਾ (ਦਿਹਾਤੀ) ਜ਼ਿਲ੍ਹਾ ਅੰਮ੍ਰਿਤਸਰ ਦੇ ਜਨਰਲ ਸਕੱਤਰ ਡਾ. ਸੁਸ਼ੀਲ ਕੁਮਾਰ ਦੇਵਗਨ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਕੈਂਪਸ ਸਟੂਡੈਂਟਸ ਕੌਂਸਲ ਦੀਆਂ ਚੋਣਾਂ ਦੇ ਇਤਿਹਾਸ ਵਿਚ ਪਹਿਲੀ ਵਾਰ ਏਬੀਵੀਪੀ ਨੇ ਪ੍ਰਧਾਨਗੀ ਦੇ ਅਹੁਦੇ 'ਤੇ ਜਿੱਤ ਪ੍ਰਾਪਤ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੇ ਵਿਦਿਆਰਥੀ ਵਿੰਗ ਦੀ ਇਹ ਇਕ ਸ਼ਾਨਦਾਰ ਪ੍ਰਾਪਤੀ ਹੈ। ਇਸ ਮੌਕੇ ਏਬੀਵੀਪੀ ਦੇ ਕੌਮੀ ਸਕੱਤਰ ਅਦਿੱਤਿਆ ਠਾਕੁਰ, ਵਿਦਿਆਰਥੀ ਆਗੂ ਨਿਤਿਨ ਮਹੇਸ਼ਵਰੀ, ਭਾਰਤੀ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਰਾਜੀਵ ਅਨੇਜਾ ਨੇ ਗੌਰਵਵੀਰ ਸੋਹਲ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਥੇਬੰਦੀ ਨੇ ਲੰਮੇ ਸਮੇਂ ਦੇ ਸੰਘਰਸ਼ ਉਪਰੰਤ ਇਹ ਜਿੱਤ ਪ੍ਰਾਪਤ ਕੀਤੀ ਹੈ, ਜੋਕਿ ਏਬੀਵੀਪੀ ਦੇ ਵਿਚਾਰਾਂ ਦੀ ਜਿੱਤ ਹੈ।

ਇਸ ਮੌਕੇ ਭਾਜਪਾ ਦੇ ਸੂਬਾ ਸਕੱਤਰ ਸੂਰਜ ਭਾਰਦਵਾਜ ਵੀ ਮੌਜੂਦ ਸਨ। ਇਸ ਉਪਰੰਤ ਗੌਰਵਵੀਰ ਸੋਹਲ, ਡਾ. ਸੁਸ਼ੀਲ ਕੁਮਾਰ ਦੇਵਗਨ ਤੇ ਹੋਰ ਆਗੂ ਹੜ੍ਹ ਪੀੜਤਾਂ ਦਾ ਹਾਲ ਜਾਣਨ ਤੇ ਉਨ੍ਹਾਂ ਨੂੰ ਜ਼ਰੂਰੀ ਸਾਮਾਨ ਵੰਡਣ ਲਈ ਡੇਰਾ ਬਾਬਾ ਨਾਨਕ ਲਈ ਰਵਾਨਾ ਹੋ ਗਏ।

## ਇੱਕ ਏਕੜ ਫਸਲ ਦਾ 20 ਹਜ਼ਾਰ ਰੁਪਏ ਮੁਆਵਜ਼ਾ ਦੇਣਾ ਸ਼ਰਮਨਾਕ: ਖਹਿਰਾ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਪੰਜਾਬ ਵਿੱਚ ਸਰਕਾਰਾਂ ਦੀ ਨਾਲਾਇਕੀ ਕਾਰਨ ਆਏ ਹੜ੍ਹਾਂ ਲਈ ਅੱਜ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜੋ ਪ੍ਰਤੀ ਏਕੜ 20 ਹਜ਼ਾਰ ਮੁਆਵਜ਼ੇ ਦਾ ਐਲਾਨ ਕੀਤਾ ਗਿਆ ਹੈ ਉਹ ਬੇਹੱਦ ਸ਼ਰਮਨਾਕ ਹੈ। ਹੜ੍ਹਾਂ ਵਿੱਚ ਜਾਨ ਗੁਆਉਣ ਵਾਲਿਆਂ ਨੂੰ ਸਿਰਫ 4 ਲੱਖ ਮੁਆਵਜ਼ਾ ਦਿਤਾ ਜਾਵੇਗਾ। ਇਸ ਤੋਂ ਪਤਾ ਲੱਗਦਾ ਹੈ ਕਿ ਆਮ ਆਦਮੀ ਪਾਰਟੀ ਅਤੇ ਪੰਜਾਬ ਸਰਕਾਰ ਨੂੰ ਪੰਜਾਬ



ਦੇ ਲੋਕਾਂ ਨਾਲ ਕੋਈ ਦੁੱਖ ਜਾਂ ਹਮਦਰਦੀ ਨਹੀਂ ਹੈ, ਲੋਕਾਂ ਨੂੰ ਹੜ੍ਹਾਂ ਦੇ ਪਾਣੀਆਂ ਵਿੱਚੋਂ ਲੋਕਾਂ ਤੇ ਸਮਾਜ ਸੇਵੀਆਂ ਨੇ ਹੀ ਬਚਾਇਆ ਅਤੇ ਉਨ੍ਹਾਂ ਨੇ ਹੀ ਰਾਸ਼ਨ ਅਤੇ ਪਸ਼ੂਆਂ ਦੇ ਚਾਰੇ ਲਈ ਲਾਮਿਸਾਲ ਮਦਦ ਕੀਤੀ। ਲੋਕ ਅੱਜ ਤੱਕ ਵੀ ਖੁਦ ਵੱਖ-ਵੱਖ ਥਾਵਾਂ ਤੇ ਧੁੱਸੀ ਬੰਨ੍ਹ ਬਚਾਉਣ ਲਈ ਦਿਨ ਰਾਤ ਮਿਹਨਤ ਕਰ ਰਹੇ ਹਨ ਅਤੇ ਪੰਜਾਬ ਸਰਕਾਰ ਵੱਲੋਂ ਕਿਤੇ ਵੀ ਕੋਈ ਮਦਦ ਨਹੀਂ ਕੀਤੀ ਗਈ। ਹੁਣ ਮੁਆਵਜ਼ੇ ਦੇ ਨਾਮ ਉਪਰ ਲੋਕਾਂ ਨਾਲ਼ ਮਜ਼ਾਕ ਕੀਤਾ ਜਾ ਰਿਹਾ ਹੈ। ਇਹ ਸ਼ਬਦ ਭਾਜਪਾ ਦੇ ਜ਼ਿਲਾ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਅਮਰਪਾਲ ਸਿੰਘ ਖਹਿਰਾ ਨੇ ਸਾਥੀ ਆਗੂਆਂ ਦੀ ਮੌਜੂਦਗੀ ਵਿੱਚ ਆਖੇ ਉਨ੍ਹਾਂ ਕਿਹਾ ਕਿ 20 ਹਜ਼ਾਰ ਤਾਂ ਝੋਨਾ ਲਾਉਣ ਦਾ ਪ੍ਰਤੀ ਕਿੱਲਾ ਖਰਚਾ ਹੀ ਆ ਜਾਂਦਾ ਹੈ ਅਤੇ ਅਜੇ ਖੇਤ ਤਿਆਰ ਕਰਨ ਲਈ ਵੀ ਹਜ਼ਾਰਾਂ ਰੁਪਏ ਖਰਚੇ ਜਾਣੇ ਹਨ। ਮਾਨ ਸਰਕਾਰ ਨੇ ਸ਼ਰਾਬ ਪੀ ਕੇ ਮਰਨ ਵਾਲਿਆਂ ਲਈ 10 ਲੱਖ ਮੁਆਵਜ਼ਾ ਦਿਤਾ ਸੀ ਤੇ ਹੜ੍ਹਾਂ ਨਾਲ਼ ਮਰਨ ਵਾਲਿਆਂ ਲਈ ਸਿਰਫ 4 ਲੱਖ ਦਾ ਐਲਾਨ ਕੀਤਾ ਹੈ। ਸਰਕਾਰ ਦੀ ਮਿਲੀਭੁਗਤ ਸਦਕਾ ਪਿਛਲੇ ਝੋਨੇ ਦੀ ਫਸਲ ਵਿੱਚ ਡੇਢ ਸੌ ਤੋਂ ਦੋ ਸੌ ਰੁਪਏ ਦਾ ਕੱਟ ਲਗਾਇਆ ਗਿਆ ਸੀ ਅਤੇ ਮੱਕੀ ਤੇ ਮਟਰ ਦਾ ਬੀਜ ਵੀ ਬਲੈਕ ਵਿੱਚ ਮਿਥੇ ਰੇਟਾਂ ਤੋਂ ਵੱਧ ਕਿਸਾਨਾਂ ਨੂੰ ਦਿੱਤਾ ਗਿਆ। ਸ. ਖਹਿਰਾ ਨੇ ਕਿਹਾ ਕਿ ਆਪਣੀਆਂ ਮਸ਼ਹੂਰੀਆਂ ਲਈ ਕਰੋੜਾਂ ਰੁਪਏ ਖਰਚਣ ਵਾਲੀ ਸਰਕਾਰ ਕੋਲ਼ ਲੋਕਾਂ ਦੇ ਦੁਖਦਾਈ ਸਮੇਂ ਵਿੱਚ ਦੇਣ ਲਈ ਕੁਝ ਵੀ ਨਹੀਂ ਜੋ ਕਿ ਬਹੁਤ ਹੀ ਮੰਦਭਾਗੀ ਗੱਲ ਹੈ। ਲੋਕ ਆਉਂਦੀਆਂ ਚੋਣਾਂ ਵਿੱਚ ਇਸਦਾ ਸਬਕ ਜ਼ਰੂਰ ਦੇਣਗੇ। ਇਸ ਮੌਕੇ ਅਮਰਪਾਲ ਸਿੰਘ ਖਹਿਰਾ ਨਾਲ਼ ਭਾਜਪਾ ਦੇ ਜ਼ਿਲਾ ਮੀਤ ਪ੍ਰਧਾਨ ਅਤੁਲ ਜੈਨ ਪੱਟੀ, ਕਿਸਾਨ ਮੋਰਚਾ ਦੇ ਜ਼ਿਲਾ ਪ੍ਰਧਾਨ ਗੁਰਸਾਹਿਬ ਸਿੰਘ, ਕਿਸਾਨ ਮੋਰਚਾ ਦੇ ਜ਼ਿਲਾ ਮੀਤ ਪ੍ਰਧਾਨ ਕੁਲਵੰਤ ਸਿੰਘ ਭੈਲ, ਨਿੱਜੀ ਸਕੱਤਰ ਜਸਵੰਤ ਸਿੰਘ ਡਿੰਪੀ ਮੀਆਂਵਿੰਡ, ਸਤਨਾਮ ਸਿੰਘ ਫਤਹਿਬਾਦ, ਮੀਡੀਆ ਇੰਚਾਰਜ ਦਸਬਿੰਦਰ ਸਿੰਘ ਗੋਇੰਦਵਾਲ ਆਦਿ ਆਗੂ ਮੌਜੂਦ ਸਨ।

## ਆਦਰਸ਼ ਬਿਰਧ ਆਸ਼ਰਮ ਤੇ ਕਮਲ ਟ੍ਰੇਨਿੰਗ ਵੈੱਲਫੇਅਰ ਸੁਸਾਇਟੀ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਬਿਰਧ ਆਸ਼ਰਮ ਦੀ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਤੇ ਕਮਲ ਟ੍ਰੇਨਿੰਗ ਵੈੱਲਫੇਅਰ ਸੁਸਾਇਟੀ ਦੀ ਪ੍ਰਧਾਨ ਕਮਲ ਰਾਜ ਨੇ ਪੰਜਾਬ



ਦੇ ਹੜ੍ਹ ਪੀੜਿਤ ਪਰਿਵਾਰਾਂ ਦੀ ਸਹਾਇਤਾ ਕੀਤੀ। ਅੰਜਲੀ ਸ਼ਰਮਾ ਤੇ ਕਮਲ ਟ੍ਰੇਨਿੰਗ ਵੈੱਲਫੇਅਰ ਸੋਸਾਇਟੀ ਪਠਾਨਕੋਟ ਤੋਂ ਪ੍ਰਧਾਨ ਕਮਲ ਰਾਜ, ਟੀਮ ਮੈਂਬਰ ਰੀਨਾ ਵਧਾਵਨ, ਡਾ. ਜਗਦੀਸ਼ ਰਾਜ, ਰਿੰਕੂ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਨੇ ਮਿਲ ਕੇ ਜ਼ਿਲ੍ਹਾ ਪਠਾਨਕੋਟ ਅਤੇ ਗੁਰਦਾਸਪੁਰ ਦੇ ਪਿੰਡ ਕਥਲੌਰ, ਕੋਲੀਆਂ, ਬਮਿਆਲ, ਤਾਸ਼, ਮੱਖਣਪੁਰ ਆਦਿ ਇਲਾਕਿਆਂ ਵਿੱਚ ਜਾ ਕੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ। ਪਿੰਡਾਂ ਦੇ ਲੋਕਾਂ ਦੇ ਹਾਲਾਤ ਨੂੰ ਜਾਣਿਆ।ਲੋੜਵੰਦ ਪਰਿਵਾਰਾਂ ਨੂੰ ਰਾਸ਼ਨ, ਟਾਰਚ, ਮਾਚਿਸ, ਮੋਮਬੱਤੀਆਂ, ਬਰੈੱਡ, ਬਿਸਕੁਟ , ਕੰਬਲ, ਬੈੱਡ ਸ਼ੀਟਾਂ ਅਤੇ ਲੜਕੀਆਂ ਦਾ ਲੋੜਵੰਦ ਸਾਮਾਨ ਵੰਡਿਆ ਗਿਆ।

## ਬੀ ਕੇ ਯੂ ਖੇਤੀ ਬਚਾਓ ਹਰਿਆਣਾ ਨੇ ਪੱਖੋਕੇ ਟਾਹਲੀ ਸਾਹਿਬ ਨੂੰ ਲਿਆ ਗੋਦ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਨਗਰ ਕੌਂਸਲ ਡੇਰਾ ਬਾਬਾ ਨਾਨਕ ਅਧੀਨ ਆਉਂਦੇ ਹੜ੍ਹ ਪ੍ਰਭਾਵਿਤ ਪਿੰਡ ਪੱਖੋਕੇ ਟਾਹਲੀ ਸਾਹਿਬ ਦੇ ਗੁਰਦੁਆਰਾ ਬਾਬਾ ਸ਼੍ਰੀ ਬਾਵਾ ਚੰਦ ਜੀ ਵਿਖੇ ਪਿੰਡ ਦੇ ਵਸਨੀਕਾਂ ਦੀ ਮੀਟਿੰਗ ਹੋਈ।ਇਸ ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ ਖੇਤੀ ਬਚਾਓ ਹਰਿਆਣਾ ਦੇ ਪ੍ਰਧਾਨ ਜਰਨੈਲ ਸਿੰਘ ਚਹਿਲ ਨੇ ਪੱਖੋਕੇ ਟਾਹਲੀ ਸਾਹਿਬ ਪਿੰਡ ਨੂੰ ਗੋਦ ਲੈਣ ਦਾ ਐਲਾਨ ਕੀਤਾ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਅਤੇ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਸ਼ਾਮਿਲ ਰਹੇ।ਇਸ ਮੌਕੇ ਜਰਨੈਲ ਸਿੰਘ ਨੇ ਕਿਹਾ ਕਿ ਜਥੇਬੰਧੀ ਕਿਸਾਨਾਂ ਨੂੰ ਕਣਕ ਦੀ ਬਿਜਾਈ ਲਈ ਬੀਜ, ਖਾਦ, ਡੀਜ਼ਲ, ਦਵਾਈਆਂ ਆਦਿ ਮੁਹੱਈਆ ਕਰਵਾਏਗੀ ਅਤੇ ਰਾਸ਼ਨ ਅਤੇ ਕੱਪੜੇ ਆਦਿ ਦੀ ਵਿਵਸਥਾ ਵੀ ਕੀਤੀ ਜਾਵੇਗੀ।ਕਿਸਾਨ ਆਗੂ ਸੁਖਦੇਵ ਸਿੰਘ ਭੋਜਰਾਜ ਨੇ ਕਿਹਾ ਕਿ ਸਾਡੀਆਂ ਟੀਮਾਂ ਪਹਿਲੇ ਦਿਨ ਤੋਂ ਹੀ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਸੇਵਾ ਨਿਭਾਅ ਰਹੇ ਹਨ ਅਤੇ ਲੋੜਵੰਦਾਂ ਤੱਕ ਹਰੇਕ ਤਰਾਂ ਦੀ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ ਅਤੇ ਆਉਂਦੇ ਦਿਨਾਂ ਵਿੱਚ ਕਣਕ ਦੀ ਬਿਜਾਈ ਲਈ ਵੀ ਕਿਸਾਨਾਂ ਦੀ ਵੱਡੀ ਪੱਧਰ ਤੇ ਇਮਦਾਦ ਕੀਤੀ ਜਾਵੇਗੀ।ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਹੜ੍ਹ ਕੁਦਰਤੀ ਨਹੀਂ,



ਸਰਕਾਰਾਂ ਨੇ ਜਾਣ ਬੁੱਝ ਕੇ ਲੋਕਾਂ ਨੂੰ ਡੋਬਿਆ ਹੈ।ਲੋਕਾਂ ਨੇ ਭਾਈਚਾਰਕ ਸਾਂਝ ਦਾ ਸਬੂਤ ਦਿੰਦੇ ਹੋਏ ਜੰਮੂ ਕਸ਼ਮੀਰ, ਉੱਤਰ ਪ੍ਰਦੇਸ਼, ਹਰਿਆਣਾ, ਰਾਜਸਥਾਨ, ਦਿੱਲੀ, ਮੱਧ ਪ੍ਰਦੇਸ਼ ਆਦਿ ਰਾਜਾਂ ਤੋਂ ਵੱਡੀ ਪੱਧਰ ਤੇ ਰਾਹਤ ਸਮੱਗਰੀ ਲੈ ਕੇ ਪੰਜਾਬ ਪਹੁੰਚ ਰਹੇ ਹਨ।ਇਸ ਮੌਕੇ ਕਵਲਜੀਤ ਸਿੰਘ ਖੁਸ਼ਹਾਲਪੁਰ, ਸਰਬਜੀਤ ਸਿੰਘ ਚਾਹਿਲ, ਗੁਰਜੀਤ ਸਿੰਘ ਵਡਾਲਾ ਬਾਂਗਰ, ਇਕਬਾਲ ਸਿੰਘ ਖੋਖਰ, ਬੇਗ ਰਾਜ ਫੂਲਨ, ਰਜਿੰਦਰ ਚਾਹਲ, ਮਦਨ ਬਿਜਾਰਨੀਆ, ਪ੍ਰਿਤਪਾਲ ਖੁੰਬਰ, ਵਿਨੋਦ ਸਿਰਧਾਨ, ਤੇਜਿੰਦਰ ਔਜਲਾ, ਰਣਜੀਤ ਸਿੰਘ, ਕੇਵਲ ਸਿੰਘ, ਦੀਦਾਰ ਸਿੰਘ, ਗੁਰਨਾਮ ਸਿੰਘ, ਦਰਸ਼ਨ ਸਿੰਘ, ਭਗਵੰਤ ਸਿੰਘ ਮਾਨ, ਪਰਮਪਾਲ ਸਿੰਘ ਮੇਤਲਾ ਹਾਜ਼ਰ ਸਨ।

## ਬੰਨ੍ਹ ਬੰਨ੍ਹਣ ਲਈ 700 ਕਾਰ ਸੇਵਕਾਂ ਨਾਲ ਸੰਤ ਬਾਬਾ ਸੁੱਖਾ ਸਿੰਘ ਰਮਦਾਸ ਪਹੁੰਚੇ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਦੀ ਅਗਵਾਈ ਵਿੱਚ 700 ਕਾਰ ਸੇਵਕਾਂ ਦਾ ਜਥਾ ਰਾਵੀ ਦੇ ਕੰਢੇ ਰਮਦਾਸ ਨੇੜੇ ਪਿੰਡ ਘੋਨੇਵਾਲਾ ਵਿਖੇ ਪਹੁੰਚਿਆ, ਜਿੱਥੇ 27 ਅਗਸਤ ਨੂੰ ਬੰਨ੍ਹ ਟੁੱਟ ਗਿਆ ਸੀ। ਇੱਥੇ ਬੰਨ੍ਹ ਵਿਚ ਇੱਕ ਪਾਸੇ 200 ਫੁੱਟ ਅਤੇ ਦੂਜੇ ਪਾਸੇ 400 ਫੁੱਟ ਦਾ ਪਾੜ ਹੈ।ਇਸ ਬੰਨ੍ਹ ਦੇ ਟੁੱਟਣ



ਨਾਲ ਰਮਦਾਸ ਤੋਂ ਡੇਰਾ ਬਾਬਾ ਨਾਨਕ ਅਤੇ ਅਜਨਾਲਾ ਤੱਕ ਦੇ ਪਿੰਡਾਂ ਵਿੱਚ ਪਾਣੀ ਭਰ ਗਿਆ ਸੀ। ਸੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਬੀਤੇ ਕੱਲ ਮਾਨਯੋਗ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨਾਲ ਵਿਚਾਰ ਵਟਾਂਦਰਾ ਕਰਕੇ ਸੇਵਾ ਆਰੰਭ ਕਰਨ ਦੀ ਵਿਉਂਤਬੰਦੀ ਕੀਤੀ ਗਈ ਸੀ।ਇਸ ਮੌਕੇ ਬੋਲਦਿਆਂ ਸੰਤ ਬਾਬਾ ਸੁੱਖਾ ਸਿੰਘ ਨੇ ਆਖਿਆ ਕਿ ਸਾਲ 2023 ਵਿੱਚ ਸੰਗਤਾਂ ਦੇ ਸਹਿਯੋਗ ਨਾਲ 10 ਥਾਵਾਂ ਤੇ ਦਰਿਆਵਾਂ ਦੇ ਬੰਨ੍ਹਾਂ ਦੀ ਸੇਵਾ ਕਰਵਾਈ ਗਈ ਸੀ ਅਤੇ ਹੁਣ ਜਲਦੀ ਹੀ ਰਾਵੀ ਦਾ ਇਹ ਬੰਨ੍ਹ ਵੀ ਮੁੜ ਸੁਰਜੀਤ ਕਰ ਦਿੱਤਾ ਜਾਵੇਗਾ।ਇਸ ਮੌਕੇ ਕੁਲਦੀਪ ਸਿੰਘ ਧਾਲੀਵਾਲ ਤੇ ਨਵਜੋਤ ਕੌਰ ਸਿੱਧੂ ਵੀ ਪਹੁੰਚੇ।

ਸੰਗਤਾਂ ਵਿੱਚ ਜਥੇਦਾਰ ਬਾਬਰ ਸਿੰਘ, ਜਥੇਦਾਰ ਬਲਦੇਵ ਸਿੰਘ, ਜਥੇਦਾਰ ਸੁਰ ਸਿੰਘ, ਜਥੇਦਾਰ ਤਰਸੇਮ ਸਿੰਘ, ਜਥੇਦਾਰ ਸਤਵਿੰਦਰ ਸਿੰਘ ਠੱਠਾ, ਜਥੇਦਾਰ ਜਗਮੋਹਨ ਸਿੰਘ, ਜਥੇਦਾਰ ਗੁਰਜੀਤ ਸਿੰਘ ਵਰਿਆਂ, ਲਾਲੀ ਸ਼ੇਰਪੁਰ, ਜਥੇਦਾਰ ਹਰੀ ਸਿੰਘ ਰੱਤੋਕੇ, ਜਥੇਦਾਰ ਪ੍ਰਿਤਪਾਲ ਸਿੰਘ ਭਾਈ, ਜਥੇਦਾਰ ਥਲਬੀਰ ਸਿੰਘ, ਜਥੇਦਾਰ ਹਿੰਮਤ ਸਿੰਘ, ਜਥੇਦਾਰ ਜਰਨੈਲ ਸਿੰਘ ਰੂੜੀਵਾਲਾ, ਜਥੇਦਾਰ ਬਿਕਰਮਜੀਤ ਸਿੰਘ ਰੂੜੀਵਾਲਾ, ਜਥੇਦਾਰ ਹਰਪਾਲ ਸਿੰਘ ਕੋਟਬੁੱਢਾ, ਸਾਬਕਾ ਸਰਪੰਚ ਅਮੋਲਕਜੀਤ ਸਿੰਘ ਸਰਹਾਲੀ ਕਲਾਂ, ਸਾਬਕਾ ਸਰਪੰਚ ਸਾਹਿਬ ਸਿੰਘ ਸਰਹਾਲੀ ਕਲਾਂ, ਗੁਰਜੀਤ ਸਿੰਘ ਸ਼ਾਹ, ਬਖਸ਼ੀਸ਼ ਸਿੰਘ ਸਰਹਾਲੀ ਅਤੇ ਹੋਰ ਕਈ ਗੁਰਸਿੱਖ ਪਤਵੰਤੇ ਹਾਜ਼ਰ ਸਨ।

## ਪ੍ਰਧਾਨ ਮੰਤਰੀ ਪੰਜਾਬ ਫੇਰੀ ਦੌਰਾਨ 2 ਹਜ਼ਾਰ ਕਰੋੜ ਦੇ ਪੈਕੇਜ ਸਣੇ 60 ਹਜ਼ਾਰ ਕਰੋੜ ਰੁਪਏ ਵੀ ਜਾਰੀ ਕਰਨ: ਧਾਲੀਵਾਲ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)- ਹਲਕਾ ਅਜਨਾਲਾ ਤੋਂ ਵਿਧਾਇਕ ਅਤੇ ਸਾਬਕਾ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਹਲਕੇ 'ਚ ਹੜ੍ਹਾਂ ਦੀ ਮਾਰ ਨਾਲ ਬੁਰੀ ਤਰਾਂ ਝੰਬੇ ਰਮਦਾਸ ਖੇਤਰ 'ਚ ਹੜ੍ਹ ਪੀੜਤਾਂ ਦੀ ਸਹਾਇਤਾ ਕਰਨ ਅਤੇ ਸਰਕਾਰੀ ਅਮਲੇ ਤੇ ਸਮਾਜ ਸੇਵੀ ਸੰਸਥਾਵਾਂ ਵਲੋਂ ਚਲਾਏ ਜਾ ਰਹੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਭਲਕੇ 9 ਸਤੰਬਰ ਨੂੰ ਪੰਜਾਬ ਦੇ ਹੜ੍ਹਾਂ ਤੋਂ ਹੋਈ ਬਰਬਾਦੀ ਦੇ



ਹਾਲਾਤ ਨੂੰ ਹਵਾਈ ਸਰਵੇਖਣ ਰਾਹੀਂ ਜਾਇਜ਼ਾ ਅਤੇ ਦੌਰੇ ਦੌਰਾਨ ਪਠਾਨਕੋਟ ਵਿਖੇ ਅਧਿਕਾਰੀਆਂ ਕੋਲੋਂ ਜਾਇਜ਼ਾ ਰਿਪੋਰਟਾਂ ਲੈਣ ਲਈ ਦਿੱਲੀ ਤੋਂ ਪੁੱਜ ਰਹੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸ੍ਰ. ਧਾਲੀਵਾਲ ਨੇ ਆਪਣੇ ਸੋਸ਼ਲ ਮੀਡੀਆ 'ਤੇ ਸਿੱਧੇ ਤੌਰ ਤੇ ਮੁਖਾਤਿਬ ਹੁੰਦਿਆਂ ਅਤੇ ਪੀਐੱਮਓ ਦੇ ਸੋਸ਼ਲ ਮੀਡੀਆ ਹੈਂਡਲ ਤੇ ਆਪਣੇ ਵੀਡੀਓ ਸੰਦੇਸ਼ ਨੂੰ ਟੈਗ ਕੀਤਾ ਜਿਸ 'ਚ ਸ: ਧਾਲੀਵਾਲ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਅਪੀਲ ਕੀਤੀ ਕਿ ਭਲਕੇ 9 ਸਤੰਬਰ ਦਿਨ ਮੰਗਲਵਾਰ ਨੂੰ ਪੰਜਾਬ ਲਈ ਰਵਾਨਾ ਹੋਣ ਤੋਂ ਪਹਿਲਾਂ ਪਿਛਲੇ 20-22 ਦਿਨਾਂ ਤੋਂ ਭਿਆਨਕ ਹੜ੍ਹਾਂ ਦੀ ਤਰਾਸਦੀ ਆਪਣੇ ਪਿੰਡੇ ਤੇ ਹੰਢਾ ਰਹੇ ਪੰਜਾਬ ਦੇ ਕੌਮਾਂਤਰੀ ਭਾਰਤ -ਪਾਕਿ ਸਰਹੱਦੀ ਖਿੱਤੇ ਅਜਨਾਲਾ 'ਚ ਕਦੇ ਹਿੱਕ ਡਾਹ ਕੇ ਗੁਆਂਢੀ ਦੁਸ਼ਮਨ ਮੁਲਕ ਦੀਆਂ ਭਾਰਤ ਵਿਰੋਧੀ ਸਾਜਿਸ਼ਾਂ ਤੇ ਜੰਗਾਂ 'ਚ ਮੁਕਾਬਲੇ ਲਈ ਭਾਰਤੀ ਸੈਨਾ ਤੇ ਸੀਮਾ ਸੁਰੱਖਿਆ ਬਲਾਂ ਦੇ ਅੰਗ ਸੰਗ ਦਿਨ ਰਾਤ ਸਹਿਯੋਗੀ ਭੂਮਿਕਾ ਨਿਭਾਉਂਦੇ ਆ ਰਹੇ ਅਤੇ ਹੁਣ ਰਾਵੀ ਦਰਿਆ ਦੇ ਅੱਥਰੇ ਹੜ੍ਹਾਂ ਅੱਗੇ ਹਿੱਕ ਡਾਹ ਕੇ ਆਪਣੇ ਪਿੰਡਾਂ 'ਚ ਡਟੇ ਇਸ ਸਰਹੱਦੀ ਖੇਤਰ ਦੇ ਲੋਕਾਂ ਲਈ ਹੋਣੀ ਬਣ ਕੇ ਵਾਪਰੇ ਅਣਕਿਆਸੇ ਤਬਾਹੀ ਦੇ ਮੰਜ਼ਰ ਤੋਂ ਮੁਕਤੀ ਦਿਵਾਉਣ ਲਈ ਪ੍ਰਭਾਵਿਤ ਪੀੜਤਾਂ ਲਈ ਵਿਸ਼ੇਸ਼ ਸਰਹੱਦੀ ਖਿੱਤੇ ਦਾ 2 ਹਜ਼ਾਰ ਕਰੋੜ ਰੁਪਏ ਦਾ ਪੈਕੇਜ ਜਾਰੀ ਕਰਨ ਤੋਂ ਇਲਾਵਾ ਪੰਜਾਬ ਸਰਕਾਰ ਦੇ 60 ਹਜ਼ਾਰ ਕਰੋੜ ਰੁਪਏ ਤੋਂ ਵਧੇਰੇ ਬਣਦਾ ਹੈ, ਨੂੰ ਜਾਰੀ ਕਰਨ ਦਾ ਐਲਾਨ ਕੀਤਾ ਜਾਵੇ।

## ਹੜ੍ਹ ਪ੍ਰਭਾਵਿਤ ਖੇਤਰਾਂ 'ਚ ਸਕੂਲ ਅਗਲੇ ਹੁਕਮਾਂ ਤੱਕ ਬੰਦ ਰਹਿਣਗੇ : ਸਿੱਖਿਆ ਅਧਿਕਾਰੀ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਬੀਤੇ ਕੁਝ ਦਿਨਾਂ ਤੋਂ ਹੜ੍ਹਾਂ ਦੀ ਮਾਰ ਝੱਲ ਰਹੇ ਅੰਮ੍ਰਿਤਸਰ ਦੇ ਸਰਹੱਦੀ ਖੇਤਰਾਂ ਵਿੱਚ ਹੜ੍ਹ ਦੇ ਪਾਣੀ ਦਾ ਪੱਧਰ ਘਟਣ ਕਾਰਨ ਪਿਛਲੇ ਕੁਝ ਦਿਨਾਂ ਤੋਂ ਜ਼ਿਲ੍ਹਾ ਅੰਮ੍ਰਿਤਸਰ ਦੇ ਬੰਦ ਸਕੂਲਾਂ ਨੂੰ ਮੁੜ ਖੋਲ੍ਹੇ ਜਾਣ ਦੇ ਸਿੱਖਿਆ ਵਿਭਾਗ ਪੰਜਾਬ ਵੱਲੋਂ ਕੀਤੇ ਐਲਾਨ ਦੇ ਪਹਿਲੇ ਦਿਨ ਸਕੂਲਾਂ



ਅੰਦਰ ਸਾਫ ਸਫਾਈ ਅਤੇ ਸੈਨੇਟਾਈਜ਼ ਕਰਨ ਦੀ ਪ੍ਰਕਿਰਿਆ ਦਾ ਡਿਪਟੀ ਕਮਿਸ਼ਨਰ ਮੈਡਮ ਸਾਕਸੀ ਸ਼ਾਹਨੀ ਦੇ ਅਦੇਸ਼ਾਂ ਉਪਰ ਰਜੇਸ਼ ਕੁਮਾਰ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ), ਕੰਵਲਜੀਤ ਸਿੰਘ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿੱ), ਰਜੇਸ਼ ਖੰਨਾ ਡਿਪਟੀ ਡੀ.ਈ.ਓ., ਪਰਮਿੰਦਰ ਸਿੰਘ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ, ਰਾਜਨ ਡੀ.ਆਰ.ਸੀ. ਅੰਮ੍ਰਿਤਸਰ ਤੇ ਆਧਾਰਿਤ ਟੀਮਾਂ ਵਲੋਂ ਵੱਖ ਵੱਖ ਸਕੂਲਾਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਭਾਵੇਂ ਸਿੱਖਿਆ ਵਿਭਾਗ ਪੰਜਾਬ ਵੱਲੋਂ ਸੂਬੇ ਦੇ ਸਾਰੇ ਸਰਕਾਰੀ, ਸਰਕਾਰੀ ਸਹਾਇਤਾ ਪ੍ਰਾਪਤ ਅਤੇ ਨਿੱਜੀ ਸਕੂਲ ਆਮ ਵਾਂਗ ਖੋਲ੍ਹਣ ਦੇ ਅਦੇਸ਼ ਜਾਰੀ ਕੀਤੇ ਗਏ ਹਨ ਪਰ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਰਾਵੀ ਦਰਿਆ ਵਿੱਚ ਪਾਣੀ ਦੇ ਪੱਧਰ ਘਟਣ ਦੇ ਬਾਵਜੂਦ ਬਹੁਤ ਸਾਰੇ ਪਿੰਡਾਂ ਵਿੱਚ ਅਜੇ ਵੀ ਹੜ੍ਹਾਂ ਦਾ ਪਾਣੀ ਮੌਜੂਦ ਹੈ ਜਿਸ ਲਈ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵਲੋਂ ਜ਼ਿਲ੍ਹੇ ਦੇ ਬਲਾਕ ਅਜਨਾਲਾ-1 ਤੇ 2, ਚੋਗਾਵਾਂ-1 ਤੇ 2 ਦੇ ਸਮੂਹ ਸਕੂਲ ਅਗਲੇ ਹੁਕਮਾਂ ਤੱਕ ਬੰਦ ਰਹਿਣਗੇ ਜਦਕਿ ਜ਼ਿਲ੍ਹੇ ਦੇ ਬਾਕੀ ਸਕੂਲ ਮੁਖੀ ਸਕੂਲਾਂ ਦੀ ਸਾਫ ਸਫਾਈ ਪ੍ਰਕਿਰਿਆ ਪੂਰੀ ਕਰਦੇ ਹੋਏ ਵਿਭਾਗੀ ਅਦੇਸ਼ਾਂ ਅਨੁਸਾਰ ਆਮ ਵਾਂਗ ਸਕੂਲ ਖੋਲ੍ਹਣਗੇ।

# ਵਿੱਤ ਮੰਤਰੀ ਚੀਮਾ ਨੇ 16 ਕਲਰਕਾਂ ਨੂੰ ਸੌਂਪੇ ਨਿਯੁਕਤੀ ਪੱਤਰ



ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੂਬੇ ਦੇ ਵਿੱਤੀ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਕਰਨ ਲਈ ਸੋਮਵਾਰ ਨਵੇਂ ਭਰਤੀ ਹੋਏ 16 ਕਲਰਕਾਂ ਨੂੰ ਨਿਯੁਕਤੀ ਪੱਤਰ ਸੌਂਪੇ। ਇਹ ਨਿਯੁਕਤੀਆਂ ਨਵ-ਗਠਿਤ 'ਡਾਇਰੈਕਟੋਰੇਟ ਆਫ਼ ਖ਼ਜ਼ਾਨਾ ਤੇ ਲੇਖਾ ਸ਼ਾਖਾ, ਪੈਨਸ਼ਨ ਅਤੇ ਨਿਊ ਪੈਨਸ਼ਨ ਸਕੀਮ' ਲਈ ਕੀਤੀਆਂ ਗਈਆਂ ਹਨ।ਇਸ ਮੌਕੇ ਦੀ ਖਾਸ ਗੱਲ ਇਹ ਰਹੀ ਕਿ ਜ਼ਿਆਦਾਤਰ ਨੌਜਵਾਨਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਮੌਜੂਦਾ ਪੰਜਾਬ ਸਰਕਾਰ ਅਧੀਨ ਦੂਜੀ ਜਾਂ ਤੀਜੀ ਨੌਕਰੀ ਮਿਲੀ ਹੈ। ਵਿਭਾਗ ਵਿੱਚ ਕਲਰਕ ਵਜੋਂ ਨਿਯੁਕਤ ਹੋਈ ਸੰਦੀਪ ਕੌਰ ਨੂੰ ਪਹਿਲਾਂ ਪੁਲਸ ਅਤੇ ਸਹਿਕਾਰੀ ਬੈਂਕ ਵਿੱਚ ਵੀ ਨੌਕਰੀ ਮਿਲੀ ਸੀ। ਇਸੇ ਤਰ੍ਹਾਂ ਜੀਵਨ ਸਿੰਘ, ਹੈਪੀ ਕੁਮਾਰ, ਸਾਹਿਲ ਸਿਆਗ, ਅਵਤਾਰ ਸਿੰਘ ਅਤੇ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਉਨ੍ਹਾਂ ਦੀ ਦੂਜੀ ਨਿਯੁਕਤੀ ਹੈ। ਇਸ ਮੌਕੇ ਵਿੱਤ ਮੰਤਰੀ ਨੇ ਨਵੇਂ ਕਰਮਚਾਰੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਕਲਰਕ ਦਫ਼ਤਰੀ ਕੰਮਕਾਜ ਦਾ ਮੁੱਢਲਾ ਅਧਾਰ ਹਨ ਅਤੇ ਉਨ੍ਹਾਂ ਦੀ ਕੁਸ਼ਲਤਾ ਵਿਭਾਗ ਦੇ ਸੁਚਾਰੂ ਕੰਮਕਾਜ ਵਿੱਚ ਅਹਿਮ ਭੂਮਿਕਾ ਨਿਭਾਵੇਗੀ। ਉਨ੍ਹਾਂ ਨਵੇਂ ਭਰਤੀ ਹੋਏ ਕਲਰਕਾਂ ਨੂੰ ਇਮਾਨਦਾਰੀ, ਅਨੁਸ਼ਾਸਨ ਅਤੇ ਲਗਨ ਨਾਲ ਆਪਣੀ ਡਿਊਟੀ ਨਿਭਾਉਣ ਅਤੇ ਪੰਜਾਬ ਦੀ ਤਰੱਕੀ ਅਤੇ ਖ਼ੁਸ਼ਹਾਲੀ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਮੁੱਖ ਸਕੱਤਰ ਵਿੱਤ ਅਲੋਕ ਸ਼ੇਖਰ, ਡਾਇਰੈਕਟਰ ਖ਼ਜ਼ਾਨਾ ਅਰਵਿੰਦ ਕੁਮਾਰ ਅਤੇ ਵਧੀਕ ਡਾਇਰੈਕਟਰ ਖ਼ਜ਼ਾਨਾ ਸਿਮਰਜੀਤ ਕੌਰ ਵੀ ਹਾਜ਼ਰ ਸਨ।

# ਲਖਵਿੰਦਰ ਲੱਖੀ ਵੱਲੋਂ ਹੜ੍ਹ ਪ੍ਰਭਾਵਿਤ ਖੇਤਰਾਂ 'ਚ ਕਿਸਾਨਾਂ ਦੇ ਪਸ਼ੂਆਂ ਲਈ ਚਾਰਾ ਭੇਟ



ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)- ਪਿਛਲੇ ਦਿਨੀ ਵੱਖ-ਵੱਖ ਖੇਤਰਾਂ ਵਿੱਚ ਬਰਸਾਤ ਪੈਣ ਮਗਰੋਂ ਜਿੱਥੇ ਡੈਮਾਂ ਦਾ ਪਾਣੀ ਬਿਆਸ ਦਰਿਆ ਵਿੱਚ ਛੱਡੇ ਜਾਣ ਮਗਰੋਂ ਪਾਣੀ ਦੀ ਸਪੀਡ ਆਉਣ ਕਾਰਨ ਸੈਂਕੜੇ ਏਕੜ ਕਿਸਾਨਾਂ ਦੇ ਝੋਨੇ ਦੀ ਫਸਲ ਤੇ ਕਮਾਦ ਦਾ ਨੁਕਸਾਨ ਹੋਇਆ ਹੈ ਉੱਥੇ ਪਸ਼ੂਆਂ ਦਾ ਚਾਰਾ ਨਾ ਹੋਣ ਕਾਰਨ ਕਿਸਾਨਾ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ ਹੈ ਜਿਸ ਦੇ ਚਲਦਿਆਂ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹੁਸ਼ਿਆਰਪੁਰ ਲਖਵਿੰਦਰ ਸਿੰਘ ਲੱਖੀ ਵੱਲੋਂ ਪਹਿਲ ਕਦਮੀ ਕਰਦਿਆਂ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਕਿਸਾਨਾਂ ਨੂੰ ਪਸ਼ੂਆਂ ਦੇ ਲਈ ਚਾਰੇ ਦਾ ਚੌਥਾ ਟਰੱਕ ਟਰਾਲਾ ਵੰਡਿਆ ਗਿਆ। ਇਸ ਮੌਕੇ ਲਖਵਿੰਦਰ ਸਿੰਘ ਲੱਖੀ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹਲਕਾ ਉੜਮੁੜ ਟਾਂਡਾ ਦੇ ਵੱਖ ਵੱਖ ਹੜ੍ਹ ਪੀੜਤ ਪਰਵਾਰਾਂ ਲਈ ਪਸ਼ੂਆਂ ਦੇ ਚਾਰੇ ਦਾ ਚੌਥਾ ਟਰਾਲਾ ਵੰਡਿਆ। ਇਸ ਮੌਕੇ ਉਹਨਾਂ ਨਾਲ ਅਕਾਲੀ ਆਗੂ ਸਰਬਜੀਤ ਸਿੰਘ ਮੋਮੀ, ਗੁਰ ਪ੍ਰਤਾਪ ਸਿੰਘ ਮੰਡ, ਸਾਬਕਾ ਸਰਪੰਚ ਮੋਹਨ ਸਿੰਘ ਵੀ ਹਾਜ਼ਰ ਸੀ।

# ਦਰਿਆ ਸਤਲੁਜ ਦੇ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ : ਚੰਦਰਜ ਯੋਤੀ ਸਿੰਘ

ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)- ਦਰਿਆ ਸਤਲੁਜ ਦੇ ਸਾਹਮਣੇ ਪਿੰਡ ਦਾਊਦਪੁਰ ਅਤੇ ਫਸੇ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ ਹੈ ਅਤੇ ਕਿਸੇ ਨੂੰ ਵੀ ਘਬਰਾਉਣ ਦੀ ਲੋੜ ਨਹੀਂ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਵਧੀਕ ਡਿਪਟੀ ਕਮਿਸ਼ਨਰ ਚੰਦਰਜਯੋਤੀ ਸਿੰਘ ਨੇ ਦਰਿਆ ਦਾ ਦੌਰਾ ਕਰਨ ਉਪਰੰਤ ਮੀਡੀਆ ਨਾਲ ਗੱਲ ਕਰਦੇ ਕੀਤਾ।ਉਨ੍ਹਾਂ ਨਾਲ ਐੱਸ ਪੀ ਐੱਚ ਅਰਵਿੰਦ ਮੀਨਾ, ਐਸ ਡੀ ਐਮ ਅਮਰੀਕ ਸਿੰਘ ਸਿੱਧੂ ਅਤੇ ਡੀ ਐਸ ਪੀ ਮਨਜੀਤ ਸਿੰਘ ਔਲਖ ਵੀ ਮੌਕੇ 'ਤੇ ਮੌਜੂਦ ਸਨ। ਵਧੀਕ ਡਿਪਟੀ ਕਮਿਸ਼ਨਰ ਚੰਦਰਜਯੋਤੀ ਸਿੰਘ ਨੇ ਦੱਸਿਆ ਕਿ ਸਤਲੁਜ ਦੇ ਪਾਣੀ ਦਾ ਪੱਧਰ ਵਧਣ ਕਾਰਨ ਕੁੱਝ ਹਿੱਸਾ ਕੁਦਰਤੀ ਪੱਖੋਂ ਪ੍ਰਭਾਵਿਤ ਹੋਇਆ ਹੈ। ਇਸ ਨੂੰ ਠੀਕ ਕਰਨ ਵਿੱਚ ਤੁਰੰਤ ਇਲਾਕੇ ਅਤੇ ਆਸ ਪਾਸ ਦੇ ਪਿੰਡਾਂ ਦੀਆਂ ਸੰਗਤਾਂ, ਫ਼ੌਜ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ-ਵੱਖ ਵਿਭਾਗਾਂ ਦੀਆਂ ਟੀਮਾਂ ਜੁਟ ਗਈਆਂ ਸਨ, ਜਿਸ 'ਤੇ ਪਾਣੀ ਦੇ ਵਹਾਅ ਨਾਲ ਬੰਨ੍ਹ ਦੇ ਹੋ ਰਹੇ ਨੁਕਸਾਨ 'ਤੇ ਕਾਬੂ ਪਾਇਆ ਗਿਆ। ਉਨ੍ਹਾਂ ਕਿਹਾ ਕਿ ਹਰ ਇੱਕ ਜਾਨ ਕੀਮਤੀ ਹੈ, ਜਿਸ ਲਈ ਪ੍ਰਸ਼ਾਸਨ ਲੋਕਾਂ ਦੀ ਹਰ ਸੰਭਵ ਸਹਾਇਤਾ ਕਰਨ ਲਈ ਵਚਨਬੱਧ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡਰੇਨ ਵਿਭਾਗ ਦੇ ਇੰਜੀਨੀਅਰਾਂ ਦੇ ਤਕਨੀਕੀ ਸੁਝਾਵਾਂ ਅਤੇ ਭਾਰਤੀ ਫੌਜ ਦੇ ਟੈਕਨੀਕਲ ਵਿੰਗ ਦੇ ਸਹਿਯੋਗ ਨਾਲ ਪਿੰਡ ਫੱਸੇ ਤੇ ਦਾਊਦਪੁਰ ਵਿਖੇ ਚਲਾਏ ਜਾ ਰਹੇ ਆਪ੍ਰੇਸ਼ਨ ਤਹਿਤ ਸਮੂਹ ਸੰਗਤ ਤੇ ਸਰਕਾਰੀ ਵਿਭਾਗਾਂ ਸਮੇਤ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਦਿਨ-ਰਾਤ ਕੀਤੀ ਜਾ ਰਹੀ ਸਾਂਝੀ ਮਿਹਨਤ ਸਦਕਾ ਬੰਨ੍ਹਾਂ ਨੂੰ ਮਜ਼ਬੂਤ ਕਰਨ ਵਿੱਚ ਕਾਮਯਾਬ ਹੋਏ ਹਨ। ਉਨ੍ਹਾਂ ਦੱਸਿਆ ਕਿ ਪਿੰਡ ਦਾਊਦਪੁਰ ਅਤੇ ਫੱਸੇ ਵਿਖੇ ਇਲਾਕੇ ਦੀਆਂ ਸੰਗਤਾਂ ਤੇ ਖ਼ਾਸ ਤੌਰ ਉੱਤੇ ਇਲਾਕੇ ਤੇ ਦੂਰ ਦਰਾਡੇ ਤੋਂ ਆ ਰਹੀ ਸੰਗਤ, ਭਾਰਤੀ ਫੌਜ ਦਾ ਵਿਸ਼ੇਸ਼ ਸਹਿਯੋਗ ਦੇਣ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਧੰਨਵਾਦ ਹੈ।



# ਸੰਗਤ ਏਡ ਯੂ ਕੇ ਘਰ-ਘਰ ਵੰਡ ਰਹੀ ਰਾਹਤ ਸੇਵਾ : ਭਾਈ ਗੁਰਪ੍ਰੀਤ ਸਿੰਘ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਪੰਜਾਬ ਵਿੱਚ ਆਏ ਹਾਲੀਆ ਹੜ੍ਹਾਂ ਕਾਰਨ ਪ੍ਰਭਾਵਿਤ ਪਰਵਾਰਾਂ ਦੀ ਸਹਾਇਤਾ ਲਈ ਸੰਗਤ ਏਡ ਯੂਕੇ ਵੱਲੋਂ ਵੱਡੇ ਪੱਧਰ 'ਤੇ ਸੇਵਾ ਕੀਤੀ ਜਾ ਰਹੀ ਹੈ। ਸੰਗਤ ਟ੍ਰਸਟ ਦੇ ਚੇਅਰਮੈਨ ਭਾਈ ਸਾਹਿਬ ਭਾਈ ਮੋਹਿੰਦਰ ਸਿੰਘ ਯੂਕੇ ਦੀ ਅਗਵਾਈ ਵਿਚ ਅਤੇ ਟ੍ਰਸਟੀ ਭਾਈ ਜੀਤ ਸਿੰਘ ਦੇ ਉਦਮ ਨਾਲ ਸੇਵਾ ਟੀਮਾਂ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿਚ ਘਰ-ਘਰ ਜਾ ਕੇ ਲੋੜੀਂਦਾ ਰਾਸ਼ਨ ਪਹੁੰਚਾਇਆ ਜਾ ਰਿਹਾ ਹੈ। ਸੇਵਾ ਦੇ ਸਬੰਧ ਵਿੱਚ ਸੰਗਤ ਏਡ ਯੂਕੇ ਦੇ ਪ੍ਰੋਜੈਕਟ ਪ੍ਰਬੰਧਕ (ਏਸ਼ੀਆ) ਭਾਈ ਗੁਰਪ੍ਰੀਤ ਸਿੰਘ ਜੋ ਕਿ ਅੱਠੇ ਪਹਿਰ ਟਹਿਲ ਸੇਵਾ ਲਹਿਰ, ਸ੍ਰੀ ਅਨੰਦਪੁਰ ਸਾਹਿਬ ਦੇ ਮੁੱਖ ਸੇਵਾਦਾਰ ਵੀ ਹਨ, ਨੇ ਦੱਸਿਆ ਕਿ ਸੰਗਤ ਏਡ ਦਾ ਮੰਤਵ ਬਿਨਾਂ ਕਿਸੇ ਭੇਦਭਾਵ ਦੇ ਮਨੁੱਖਤਾ ਦੀ ਖਿਦਮਤ ਕਰਨਾ ਹੈ।ਸਾਡੀ ਟੀਮ ਵੱਲੋਂ ਲੋੜੀਂਦੇ ਸਾਮਾਨ ਨਾਲ ਭਰੇ ਵਾਹਨ ਵੱਖ-ਵੱਖ ਪਿੰਡਾਂ ਅਤੇ ਕਸਬਿਆਂ ਵਿੱਚ ਭੇਜੇ ਜਾ ਰਹੇ ਹਨ, ਜਿੱਥੇ ਸਿੱਧੇ ਲੋਕਾਂ ਦੇ ਘਰ ਘਰ ਜਾ ਕੇ ਰਾਹਤ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸੰਗਤ ਏਡ ਯੂਕੇ ਦੀ ਸੇਵਾ ਸਿਰਫ ਰਾਸ਼ਨ ਵੰਡਣ ਤੱਕ ਸੀਮਿਤ ਨਹੀਂ ਹੈ, ਬਲਕਿ ਆਉਣ ਵਾਲੇ ਦਿਨਾਂ ਵਿੱਚ ਹੜ੍ਹ ਪੀੜਤ ਪਰਿਵਾਰਾਂ ਦੀ ਰਿਹਾਇਸ਼ ਅਤੇ ਸਿਹਤ ਲਈ ਵੀ ਖਾਸ ਯੋਜਨਾਵਾਂ 'ਤੇ ਕੰਮ ਕੀਤਾ ਜਾਵੇਗਾ।ਇਸ ਸਮੇਂ ਸੰਗਤ ਏਡ ਦੀਆਂ ਟੀਮਾਂ ਪੰਜਾਬ ਦੇ ਕਈ ਹੜ੍ਹ-ਪ੍ਰਭਾਵਿਤ ਇਲਾਕਿਆਂ ਮਾਲਕ ਡੇਰਾ ਬਾਬਾ ਨਾਨਕ ਇਲਾਕੇ ਵਿੱਚ ਕਾਦੀਆਂ, ਤਲਵੰਡੀ ਗੋਰਾਇਆਂ, ਡੰਗੋਵਾਲ ਕਿਰਨ, ਘਣੋਵਾਲ, ਰਣਸੀਕੇ ਤੱਲਾ, ਬਰਿਆਰ ਆਦਿ ਗੁਰਦਾਸਪੁਰ ਅਤੇ ਅੰਮ੍ਰਿਤਸਰ ਜ਼ਿਲ੍ਹਿਆਂ ਦੇ ਪਿੰਡਾਂ ਵਿੱਚ ਪਹੁੰਚ ਕੇ ਸੇਵਾ ਕਰ ਰਹੀਆਂ ਹਨ। ਸੰਗਤ ਏਡ ਨੇ ਦਾਨੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਵੀ ਮਨੁੱਖਤਾ ਦੀ ਖ਼ਾਤਰ ਹੜ੍ਹ ਪੀੜਤ ਪਰਵਾਰਾਂ ਦੀ ਸਹਾਇਤਾ ਲਈ ਅੱਗੇ ਆਉਣ। ਇਸ ਮੌਕੇ ਉਹਨਾਂ ਨਾਲ ਜਤਿੰਦਰ ਸਿੰਘ, ਲਵਜੋਤ ਸਿੰਘ, ਬਿਕਰਮਜੀਤ ਸਿੰਘ, ਅਮਿਤ, ਡੇਵਿਡ ਆਦਿ ਹਾਜ਼ਰ ਸਨ।

# ਬਰਸਾਤ ਦੇ ਮੌਸਮ 'ਚ ਨਾਗਰਿਕਾਂ ਨੂੰ ਸਿਹਤ ਦਾ ਖਿਆਲ ਰੱਖਣਾ ਚਾਹੀਦਾ : ਡਾ. ਹਰਪ੍ਰੀਤ ਕੌਰ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)- ਰਾਓ ਮੋਹਣ ਮੈਮੋਰੀਅਲ ਹਸਪਤਾਲ ਗੜ੍ਹਸ਼ੰਕਰ ਦੇ ਮਾਹਰ ਡਾਕਟਰ ਹਰਪ੍ਰੀਤ ਕੌਰ ਨੇ ਕਿਹਾ ਕਿ ਮੌਸਮ 'ਚ ਆਈ ਤਬਦੀਲੀ ਦਾ ਲੋਕਾਂ ਦੀ ਸਿਹਤ 'ਤੇ ਬੁਰਾ ਅਸਰ ਪੈ ਰਿਹਾ ਹੈ। ਗਰਭਵਤੀ ਔਰਤਾਂ ਬੱਚਿਆਂ ਬਜ਼ੁਰਗਾਂ ਆਮ ਲੋਕਾਂ ਨੂੰ ਸੂਚਿਤ ਕੀਤਾ ਹੈ ਕਿ ਬਰਸਾਤ ਦੇ ਮੌਸਮ ਦੇ ਮੱਦੇਨਜ਼ਰ ਜੀਵਾਣੂਆਂ ਤੇ ਦੂਸ਼ਿਤ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਫੈਲਣ ਦਾ ਖਦਸ਼ਾ ਹੁੰਦਾ ਹੈ, ਇਸ ਲਈ ਲੋੜੀਂਦੀਆਂ ਸਾਵਧਾਨੀਆਂ ਵਰਤੀਆਂ ਜਾਣ ਅਤੇ ਜੀਵਾਣੂਆਂ ਤੇ ਦੂਸ਼ਿਤ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਲਈ ਢੁੱਕਵੇਂ ਕਦਮ ਉਠਾਉਣ ਦੇ ਨਾਲ-ਨਾਲ ਲੋਕਾਂ ਵਿੱਚ ਜਾਗਰੂਕਤਾ ਦੀ ਵੀ ਲੋੜ ਹੈ ਬਰਸਾਤ ਦੇ ਮੌਸਮ ਵਿੱਚ ਆਮ ਨਾਗਰਿਕਾਂ ਨੂੰ ਸਿਹਤ ਦਾ ਖਿਆਲ ਰੱਖਣਾ ਚਾਹੀਦਾ ਹੈ। ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਦੀ ਸਮੱਸਿਆ ਆਉਂਦੀ ਹੈ, ਆਪਣੇ ਡਾਕਟਰ ਨਾਲ ਸੰਪਰਕ ਕਰੋ। ਇਸ ਸਬੰਧੀ ਮਾਹਰ ਡਾ. ਹਰਪ੍ਰੀਤ ਕੌਰ ਗੜ੍ਹਸ਼ੰਕਰ ਰਾਓ ਮੋਹਣ ਮੈਮੋਰੀਅਲ ਹਸਪਤਾਲ ਨੇ ਕਿਹਾ ਕਿ ਬਰਸਾਤ ਦੌਰਾਨ ਦੂਸ਼ਿਤ ਪਾਣੀ ਅਤੇ ਕੀੜਿਆਂ ਤੋਂ ਕੱਟਣ ਨਾਲ ਆਮ ਤੌਰ ਉੱਤੇ ਚਮੜੀ ਉੱਤੇ ਬੈਕਟੀਰੀਅਲ (ਇੰਫੈਕਸ਼ਨ ਲਾਗ) ਹੋ ਜਾਂਦੀ ਹੈ। ਚਮੜੀ ਦੀ ਲਾਗ ਨੂੰ ਰੋਕਣ ਲਈ ਰਬੜ ਦੇ ਬੂਟ ਅਤੇ ਪੂਰੀਆਂ ਬਾਹਵਾਂ ਵਾਲੇ ਕੱਪੜੇ ਪਾਓ, ਸਾਫ ਪਾਣੀ ਜਾਂ ਪਾਣੀ ਉਬਾਲ ਕੇ ਪੀਣਾ ਚਾਹੀਦਾ ਹੈ। ਪੀਣ ਵਾਲੇ ਪਾਣੀ ਨੂੰ ਚੰਗੀ ਤਰ੍ਹਾਂ ਢਕ ਕੇ ਰੱਖੋ। ਹੱਥਾਂ ਨੂੰ ਸਾਬਣ ਨਾਲ ਚੰਗੀ ਤਰ੍ਹਾਂ ਧੋਵੋ।ਹੜ੍ਹ ਦੇ ਪਾਣੀ ਨਾਲ ਗਿੱਲੇ ਖਾਣੇ ਨੂੰ ਖਾਣ ਤੋਂ ਪ੍ਰਹੇਜ਼ ਕਰੋ। ਜੇਕਰ ਕਿਸੇ ਨੂੰ ਬੁਖਾਰ ਜਾਂ ਦਸਤ ਦੀ ਸਮੱਸਿਆ ਆਉਂਦੀ ਹੈ ਤਾਂ ਨੇੜਲੇ ਹਸਪਤਾਲ ਵਿੱਚ ਤੋਂ ਇਲਾਜ ਕਰਵਾਓ। ਹੜ੍ਹਾਂ ਦੇ ਦੂਸ਼ਿਤ ਪਾਣੀ ਅਤੇ ਕੀੜਿਆਂ ਦੇ ਕੱਟਣ ਨਾਲ ਚਮੜੀ ਤੇ ਬੈਕਟੀਰੀਆ ਇਨਫੈਕਸ਼ਨ ਹੋਣ ਨਾਲ ਖਾਰਸ਼ ਵਗੈਰਾ ਹੋ ਸਕਦੀ ਹੈ। ਇਸ ਲਈ ਸਫ਼ਾਈ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ। ਕੱਟੇ ਹੋਏ ਫ਼ਲ ਅਤੇ ਸਬਜ਼ੀਆਂ ਨਾ ਖਰੀਦੋ ਹੈ ਤੇ ਨਾ ਹੀ ਵਰਤੋ।

# ਪ੍ਰਧਾਨ ਮੰਤਰੀ ਪੰਜਾਬ ਦਾ ਬਣਦਾ ਹੱਕ ਜਲਦੀ ਜਾਰੀ ਕਰਨ : ਸਤਨਾਮ ਜਲਾਲਪੁਰ

ਬਲਾਚੌਰ (ਜਸਵਿੰਦਰ ਬੈਂਸ)- ਸਤਨਾਮ ਜਲਾਲਪੁਰ, ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਅਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸ਼ਹੀਦ ਭਗਤ ਸਿੰਘ ਨਗਰ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਜੋ ਕਿ ਪੰਜਾਬ ਦਾ ਦੌਰਾ ਕਰਨ ਲਈ ਮੰਗਲਵਾਰ ਨੂੰ ਆ ਰਹੇ ਹਨ, ਨੂੰ ਬੇਨਤੀ ਹੈ ਕਿ ਉਹ ਪੰਜਾਬ ਦਾ ਬਣਦਾ ਹੱਕ ਪੰਜਾਬ ਨੂੰ ਦੇ ਕੇ ਜਾਣ। ਪੰਜਾਬ ਜਿੱਥੇ ਹੜ੍ਹਾਂ ਦੀ ਮਾਰ ਨੂੰ ਸਹਿ ਰਿਹਾ ਹੈ ਉੱਥੇ ਪੰਜਾਬ ਨੂੰ ਰਾਹਤ ਪੈਕਜ ਦੇ ਨਾਲ ਨਾਲ ਜੋ ਪੰਜਾਬ ਦਾ ਬਕਾਇਆ ਰਾਸ਼ੀ ਕੇਂਦਰ ਸਰਕਾਰ ਨੇ ਰੋਕੀ ਹੋਈ ਹੈ, ਨੂੰ ਜਲਦੀ ਤੋਂ ਜਲਦੀ ਜਾਰੀ ਕੀਤਾ ਜਾਵੇ, ਭਾਵੇਂ ਉਹ 50 ਹਜ਼ਾਰ ਕਰੋੜ ਤੋਂ ਵੱਧ ਜੀ ਐਸ ਟੀ ਦਾ ਬਕਾਇਆ ਹੋਵੇ, ਚਾਹੇ 8000 ਕਰੋੜ ਤੋਂ ਵੱਧ ਆਰ ਡੀ ਐਫ ਦੇ ਫੰਡ ਜਾਂ ਇਸ ਤੋਂ ਇਲਾਵਾ ਹੋਰ ਜਿੰਨੇ ਵੀ ਬਕਾਇਆ ਫੰਡ ਪੰਜਾਬ ਸਰਕਾਰ ਦੇ ਰੋਕੇ ਹੋਏ ਹਨ, ਨੂੰ ਜਲਦੀ ਤੋਂ ਜਲਦੀ ਪੰਜਾਬ ਨੂੰ ਦਿੱਤੇ ਜਾਣ ਤਾਂ ਕਿ ਪੰਜਾਬ ਇਸ ਸੰਕਟ ਦੀ ਘੜੀ ਤੋਂ ਉਭਰ ਕੇ ਦੁਆਰਾ ਆਪਣੀਆਂ ਲੀਹਾਂ 'ਤੇ ਆ ਸਕੇ। ਉਹਨਾਂ ਬੀ ਜੇ ਪੀ ਦੀ ਪੰਜਾਬ ਲੀਡਰਸ਼ਿਪ ਨੂੰ ਵੀ ਕਿਹਾ ਕਿ ਉਹ ਪੰਜਾਬੀਆਂ ਦੇ ਹੱਕ ਦਿਵਾਉਣ ਲਈ ਜ਼ਰੂਰ ਆਵਾਜ਼ ਉਠਾਉਣ।ਇਸ ਮੌਕੇ ਵਨੀਤ ਜਾਡਲਾ ਪ੍ਰਧਾਨ ਕਿਸਾਨ ਵਿੰਗ, ਭੁਪਿੰਦਰ ਉੜਾਪੜ ਆਦਿ ਹਾਜ਼ਰ ਸਨ।

# ਜੀ ਟੀ ਯੂ ਵੱਲੋਂ ਦਰਿਆ 'ਤੇ ਫੌਤ ਹੋਏ ਨੌਜਵਾਨ ਦੇ ਪਰਵਾਰ ਦੀ ਆਰਥਿਕ ਸਹਾਇਤਾ



ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੌਬੀ)- ਗੌਰਮਿੰਟ ਟੀਚਰਜ਼ ਯੂਨੀਅਨ ਵੱਲੋਂ ਹੜ੍ਹ ਪੀੜਤਾਂ ਦੀ ਸਹਾਇਤਾ ਲਈ ਉਲੀਕੇ ਪ੍ਰੋਗਰਾਮ ਤਹਿਤ ਨਜ਼ਦੀਕੀ ਪਿੰਡ ਰਸੀਦਪੁਰ ਦੇ ਉਸ ਨੌਜਵਾਨ ਜਿਸ ਦੀ ਬੰਨ੍ਹ ਬਚਾਉਣ ਦੀ ਸੇਵਾ ਦੌਰਾਨ ਸੇਵਾ ਕਰਦਿਆਂ ਮੌਤ ਹੋ ਗਈ ਸੀ, ਦੀ ਆਰਥਿਕ ਸਹਾਇਤਾ ਕੀਤੀ ਗਈ। ਯੂਨੀਅਨ ਦੇ ਬਲਾਕ ਪ੍ਰਧਾਨ ਇਕਬਾਲ ਸਿੰਘ ਹਾਫਿਜ਼ਾਬਾਦ ਨੇ ਦੱਸਿਆ ਕਿ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਵੱਲੋਂ ਇਹ ਆਰਥਿਕ ਸਹਾਇਤਾ ਮ੍ਰਿਤਕ ਦੇ ਪਿਤਾ ਦੇ ਸਪੁਰਦ ਕੀਤੀ ਗਈ। ਨੌਜਵਾਨ ਅਮਰਿੰਦਰ ਸਿੰਘ ਸਪੁੱਤਰ ਨਿਰਮਲ ਸਿੰਘ ਵਾਸੀ ਰਸੀਦਪੁਰ ਦੀ ਦਰਿਆ ਦੇ ਬੰਨ੍ਹ ਦੀ ਮੁਰੰਮਤ ਦੌਰਾਨ ਸੇਵਾ ਕਰਦਿਆਂ ਮੌਤ ਹੋ ਗਈ ਸੀ, ਦੇ ਪਰਵਾਰ ਨੂੰ ਇਕੱਤਰ ਕੀਤੇ ਫੰਡ ਵਿੱਚੋਂ 35 ਹਜ਼ਾਰ ਰੁਪਏ ਦੀ ਰਾਸ਼ੀ ਰਾਹਤ ਵਜੋਂ ਭੇਟ ਕੀਤੀ। ਅਧਿਆਪਕ ਆਗੂ ਚਾਹਲ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਮ੍ਰਿਤਕ ਦੇ ਪਰਵਾਰ ਦੀ ਆਰਥਿਕ ਸਹਾਇਤਾ ਕਰਕੇ ਉਸ ਦੀ ਪਤਨੀ ਅਤੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਕਰੇ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਇਸ ਪਰਵਾਰ ਦੀ ਆਰਥਿਕ ਸਹਾਇਤਾ ਦੀ ਅਪੀਲ ਕੀਤੀ ਹੈ। ਇਸ ਮੌਕੇ ਸਾਬਕਾ ਚੇਅਰਮੈਨ ਹਰਨੇਕ ਸਿੰਘ ਭੂਰਾ, ਧਰਮਿੰਦਰ ਸਿੰਘ ਭੰਗੂ, ਕੁਲਵੀਰ ਸਿੰਘ ਕੰਧੋਲਾ, ਸਿਮਰਨਜੀਤ ਸਿੰਘ ਰੱਕੜ, ਬਲਾਕ ਅਫਸਰ ਦਵਿੰਦਰਪਾਲ ਸਿੰਘ ਬੇਦੀ ਆਦਿ ਹਾਜ਼ਰ ਸਨ।

# ਮੇਹਰਚੰਦ ਪੋਲੀਟੈਕਨਿਕ ਨੂੰ ਮਿਲਿਆ ਨੈਸ਼ਨਲ ਐਵਾਰਡ



ਜਲੰਧਰ (ਸ਼ੈਲੀ ਐਲਬਰਟ) ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਨੂੰ 2024-25 ਦੀ ਸਮੁੱਚੀ ਕਾਰਗੁਜ਼ਾਰੀ ਲਈ ਕੇਂਦਰੀ ਰਿਸਰਚ ਸੰਸਥਾ ਨਿੱਟਰ, ਚੰਡੀਗੜ੍ਹ ਵੱਲੋਂ ਆਪਣੇ 58ਵੇਂ ਸਥਾਪਨਾ ਦਿਵਸ ਮੌਕੇ 7 ਸਤੰਬਰ ਨੂੰ ਨੈਸ਼ਨਲ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਐਵਾਰਡ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਪ੍ਰੋ. ਹੀਰਾ ਲਾਲ ਮੁਰਲੀਧਰ ਸੂਰਯਵੰਸ਼ੀ, ਡਾਇਰੈਕਟਰ ਐਨ ਆਈ ਟੀ ਹਮੀਰਪੁਰ, ਡਾ. ਸਤਬੀਰ ਸਿੰਘ ਕਾਦਿਯਾਨ, ਇੰਜੀਨੀਅਰ-ਇਨ-ਚੀਫ ਹਰਿਆਣਾ, ਸਿੰਚਾਈ ਵਿਭਾਗ ਅਤੇ ਪ੍ਰੋ. ਬੀ ਆਰ ਗੁੱਜਰ ਡਾਇਰੈਕਟਰ, ਨਿੱਟਰ ਚੰਡੀਗੜ੍ਹ ਦੇ ਹੱਥੋਂ ਹਾਸਲ ਕੀਤਾ। ਉਹਨਾਂ ਦੇ ਨਾਲ ਫਾਰਮੇਸੀ ਵਿਭਾਗ ਦੇ ਮੁੱਖੀ ਡਾ. ਸੰਜੇ ਬਾਂਸਲ ਤੇ ਸੀਨੀਅਰ ਵਰਕਸ਼ਾਪ ਇੰਸਟਰਕਟਰ ਦੁਰਗੇਸ਼ ਜੰਡੀ ਵੀ ਸਨ। ਨਿੱਟਰ ਸੰਸਥਾ ਵੱਲੋਂ ਸਮੁੱਚੇ ਭਾਰਤ ਦੇ 5000 ਤੋਂ ਵੀ ਵੱਧ ਬਹੁਤਕਨੀਕੀ ਸੰਸਥਾਨਾ ਤੋਂ ਤਿੰਨ ਬੈਸਟ ਪੋਲੀਟੈਕਨਿਕ ਕਾਲਜਾਂ ਦੀ ਚੋਣ ਕੀਤੀ ਗਈ ਸੀ। ਮੇਹਰਚੰਦ ਪੋਲੀਟੈਕਨਿਕ ਕਾਲਜ ਜਲੰਧਰ ਤੋਂ ਇਲਾਵਾ ਇਸ ਐਵਾਰਡ ਨੂੰ ਹਾਸਲ ਕਰਨ ਵਾਲੇ ਨਾਚੀਮੁੱਥੂ ਪੋਲੀਟੈਕਨਿਕ ਕਾਲਜ ਪੋਲਾਚੀ, ਤਾਮਿਲਨਾਡੂ ਅਤੇ ਜੇ ਐਸ ਐਸ ਪੋਲੀਟੈਕਨਿਕ ਮੈਸੂਰ ਸਨ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਮੇਹਰਚੰਦ ਪੋਲੀਟੈਕਨਿਕ ਦਾ ਸਮੁੱਚੇ ਭਾਰਤ 'ਚੋਂ ਦੱਖਣ ਦੇ ਦੋ ਪੋਲੀਟੈਕਨਿਕ ਕਾਲਜਾਂ ਦੇ ਨਾਲ ਨੈਸ਼ਨਲ ਪੱਧਰ 'ਤੇ ਚੁਣਿਆ ਜਾਣਾ ਇੱਕ ਬਹੁਤ ਵੱਡੀ ਪ੍ਰਾਪਤੀ ਹੈ। ਇਸ ਦਾ ਸਿਹਰਾ ਸਟਾਫ ਅਤੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ, ਡੀ.ਏ.ਵੀ ਕਾਲਜ ਮੈਨੇਜਿੰਗ ਕਮੇਟੀ ਦੇ ਪ੍ਰਧਾਨ ਡਾ.ਪੂਨਮ ਸੂਰੀ ਅਤੇ ਉਹਨਾਂ ਦੇ ਸਾਰੇ ਉੱਚ ਅਹੁਦੇਦਾਰਾਂ ਦੀ ਪ੍ਰੇਰਨਾ ਅਤੇ ਅਸ਼ੀਰਵਾਦ ਤੇ ਨਾਲ ਹੀ ਤਕਨੀਕੀ ਸਿੱਖਿਆ ਵਿਭਾਗ ਦੇ ਪ੍ਰਿੰਸੀਪਲ ਸੱਕਤਰ ਮੈਡਮ ਸ਼ਰੂਤੀ ਸਿੰਘ ਆਈ ਏ ਐਸ ਅਤੇ ਡਾਇਰੈਕਟਰ ਮੁਨੀਸ਼ ਕੁਮਾਰ ਆਈ ਏ ਐਸ ਵਲੋਂ ਪੂਰਵ ਸਮਰਥਨ ਅਤੇ ਸਹਿਯੋਗ ਸ਼ਾਮਲ ਹੈ। ਇਸ ਤੋਂ ਪਹਿਲਾ ਵੀ ਕਾਲਜ ਨੂੰ ਪੰਜ ਵਾਰ ਉੱਤਰ ਭਾਰਤ ਦੇ ਸਰਵਸ਼੍ਰੇਸ਼ਟ ਕਾਲਜ ਵਜੋ ਸਨਮਾਨ ਮਿਲ ਚੁੱਕਿਆ ਹੈ, ਪਰ ਪਹਿਲੀ ਵਾਰ ਨੈਸ਼ਨਲ ਪੱਧਰ ਤੇ ਕਾਲਜ ਨੂੰ ਮਾਨਤਾ ਮਿਲੀ ਹੈ। ਇਸ ਮੌਕੇ ਡਾ. ਸੰਜੇ ਬਾਂਸਲ, ਡਾ. ਰਾਜੀਵ ਭਾਟੀਆ, ਮੈਡਮ ਮੰਜੂ ਮਨਚੰਦਾ, ਮੈਡਮ ਗੀਚਾ ਅਰੋੜਾ, ਤਰਲੋਕ ਸਿੰਘ, ਪ੍ਰਿਸ ਮੰਦਾਨ, ਗੌਰਵ ਸ਼ਰਮਾ, ਵਿਕਰਮਜੀਤ ਸਿੰਘ, ਸੁਸ਼ੀਲ ਕੁਮਾਰ ਤੇ ਮੈਡਮ ਪ੍ਰੀਤ ਕੰਵਲ ਹਾਜ਼ਰ ਸਨ।

# ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕੁਦਰਤੀ ਆਫਤ ਦੇ ਪੀੜਤ ਪਰਵਾਰਾਂ ਨੂੰ ਸਰਕਾਰੀ ਸਹਾਇਤਾ ਦੇ ਚੈੱਕ ਵੰਡੇ



ਫਿਲੌਰ (ਨਿਰਮਲ) ਪੰਜਾਬ ਭਰ ਵਿੱਚ ਪਿਛਲੇ 2 ਹਫ਼ਤਿਆਂ ਤੋਂ ਲਗਾਤਾਰ ਚੱਲ ਰਹੀ ਮੀਂਹ ਦੀ ਕੁਦਰਤੀ ਆਫ਼ਤ ਕਾਰਨ ਕਈ ਜ਼ਿਲ੍ਹਿਆਂ ਵਿੱਚ ਭਾਰੀ ਨੁਕਸਾਨ ਹੋ ਚੁੱਕਾ ਹੈ, ਇਸ ਕੁਦਰਤੀ ਆਫ਼ਤ ਨਾਲ ਨਜਿੱਠਣ ਲਈ ਸਰਕਾਰ ਅਤੇ ਸਮਾਜ ਸੇਵੀ ਸੰਸਥਾਵਾਂ ਅੱਗੇ ਵੱਧ ਰਹੀਆਂ ਹਨ, ਇਸੇ ਲੜੀ ਅਧੀਨ ਹਲਕਾ ਫਿਲੌਰ ਦੇ ਬਲਾਕ ਰੁੜਕਾ ਅਤੇ ਬਲਾਕ ਫਿਲੌਰ ਵਿੱਚ ਮੀਂਹ ਦੀ ਕੁਦਰਤੀ ਆਫ਼ਤ ਦੀ ਮਾਰ ਝੱਲ ਰਹੇ 30 ਪਰਵਾਰਾਂ ਨੂੰ ਵਿਧਾਨ ਸਭਾ ਹਲਕਾ ਫਿਲੌਰ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਮੁਆਵਜ਼ੇ ਦੇ ਚੈਕ ਵਿਤਰਨ ਕੀਤੇ, ਇਸ ਤੋਂ ਕੁੱਝ ਪਰਵਾਰਾਂ ਨੂੰ ਰਾਸ਼ਨ ਸਮੱਗਰੀ ਦੀਆਂ ਕਿੱਟਾਂ ਅਤੇ ਤਰਪਾਲਾਂ ਵਿਤਰਨ ਕੀਤੀਆਂ। ਗੱਲਬਾਤ ਕਰਦਿਆਂ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਕਿਹਾ ਕਿ ਹੋਰ ਪਰਵਾਰਾਂ ਨੂੰ ਵੀ ਸ਼ਾਮ ਤੱਕ ਚੈਕ ਵਿਤਰਨ ਕਰ ਦਿੱਤੇ ਜਾਣਗੇ, ਉਨ੍ਹਾਂ ਦੱਸਿਆ ਕਿ ਹਲਕਾ ਫਿਲੌਰ ਤੋਂ ਆਮ ਆਦਮੀ ਦੇ ਵਲੰਟੀਅਰਾ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਇੱਕ ਰਾਸ਼ਨ ਦੀ ਟਰਾਲੀ ਭਰਕੇ ਹੜ੍ਹ ਨਾਲ ਪ੍ਰਭਾਵਿਤ ਇਲਾਕੇ ਵਿੱਚ ਭੇਜੀ ਗਈ ਹੈ, ਉਨ੍ਹਾਂ ਦੱਸਿਆ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੇਖ ਰੇਖ ਹੇਠ ਪੰਜਾਬ ਭਰ ਵਿੱਚ ਆਮ ਆਦਮੀ ਦੇ ਵਲੰਟੀਅਰਾ, ਲੀਡਰਾਂ ਵੱਲੋਂ ਵੱਧ ਚੜਕੇ ਸੇਵਾਵਾਂ ਕੀਤੀਆਂ ਜਾ ਰਹੀਆਂ ਹਨ।

# ਡਾ. ਇਸ਼ਾਂਕ ਨੇ ਕੁੱਕੜਾਂ ਬੰਨ੍ਹ ਲਈ 10 ਲੱਖ ਐਲਾਨੇ, ਰਿਪੇਅਰ ਕਾਰਜਾਂ ਦਾ ਲਿਆ ਜਾਇਜ਼ਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)- ਵਿਧਾਨ ਸਭਾ ਹਲਕਾ ਚੱਬੇਵਾਲ ਦੇ ਵੀ ਬਹੁਤ ਵੱਡੇ ਇਲਾਕੇ ਵਿੱਚ ਛੋਟੇ-ਵੱਡੇ ਚੋਅ ਹਨ, ਜਿਹਨਾਂ ਵਿੱਚ ਭਾਰੀ ਮਾਤਰਾ ਵਿੱਚ ਪਾਣੀ ਆਉਣ ਨਾਲ ਹੜ੍ਹਾਂ ਦੀ ਸਥਿਤੀ ਬਣ ਗਈ ।ਬਹੁਤ ਜ਼ਿਆਦਾ ਪਾਣੀ ਆਉਣ ਕਾਰਨ ਚੱਬੇਵਾਲ ਹਲਕੇ ਦੇ ਪਿੰਡ ਕੁੱਕੜਾਂ ਦੇ ਵੱਡੇ ਚੋਅ ਦਾ ਬੰਨ੍ਹ ਵੀ ਟੁੱਟ ਗਿਆ।ਇਸ ਡੈਮ ਦੇ ਬੰਨ੍ਹ ਟੁੱਟਣ ਨਾਲ ਆਲੇ-ਦੁਆਲੇ ਦੇ ਦਰਜਨਾਂ ਪਿੰਡਾਂ ਵਿੱਚ ਪਾਣੀ ਵੜ ਗਿਆ ਅਤੇ ਫਸਲਾਂ ਦਾ ਤੇ ਮਾਲੀ ਨੁਕਸਾਨ ਵੀ ਹੋਇਆ। ਅੱਜ ਵਿਧਾਇਕ ਚੱਬੇਵਾਲ ਡਾ. ਇਸਾਂਕ ਕੁਮਾਰ ਨੇ ਕੁੱਕੜਾਂ ਪਿੰਡ ਦਾ ਦੌਰਾ ਕੀਤਾ ਅਤੇ ਇਸ ਬੰਨ੍ਹ ਦੇ ਰਿਪੇਅਰ ਦੇ ਚੱਲਦੇ ਕੰਮ ਦਾ ਜਾਇਜ਼ਾ ਲਿਆ।ਡਾ. ਇਸ਼ਾਂਕ ਨੇ ਇਸ ਬੰਨ੍ਹ ਦੇ ਨਿਰਮਾਣ ਲਈ 10 ਲੱਖ ਰੁਪਏ ਦੀ ਗ੍ਰਾਂਟ ਵੀ ਜਾਰੀ ਕਰਨ ਦੀ ਘੋਸ਼ਣਾ ਕੀਤੀ। ਪਹਿਲਾਂ ਹੁਸ਼ਿਆਰਪੁਰ ਐਮ.ਪੀ. ਡਾ. ਰਾਜ ਕੁਮਾਰ ਨੇ ਵੀ ਧੁੱਸੀ ਡੈਮ ਅਤੇ ਕੁੱਕੜਾਂ ਡੈਮ ਦੀ ਮੁੜ ਬਹਾਲੀ ਲਈ 50 ਲੱਖ ਰੁਪਏ ਹੁਸ਼ਿਆਰਪੁਰ ਪ੍ਰਸ਼ਾਸਨ ਨੂੰ ਜਾਰੀ ਕੀਤੇ ਸਨ। ਉਹਨਾਂ ਕਿਹਾ ਕਿ ਸੰਸਦ ਮੈਂਬਰ ਵੱਲੋਂ ਕੀਤੇ ਇਸ ਉਪਰਾਲੇ ਨਾਲ ਅਤੇ 10 ਲੱਖ ਹੋਰ ਗ੍ਰਾਂਟ ਜਾਰੀ ਕਰਨ ਨਾਲ ਕੁੱਕੜਾਂ ਬੰਨ੍ਹ ਦੀ ਰਿਪੇਅਰ ਦੇ ਕੰਮ ਨੂੰ ਤੇਜ਼ੀ ਮਿਲੇਗੀ। ਡਾ. ਇਸ਼ਾਂਕ ਨੇ ਇਸ ਮੌਕੇ ਪਿੰਡ ਵਾਸੀਆਂ ਨਾਲ ਵੀ ਰਾਬਤਾ ਕਾਇਮ ਕੀਤਾ। ਉਹਨਾਂ ਨੂੰ ਦਰਪੇਸ਼ ਸਮੱਸਿਆਵਾਂ ਸੁਣੀਆਂ ਅਤੇ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ।ਉਹਨਾਂ ਨੇ ਖੁਦ ਵੀ ਲੋੜਵੰਦ ਪਰਵਾਰਾਂ ਨੂੰ ਰਾਹਤ ਸਮੱਗਰੀ ਵੰਡੀ।ਇਸ ਅਵਸਰ 'ਤੇ ਡਾ. ਇਸ਼ਾਂਕ ਨੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਹ ਇਸ ਔਖੀ ਘੜੀ ਵਿੱਚ ਆਪਣੇ ਹਲਕਾ ਵਾਸੀਆਂ ਰੂਪੀ ਪਰਵਾਰ ਦੇ ਨਾਲ ਖੜ੍ਹੇ ਹਨ ।

# ਬਿਆਸ ਦੇ ਬਦਲੇ ਵਹਿਣ, ਘਰਾਂ ਨੂੰ ਢਾਹ ਲਗਾਉਣ ਲੱਗਾ

- 28ਵੇਂ ਦਿਨ ਵੀ ਸੰਤ ਸੀਚੇਵਾਲ ਨੇ ਵਰ੍ਹਦੇ ਮੀਂਹ 'ਚ ਲੋਕਾਂ ਦੇ ਘਰਾਂ 'ਚ ਪਹੁੰਚਾਏ ਪ੍ਰਸ਼ਾਦੇ



ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) - ਬਾਊਪੁਰ ਮੰਡ ਇਲਾਕੇ ਵਿੱਚ ਬਿਆਸ ਦਰਿਆ ਦੇ ਬਦਲੇ ਵਹਿਣ ਨੇ ਅੱਧੀ ਦਰਜਨ ਘਰਾਂ ਨੂੰ ਢਾਹ ਲਗਾਉਣੀ ਸ਼ੁਰੂ ਕਰ ਦਿੱਤੀ ਹੈ। ਘਰਾਂ ਵਿੱਚ ਵੱਡੀਆਂ ਤਰੇੜਾਂ ਆਉਣ ਕਾਰਨ ਪੀੜਤ ਲੋਕਾਂ ਨੇ ਆਪਣੇ ਘਰ ਖਾਲੀ ਕਰਨੇ ਸ਼ੁਰੂ ਕਰ ਦਿੱਤੇ ਹਨ। ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਬਣਾਏ ਗਏ ਵੱਡੇ ਬੇੜੇ ਵਿੱਚ ਦੋ ਘਰਾਂ ਦਾ ਇੱਕੋ ਵਾਰ ਸਮਾਨ ਲੱਦ ਕੇ ਸੁਰੱਖਿਅਤ ਥਾਂ 'ਤੇ ਲਿਆਂਦਾ ਗਿਆ।ਮੁਬਾਰਕਪੁਰ ਦੇ ਪੀੜਤ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਦੇ ਬਿਲਕੁਲ ਸਾਹਮਣੇ ਤੋਂ ਬਿਆਸ ਦਰਿਆ ਵਹਿਣ ਵਗਣ ਲੱਗ ਪਿਆ ਹੈ। ਪਾਣੀ ਦਾ ਤੇਜ਼ ਵਹਾਅ ਘਰ ਨੂੰ ਸਿੱਧਾ ਟੱਕਰ ਮਾਰ ਰਿਹਾ ਹੈ ਜਿਸ ਕਾਰਨ ਉਨ੍ਹਾਂ ਦੇ ਘਰ ਦੀਆਂ ਨੀਂਹਾਂ ਹਿੱਲ ਗਈਆਂ ਹਨ ਤੇ ਮਕਾਨਾਂ ਨੂੰ ਵੱਡੀਆਂ ਤਰੇੜਾਂ ਆ ਗਈਆਂ ਹਨ। ਗੁਰਵਿੰਦਰ ਸਿੰਘ ਨੇ ਦੱਸਿਆ ਕਿ ਅੱਜ ਸਵੇਰ ਤੋਂ ਢਾਹ ਲੱਗਣੀ ਸ਼ੁਰੂ ਹੋ ਗਈ ਸੀ ਤੇ ਉਸ ਸਮੇਂ ਤੋਂ ਘਰ ਦਾ ਸਮਾਨ ਚੁੱਕਣਾ ਸ਼ੁਰੂ ਕਰ ਦਿੱਤਾ ਸੀ।ਗੁਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਘਰ ਸਮੇਤ 6 ਹੋਰ ਘਰ ਹਨ ਜਿਨ੍ਹਾਂ ਨੂੰ ਬਿਆਸ ਦਰਿਆ ਦੇ ਬਦਲੇ ਵਹਿਣ ਨੇ ਢਾਹ ਲਾਈ ਹੈ। ਉਨ੍ਹਾਂ ਕਿਹਾ ਕਿ ਕੁੱਝ ਦਿਨ ਪਹਿਲਾਂ ਸੰਤ ਬਲਬੀਰ ਸਿੰਘ ਸੀਚੇਵਾਲ ਆਪਣਾ ਵੱਡਾ ਬੇੜਾ ਸਮੇਂ ਸਿਰ ਨਾ ਭੇਜਦੇ ਤਾਂ ਸਾਡਾ ਸਮਾਨ ਹੜ੍ਹ ਵਿੱਚ ਨਹੀਂ ਸੀ ਕੱਢਿਆ ਜਾਣਾ।ਉਧਰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਅੱਜ ਤੇਜ਼ ਮੀਂਹ ਵਰ੍ਹਦਿਆਂ ਵੀ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੀੜਤ ਪਰਵਾਰਾਂ ਦੇ ਘਰਾਂ ਵਿੱਚ ਪ੍ਰਸ਼ਾਦੇ ਪਹੁੰਚਦੇ ਕੀਤੇ।ਹੜ੍ਹ ਪ੍ਰਭਾਵਿਤ ਇਲਾਕੇ ਵਿਚ ਰਸੋਈ ਗੈਸ ਸਿਲੰਡਰਾਂ ਦੀ ਕਿੱਲਤ ਨੂੰ ਦੂਰ ਕਰਨ ਲਈ ਸੰਤ ਸੀਚੇਵਾਲ ਲੋੜਵੰਦਾਂ ਨੂੰ ਮੁਫ਼ਤ ਵਿਚ ਸਿਲੰਡਰ ਭਰਾ ਕੇ ਦੇ ਰਹੇ ਹਨ। ਉਨ੍ਹਾਂ ਦਾ ਕਹਿਣਾ ਸੀ ਕਿ ਜਿਹੜੀ ਵੀ ਚੀਜ਼ ਦੀ ਮੰਗ ਕੀਤੀ ਜਾਂਦੀ ਹੈ ਉਸ ਨੂੰ ਪੂਰਾ ਕੀਤਾ ਜਾਂਦਾ ਹੈ। ਹੁਣ ਪਿਛਲੇ ਕੁਝ ਦਿਨਾਂ ਤੋਂ ਲੋਕ ਰਸੋਈ ਗੈਸ ਸਿਲੰਡਰਾਂ ਦੀ ਮੰਗ ਵੱਧ ਗਈ ਹੈ ਤਾਂ ਬਾਊਪੁਰ ਬੰਨ੍ਹ 'ਤੇ ਸੰਤ ਸੀਚੇਵਾਲ ਸਿਲੰਡਰਾਂ ਦੀ ਗੱਡੀ ਮੰਗਵਾ ਕੇ ਪੀੜਤ ਲੋਕਾਂ ਦੇ ਘਰਾਂ ਵਿੱਚ ਸਿਲੰਡਰ ਵੀ ਪਹੁੰਚਾ ਰਹੇ ਹਨ।

## ਜਨਮ ਦਿਨ ਮੁਬਾਰਕ



ਪ੍ਰਤਾਪ ਸਿੰਘ
ਜਲੰਧਰ



ਕਰਨਵੀਰ
ਪਿਆਰੇਆਣਾ



ਮਹਿਕ ਸਹੋਤਾ
ਗੁਰਦਾਸਪੁਰ



ਵਰਾਜਪ੍ਰੀਤ ਸਿੰਘ
ਅਜਨਾਲਾ

# ਬਾਬਾ ਦਿਆਲ ਦਾਸ ਮਹਾਰਾਜ ਚੀਨੀ ਘਾਟੀ ਵਿਖੇ 14 ਤੋਂ ਆਖੰਡ ਪਾਠ ਸਾਹਿਬ ਆਰੰਭ



ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ) ਧੰਨ- ਧੰਨ 108 ਬਾਬਾ ਦਿਆਲ ਦਾਸ ਮਹਾਰਾਜ ਚੀਨੀ ਘਾਟੀ ਮੈਲੀ ਵਿਖੇ ਧਾਰਮਿਕ ਸਮਾਗਮ ਦੇ ਸੰਬੰਧ ਵਿੱਚ 14 ਸਤੰਬਰ ਦਿਨ ਐਤਵਾਰ ਨੂੰ ਸ਼੍ਰੀ ਆਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਹੰਤ ਪ੍ਰੇਮ ਦਾਸ, ਸੰਤ ਮਨੋਹਰ ਦਾਸ ਅਤੇ ਸੁਰਜੀਤ ਦਾਸ ਨੇ ਦੱਸਿਆ ਕਿ 16 ਸਤੰਬਰ ਦਿਨ ਮੰਗਲਵਾਰ ਨੂੰ ਦਸਵੇਂ ਸ਼ਰਾਧ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ।15 -16 ਅਤੇ 17 ਸਤੰਬਰ ਨੂੰ ਦੀਵਾਨ ਸਜਣਗੇ।15 ਸਤੰਬਰ ਰਾਤ ਨੂੰ ਭਾਈ ਰਜਿੰਦਰ ਸਿੰਘ ਖੰਡੂਪੁਰ ਵਾਲੇ ਸੰਗਤਾਂ ਨਾਲ ਧਾਰਮਿਕ ਪ੍ਰਵਚਨ ਕਰਨਗੇ।16 ਸਤੰਬਰ ਨੂੰ ਮਹਾਂਮੰਡਲੇਸ਼ਵਰ ਸੁਆਮੀ ਜਸਦੇਵਾਨੰਦ (ਭੂਰੀ ਵਾਲੇ ਆਲਮਗੀਰ) ਆਉਣਗੇ। ਉਹਨਾਂ ਦੱਸਿਆ ਕਿ ਇਸ ਮੌਕੇ ਸਿੱਧ ਯੋਗੀ ਟਰੱਸਟ ਪਿੰਡ ਖਾਨਪੁਰ ਵੱਲੋਂ ਡਾਕਟਰ ਜਸਵੰਤ ਸਿੰਘ ਬਿੰਦ ਐਸ.ਐਮ.ਓ ਸਿਵਲ ਹਸਪਤਾਲ ਮਾਹਿਲਪੁਰ ਦੇ ਭਰਪੂਰ ਸਹਿਯੋਗ ਸਦਕਾ ਡਾਕਟਰ ਪ੍ਰਭ ਹੀਰ ਅਤੇ ਉਹਨਾਂ ਦੀ ਸਮੁੱਚੀ ਟੀਮ ਵੱਲੋਂ ਮੁਫਤ ਮੈਡੀਕਲ ਕੈਂਪ ਲਗਾਇਆ ਜਾਵੇਗਾ।16 ਸਤੰਬਰ ਨੂੰ 10ਵੇਂ ਸ਼ਰਾਧ ਮੌਕੇ ਖ਼ੂਨਦਾਨ ਕੈਂਪ ਵੀ ਲਗਾਇਆ ਜਾਵੇਗਾ।

# ਚੌਧਰੀ ਰਾਮ ਸਰੂਪ ਦੀ ਯਾਦ 'ਚ ਮੰਗੂਪੁਰ ਪਰਵਾਰ ਵੱਲੋਂ ਲੰਗਰ ਦੀ ਸੇਵਾ



ਬਲਾਚੌਰ (ਜਸਵਿੰਦਰ ਬੈਂਸ)- ਮੰਗੂਪੁਰ ਪਰਵਾਰ ਹਮੇਸ਼ਾ ਲੋਕਾ ਦੀ ਸੇਵਾ ਵਿੱਚ ਹਾਜ਼ਰ ਰਹਿੰਦਾ। ਇਹ ਕਹਿਣਾ ਹੈ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਜੇ ਮੰਗੂਪੁਰ ਦਾ। ਥੋੜ੍ਹਾ ਸਮਾਂ ਪਹਿਲਾਂ ਅਜੇ ਮੰਗੂਪੁਰ ਦੇ ਪੂਜਨੀਕ ਚਾਚਾ ਚੌਧਰੀ ਰਾਮ ਸਰੂਪ ਅਕਾਲ ਚਲਾਣਾ ਕਰ ਗਏ ਸਨ ਪਰੰਤੂ ਭਾਰੀ ਬਰਸਾਤ ਕਾਰਨ ਹਲਕਾ ਬਲਾਚੌਰ ਵਿਖੇ ਹੜ੍ਹਾਂ ਦੀ ਸਥਿਤੀ ਪੈਦਾ ਹੋਣ ਮੌਕੇ ਆਪਣੇ ਪਾਰਵਾਰਕ ਦੁੱਖ ਨੂੰ ਪਿਛਾਂਹ ਕਰਦੇ ਹੋਏ ਅਜੇ ਮੰਗੂਪੁਰ ਅਤੇ ਸਾਥੀਆਂ ਵੱਲੋਂ ਬੇਲਾ ਤਾਜੋਵਾਲ ਬੰਨ੍ਹ ਉੱਤੇ ਨਿਸਵਾਰਥ ਭਾਵ ਨਾਲ ਸੇਵਾ ਨਿਭਾਈ ਗਈ ਅਤੇ ਪ੍ਰਸ਼ਾਸਨ ਦੇ ਨਾਲ-ਨਾਲ ਸਰਕਾਰ ਨੂੰ ਮੌਜੂਦਾ ਹਾਲਾਤ ਬਾਰੇ ਜਾਣੂ ਕਰਵਾ ਪੁਖਤਾ ਪ੍ਰਬੰਧ ਕਰਵਾਉਣ ਲਈ ਕਿਹਾ ਗਿਆ। ਬੀਤੇ ਕੱਲ੍ਹ ਚੌਧਰੀ ਰਾਮ ਸਰੂਪ ਦੀ ਅੰਤਿਮ ਅਰਦਾਸ ਮੌਕੇ ਉਨ੍ਹਾਂ ਦੀ ਨਿੱਘੀ ਯਾਦ ਨੂੰ ਸਮਰਪਤ ਮੰਗੂਪੁਰ ਪਰਵਾਰ ਵੱਲੋਂ ਬੇਲਾ ਤਾਜੋਵਾਲ ਉੱਤੇ ਬੰਨ੍ਹ ਦੀ ਮਜ਼ਬੂਤੀ ਦਾ ਕਾਰਜ ਕੰਮ ਕਰ ਰਹੇ ਸੇਵਾਦਾਰਾਂ ਲਈ ਲੰਗਰ ਦੀ ਸੇਵਾ ਕੀਤੀ ਗਈ ਗਈ। ਇਸ ਮੌਕੇ ਚੌਧਰੀ ਦਰਸ਼ਨ ਲਾਲ ਮੰਗੂਪੁਰ ਸਾਬਕਾ ਵਿਧਾਇਕ ਬਲਾਚੌਰ, ਅਜੇ ਮੰਗਪੁਰ ਜ਼ਿਲ੍ਹਾ ਪ੍ਰਧਾਨ ਕਾਂਗਰਸ ਸ.ਭ.ਸ਼ ਨਗਰ, ਸੰਜੀਵ ਚੌਧਰੀ, ਚੌਧਰੀ ਚਾਨਣ ਰਾਮ, ਚੌਧਰੀ ਯਸ਼ਪਾਲ, ਚੌਧਰੀ ਸੁਰਜੀਤ, ਚੌਧਰੀ ਲਾਲ ਚੰਦ, ਦਵਿੰਦਰ ਚੌਧਰੀ, ਚੌਧਰੀ ਲੇਖਰਾਜ, ਚੌਧਰੀ ਗੁਰਪਾਲ, ਰਾਮਨਾਥ ਚੌਧਰੀ ਸਰਪੰਚ, ਚੌਧਰੀ ਸੋਮਨਾਥ, ਪੱਪੂ ਚੌਧਰੀ, ਮੋਨੂ ਚੌਧਰੀ, ਰਾਜੂ ਚੌਧਰੀ ਆਦਿ ਹਾਜ਼ਰ ਸਨ।

# ਸ਼ਹਿਰ ਨਾਲ ਲੱਗਦੇ ਬਾਹਰੀ ਇਲਾਕਿਆਂ ਨੂੰ ਵੀ ਨਿਗਮ 'ਚ ਕੀਤਾ ਜਾਵੇ ਸ਼ਾਮਲ : ਸੰਜੀਵ ਅਰੋੜਾ

ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ) ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜ ਸੇਵੀ ਸੰਜੀਵ ਅਰੋੜਾ ਨੇ ਹੁਸ਼ਿਆਰਪੁਰ ਨਗਰ ਨਿਗਮ ਦੀਆਂ ਹੱਦਾਂ ਵਿੱਚ ਵਾਧਾ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਨਗਰ ਨਿਗਮ ਹੁਸ਼ਿਆਰਪੁਰ ਦੀਆਂ ਹੱਦਾਂ ਵਿੱਚ ਲੰਮੇ ਸਮੇਂ ਤੋਂ ਕੋਈ ਵੀ ਵਾਧਾ ਨਹੀਂ ਕੀਤਾ ਗਿਆ, ਜਿਸ ਕਾਰਨ ਆਲੇ-ਦੁਆਲੇ ਦੇ ਕਈ ਇਲਾਕੇ ਅੱਜ ਵੀ ਵਿਕਾਸ ਨੂੰ ਤਰਸ ਰਹੇ ਹਨ। ਸ਼੍ਰੀ ਅਰੋੜਾ ਨੇ ਕਿਹਾ ਕਿ ਅਖਬਾਰਾਂ ਰਾਹੀਂ ਉਨ੍ਹਾਂ ਨੂੰ ਪਤਾ ਲੱਗਾ ਹੈ ਕਿ ਸਰਕਾਰ ਵਾਰਡਬੰਦੀ ਲਈ ਕਰਮਚਾਰੀਆਂ ਤੋਂ ਸਰਵੇ ਕਰਵਾ ਰਹੀ ਹੈ ਪਰ ਇਸ ਵਿੱਚ ਕਿਤੇ ਵੀ ਨਹੀਂ ਕਿਹਾ ਗਿਆ ਕਿ ਨਗਰ ਨਿਗਮ ਦੇ ਖੇਤਰ ਨੂੰ ਵਧਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜਦੋਂ ਹੁਸ਼ਿਆਰਪੁਰ ਨੂੰ ਨਗਰ ਕੌਂਸਲ ਤੋਂ ਨਗਰ ਨਿਗਮ ਦਾ ਦਰਜਾ ਮਿਲਿਆ ਸੀ ਤਾਂ ਲੋਕਾਂ ਨੂੰ ਉਮੀਦ ਸੀ ਕਿ ਹੁਣ ਹੁਸ਼ਿਆਰਪੁਰ ਵੀ ਜਲੰਧਰ, ਅੰਮ੍ਰਿਤਸਰ, ਲੁਧਿਆਣਾ, ਪਟਿਆਲਾ ਦੀ ਤਰ੍ਹਾਂ ਵਿਕਾਸ ਦੀ ਰਫ਼ਤਾਰ ਫੜੇਗਾ।ਪਰ ਜਦੋਂ ਦੂਜੇ ਇਲਾਕਿਆਂ 'ਚ ਨਗਰ ਨਿਗਮ ਦੀਆਂ ਹੱਦਾਂ ਵਧਾਈਆਂ ਗਈਆਂ ਤਾਂ ਫਿਰ ਵੀ ਹੁਸ਼ਿਆਰਪੁਰ ਨਗਰ ਨਿਗਮ ਬਣਾਉਂਦੇ ਸਮੇਂ ਇਸ ਦੀ ਹੱਦ ਕਿਉਂ ਨਹੀਂ ਵਧਾਈ ਗਈ ਅਤੇ ਨਾ ਹੀ ਇੰਨੇ ਸਾਲਾਂ ਬਾਅਦ ਹੁਣ ਵਧਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਨਾਲ ਲੱਗਦੇ ਕਈ ਇਲਾਕੇ ਅੱਜ ਵੀ ਨਗਰ ਨਿਗਮ ਵਿੱਚ ਸ਼ਾਮਲ ਹੋਣ ਦੀ ਰਾਹ ਦੇਖ ਰਹੇ ਹਨ।ਜੇਕਰ ਸਰਕਾਰ ਇਨ੍ਹਾਂ ਇਲਾਕਿਆਂ ਨੂੰ ਨਗਰ ਨਿਗਮ ਵਿੱਚ ਸ਼ਾਮਲ ਕਰਦੀ ਹੈ ਤਾਂ ਜਿੱਥੇ ਲੋਕਾਂ ਨੂੰ ਸ਼ਹਿਰੀ ਸੁਵਿਧਾਵਾਂ ਮਿਲਣਗੀਆਂ, ਓਥੇ ਨਿਗਮ ਦੀ ਆਮਦਨ ਵੀ ਵਧੇਗੀ। ਇਸ ਸੰਬੰਧੀ ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਮਾਣਯੋਗ ਡਾ. ਰਵਜੋਤ ਨੂੰ ਬੇਨਤੀ ਕਰ ਚੁੱਕੇ ਹਨ, ਜਿਨ੍ਹਾਂ ਨੇ ਭਰੋਸਾ ਦਿੱਤਾ ਸੀ ਕਿ ਆਲੇ-ਦੁਆਲੇ ਦੇ ਇਲਾਕਿਆਂ ਨੂੰ ਨਗਰ ਨਿਗਮ ਵਿੱਚ ਸ਼ਾਮਲ ਕਰਨ ਦੀ ਪ੍ਰਕਿਰਿਆ ਤੇਜ਼ ਕੀਤੀ ਜਾਵੇਗੀ ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ। ਸ਼੍ਰੀ ਅਰੋੜਾ ਨੇ ਦੱਸਿਆ ਕਿ ਕਾਫ਼ੀ ਸਮਾਂ ਪਹਿਲਾਂ ਇਲਾਕਾ ਨਿਵਾਸੀਆਂ ਵੱਲੋਂ ਮਤਾ ਪਾਸ ਕਰਕੇ ਮੇਅਰ ਨਗਰ ਨਿਗਮ ਹੁਸ਼ਿਆਰਪੁਰ ਨੂੰ ਯਾਦਗਾਰ ਪੱਤਰ ਵੀ ਦਿੱਤਾ ਗਿਆ ਸੀ ਪਰ ਕੋਈ ਕਾਰਵਾਈ ਨਾ ਹੋਣ ਕਰਕੇ ਲੋਕ ਸ਼ਹਿਰੀ ਸੁਵਿਧਾਵਾਂ ਤੋਂ ਵੰਚਿਤ ਹਨ।

# ਉਰਮਿਲਾ ਦੇਵੀ ਆਯੁਰਵੈਦਿਕ ਕਾਲਜ ਵੱਲੋਂ ਹੜ੍ਹ ਪੀੜਤਾਂ ਲਈ ਇਕ ਲੱਖ ਤੇ ਮਹੰਤ ਸਤਯ ਵਰਤ ਨੰਦ ਗਿਰੀ ਵੱਲੋਂ 50 ਹਜ਼ਾਰ ਦਾ ਯੋਗਦਾਨ



ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ) ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਨੇ ਦੱਸਿਆ ਕਿ ਇਸ ਸਮੇਂ ਪੂਰਾ ਪੰਜਾਬ ਹੜ੍ਹ ਦੀ ਮਾਰ ਨਾਲ ਜੂਝ ਰਿਹਾ ਹੈ।ਇਸ ਮੁਸ਼ਕਲ ਘੜੀ ਵਿਚ ਪੀੜਤ ਪਰਵਾਰਾਂ ਨਾਲ ਪੂਰਾ ਦੇਸ਼ਾ ਖੜ੍ਹਾ ਹੈ।ਜ਼ਿਲ੍ਹਾ ਹੁਸ਼ਿਆਰਪੁਰ ਦੇ ਬਹੁਤੇ ਇਲਾਕੇ ਵੀ ਇਸ ਕੁਦਰਤੀ ਆਫਤ ਦਾ ਸ਼ਿਕਾਰ ਹੋਏ ਹਨ।ਡਿਪਟੀ ਕਮਿਸਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸ਼੍ਰੀਮਤੀ ਉਰਮਿਲਾ ਦੇਵੀ ਆਯੁਰਵੈਦਿਕ ਕਾਲਜ ਆਫ ਮੈਡੀਕਲ ਸ਼ਾਇੰਸਜ਼, ਪਿੰਡ ਖੜਕਾਂ, ਵੱਲੋਂ ਹੜ੍ਹ ਪੀੜਤਾਂ ਦੀ ਮਦਲ ਲਈ ਰੈੱਡ ਕਰਾਸ ਨੂੰ 1 ਲੱਖ ਰੁਪਏ ਅਤੇ ਸ਼੍ਰੀ ਮਹੰਤ ਸਤਯ ਵਰਤ ਨੰਦ ਗਿਰੀ, ਅਖੰਡ ਭਾਰਤ ਪ੍ਰਚਾਰ ਮੰਤਰੀ, ਭੁੰਗਰਨੀ ਵੱਲੋਂ 50 ਹਜ਼ਾਰ ਰੁਪਏ ਦੀ ਰਾਸ਼ੀ ਸੌਂਪੀ ਹੈ। ਉਨ੍ਹਾਂ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਹਾਲਤਾਂ ਵਿਚ ਉਨ੍ਹਾਂ ਵੱਲੋਂ ਕੀਤੀ ਗਈ ਮਦਦ ਹੜ੍ਹ ਪੀੜਤਾਂ ਲਈ ਇਕ ਵੱਡਮੁੱਲਾ ਯੋਗਦਾਨ ਹੈ। ਇਸ ਨਾਲ ਹੜ੍ਹ ਪੀੜਤਾਂ ਨੂੰ ਲੋੜ ਦੀਆਂ ਵਸਤੂਆਂ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਕੁਦਰਤੀ ਆਫ਼ਤ ਸਮੇਂ ਉਹ ਲੋੜਵੰਦਾਂ ਦੀ ਵਿੱਤੀ ਜਾਂ ਹੋਰ ਕਿਸੇ ਵੀ ਤਰ੍ਹਾਂ ਦੀ ਸੇਵਾ ਕਰਨ ਲਈ ਆਪਣਾ ਵੱਡਮੁੱਲਾ ਯੋਗਦਾਨ ਪਾ ਸਕਦੇ ਹਨ। ਜਿਸ ਲਈ ਰੈੱਡ ਕਰਾਸ ਸੁਸਾਇਟੀ ਵੱਲੋਂ ਜਾਰੀ ਕੀਤੇ ਗਏ ਕਿਊਆਰ ਕੋਡ ਦੇ ਲਿੰਕ https://tinyurl.com/red-crosshoshiarpur 'ਤੇ ਕਲਿੱਕ ਕਰਕੇ ਸਹਿਯੋਗ ਕੀਤਾ ਜਾ ਸਕਦਾ ਹੈ।

# ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ ਧੱਕਾ ਬਸਤੀ ਦੇ ਲੋਕਾਂ ਨਾਲ ਮੀਟਿੰਗ

- ਹਰ ਪਰਵਾਰ ਨੂੰ ਪੰਜ-ਪੰਜ ਮਰਲਿਆਂ ਦਾ ਪਲਾਟ ਤੇ ਘਰਾਂ ਦੀ ਉਸਾਰੀ ਲਈ ਖਰਚਾ ਦਿੱਤਾ ਜਾਵੇ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )- ਕਿਰਤੀ ਕਿਸਾਨ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ, ਡੈਮੋਕ੍ਰੇਟਿਕ ਟੀਚਰ ਫਰੰਟ ਅਤੇ ਨੌਜਵਾਨ ਭਾਰਤ ਸਭਾ ਵੱਲੋਂ ਧੱਕਾ ਬਸਤੀ ਦੇ ਲੋਕਾਂ ਨਾਲ ਮੀਟਿੰਗ ਕੀਤੀ ਗਈ।ਇਸ ਮੌਕੇ ਜਥੇਬੰਦੀਆਂ ਦੇ ਆਗੂਆਂ ਨੇ ਸੰਬੋਧਨ ਕਰਦਿਆਂ ਧੱਕਾ ਬਸਤੀ ਦੇ ਲੋਕਾਂ ਦੀ ਸੁਰੱਖਿਅਤ ਰਿਹਾਇਸ਼ ਦੀ ਮੰਗ ਕਰਦਿਆਂ ਕਿਹਾ ਕਿ ਹਰ ਪਰਵਾਰ ਨੂੰ ਪੰਜ ਪੰਜ ਮਰਲਿਆਂ ਦਾ ਪਲਾਟ ਦਿੱਤਾ ਜਾਵੇ ਅਤੇ ਉਨ੍ਹਾਂ ਨੂੰ ਘਰਾਂ ਦੀ ਉਸਾਰੀ ਲਈ ਖਰਚਾ ਦਿੱਤਾ ਜਾਵੇ । ਹਰੇਕ ਪਰਵਾਰ ਨੂੰ ਹੁਣ ਵੀਹ ਹਜ਼ਾਰ ਭੱਤਾ ਦਿੱਤਾ ਜਾਵੇ ਕਿਉਂਕਿ ਲੋਕ ਹੜ੍ਹਾਂ ਕਾਰਨ ਆਪਣੇ ਕੰਮਕਾਜ ਤੋਂ ਵਿਹਲੇ ਹੋ ਚੁੱਕੇ ਹਨ।ਲੋਕਾਂ ਆਪਣੀਆਂ ਸਮੱਸਿਆਵਾਂ ਨੂੰ ਦੱਸਦਿਆਂ ਕਿਹਾ ਕਿ ਸਾਡੇ ਘਰਾਂ 'ਚ ਹਰ ਸਾਲ ਪਾਣੀ ਭਰ ਜਾਂਦਾ ਹੈ। ਆਗੂਆਂ ਕਿਹਾ ਕਿ ਇਸ ਸਮੱਸਿਆ ਨੂੰ ਹੱਲ ਕਰਨ ਲਈ ਤੁਰੰਤ ਪਰਿਵਾਰਾਂ ਨੂੰ ਪਲਾਟ ਅਲਾਟ ਕੀਤੇ ਜਾਣ ਅਤੇ ਮੈਡੀਕਲ ਸਹਾਇਤਾ ਵੀ ਪਹੁੰਚਾਈ ਜਾਵੇ। ਜਦੋਂ ਪਾਣੀ ਹੇਠਾਂ ਉਤਰ ਜਾਂਦਾ ਹੈ ਤਾਂ ਲੋਕਾਂ ਨੂੰ ਆਪਣੇ ਘਰਾਂ ਚ ਬਹੁਤ ਵੱਡੇ ਪੱਧਰ ਤੇ ਮਿੱਟੀ ਨਾਲ ਭਰ ਜਾਂਦੇ ਹਨ ਜਿਸ ਨੂੰ ਚੁੱਕਣ ਲਈ ਬਹੁਤ ਮੁਸ਼ੱਕਤ ਕਰਨੀ ਪੈਂਦੀ ਹੈ। ਉਸ ਸਮੇਂ ਵੀ ਲੋਕਾਂ ਨੂੰ ਆਰਥਿਕ ਸਮੱਸਿਆਵਾਂ ਨਾਲ ਜੂਝਣਾ ਪੈਂਦਾ ਹੈ।ਇਸ ਮੌਕੇ ਨੌਜਵਾਨ ਭਾਰਤ ਸਭਾ ਦੇ ਸੋਨੂੰ ਲੋਹੀਆਂ, ਮੰਗਲਜੀਤ ਪੰਡੋਰੀ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ, ਡੈਮੋਕ੍ਰੇਟਿਕ ਟੀਚਰ ਫਰੰਟ ਦੇ ਸੂਬਾਈ ਆਗੂ ਕੁਲਵਿੰਦਰ ਸਿੰਘ ਜੋਸਨ ,ਪੇਂਡੂ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਹੰਸ ਰਾਜ ਪੱਬਵਾਂ, ਬਿੱਟੂ ਧੱਕਾ ਬਸਤੀ, ਨਵਜੋਤ ਸਿਆਨੀਵਾਲ, ਤਾਰਾ ਸਿੰਘ ਆਦਿ ਨੇ ਸੰਬੋਧਨ ਕੀਤਾ।

# ਕੇਂਦਰ 60 ਹਜ਼ਾਰ ਕਰੋੜ ਬਕਾਇਆ ਕੇਂਦਰੀ ਫੰਡ ਤੁਰੰਤ ਜਾਰੀ ਕਰੇ : ਰੰਧਾਵਾ



ਡੇਰਾਬੱਸੀ (ਵਿਨੈ ਕੁਮਾਰ ਜੈਨ) ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਦੇ ਹੜ੍ਹ ਪੀੜਤ ਖੇਤਰਾਂ ਦਾ ਦੌਰਾ ਕਰਨ ਲਈ ਪੰਜਾਬ ਫੇਰੀ ਤੇ ਆਉਣਾ ਹੈ।ਉਨ੍ਹਾਂ ਵੱਲੋਂ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ ਦੇਸ਼ ਦੇ ਪੰਜਾਬ ਸੂਬੇ ਵਾਸਤੇ ਪੰਜਾਬ ਸਰਕਾਰ ਦੀਆਂ ਉਹ ਮੁੱਖ ਮੰਗਾਂ ਜੋ ਪ੍ਰਧਾਨ ਮੰਤਰੀ ਦੇ ਦੌਰੇ ਤੋਂ ਪਹਿਲਾਂ ਰੱਖੀਆਂ ਗਈਆਂ ਹਨ, ਨੂੰ ਪੂਰਾ ਕਰਨ ਉਨ੍ਹਾਂ ਕਿਹਾ ਕਿ ਪਹਿਲਾਂ ਕੇਂਦਰ ਸਰਕਾਰ ਪੰਜਾਬ ਦੇ ਹਾਲਾਤਾਂ ਨੂੰ ਦੇਖਦੇ ਹੋਏ 60,000 ਕਰੋੜ ਬਕਾਇਆ ਕੇਂਦਰੀ ਫੰਡ ਤੁਰੰਤ ਜਾਰੀ ਕੀਤੇ ਜਾਣ ਅਤੇ 20,000 ਕਰੋੜ ਦਾ ਖ਼ਾਸ ਰਾਹਤ ਪੈਕੇਜ ਦੇਣ ਦਾ ਵੀ ਐਲਾਨ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਹੜ੍ਹਾਂ ਕਾਰਨ ਤਬਾਹ ਹੋ ਚੁੱਕਾ ਹੈ, ਜੇਕਰ ਪ੍ਰਧਾਨ ਮੰਤਰੀ ਤਾਲਿਬਾਨ ਨੂੰ ਮਦਦ ਭੇਜ ਸਕਦੇ ਹੋ, ਪੰਜਾਬ ਨੂੰ ਕਿਉਂ ਨਹੀਂ ? ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਅਨਿਖੜ੍ਹਵਾਂ ਅੰਗ ਹੈ।

## ਵਰ੍ਹੇਗੰਢ ਮੁਬਾਰਕ



ਸਤਨਾਮ ਸਿੰਘ ਅਤੇ ਰਾਜਵਿੰਦਰ ਕੌਰ ਵਾਸੀ ਬਟਾਲਾ ਨੂੰ 31ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।